12-JAN-PAGE-1.qxd 1/11/2023 10:41 PM Page 1

ਵੀਰਵਾਰ, 12 ਜਨਵਰੀ, 2023
28 ਪੋਹ { ਨਾਨਕਸ਼ਾਹੀ 554 / ਬਿਕਰਮੀ 2079 }
ਜਿਲਦ/VOL. : 71
ਅੰਕ/NO. : 223

# ਨਵਾਂ ਜ਼ਮਾਨਾ

DAILY NAWAN ZAMANA • THURSDAY, 12 JANUARY, 2023
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ    Regd. No : Pb/JL-123/2021-23, (R.N.I.)-00068/57    E-mail : nawanzamana@gmail.com    www.nawanzamana.in    ਸਫ਼ੇ : 12

# ਧਨਖੜ ਨੇ ਨਿਆਂ ਪਾਲਿਕਾ ਨੂੰ ਫਿਰ ਮਰਿਆਦਾ ਚੇਤੇ ਕਰਾਈ

## ਸੰਸਦ ਵੱਲੋਂ ਪਾਸ ਕਾਨੂੰਨ ਰੱਦ ਕਰਨ 'ਤੇ ਜਤਾਈ ਨਰਾਜ਼ਗੀ

**ਜੈਪੁਰ** : ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਸੰਸਦ ਦੇ ਕੰਮਾਂ ਵਿਚ ਸੁਪਰੀਮ ਕੋਰਟ ਦੇ ਦਖਲ 'ਤੇ ਨਾਰਾਜ਼ਗੀ ਜਤਾਉਂਦਿਆਂ ਕਿਹਾ ਹੈ ਕਿ ਸੰਸਦ ਕਾਨੂੰਨ ਬਣਾਉਂਦੀ ਹੈ ਤੇ ਸੁਪਰੀਮ ਕੋਰਟ ਉਸ ਨੂੰ ਰੱਦ ਕਰ ਦਿੰਦੀ ਹੈ। ਕੀ ਸੰਸਦ ਵੱਲੋਂ ਬਣਾਇਆ ਗਿਆ ਕਾਨੂੰਨ ਤਦੇ ਕਾਨੂੰਨ ਹੋਵੇਗਾ, ਜਦ ਉਸ 'ਤੇ ਕੋਰਟ ਦੀ ਮੋਹਰ ਲੱਗੇਗੀ। ਉਹ ਬੁੱਧਵਾਰ ਇਥੇ ਦੇਸ਼-ਭਰ ਦੇ ਸਪੀਕਰਾਂ ਦੇ ਕੌਮੀ ਸੰਮੇਲਨ ਵਿਚ ਬੋਲ ਰਹੇ ਸਨ। ਉਨ੍ਹਾ ਦੇ ਨਾਲ ਲੋਕ ਸਭਾ ਦੇ ਸਪੀਕਰ ਓਮ ਬਿਰਲਾ ਤੇ ਰਾਜਸਥਾਨ ਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ ਨੇ ਵੀ ਅਦਾਲਤੀ ਦਖਲਅੰਦਾਜ਼ੀ 'ਤੇ ਨਾਰਾਜ਼ਗੀ ਜ਼ਾਹਰ ਕੀਤੀ।

ਧਨਖੜ ਨੇ ਕਿਹਾ—1973 'ਚ ਇਕ ਗਲਤ ਪਰੰਪਰਾ ਸ਼ੁਰੂ ਹੋਈ। ਕੇਸ਼ਵਾਨੰਦ ਭਾਰਤੀ ਕੇਸ ਵਿਚ ਸੁਪਰੀਮ ਕੋਰਟ ਨੇ ਬੁਨਿਆਦੀ ਢਾਂਚੇ ਦਾ ਆਈਡੀਆ ਦਿੱਤਾ ਕਿ ਸੰਸਦ ਸੰਵਿਧਾਨ ਸੋਧ ਸਕਦੀ ਹੈ, ਪਰ ਇਸ ਦੇ ਬੁਨਿਆਦੀ ਢਾਂਚੇ ਨੂੰ ਨਹੀਂ। ਕੋਰਟ ਨੂੰ ਸਨਮਾਨ ਨਾਲ ਕਹਿਣਾ ਚਾਹੁੰਦਾ ਹਾਂ ਕਿ ਇਸ ਨਾਲ ਮੈਂ ਸਹਿਮਤ ਨਹੀਂ। ਸਦਨ ਬਦਲਾਅ ਕਰ ਸਕਦਾ ਹੈ। ਇਹ ਸਦਨ ਦੱਸੇ ਕਿ ਕੀ ਇਸ ਨੂੰ ਕੀਤਾ ਜਾ ਸਕਦਾ ਹੈ ? ਕੀ ਸੰਸਦ ਨੂੰ ਇਹ ਆਗਿਆ ਦਿੱਤੀ ਜਾ ਸਕਦੀ ਹੈ ਕਿ ਉਸ ਦੇ ਫੈਸਲੇ ਨੂੰ ਕੋਈ ਹੋਰ ਸੰਸਦ ਰੀਵਿਊ ਕਰੇ ? ਜਦ ਮੈਂ ਰਾਜ ਸਭਾ ਦੇ ਚੇਅਰਪਰਸਨ ਦਾ ਅਹੁਦਾ ਸੰਭਾਲਿਆ ਤਦ ਕਿਹਾ ਸੀ ਕਿ ਨਾ ਤਾਂ ਕਾਰਜ ਪਾਲਿਕਾ ਕਾਨੂੰਨ ਨੂੰ ਦੇਖ ਸਕਦੀ ਹੈ ਤੇ ਨਾ ਕੋਰਟ ਦਖਲ ਦੇ ਸਕਦੀ ਹੈ। ਸੰਸਦ ਦੇ ਬਣਾਏ ਕਾਨੂੰਨ ਨੂੰ ਕਿਸੇ ਆਧਾਰ 'ਤੇ ਕੋਈ ਸੰਸਥਾ ਰੱਦ ਕਰਦੀ ਹੈ ਤਾਂ ਜਮਹੂਰੀਅਤ ਲਈ ਠੀਕ ਨਹੀਂ ਹੋਵੇਗਾ। ਕਹਿਣਾ ਮੁਸ਼ਕਲ ਹੋਵੇਗਾ ਕਿ ਅਸੀਂ ਜਮਹੂਰੀ ਦੇਸ਼ ਹਾਂ। ਸਪੀਕਰ ਬਿਰਲਾ ਨੇ ਕਿਹਾ—ਨਿਆਂ ਪਾਲਿਕਾ ਵੀ ਮਰਿਆਦਾ ਦਾ ਪਾਲਣ ਕਰੇ। ਨਿਆਂ ਪਾਲਿਕਾ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਜੋ ਉਸ ਨੂੰ ਸੰਵਿਧਾਨਕ ਅਧਿਕਾਰ ਦਿੱਤਾ ਹੈ, ਉਸ ਦੀ ਸਹੀ ਵਰਤੋਂ ਕਰੇ। ਨਾਲ ਹੀ ਆਪਣੀਆਂ ਸ਼ਕਤੀਆਂ ਦਾ ਸੰਤੁਲਨ ਵੀ ਬਣਾਏ। ਸਦਨਾਂ ਦੇ ਸਪੀਕਰ ਇਹੀ ਚਾਹੁੰਦੇ ਹਨ।



ਮਹਿਮਾਨਾਂ ਦਾ ਸਵਾਗਤ ਕਰਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ।

# ਉਤਲੇ ਪਹਾੜਾਂ 'ਚ ਬਰਫ਼ਬਾਰੀ



**ਸ੍ਰੀਨਗਰ** : ਕਸ਼ਮੀਰ ਦੇ ਉੱਚੇ ਇਲਾਕਿਆਂ ਵਿਚ ਤਾਜ਼ਾ ਬਰਫਬਾਰੀ ਅਤੇ ਮੈਦਾਨੀ ਇਲਾਕਿਆਂ ਵਿਚ ਮੀਂਹ ਨੇ ਪਹਿਲਗਾਮ ਅਤੇ ਗੁਲਮਰਗ ਨੂੰ ਛੱਡ ਕੇ ਪੂਰੀ ਘਾਟੀ ਵਿਚ ਰਾਤ ਦਾ ਤਾਪਮਾਨ ਵਧਾ ਦਿੱਤਾ ਹੈ। ਸੋਨਮਰਗ, ਗੁਲਮਰਗ, ਤੰਗਧਾਰ ਅਤੇ ਕਸ਼ਮੀਰ ਦੇ ਹੋਰ ਉੱਚੇ ਇਲਾਕਿਆਂ 'ਚ ਬਰਫਬਾਰੀ ਹੋਈ। ਉੱਤਰੀ ਅਤੇ ਮੱਧ ਕਸ਼ਮੀਰ ਦੇ ਮੈਦਾਨੀ ਇਲਾਕਿਆਂ 'ਚ ਹਲਕੀ ਬਾਰਿਸ਼ ਹੋਈ। ਮੌਸਮ ਵਿਭਾਗ ਨੇ ਕਿਹਾ ਹੈ ਕਿ ਬਰਫਬਾਰੀ ਜਾਂ ਮੀਂਹ 'ਚ ਹੌਲੀ-ਹੌਲੀ ਵਾਧਾ ਹੋਣ ਦੀ ਸੰਭਾਵਨਾ ਹੈ। ਹਿਮਾਚਲ ਦੇ ਲਾਹੌਲ ਤੇ ਸਪਿਤੀ ਅਤੇ ਕਨੌਰ ਵਿਚ ਬੁੱਧਵਾਰ ਸਵੇਰ ਤੋਂ ਬਰਫ ਪੈ ਰਹੀ ਸੀ। ਸੂਬੇ ਦੇ ਕਈ ਹਿੱਸਿਆਂ ਵਿਚ ਮੀਂਹ ਪੈਣ ਦੀ ਸੰਭਾਵਨਾ ਬਣੀ ਹੋਈ ਸੀ। ਪੰਜਾਬ ਤੇ ਹਰਿਆਣਾ 'ਚ ਸੀਤ ਲਹਿਰ ਤੋਂ ਲੋਕਾਂ ਨੂੰ ਕੋਈ ਰਾਹਤ ਨਹੀਂ ਮਿਲੀ। ਜ਼ਿਆਦਾਤਰ ਥਾਵਾਂ 'ਤੇ ਘੱਟੋ-ਘੱਟ ਤਾਪਮਾਨ ਆਮ ਨਾਲੋਂ ਹੇਠਾਂ ਰਿਹਾ। ਦੋਹਾਂ ਸੂਬਿਆਂ 'ਚ ਸਵੇਰੇ ਸੰਘਣੀ ਧੁੰਦ ਛਾਈ ਰਹੀ।

## ਜੇ ਸੀ ਓ ਤੇ ਦੋ ਜਵਾਨਾਂ ਦੀ ਖਾਈ 'ਚ ਡਿੱਗਣ ਨਾਲ ਮੌਤ

**ਸ੍ਰੀਨਗਰ** : ਕੁਪਵਾੜਾ ਜ਼ਿਲ੍ਹੇ 'ਚ ਕੰਟਰੋਲ ਰੇਖਾ 'ਤੇ ਗਸ਼ਤ ਦੌਰਾਨ ਡੂੰਘੀ ਖਾਈ 'ਚ ਡਿੱਗਣ ਕਾਰਨ ਜੂਨੀਅਰ ਕਮਿਸ਼ਨਡ ਅਫਸਰ (ਜੇ ਸੀ ਓ) ਸਮੇਤ ਤਿੰਨ ਫੌਜੀਆਂ ਦੀ ਮੌਤ ਹੋ ਗਈ। ਥਲ ਸੈਨਾ ਦੇ ਅਧਿਕਾਰੀ ਨੇ ਦੱਸਿਆ ਕਿ ਜੇ ਸੀ ਓ ਅਤੇ ਦੋ ਹੋਰ ਜਵਾਨ ਮਾਛਿਲ ਸੈਕਟਰ 'ਚ ਨਿਯਮਤ ਗਸ਼ਤ 'ਤੇ ਸਨ ਕਿ ਫਿਸਲ ਕੇ ਖਾਈ 'ਚ ਡਿੱਗ ਗਏ। ਸ੍ਰੀਨਗਰ ਸਥਿਤ ਚਿਨਾਰ ਕੋਰ ਨੇ ਟਵੀਟ ਕੀਤਾ ਕਿ ਤਿੰਨਾਂ ਦੀਆਂ ਲਾਸ਼ਾਂ ਮਿਲ ਗਈਆਂ ਹਨ।

## ਸੁਪਰੀਮ ਕੋਰਟ ਗੂਗਲ ਦੀ ਗੱਲ ਸੁਣੇਗੀ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਨੈਸ਼ਨਲ ਕੰਪਨੀ ਲਾਅ ਐਪੀਲੇਟ ਟ੍ਰਿਬਿਊਨਲ ਦੇ ਹੁਕਮਾਂ ਵਿਰੁੱਧ ਅਮਰੀਕਾ ਸਥਿਤ ਗੂਗਲ ਦੀ ਪਟੀਸ਼ਨ 'ਤੇ ਸੁਣਵਾਈ ਕਰਨ ਲਈ ਸਹਿਮਤੀ ਦੇ ਦਿੱਤੀ ਹੈ। ਟ੍ਰਿਬਿਊਨਲ ਨੇ ਕੰਪੀਟੀਸ਼ਨ ਕਮਿਸ਼ਨ ਆਫ ਇੰਡੀਆ ਵੱਲੋਂ ਗੂਗਲ ਦੀ ਪਲੇਅ ਸਟੋਰ ਦੀਆਂ ਨੀਤੀਆਂ ਕਾਰਨ ਉਸ 'ਤੇ ਲਗਾਏ ਗਏ 1,337 ਕਰੋੜ ਰੁਪਏ ਜੁਰਮਾਨੇ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ ਸੀ ਤੇ ਜੁਰਮਾਨੇ ਦਾ 10 ਫੀਸਦੀ ਜਮ੍ਹਾਂ ਕਰਨ ਦਾ ਨਿਰਦੇਸ਼ ਦਿੱਤਾ ਸੀ।

## ਤੇਲਗੂ ਗੀਤ ਨੂੰ ਗੋਲਡਨ ਗਲੋਬ ਐਵਾਰਡ




**ਲਾਸ ਏਂਜਲਸ** : ਤੇਲਗੂ ਫਿਲਮ ਆਰ ਆਰ ਆਰ ਦੇ ਗੀਤ 'ਨਾਟੂ ਨਾਟੂ' ਨੂੰ ਗੋਲਡਨ ਗਲੋਬ ਐਵਾਰਡਜ਼ 'ਚ 'ਮੂਲ ਗੀਤ-ਮੋਸ਼ਨ ਪਿਕਚਰ' ਸ਼੍ਰੇਣੀ 'ਚ ਪੁਰਸਕਾਰ ਮਿਲਿਆ ਹੈ। ਗੀਤ ਦੇ ਸੰਗੀਤਕਾਰ ਐੱਮ ਐੱਮ ਕੀਰਾਵਾਨੀ ਹਨ ਤੇ ਕਾਲ ਭੈਰਵ ਤੇ ਰਾਹੁਲ ਸਿਪਲੀਗੁੰਜ ਨੇ ਇਹ ਗਾਇਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੁਰਸਕਾਰ ਮਿਲਣ 'ਤੇ ਵਧਾਈ ਦਿੱਤੀ ਹੈ। ਆਮ ਆਦਮੀ ਪਾਰਟੀ ਨੇ ਵੀ ਵਧਾਈ ਦਿੱਤੀ ਹੈ ਅਤੇ ਅਰਵਿੰਦ ਕੇਜਰੀਵਾਲ ਤੇ ਭਗਵੰਤ ਮਾਨ ਨੂੰ ਨਾਟੂ ਨਾਟੂ ਗੀਤ 'ਤੇ ਨੱਚਦਿਆਂ ਦੀ ਐਡੀਟਿਡ ਵੀਡੀਓ ਸ਼ੇਅਰ ਕੀਤੀ ਹੈ, ਜਿਸ ਵਿਚ ਉਨ੍ਹਾਂ ਦੇ ਚਿਹਰੇ ਕਲਾਕਾਰਾਂ ਦੇ ਧੜਾਂ 'ਤੇ ਨਜ਼ਰ ਆ ਰਹੇ ਹਨ।

## ਪਿਓ-ਧੀ ਦੀ ਹੱਤਿਆ

**ਰੋਹਤਕ** : ਪਿੰਡ ਬੋਹੜ 'ਚ ਅਣਪਛਾਤੇ ਹਮਲਾਵਰਾਂ ਨੇ ਪਿਓ-ਧੀ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਪੁਲਸ ਦਾ ਮੰਨਣਾ ਹੈ ਕਿ ਵਾਰਦਾਤ ਪਤਨੀ ਨਾਲ ਝਗੜੇ ਦਾ ਨਤੀਜਾ ਹੋ ਸਕਦੀ ਹੈ। ਸੁਰਿੰਦਰ ਸਿੰਘ ਪਸ਼ੂਆਂ ਨੂੰ ਚਾਰਾ ਪਾਉਣ ਲਈ ਕਮਰੇ 'ਚ ਗਿਆ ਸੀ, ਜਿਸ ਦੌਰਾਨ ਅਣਪਛਾਤੇ ਹਮਲਾਵਰਾਂ ਨੇ ਉਸ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਹਮਲਾਵਰਾਂ ਨੇ ਦੂਜੇ ਕਮਰੇ ਵਿਚ ਸੌਂ ਰਹੀ ਉਸ ਦੀ 13 ਸਾਲਾ ਬੇਟੀ ਨਿਕਿਤਾ ਨੂੰ ਵੀ ਗੋਲੀ ਮਾਰ ਦਿੱਤੀ ਅਤੇ ਮੌਕੇ ਤੋਂ ਫਰਾਰ ਹੋ ਗਏ।

## ਜੌਹਨਸਨ ਐਂਡ ਜੌਹਨਸਨ ਨੂੰ ਰਾਹਤ

**ਮੁੰਬਈ** : ਬੰਬੇ ਹਾਈ ਕੋਰਟ ਨੇ ਮਹਾਰਾਸ਼ਟਰ ਸਰਕਾਰ ਦੇ ਕੰਪਨੀ ਦੇ ਲਾਇਸੈਂਸ ਨੂੰ ਰੱਦ ਕਰਨ ਦੇ ਹੁਕਮਾਂ ਨੂੰ ਸਖਤ ਕਰਾਰ ਦਿੰਦਿਆਂ ਜੌਹਨਸਨ ਐਂਡ ਜੌਹਨਸਨ ਨੂੰ ਬੇਬੀ ਪਾਊਡਰ ਬਣਾਉਣ, ਵੰਡਣ ਅਤੇ ਵੇਚਣ ਦੀ ਇਜਾਜ਼ਤ ਦੇ ਦਿੱਤੀ ਹੈ। ਜਸਟਿਸ ਗੌਤਮ ਪਟੇਲ ਅਤੇ ਜਸਟਿਸ ਐੱਸ ਜੀ ਦਿਗੇ ਦੀ ਬੈਂਚ ਨੇ ਕੰਪਨੀ ਨੂੰ ਬੇਬੀ ਪਾਊਡਰ ਬਣਾਉਣ, ਵੰਡਣ ਅਤੇ ਵੇਚਣ ਦੀ ਇਜਾਜ਼ਤ ਦਿੱਤੀ ਹੈ।

# ਮੁੱਖ ਮੰਤਰੀ ਦੇ ਭਰੋਸੇ ਤੋਂ ਬਾਅਦ ਅਫਸਰ ਕੰਮ 'ਤੇ ਪਰਤੇ

**ਚੰਡੀਗੜ੍ਹ** : ਪੀ ਸੀ ਐੱਸ ਆਫੀਸਰਜ਼ ਐਸੋਸੀਏਸ਼ਨ ਨੇ ਬੁੱਧਵਾਰ ਆਪਣਾ ਪ੍ਰੋਟੈੱਸਟ ਵਾਪਸ ਲੈ ਲਿਆ ਅਤੇ ਤੁਰੰਤ ਕੰਮ ਸ਼ੁਰੂ ਕਰਨ ਦਾ ਫੈਸਲਾ ਕੀਤਾ। ਐਡੀਸ਼ਨਲ ਚੀਫ ਸੈਕਟਰੀ ਟੂ ਸੀ ਐੱਮ ਏ ਵੇਣੂ ਪ੍ਰਸਾਦ ਅਤੇ ਐਸੋਸੀਏਸ਼ਨ ਦੇ ਪ੍ਰਧਾਨ ਰਜਤ ਓਬਰਾਏ ਨੇ ਸਾਂਝੇ ਤੌਰ 'ਤੇ ਇਸ ਦੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਭਰੋਸਾ ਦਿੱਤਾ ਹੈ ਕਿ ਕਿਸੇ ਨਾਲ ਧੱਕਾ ਨਹੀਂ ਹੋਵੇਗਾ, ਪਰ ਭ੍ਰਿਸ਼ਟਾਚਾਰੀਆਂ ਖਿਲਾਫ ਮੁਹਿੰਮ ਜਾਰੀ ਰਹੇਗੀ। ਇਸ ਤੋਂ ਪਹਿਲਾਂ ਮਾਨ ਨੇ ਪੀ ਸੀ ਐੱਸ ਅਫਸਰਾਂ ਨੂੰ ਚਿਤਾਵਨੀ ਦਿੱਤੀ ਸੀ ਕਿ ਉਹ ਬਾਅਦ ਦੁਪਹਿਰ 2 ਵਜੇ ਤੱਕ ਡਿਊਟੀ 'ਤੇ ਵਾਪਸ ਆ ਜਾਣ ਨਹੀਂ ਤਾਂ ਉਨ੍ਹਾਂ ਨੂੰ ਮੁਅੱਤਲ ਕਰ ਦਿੱਤਾ ਜਾਵੇਗਾ। ਮੁੱਖ ਮੰਤਰੀ ਨੇ ਸਵੇਰੇ ਟਵਿੱਟਰ ਰਾਹੀਂ ਪੱਤਰ ਜਾਰੀ ਕੀਤਾ, ਜਿਸ ਵਿਚ ਉਨ੍ਹਾ ਕਿਹਾ ਕਿ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਕੋਈ ਵੀ ਬਖਸ਼ਿਆ ਨਹੀਂ ਜਾਵੇਗਾ, ਭਾਵੇ ਮੰਤਰੀ ਹੋਵੇ, ਸੰਤਰੀ ਹੋਵੇ ਜਾਂ ਮੇਰਾ ਕੋਈ ਸਕਾ-ਸੰਬੰਧੀ, ਜਨਤਾ ਦੇ ਇੱਕ-ਇੱਕ ਪੈਸੇ ਦਾ ਹਿਸਾਬ ਲਿਆ ਜਾਵੇਗਾ।ਇਸ ਤੋਂ ਪਹਿਲਾਂ ਹੜਤਾਲ ਕਾਰਨ ਆਮ ਲੋਕਾਂ ਦੇ ਰੁਕੇ ਕੰਮਾਂ ਅਤੇ ਉਹਨਾਂ ਦੀ ਖੱਜਲਖੁਆਰੀ ਦਾ ਨੋਟਿਸ ਲੈਂਦਿਆਂ ਸੀ ਪੀ ਆਈ ਪੰਜਾਬ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਮਾਨ ਸਰਕਾਰ 'ਤੇ ਜ਼ੋਰ ਪਾਇਆ ਸੀ ਕਿ ਆਪਣੇ ਵਕਾਰ ਦਾ ਸੁਆਲ ਨਾ ਬਣਾ ਕੇ ਅਫਸਰਾਂ ਨਾਲ ਸੰਜੀਦਗੀ ਨਾਲ ਗੱਲ ਕਰਕੇ ਮਸਲੇ ਦਾ ਜਲਦੀ ਹੱਲ ਕਰੇ। ਸਾਥੀ ਬਰਾੜ ਨੇ ਕਿਹਾ ਕਿ ਸਾਡੀ ਪਾਰਟੀ ਸਾਰੇ ਵਰਕਰਾਂ, ਚਾਹੇ ਉਹ ਆਮ ਹੋਣ ਜਾਂ ਅਧਿਕਾਰੀ ਉਹਨਾਂ ਦੇ ਜਥੇਬੰਦੀ ਬਣਾਉਣ ਅਤੇ ਬੇਇਨਸਾਫੀਆਂ ਵਿਰੁੱਧ ਅਤੇ ਆਪਣੇ ਹੱਕਾਂ ਲਈ ਲੜਨ, ਇੱਥੋਂ ਤੱਕ ਕਿ ਹੜਤਾਲ ਕਰਨ ਦੇ ਅਧਿਕਾਰ ਦਾ ਵੀ ਸਤਿਕਾਰ ਕਰਦੀ ਹੈ, ਪਰ ਨਾਲ ਹੀ ਉਹ ਸਾਫ-ਸੁਥਰੇ ਪ੍ਰਸ਼ਾਸਨ ਉਤੇ ਜ਼ੋਰ ਦਿੰਦੀ ਹੈ ਅਤੇ ਜਥੇਬੰਦੀ ਦੀ ਵਰਤੋਂ ਭ੍ਰਿਸ਼ਟ ਅਫਸਰਾਂ ਦੀ ਰਾਖੀ ਲਈ ਕਰਨ ਦੀ ਵਿਰੋਧੀ ਹੈ, ਜੋ ਕੱਲ੍ਹ ਨੂੰ ਆਮ ਪ੍ਰੰਪਰਾ ਬਣ ਸਕਦੀ ਹੈ। ਸਾਥੀ ਬਰਾੜ ਨੇ ਕਿਹਾ ਕਿ ਮਾਨ ਸਰਕਾਰ ਲੋਕਾਂ ਦਾ ਤੇ ਮੁਲਾਜ਼ਮਾਂ ਦਾ ਖਿਆਲ ਰੱਖੇ ਅਤੇ ਮਸਲੇ ਦਾ ਹੱਲ ਕਰੇ। ਨਿਰਸੰਦੇਹ ਭ੍ਰਿਸ਼ਟ ਅਫਸਰਾਂ ਦੀ ਪੁਸ਼ਤਪਨਾਹੀ ਨਹੀਂ ਕਰਨੀ ਚਾਹੀਦੀ।


ਮੁੱਖ ਮੰਤਰੀ ਨਾਲ ਮੀਟਿੰਗ ਤੋਂ ਬਾਅਦ ਅਫਸਰਾਂ ਦਾ ਡੈਲੀਗੇਸ਼ਨ।

# ਅਮਰੀਕਾ 'ਚ ਹਵਾਈ ਸੇਵਾ ਠੱਪ



**ਵਾਸ਼ਿੰਗਟਨ** : ਅਮਰੀਕਾ ਵਿਚ ਬੁੱਧਵਾਰ ਨੋਟਮ (ਨੋਟਿਸ ਟੂ ਏਅਰ ਮਿਸ਼ਨਜ਼) ਸਿਸਟਮ ਵਿਚ ਖਰਾਬੀ ਕਾਰਨ ਸਾਰੀਆਂ ਹਵਾਈ ਉਡਾਣਾਂ ਠੱਪ ਹੋ ਗਈਆਂ। ਕਰੀਬ 400 ਉਡਾਣਾਂ ਦੇਰੀ ਨਾਲ ਚੱਲ ਰਹੀਆਂ ਸਨ ਜਾਂ ਜਹਾਜ਼ਾਂ ਨੂੰ ਭੁੰਜੇ ਲਾਹ ਲਿਆ ਗਿਆ ਸੀ। ਫੈਡਰਲ ਏਵੀਏਸ਼ਨ ਏਜੰਸੀ ਨੇ ਕਿਹਾ ਕਿ ਉਹ ਜਤਨ ਕਰ ਰਹੇ ਹਨ, ਪਰ ਕਹਿ ਨਹੀਂ ਸਕਦੇ ਕਿ ਸਿਸਟਮ ਕਦੋਂ ਤੱਕ ਠੀਕ ਹੋਵੇਗਾ।

ਅਮਰੀਕੀ ਸਮੇਂ ਮੁਤਾਬਕ ਸਵੇਰੇ ਕਰੀਬ 5.31 ਵਜੇ ਟੈਕਨੀਕਲ ਨੁਕਸ ਪਿਆ। ਇਸ ਦੇ ਕਾਰਨ ਦਾ ਫੌਰੀ ਤੌਰ 'ਤੇ ਪਤਾ ਨਹੀਂ ਲੱਗ ਸਕਿਆ ਸੀ।

## ਲਖੀਮਪੁਰ ਖੀਰੀ ਮਾਮਲੇ ਦੀ ਸੁਣਵਾਈ 'ਚ ਪੰਜ ਸਾਲ ਲੱਗਣਗੇ

**ਨਵੀਂ ਦਿੱਲੀ** : ਲਖੀਮਪੁਰ ਖੀਰੀ ਹਿੰਸਾ ਮਾਮਲੇ ਦੀ ਸੁਣਵਾਈ ਕਰ ਰਹੇ ਐਡੀਸ਼ਨਲ ਸੈਸ਼ਨ ਜੱਜ ਨੇ ਸੁਪਰੀਮ ਕੋਰਟ ਨੂੰ ਸੂਚਿਤ ਕੀਤਾ ਹੈ ਕਿ ਆਮ ਤੌਰ 'ਤੇ ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਚ ਪੰਜ ਸਾਲ ਲੱਗ ਸਕਦੇ ਹਨ। ਲਖੀਮਪੁਰ ਖੀਰੀ ਹਿੰਸਾ ਮਾਮਲੇ 'ਚ ਕੇਂਦਰੀ ਮੰਤਰੀ ਅਜੈ ਕੁਮਾਰ ਮਿਸ਼ਰਾ ਦਾ ਪੁੱਤਰ ਆਸ਼ੀਸ਼ ਮਿਸ਼ਰਾ ਵੀ ਮੁਲਜ਼ਮ ਹੈ। ਸੁਪਰੀਮ ਕੋਰਟ ਨੂੰ ਲਿਖੇ ਪੱਤਰ 'ਚ ਜੱਜ ਨੇ ਕਿਹਾ ਹੈ ਕਿ ਕੇਸ 'ਚ ਇਸਤਗਾਸਾ ਪੱਖ ਦੇ 208 ਗਵਾਹ, 171 ਦਸਤਾਵੇਜ਼ ਅਤੇ ਫੋਰੈਂਸਿਕ ਸਾਇੰਸ ਲੈਬਾਰਟਰੀ ਦੀਆਂ 27 ਰਿਪੋਰਟਾਂ ਹਨ। ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਵੀ ਰਾਮਸੁਬਰਾਮਨੀਅਨ ਦੀ ਬੈਂਚ ਨੇ ਕਿਹਾ—ਉਹ (ਸੈਸ਼ਨ ਜੱਜ) ਕਹਿ ਰਹੇ ਹਨ ਕਿ ਆਮ ਹਾਲਤਾਂ 'ਚ ਪੰਜ ਸਾਲ ਲੱਗ ਸਕਦੇ ਹਨ।

ਸੁਪਰੀਮ ਕੋਰਟ ਨੇ ਪਿਛਲੇ ਮਹੀਨੇ ਸੈਸ਼ਨ ਅਦਾਲਤ ਨੂੰ ਪੁੱਛਿਆ ਸੀ ਕਿ ਲਖੀਮਪੁਰ ਖੀਰੀ ਹਿੰਸਾ ਮਾਮਲੇ ਦੀ ਸੁਣਵਾਈ ਨੂੰ ਪੂਰਾ ਕਰਨ ਲਈ ਉਸ ਅਦਾਲਤ 'ਚ ਹੋਰ ਕੇਸਾਂ ਦੀ ਸੁਣਵਾਈ ਸਮਾਂ-ਸੂਚੀ ਨਾਲ ਸਮਝੌਤਾ ਕੀਤੇ ਬਿਨਾਂ ਆਮ ਤੌਰ 'ਤੇ ਕਿੰਨਾ ਸਮਾਂ ਲੱਗ ਸਕਦਾ ਹੈ।

# ਭਾਜਪਾ ਡਰ ਤੇ ਨਫਰਤ ਫੈਲਾ ਰਹੀ ਹੈ : ਰਾਹੁਲ


ਰਾਹੁਲ ਸਰਹਿੰਦ-ਬਸੀ ਪਠਾਣਾ ਰੋਡ 'ਤੇ ਰੋਜ਼ਾ ਸ਼ਰੀਫ ਦਰਗਾਹ 'ਤੇ ਅਕੀਦਤ ਭੇਟ ਕਰਕੇ ਬਾਹਰ ਆਉਂਦੇ ਹੋਏ।

**ਫਤਿਹਗੜ੍ਹ ਸਾਹਿਬ** : ਭਾਜਪਾ ਉੱਤੇ ਦੇਸ਼ 'ਚ ਡਰ ਅਤੇ ਨਫਰਤ ਫੈਲਾਉਣ ਦਾ ਦੋਸ਼ ਲਾਉਂਦਿਆਂ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਬੁੱਧਵਾਰ ਕਿਹਾ ਕਿ ਭਾਰਤ ਭਾਈਚਾਰਾ, ਏਕਤਾ ਅਤੇ ਸਨਮਾਨ ਦੀ ਭਾਵਨਾ 'ਚ ਵਿਸ਼ਵਾਸ ਰੱਖਦਾ ਹੈ ਅਤੇ ਇਹੀ ਕਾਰਨ ਹੈ ਕਿ ਭਾਰਤ ਜੋੜੋ ਯਾਤਰਾ ਸਫਲ ਹੋ ਰਹੀ ਹੈ। ਰਾਹੁਲ ਗਾਂਧੀ ਨੇ 'ਭਾਰਤ ਜੋੜੋ ਯਾਤਰਾ' ਦੇ ਪੰਜਾਬ ਪੜਾਅ ਦੀ ਸ਼ੁਰੂਆਤ ਤੋਂ ਪਹਿਲਾਂ ਸਰਹਿੰਦ 'ਚ ਲੋਕਾਂ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ।

## ਬਾਹਰ ਨਹੀਂ ਆਉਂਦਾ ਡਾਕਟਰ

**ਲੰਡਨ** : ਭਾਰਤੀ ਮੂਲ ਦੇ ਡਾਕਟਰ ਨੂੰ ਬਰਤਾਨੀਆ ਦੀ ਫੌਜਦਾਰੀ ਅਦਾਲਤ ਨੇ ਚਾਰ ਸਾਲਾਂ ਦੌਰਾਨ 28 ਔਰਤਾਂ ਦਾ ਜਿਨਸੀ ਸ਼ੋਸ਼ਣ ਕਰਨ ਦਾ ਦੋਸ਼ੀ ਪਾਏ ਜਾਣ ਤੋਂ ਬਾਅਦ ਉਸ ਵੱਲੋਂ ਪਹਿਲਾਂ ਸੁਣਾਈਆਂ ਗਈਆਂ ਤਿੰਨ ਸਜ਼ਾਵਾਂ ਤੋਂ ਇਲਾਵਾ ਦੋ ਹੋਰ ਉਮਰ ਕੈਦਾਂ ਦੀ ਸਜ਼ਾ ਸੁਣਾਈ ਹੈ। 53 ਸਾਲਾ ਮਨੀਸ਼ ਸ਼ਾਹ ਨੂੰ ਪੂਰਬੀ ਲੰਡਨ 'ਚ ਆਪਣੇ ਕਲੀਨਿਕ 'ਚ ਚਾਰ ਔਰਤਾਂ 'ਤੇ 25 ਜਿਨਸੀ ਹਮਲਿਆਂ ਦਾ ਦੋਸ਼ੀ ਮੰਨਣ ਤੋਂ ਬਾਅਦ ਦੋ ਉਮਰ ਕੈਦ ਦੀ ਸਜ਼ਾ ਸੁਣਾਈ ਗਈ। ਸਾਬਕਾ ਜਨਰਲ ਪ੍ਰੈਕਟੀਸ਼ਨਰ (ਜੀ ਪੀ) ਪਹਿਲਾਂ ਹੀ 90 ਅਪਰਾਧਾਂ ਲਈ ਤਿੰਨ ਉਮਰ ਕੈਦਾਂ ਦੀ ਸਜ਼ਾ ਕੱਟ ਰਿਹਾ ਹੈ। ਅਗਲੀਆਂ ਸਜ਼ਾਵਾਂ ਪਹਿਲੀਆਂ ਸਜ਼ਾਵਾਂ ਦੇ ਨਾਲ-ਨਾਲ ਚੱਲਣਗੀਆਂ। ਸ਼ਾਹ ਨੂੰ ਹੁਣ 15 ਤੋਂ 34 ਸਾਲ ਦੀ ਉਮਰ ਦੀਆਂ 28 ਔਰਤਾਂ ਵਿਰੁੱਧ ਜਿਨਸੀ ਸ਼ੋਸ਼ਣ ਦੇ 115 ਅਪਰਾਧਾਂ ਲਈ ਦੋਸ਼ੀ ਠਹਿਰਾਇਆ ਗਿਆ ਹੈ।

## ਸਾਂਸਦ ਸਮੇਤ ਚਾਰ ਜਣਿਆਂ ਨੂੰ 10 ਸਾਲ ਕੈਦ ਦੀ ਸਜ਼ਾ



**ਕਾਵਰੱਤੀ** : ਲਕਸ਼ਦੀਪ ਦੀ ਅਦਾਲਤ ਨੇ ਬੁੱਧਵਾਰ ਲਕਸ਼ਦੀਪ ਤੋਂ ਐਨ ਸੀ ਪੀ ਦੇ ਸੰਸਦ ਮੈਂਬਰ ਮੁਹੰਮਦ ਫੈਜ਼ਲ ਸਮੇਤ ਚਾਰ ਵਿਅਕਤੀਆਂ ਨੂੰ ਕਤਲ ਦੀ ਕੋਸ਼ਿਸ਼ ਦੇ ਮਾਮਲੇ ਵਿਚ 10 ਸਾਲ ਕੈਦ ਦੀ ਸਜ਼ਾ ਸੁਣਾਈ ਹੈ। ਕੇਸ ਨਾਲ ਜੁੜੇ ਵਕੀਲਾਂ ਨੇ ਦੱਸਿਆ ਕਿ ਕਾਵਰੱਤੀ ਦੀ ਜ਼ਿਲ੍ਹਾ ਅਤੇ ਸੈਸ਼ਨ ਅਦਾਲਤ ਨੇ 2009 ਦੇ ਕੇਸ 'ਚ ਦੋਸ਼ੀਆਂ ਨੂੰ ਇੱਕ-ਇੱਕ ਲੱਖ ਰੁਪਏ ਜੁਰਮਾਨਾ ਵੀ ਲਗਾਇਆ ਹੈ। ਵਕੀਲਾਂ ਮੁਤਾਬਕ ਸੰਸਦ ਮੈਂਬਰ ਅਤੇ ਹੋਰਨਾਂ ਨੇ ਸਾਬਕਾ ਕੇਂਦਰੀ ਮੰਤਰੀ ਪੀ ਐੱਮ ਸਈਦ ਦੇ ਜਵਾਈ ਪਦਨਾਥ ਸਾਲਿਹ 'ਤੇ ਉਸ ਸਮੇਂ ਹਮਲਾ ਕੀਤਾ, ਜਦੋਂ ਉਹ 2009 ਦੀਆਂ ਲੋਕ ਸਭਾ ਚੋਣਾਂ ਦੌਰਾਨ ਕਿਸੇ ਸਿਆਸੀ ਮੁੱਦੇ 'ਤੇ ਦਖਲ ਦੇਣ ਲਈ ਆਪਣੇ ਗੁਆਂਢ ਵਿਚ ਪਹੁੰਚਿਆ ਸੀ।

# ਸਰਕਾਰ ਮਨਾਏਗੀ ਧੀਆਂ ਦੀ ਲੋਹੜੀ ਦਾ ਹਫਤਾ

■ ਰਾਜ ਪੱਧਰੀ ਸਮਾਗਮ ਬਠਿੰਡਾ 'ਚ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਵੱਲੋਂ 'ਧੀਆਂ ਦੀ ਲੋਹੜੀ' ਮਨਾਉਣ ਸੰਬੰਧੀ 13 ਜਨਵਰੀ ਨੂੰ ਬਠਿੰਡਾ ਵਿਖੇ ਰਾਜ ਪੱਧਰੀ ਸਮਾਗਮ ਕਰਾਇਆ ਜਾਵੇਗਾ। ਇਸ ਸਮਾਗਮ ਵਿੱਚ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ।

ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਦੇ ਡਾਇਰੈਕਟਰ ਮਾਧਵੀ ਕਟਾਰੀਆ ਨੇ ਦੱਸਿਆ ਕਿ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ 13 ਜਨਵਰੀ ਤੋਂ 20 ਜਨਵਰੀ ਤੱਕ 'ਧੀਆਂ ਦੀ ਲੋਹੜੀ ਹਫਤਾ' ਮਨਾਇਆ ਜਾ ਰਿਹਾ ਹੈ ਤੇ ਰਾਜ ਪੱਧਰੀ ਸਮਾਗਮ ਬਠਿੰਡਾ ਵਿਖੇ ਕਰਾਇਆ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਬੇਟੀ ਬਚਾਓ, ਬੇਟੀ ਪੜ੍ਹਾਓ (ਬੀ ਬੀ ਬੀ ਪੀ) ਸਕੀਮ ਤਹਿਤ ਧੀਆਂ ਦੀ ਲੋਹੜੀ ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਮਨਾਈ ਜਾਂਦੀ ਹੈ, ਤਾਂ ਜੋ ਰਾਜ ਵਿੱਚ ਲੜਕੀਆਂ ਦੇ ਲਿੰਗ ਅਨੁਪਾਤ ਪ੍ਰਤੀ ਜਾਗਰੂਕਤਾ ਫੈਲਾਈ ਜਾ ਸਕੇ। ਉਨ੍ਹਾ ਦੱਸਿਆ ਕਿ 13 ਜਨਵਰੀ ਤੋਂ 20 ਜਨਵਰੀ ਤੱਕ 'ਧੀਆਂ ਦੀ ਲੋਹੜੀ ਹਫਤਾ' ਜ਼ਿਲ੍ਹੇ ਅਤੇ ਬਲਾਕਾਂ ਵਿੱਚ ਮਨਾਇਆ ਜਾਵੇਗਾ, ਜਿੱਥੇ ਵਿਧਾਨ ਸਭਾ ਦੇ ਚੁਣੇ ਹੋਏ ਨੁਮਾਇੰਦੇ, ਡਿਪਟੀ ਕਮਿਸ਼ਨਰ, ਐੱਸ ਡੀ ਐੱਮਜ਼, ਹੋਰ ਵਿਭਾਗਾਂ ਦੇ ਅਧਿਕਾਰੀ, ਪੰਚਾਇਤਾਂ, ਸਕੂਲੀ ਬੱਚੇ ਆਦਿ ਸ਼ਾਮਲ ਹੋਣਗੇ। ਇਸ ਮੌਕੇ ਵਿਭਾਗ ਵੱਲੋਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ, ਜਿਸ ਦੌਰਾਨ ਬਾਲੜੀਆਂ ਦੇ ਲਿੰਗ ਅਨੁਪਾਤ 'ਚ ਸੁਧਾਰ 'ਤੇ ਜ਼ੋਰ ਦਿੱਤਾ ਜਾਵੇਗਾ ਅਤੇ ਨੁੱਕੜ ਨਾਟਕ ਕਰਵਾਏ ਜਾਣਗੇ। ਇਸ ਮੌਕੇ ਨਵਜੰਮੀਆਂ ਦੇ ਮਾਪਿਆਂ ਨੂੰ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਜਾਵੇਗਾ ਅਤੇ ਮਾਰਕਫੈੱਡ ਦੇ ਉਤਪਾਦਾਂ ਦੇ ਤੋਹਫੇ ਦਿੱਤੇ ਜਾਣਗੇ।

ਇਸ ਤੋਂ ਇਲਾਵਾ ਸੱਭਿਆਚਾਰਕ ਗਤੀਵਿਧੀਆਂ, ਲੇਖ, ਸਲੋਗਨ ਲਿਖਣ ਦੇ ਮੁਕਾਬਲਿਆਂ ਤੇ ਭਾਸ਼ਣਾਂ ਰਾਹੀਂ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਗਰੂਕਤਾ ਫੈਲਾਈ ਜਾਵੇਗੀ।

# ਸ਼ਹੀਦ ਕੁਲਦੀਪ ਸਿੰਘ ਬਾਜਵਾ ਦੇ ਨਾਂਅ 'ਤੇ ਸਟੇਡੀਅਮ ਬਣੇਗਾ : ਮਾਨ

**ਸ਼ਾਹਪੁਰ, (ਗੁਰਦਾਸਪੁਰ) (ਮਨਦੀਪ ਸਿੰਘ ਵਿੱਕੀ)**-ਮੁੱਖ ਮੰਤਰੀ ਭਗਵੰਤ ਮਾਨ ਨੇ ਬੁੱਧਵਾਰ ਪੰਜਾਬ ਪੁਲਸ ਦੇ ਸ਼ਹੀਦ ਕਾਂਸਟੇਬਲ ਕੁਲਦੀਪ ਸਿੰਘ ਬਾਜਵਾ ਦੇ ਨਾਂਅ ਉਤੇ ਸਟੇਡੀਅਮ ਬਣਾਉਣ ਅਤੇ ਸੜਕ ਦਾ ਨਾਂਅ ਰੱਖਣ ਦਾ ਐਲਾਨ ਕੀਤਾ ਹੈ, ਜਿਸ ਨੇ ਸਮਾਜ ਵਿਰੋਧੀ ਅਨਸਰਾਂ ਦਾ ਮੁਕਾਬਲਾ ਕਰਦੇ ਹੋਏ ਆਪਣੀ ਮਾਤ-ਭੂਮੀ ਦੀ ਖਾਤਰ ਜੀਵਨ ਕੁਰਬਾਨ ਕਰ ਦਿੱਤਾ। ਮੁੱਖ ਮੰਤਰੀ ਸ਼ਹੀਦ ਦੇ ਜੱਦੀ ਘਰ ਗਏ ਅਤੇ ਦੇਸ਼ ਲਈ ਕੀਤੀ ਮਹਾਨ ਕੁਰਬਾਨੀ ਦੇ ਸਤਿਕਾਰ ਵਿਚ ਪੀੜਤ ਪਰਵਾਰ ਨੂੰ ਦੋ ਕਰੋੜ ਰੁਪਏ ਦੇ ਡਿਮਾਂਡ ਡਰਾਫਟ ਸੌਂਪੇ, ਜਿਨ੍ਹਾਂ ਵਿਚ ਇਕ ਕਰੋੜ ਰੁਪਏ ਦੀ ਐਕਸ-ਗ੍ਰੇਸ਼ੀਆ ਸੂਬਾ ਸਰਕਾਰ ਨੇ ਦਿੱਤੀ, ਜਦਕਿ ਇਕ ਕਰੋੜ ਦੀ ਰਾਸ਼ੀ ਐੱਚ ਡੀ ਐੱਫ ਸੀ ਬੈਂਕ ਦੀ ਜੀਵਨ ਬੀਮਾ ਵਜੋਂ ਦਿੱਤੀ ਗਈ। ਉਨ੍ਹਾ ਕਿਹਾ ਕਿ ਸ਼ਹੀਦ ਕਾਂਸਟੇਬਲ ਕੁਲਦੀਪ ਸਿੰਘ ਬਾਜਵਾ ਨੇ ਫਗਵਾੜਾ ਵਿਖੇ ਆਪਣੀ ਡਿਊਟੀ ਨਿਭਾਉਂਦੇ ਹੋਏ ਸ਼ਹਾਦਤ ਪ੍ਰਾਪਤ ਕੀਤੀ। ਮਾਨ ਨੇ ਕਿਹਾ ਕਿ ਸੂਬੇ ਵਿਚ ਅਮਨ-ਕਾਨੂੰਨ ਦੀ ਰਾਖੀ ਲਈ

● ਬਾਕੀ ਸਫ਼ਾ 2 'ਤੇ



## ਅੱਜ-ਨਾਮਾ

ਭੇਜਦੇ ਪੈਸਾ ਪਰਵਾਸੀ ਹਨ ਬੜਾ ਬਾਹਰੋਂ,
ਮੰਨਦੀ ਮੁਲਕ ਦੀ ਸਦਾ ਸਰਕਾਰ ਮੀਆਂ।
ਕਿਹਾ ਜਾਂਦਾ ਕਿ ਤੁਸੀਂ ਹੋ ਬਹੁਤ ਵਧੀਆ,
ਮਨ ਵਿੱਚ ਸਾਡੜੇ ਬੜਾ ਸਤਿਕਾਰ ਮੀਆਂ।
ਗੇੜੇ ਵਤਨ ਦੇ ਲਾਉਣ ਨੂੰ ਰਹੋ ਆਉਂਦੇ,
ਬਣਿਆ ਆਪਸ ਦਾ ਰਹੇ ਪਿਆਰ ਮੀਆਂ।
ਆਉਂਦੇ ਕਦੇ ਪਰਵਾਸੀ ਹਨ ਜਦੋਂ ਭਾਰਤ,
ਥਾਂ-ਥਾਂ ਹੁੰਦੇ ਕਈ ਫਿਰਨ ਖੁਆਰ ਮੀਆਂ।
ਮੋਹ ਦੀ ਚਰਚਾ ਦੇ ਵੱਲੋਂ ਨਹੀਂ ਘੱਟ ਕੋਈ,
ਅਮਲ ਕਰਦਿਆਂ ਰਹਿੰਦੀ ਹੈ ਘਾਟ ਮੀਆਂ।
ਠੱਗੀਆਂ, ਠੋਰੀਆਂ ਤੇ ਹਾਲਤ ਦਫਤਰਾਂ ਦੀ,
ਕਰ ਜਾਏ ਲਾਡ ਪਿਆਰ ਦੀ ਕਾਟ ਮੀਆਂ।

-ਤੀਸ ਮਾਰ ਖਾਂ

## ਜਵਾਈ ਵੱਲੋਂ ਗੋਲੀਆਂ ਚਲਾ ਕੇ 4 ਫੱਟੜ

**ਸੋਲਨ** : ਬੁੱਧਵਾਰ ਸਵੇਰੇ ਸੋਲਨ ਜ਼ਿਲ੍ਹੇ ਦੇ ਅਰਕੀ 'ਚ ਬਟਾਲ ਘਾਟੀ ਨੇੜੇ ਕਾਰ ਸਵਾਰ ਜੋੜਾ ਅਤੇ ਉਨ੍ਹਾਂ ਦੀਆਂ ਦੋ ਧੀਆਂ ਜ਼ਖਮੀ ਹੋ ਗਈਆਂ, ਜਦੋਂ ਉਨ੍ਹਾਂ 'ਤੇ ਜਵਾਈ ਅਤੇ ਉਸ ਦੇ ਸਾਥੀ ਨੇ ਕਥਿਤ ਤੌਰ 'ਤੇ ਗੋਲੀਬਾਰੀ ਕੀਤੀ ਕਰ ਦਿੱਤੀ। ਧਿਆਨ ਚੰਦ ਦੇ ਜਵਾਈ ਸੁਰਿੰਦਰ ਕਥਿਤ ਤੌਰ 'ਤੇ ਹਮੀਰਪੁਰ ਜ਼ਿਲ੍ਹੇ ਦੇ ਭੋਟਾ ਤੋਂ ਸਹੁਰੇ ਦੀ ਕਾਰ ਦਾ ਪਿੱਛਾ ਕਰ ਰਿਹਾ ਸੀ, ਜਦੋਂ ਉਹ ਸ਼ਿਮਲਾ ਜਾ ਰਹੇ ਸਨ। ਪੀੜਤ ਹਮੀਰਪੁਰ ਜ਼ਿਲ੍ਹੇ ਦੇ ਰਹਿਣ ਵਾਲੇ ਹਨ। ਸੁਰਿੰਦਰ ਨੇ ਕਥਿਤ ਤੌਰ 'ਤੇ ਅਰਕੀ ਦੀ ਬਟਾਲ ਘਾਟੀ ਨੇੜੇ ਉਨ੍ਹਾਂ ਦੀ ਕਾਰ ਨੂੰ ਰੋਕਿਆ ਅਤੇ ਉਨ੍ਹਾਂ 'ਤੇ ਗੋਲੀਬਾਰੀ ਕਰ ਦਿੱਤੀ। ਸੋਲਨ ਦੇ ਐੱਸ ਪੀ ਵਰਿੰਦਰ ਸ਼ਰਮਾ ਨੇ ਦੱਸਿਆ ਕਿ ਹਮੀਰਪੁਰ ਵਾਸੀ ਸੁਰਿੰਦਰ ਅਤੇ ਉਸ ਦੇ ਸਾਥੀ ਰੋਹਿਤ ਨੇ ਦੋ ਗੋਲੀਆਂ ਚਲਾਈਆਂ। ਜ਼ਖਮੀ ਧਿਆਨ ਚੰਦ, ਉਸ ਦੀ ਪਤਨੀ ਅਤੇ ਦੋ ਬੇਟੀਆਂ ਨੂੰ ਸ਼ਿਮਲਾ ਦੇ ਆਈ ਜੀ ਐੱਮ ਸੀ ਰੈਫਰ ਕਰਨਾ ਪਿਆ। ਮਾਮਲਾ ਦਰਜ ਕਰਕੇ ਰੋਹਿਤ ਨੂੰ ਕਾਬੂ ਕਰ ਲਿਆ ਗਿਆ, ਜਦਕਿ ਸੁਰਿੰਦਰ ਮੌਕੇ ਤੋਂ ਫਰਾਰ ਹੋ ਗਿਆ।

# ਬਿਜਲੀ ਮੁਲਾਜ਼ਮ ਏਕਤਾ ਮੰਚ ਨੇ ਉਲੀਕੀ ਸੰਘਰਸ਼ ਦੀ ਰੂਪ-ਰੇਖਾ

**ਸ਼ਾਹਕੋਟ (ਗਿਆਨ ਸੈਦਪੁਰੀ)** ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੀ ਹੰਗਾਮੀ ਮੀਟਿੰਗ ਇਸ ਦੇ ਕਨਵੀਨਰ ਹਰਭਜਨ ਸਿੰਘ ਪਿਲਖਣੀ ਦੀ ਪ੍ਰਧਾਨਗੀ ਹੇਠ ਹੋਈ। ਮੰਚ ਦੇ ਮੈਂਬਰ ਸੁਰਿੰਦਰਪਾਲ ਲਹੌਰੀਆ ਨੇ ਮੀਟਿੰਗ ਵਿੱਚ ਲਏ ਗਏ ਫੈਸਲਿਆਂ ਦੀ ਜਾਣਕਾਰੀ ਦਿੱਤੀ। 22 ਨਵੰਬਰ ਨੂੰ ਪਾਵਰਕਾਮ ਮੈਨੇਜਮੈਂਟ ਨਾਲ ਹੋਈ ਮੀਟਿੰਗ ਦੀ ਵਿਸ਼ੇਸ਼ ਤੌਰ 'ਤੇ ਚਰਚਾ ਕੀਤੀ ਗਈ। ਮੰਗਾਂ ਸੰਬੰਧੀ ਇਸ ਮੀਟਿੰਗ ਵਿੱਚ ਹੋਈ ਸਹਿਮਤੀ 'ਤੇ ਅਮਲ ਨਾ ਕਰਨ ਦੀ ਨਿਖੇਧੀ ਕੀਤੀ ਗਈ। ਫੈਸਲਾ ਕੀਤਾ ਗਿਆ ਕਿ ਪਾਵਰਕਾਮ ਮੈਨੇਜਮੈਂਟ ਨੂੰ ਰੋਸ ਪੱਤਰ ਲਿਖਿਆ ਜਾਵੇਗਾ। ਪੰਜਾਬ ਦੇ ਮੁਲਾਜ਼ਮਾਂ ਵੱਲੋਂ 29 ਜਨਵਰੀ ਨੂੰ ਸੰਗਰੂਰ ਵਿੱਚ ਕੀਤੀ ਜਾਣ ਵਾਲੀ ਰੈਲੀ ਵਿੱਚ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਵੀ ਫੈਸਲਾ ਕੀਤਾ ਗਿਆ।

ਮੰਚ ਵੱਲੋਂ ਜ਼ੀਰਾ ਸ਼ਰਾਬ ਫੈਕਟਰੀ ਵਿਰੁੱਧ ਚੱਲ ਰਹੇ ਅੰਦੋਲਨ ਵਿੱਚ ਫਰਵਰੀ ਵਿੱਚ ਹਾਜ਼ਰੀ ਲਗਵਾਈ ਜਾਵੇਗੀ। ਮੀਟਿੰਗ ਵਿੱਚ ਇਹ ਵੀ ਫੈਸਲਾ ਹੋਇਆ ਕਿ 113 ਫੀਸਦੀ ਡੀਏ ਨੂੰ 119 ਫੀਸਦੀ ਕਰਵਾਉਣ ਲਈ ਪੰਜਾਬ ਸਰਕਾਰ ਵਿਰੁੱਧ ਸੰਘਰਸ਼ ਕੀਤਾ ਜਾਵੇਗਾ। ਪਾਵਰਕਾਮ ਵਿੱਚ ਮੁਲਾਜ਼ਮਾਂ ਅੰਦਰ ਏਕਤਾ ਦਾ ਮਾਹੌਲ ਸਿਰਜਣ ਲਈ ਪਹਿਲਕਦਮੀ ਕੀਤੀ ਜਾਵੇਗੀ।

ਇਸ ਸੰਬੰਧ ਵਿੱਚ ਸਮੁੱਚੀਆਂ ਜਥੇਬੰਦੀਆਂ ਨਾਲ ਪੱਤਰ ਵਿਹਾਰ ਕੀਤਾ ਜਾਵੇਗਾ। ਪਾਵਰਕਾਮ ਟਰਾਂਸਕੋ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਗਈ ਕਿ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮੈਨੇਜਮੈਂਟ ਵਿਰੁੱਧ ਸਖਤ ਐਕਸ਼ਨ ਲਿਆ ਜਾਵੇਗਾ। ਇਸ ਦੀ ਜ਼ੁੰਮੇਵਾਰੀ ਮੈਨੇਜਮੈਂਟ ਦੀ ਹੋਵੇਗੀ। ਮੀਟਿੰਗ ਵਿੱਚ ਸਾਥੀ ਮਨਜੀਤ ਸਿੰਘ ਚਾਹਲ ਸਕੱਤਰ ਬਿਜਲੀ ਮੁਲਾਜ਼ਮ ਏਕਤਾ ਮੰਚ, ਦਵਿੰਦਰ ਪਾਸੌਰ ਕੈਸ਼ੀਅਰ, ਨਰਿੰਦਰ ਸੈਣੀ, ਗੁਰਪ੍ਰੀਤ ਸਿੰਘ ਗੰਡੀਵਿੰਡ, ਅਵਤਾਰ ਸਿੰਘ ਸ਼ੇਰਗਿੱਲ, ਪੂਰਨ ਸਿੰਘ ਖਾਈ, ਮਹਿੰਦਰ ਸਿੰਘ ਲਹਿਰਾ, ਗ੍ਰੀਸ ਮਹਾਜਨ, ਗੁਰਤੇਜ ਸਿੰਘ ਅਤੇ ਕਮਲ ਕੁਮਾਰ ਆਦਿ ਸ਼ਾਮਲ ਸਨ।



## ਐੱਫ ਸੀ ਆਈ ਦਾ ਡੀ ਜੀ ਐੱਮ ਫੜਨ ਤੋਂ ਬਾਅਦ 50 ਥਾਈਂ ਛਾਪੇਮਾਰੀ

**ਨਵੀਂ ਦਿੱਲੀ** : ਐੱਫ ਸੀ ਆਈ 'ਚ ਭ੍ਰਿਸ਼ਟਾਚਾਰ ਦੇ ਸੰਬੰਧ 'ਚ ਸੀ ਬੀ ਆਈ ਨੇ ਪੰਜਾਬ ਸਣੇ 50 ਥਾਵਾਂ 'ਤੇ ਛਾਪੇ ਮਾਰੇ ਤੇ ਇੱਕ ਡੀ ਜੀ ਐੱਮ ਰੈਂਕ ਦੇ ਅਫਸਰ ਨੂੰ ਗ੍ਰਿਫਤਾਰ ਕਰ ਲਿਆ। ਉਸ ਤੋਂ ਬਾਅਦ ਪੰਜਾਬ, ਹਰਿਆਣਾ ਅਤੇ ਦਿੱਲੀ 'ਚ 50 ਥਾਵਾਂ 'ਤੇ ਤਲਾਸ਼ੀ ਲਈ। ਸੀ ਬੀ ਆਈ ਅਧਿਕਾਰੀਆਂ ਮੁਤਾਬਕ ਟੈਕਨੀਕਲ ਅਸਿਸਟੈਂਟਾਂ ਤੋਂ ਲੈ ਕੇ ਐਗਜ਼ੈਕਟਿਵ ਡਾਇਰੈਕਟਰਾਂ ਤੋਂ ਪੁੱਛਗਿੱਛ ਕੀਤੀ ਜਾਵੇਗੀ। ਡੀ ਜੀ ਐੱਮ ਨੂੰ 50 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਫੜਨ ਤੋਂ ਬਾਅਦ ਇਹ ਕਾਰਵਾਈ ਸ਼ੁਰੂ ਕੀਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਅਫਸਰਾਂ, ਚੌਲ ਮਿੱਲ ਮਾਲਕਾਂ, ਅਨਾਜ ਵਪਾਰੀਆਂ ਦੇ ਅਫਸਰਾਂ ਨਾਲ ਨਾਪਾਕ ਗੱਠਜੋੜ ਵਿਰੁੱਧ ਕਾਰਵਾਈ ਕੀਤੀ ਜਾ ਰਹੀ ਹੈ। ਸੀ ਬੀ ਆਈ ਕਈ ਸ਼ਿਕਾਇਤਾਂ ਮਿਲਣ ਤੋਂ ਬਾਅਦ ਛਾਪੇਮਾਰੀ ਦੀ ਯੋਜਨਾ ਬਣਾ ਰਹੀ ਸੀ। ਸੂਬਾ ਸਰਕਾਰਾਂ ਦੇ ਮੁਲਾਜ਼ਮਾਂ ਦੇ ਰੋਲ ਦੀ ਵੀ ਘੋਖ ਕੀਤੀ ਜਾ ਰਹੀ ਹੈ।

## ਓਸ਼ੋ ਫਰੈਗਰੈਂਸ ਟੀਮ ਵੱਲੋਂ 'ਗਹਨ ਸਾਧਨਾ ਸ਼ਿਵਰ' ਸੰਪੰਨ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)** ਓਸ਼ੋ ਫਰੈਗਰੈਂਸ ਟੀਮ ਵੱਲੋਂ ਛੇ ਰੋਜ਼ਾ ਗਹਨ ਸਾਧਨਾ ਸ਼ਿਵਰ ਦਾ ਆਯੋਜਨ ਕੀਤਾ ਗਿਆ। ਗਹਨ ਸਾਧਨਾ ਸ਼ਿਵਰ ਦਾ ਸੰਚਾਲਨ ਪਰਮ ਗੁਰੂ ਓਸ਼ੋ ਰਜਨੀਸ਼ ਦੇ ਭਰਾ ਸੁਆਮੀ ਸ਼ੈਲੇਂਦਰ ਤੇ ਸਰਸਵਤੀ ਮਾਂ ਅਮ੍ਰਿਤ ਪ੍ਰਿਯਾ ਵੱਲੋਂ ਕੀਤਾ ਗਿਆ। ਸਾਧਨਾ ਸ਼ਿਵਰ ਵਿੱਚ ਮੋਗਾ, ਮਲੋਟ, ਫਰੀਦਕੋਟ, ਫਿਰੋਜ਼ਪੁਰ, ਮੁੰਬਈ, ਰਾਜਸਥਾਨ, ਦਿੱਲੀ ਤੋਂ ਆਏ ਸਾਧਕਾਂ ਨੇ ਹਿੱਸਾ ਲਿਆ। ਇਸ ਮੌਕੇ ਸੁਆਮੀ ਸ਼ੈਲੇਂਦਰ ਨੇ ਆਏ ਹੋਏ ਸਾਧਕਾਂ ਨੂੰ ਮੈਡੀਟੇਸ਼ਨ ਤੇ ਧਿਆਨ ਲਾਉਣ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਧਿਆਨ ਲਾਉਣ ਨਾਲ ਆਪਣੇ ਅੰਦਰ ਛਿਪੇ ਪ੍ਰਮਾਤਮਾ ਨੂੰ ਪਾਇਆ ਜਾ ਸਕਦਾ ਹੈ। ਇਸ ਭੱਜ-ਦੌੜ ਦੀ ਜ਼ਿੰਦਗੀ ਵਿੱਚ ਮਨ ਦੀ ਸ਼ਾਂਤੀ ਲਈ ਧਿਆਨ ਲਾਉਣਾ ਬਹੁਤ ਜ਼ਰੂਰੀ ਹੋ ਗਿਆ ਹੈ। ਇਸ ਮੌਕੇ ਉਹਨਾਂ ਨੇ ਓਸ਼ੋ ਫਰੈਗਰੈਂਸ ਟੀਮ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਇਸ ਕੈਂਪ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਉਪਰਾਲਾ ਕੀਤਾ।

## ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੇ ਸਰਪ੍ਰਸਤ ਕੰਵਲ ਅਰੋੜਾ ਨਹੀਂ ਰਹੇ



**ਕੋਟਕਪੂਰਾ (ਗੁਰਮੀਤ ਭੁੱਲਰ) :** ਕੋਟਕਪੂਰਾ ਵਿਸ਼ਵਾਸ ਲਾਇਨਜ਼ ਕਲੱਬ ਦੇ ਸਰਪ੍ਰਸਤ ਕੰਵਲ ਅਰੋੜਾ ਦੇ ਅਚਾਨਕ ਅਕਾਲ ਚਲਾਣੇ ਦੀ ਖ਼ਬਰ ਨੇ ਉਨ੍ਹਾਂ ਦੇ ਪਰਵਾਰ, ਲਾਇਨਜ਼ ਕਲੱਬ ਦੇ ਅਹੁਦੇਦਾਰਾਂ - ਮੈਂਬਰਾਂ ਤੇ ਦੋਸਤਾਂ-ਮਿੱਤਰਾਂ ਨੂੰ ਝੰਜੋੜ ਕੇ ਰੱਖ ਦਿੱਤਾ। ਅਰੋੜਾ ਮੰਨੇ ਪ੍ਰਮੰਨੇ ਸਮਾਜਸੇਵੀ ਸਨ ਤੇ ਇਲਾਕੇ ਵਿੱਚ ਜਾਣ ਪਛਾਣ ਦੇ ਮੁਥਾਜ ਨਹੀਂ ਸਨ। ਉਨ੍ਹਾਂ ਦੇ ਚਲੇ ਜਾਣ ਨਾਲ ਇਲਾਕੇ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

## ਪੰਜਾਬ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋਈ : ਭਾਜਪਾ ਆਗੂ

**ਮੱਖੂ, (ਰਛਪਾਲ ਸਿੰਘ ਸੰਧੂ):** ਵਿਜੀਲੈਂਸ ਵਿਭਾਗ ਵੱਲੋਂ ਪੀ ਸੀ ਐਸ ਅਧਿਕਾਰੀ ਨਰਿੰਦਰ ਸਿੰਘ ਧਾਲੀਵਾਲ ਨੂੰ ਗ੍ਰਿਫਤਾਰ ਕਰਨ ਦੇ ਵਿਰੋਧ ਵਿੱਚ ਪੀ ਸੀ ਐਸ ਅਫ਼ਸਰਾਂ ਵੱਲੋਂ ਛੁੱਟੀ ਲੈ ਕੇ ਕੰਮਕਾਜ ਪੂਰੀ ਠੱਪ ਰੱਖਿਆ ਗਿਆ। ਜਿਸ ਕਾਰਨ ਵੱਖ ਵੱਖ ਸ਼ਹਿਰਾਂ ਵਿੱਚ ਲੋਕਾਂ ਨੂੰ ਦਫਤਰੀ ਕੰਮ ਕਰਵਾਉਣ ਵਿੱਚ ਭਾਰੀ ਖੱਜਲ ਖੁਆਰ ਹੋਣਾ ਪੈ ਰਿਹਾ ਹੈ। ਇਸ ਸੰਬੰਧ ਵਿੱਚ ਭਾਰਤੀ ਜਨਤਾ ਪਾਰਟੀ ਮੰਡਲ ਮੱਖੂ ਵੱਲੋਂ ਸ਼ਹਿਰ ਵਿੱਚ ਰੋਸ ਮਾਰਚ ਕੱਢਿਆ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਭਾਜਪਾ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਦੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਦੀ ਤਾਜ਼ਾ ਮਿਸਾਲ ਪੀ ਸੀ ਐਸ ਅਧਿਕਾਰੀਆਂ ਵੱਲੋਂ ਛੁੱਟੀਆਂ 'ਤੇ ਜਾਣ ਕਾਰਨ ਲੋਕਾਂ ਸਰਕਾਰੀ ਦਫਤਰਾਂ ਵਿਚ ਕੰਮ ਕਰਵਾਉਣ ਲਈ ਖੱਜਲ ਖੁਆਰ ਹੋਣਾ ਪੈ ਰਿਹਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫਰੰਟ 'ਤੇ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਇਸ ਮੌਕੇ ਭਾਜਪਾ ਆਗੂ ਜਥੇ. ਕਾਰਜ ਸਿੰਘ ਆਹਲਾਂ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮੱਖੂ, ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਫਿਰੋਜ਼ਪੁਰ ਦੇ ਸਕੱਤਰ ਡਾ. ਰਜੀਵ ਅਹੂਜਾ, ਮੰਡਲ ਮੱਖੂ ਪ੍ਰਧਾਨ ਰਜੀਵ ਕਪੂਰ, ਭਾਜਪਾ ਆਗੂ ਡਾ. ਰਜੀਵ ਅਹੂਜਾ ਰਵੀ ਸਾਬਕਾ ਐਮ ਸੀ, ਡਾ. ਸਤੀਸ਼ ਠੁਕਰਾਲ ਸੋਨੀ, ਮਦਨ ਲਾਲ ਸੇਠੀ, ਰਣਜੀਤ ਸਿੰਘ ਸੰਧੂ ਅਮੀਰ ਸ਼ਾਹ, ਅਮਿਤ ਅਰੋੜਾ, ਸੰਦੀਪ ਸਚਦੇਵਾ, ਗੁਰਦੇਵ ਸਿੰਘ ਕਾਨੂੰਗੋ, ਸੰਨ੍ਹੀ ਸ਼ੇਰਗਿੱਲ, ਸੁਖਦੇਵ ਸਿੰਘ, ਧਰਮਪਾਲ ਆਦਿ ਹਾਜ਼ਰ ਸਨ।

## ਨੰਦੀਸ਼ਾਲਾ 'ਚ ਮਨਾਇਆ ਲੋਹੜੀ ਤੇ ਸੰਕ੍ਰਾਂਤੀ ਦਾ ਤਿਉਹਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)** ਮੰਡੀ ਕਾਲਾਂਵਾਲੀ ਦੇ ਬੱਸ ਸਟੈਂਡ ਨੇੜੇ ਮਹਾਂਸਾਧਵੀ ਸ੍ਰੀ ਸਵਰਨ ਸੁਧਾ ਜੈਨ ਮਹਾਂਦੇਵ ਨੰਦੀ ਸ਼ਾਲਾ ਵਿਖੇ108 ਸੰਤ ਬਾਬਾ ਸ੍ਰੀ ਵਾਸੂਦੇਵ ਦਾਸ ਦੀ ਅਗਵਾਈ ਵਿੱਚ ਲੋਹੜੀ ਅਤੇ ਸੰਕ੍ਰਾਂਤੀ ਦਾ ਤਿਉਹਾਰ ਬੜੀ ਧੂਮਧਾਮ ਅਤੇ ਧਾਰਮਿਕ ਸ਼ਰਧਾ ਨਾਲ ਮਨਾਇਆ ਗਿਆ। ਮਹਾਂਦੇਵ ਨੰਦੀ ਸ਼ਾਲਾ ਦੇ ਮੁੱਖੀ ਸੁਰਜਭਾਨ ਠੇਕੇਦਾਰ ਨੇ ਦੱਸਿਆ ਕਿ ਲੋਹੜੀ ਦੇ ਤਿਉਹਾਰ ਮੌਕੇ 13 ਜਨਵਰੀ ਨੂੰ ਸ੍ਰੀ ਕ੍ਰਿਸ਼ਨ ਗਊ ਕਥਾ ਦਾ ਆਯੋਜਨ ਕੀਤਾ ਜਾਵੇਗਾ। ਜਿਸ ਵਿੱਚ ਗੋਲਡ ਮੈਡਲਿਸਟ ਮਾਸਟਰ ਭੀਮ ਮੰਡ ਆਪਣੇ ਜਥੇ ਸਮੇਤ ਕਵੀਸ਼ਰੀ ਰਾਹੀਂ ਸ੍ਰੀ ਕ੍ਰਿਸ਼ਨ ਗਊ ਕਥਾ ਸੁਣਾਉਣਗੇ।ਉਨ੍ਹਾਂ ਦੱਸਿਆ ਕਿ 14 ਜਨਵਰੀ ਨੂੰ ਹਵਨ ਕੀਤਾ ਜਾਵੇਗਾ, ਜਿਸ ਵਿੱਚ ਪੁਜਾਰੀ ਅਚਾਰੀਆ ਕੁਲਦੀਪ ਸ਼ਾਸਤਰੀ ਸ਼ਿਰਕਤ ਕਰਨਗੇ।ਇਸ ਮੌਕੇ ਭੰਡਾਰਾ ਵੀ ਕਰਾਇਆ ਜਾਵੇਗਾ, ਜਿਸ ਵਿੱਚ ਇਲਾਕੇ ਦੇ ਹਜ਼ਾਰਾਂ ਲੋਕ ਸ਼ਮੂਲੀਅਤ ਕਰਨਗੇ।

## ਚਾਇਨਾ ਡੋਰ ਦੇ 2 ਸਪਲਾਇਰ ਗ੍ਰਿਫ਼ਤਾਰ, 32 ਗੁੱਟ ਪਲਾਸਟਿਕ ਡੋਰ ਬਰਾਮਦ

**ਸੰਗਰੂਰ, (ਪ੍ਰਵੀਨ ਸਿੰਘ)**-ਸ੍ਰੀ ਸੁਰੇਂਦਰ ਲਾਂਬਾ (ਆਈਪੀਐਸ) ਐਸ.ਐਸ.ਪੀ. ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਗਈ ਮੁਹਿੰਮ ਦੌਰਾਨ ਪਲਾਸਟਿਕ ਤੇ ਚਾਇਨਾ ਡੋਰ ਦੇ 2 ਸਪਲਾਇਰ ਗ੍ਰਿਫ਼ਤਾਰ ਕਰਦਿਆਂ 32 ਗੁੱਟ ਪਲਾਸਟਿਕ ਡੋਰ ਬਰਾਮਦ ਕੀਤੀ ਗਈ ਹੈ। ਸ੍ਰੀ ਸੁਰੇਂਦਰ ਲਾਂਬਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਾਬੰਦੀਸ਼ੁਦਾ ਪਲਾਸਟਿਕ/ਚਾਇਨਾ ਡੋਰ ਵੇਚਣ, ਭੰਡਾਰ ਤੇ ਵਰਤੋਂ ਕਰਨ ਵਾਲਿਆਂ ਖਿਲਾਫ ਚਲਾਈ ਮੁਹਿੰਮ ਤਹਿਤ ਥਾਣਾ ਸ਼ੇਰਪੁਰ ਵਿਖੇ ਮੁਖਬਰੀ ਮਿਲਣ 'ਤੇ ਸੰਜੀਵ ਕੁਮਾਰ ਪੁੱਤਰ ਨੰਦ ਲਾਲ ਵਾਸੀ ਪੱਕੀ ਗਲੀ ਦਰਵਾਜ਼ਾ ਸ਼ੇਰਪੁਰ ਨੂੰ ਮੌਕੇ ਤੋਂ ਕਾਬੂ ਕਰਕੇ ਉਸਦੇ ਕਬਜ਼ੇ ਵਿੱਚੋਂ 17 ਗੁੱਟ ਪਲਾਸਟਿਕ/ਚਾਇਨਾ ਡੋਰ ਬਰਾਮਦ ਕਰਾ ਕੇ ਮੁਕੱਦਮਾ ਨੰਬਰ 03 ਮਿਤੀ 10.01.2023 ਅ/ਧ 188 ਹਿੰ:ਡੰ: ਥਾਣਾ ਸ਼ੇਰਪੁਰ ਦਰਜ ਕਰਾਇਆ ਗਿਆ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਥਾਣਾ ਭਵਾਨੀਗੜ੍ਹ ਵਿਖੇ ਬਿਕਰਮਜੀਤ ਸਿੰਘ ਪੁੱਤਰ ਜਸਵੀਰ ਸਿੰਘ ਵਾਸੀ ਵਾਰਡ ਨੰਬਰ 06, ਭਵਾਨੀਗੜ੍ਹ ਪਾਸੋਂ 15 ਗੁੱਟ ਪਲਾਸਟਿਕ/ਚਾਇਨਾ ਡੋਰ ਬਰਾਮਦ ਕਰਾ ਕੇ ਮੁਕੱਦਮਾ ਨੰਬਰ 11 ਮਿਤੀ 10.01.2023 ਅ/ਧ 188 ਹਿੰ:ਡੰ: ਥਾਣਾ ਭਵਾਨੀਗੜ੍ਹ ਦਰਜ ਕਰਾਇਆ ਗਿਆ। ਐਸ ਐਸ ਪੀ ਨੇ ਕਿਹਾ ਕਿ ਇਨ੍ਹਾਂ ਵਿਅਕਤੀਆਂ ਵੱਲੋਂ ਸਰਕਾਰੀ ਹੁਕਮਾਂ ਦੀ ਉਲੰਘਣਾ ਕਰਦਿਆਂ ਲੋਕਾਂ ਦੀ ਜ਼ਿੰਦਗੀ ਨੂੰ ਖ਼ਤਰੇ ਵਿੱਚ ਪਾ ਕੇ ਚਾਇਨਾ ਡੋਰ ਦੀ ਸਪਲਾਈ ਭਾਰੀ ਮਾਤਰਾ ਵਿੱਚ ਕੀਤੀ ਗਈ ਹੈ ਤੇ ਇਨ੍ਹਾਂ ਕੋਲੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## ਸਾਲਾਨਾ ਗੁਰਮਤਿ ਸਮਾਗਮ ਤੇ ਯੱਗ ਭੰਡਾਰਾ ਭਲਕ ਤੋਂ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਸੇਵਾ ਪੰਥੀ ਸੰਪਰਦਾਇ ਦੀਆਂ ਮਹਾਨ ਸੇਵਾ ਜੋਤੀਆਂ ਦੀ ਬਰਸੀ ਸਬੰਧੀ ਸਲਾਨਾ ਗੁਰਮਤਿ ਸਮਾਗਮ ਤੇ ਯੱਗ ਭੰਡਾਰਾ 13 ਤੋਂ 15 ਜਨਵਰੀ ਤੱਕ ਟਿਕਾਣਾ ਭਾਈ ਜਗਤਾ ਜੀ ਸਾਹਿਬ (ਨੂਰਪੁਰ ਬੇਟ) ਗੋਨਿਆਣਾ ਮੰਡੀ ਵਿਖੇ ਕਰਾਇਆ ਜਾ ਰਿਹਾ ਹੈ। ਸੰਤ ਰਣਜੀਤ ਸਿੰਘ ਨੇ ਦੱਸਿਆ ਕਿ ਭਾਈ ਘਨੱਈਆ ਸੇਵਾ ਪੰਥੀ ਸੰਪਰਦਾਇ ਦੇ ਬ੍ਰਮ ਗਿਆਨੀ ਭਾਈ ਜਗਤਾ ਜੀ ਸਾਹਿਬ, ਭਾਈ ਆਸਾ ਸਿੰਘ, ਮਹੰਤ ਭਾਈ ਤੀਰਥ ਸਿੰਘ, ਸੰਤ ਹਰਪਾਲ ਸਿੰਘ ਜੀ ਦੀ ਯਾਦ ਵਿੱਚ ਇਸ ਸਾਲਾਨਾ ਭੰਡਾਰਾ ਦੀ ਆਰੰਭਤਾ 12 ਜਨਵਰੀ ਨੂੰ ਗੋਨਿਆਣਾ ਮੰਡੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪ੍ਰਵਾਹ ਨਾਲ ਸ਼ੁਰੂ ਹੋਵੇਗੀ। ਉਨ੍ਹਾਂ ਦੱਸਿਆ ਕਿ ਇਹ ਸਾਰੇ ਧਾਰਮਿਕ ਸਮਾਗਮ ਸੇਵਾ ਪੰਥੀ ਭਾਈ ਕਾਹਨ ਸਿੰਘ ਜੀ ਦੀ ਅਗਵਾਈ ਹੇਠ ਹੋਣਗੇ, ਜਿਸ ਤਹਿਤ 13 ਜਨਵਰੀ ਨੂੰ ਸਵੇਰੇ 10 ਵਜੇ ਤੋਂ ਦੀਵਾਨ ਸਜਾਏ ਜਾਣਗੇ, ਕੰਠ ਸ਼ੁੱਧ ਗੁਰਬਾਣੀ ਉਚਾਰਣ ਪ੍ਰਤੀਯੋਗਤਾ, ਦਸਤਾਰ ਮੁਕਾਬਲੇ ਕਰਾਏ ਜਾਣਗੇ। ਇਸ ਤੋਂ ਇਲਾਵਾ 14 ਜਨਵਰੀ ਨੂੰ ਇਹ ਦੀਵਾਨ ਜਾਰੀ ਰਹਿਣਗੇ ਅਤੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। 15 ਜਨਵਰੀ ਨੂੰ ਸਮਾਗਮ ਦੇ ਅੰਤਿਮ ਦਿਨ ਵਿਸ਼ੇਸ਼ ਤੌਰ 'ਤੇ ਮਹਾਨ ਕੀਰਤਨੀਏ ਜਥੇ ਸੰਗਤਾਂ ਨੂੰ ਬਾਣੀ ਨਾਲ ਜੋੜਨਗੇ ਅਤੇ ਅੰਮ੍ਰਿਤ ਸੰਚਾਰ ਵੀ ਹੋਵੇਗਾ। ਮਾਛੀਵਾੜਾ ਵਿਖੇ ਪੁੱਜੇ ਸੰਤ ਭਾਈ ਰਣਜੀਤ ਸਿੰਘ ਨੇ ਦੱਸਿਆ ਕਿ ਇਸ ਇਲਾਕੇ 'ਚੋਂ ਵੀ ਹਜ਼ਾਰਾਂ ਦੀ ਗਿਣਤੀ 'ਚ ਸੰਗਤ ਟਿਕਾਣਾ ਭਾਈ ਜਗਤਾ ਜੀ ਸਾਹਿਬ ਨਾਲ ਜੁੜੀ ਹੋਈ ਹੈ, ਜੋ ਹਮੇਸ਼ਾ ਉੱਥੇ ਚੱਲਦੇ ਧਾਰਮਿਕ ਕਾਰਜਾਂ 'ਚ ਆਪਣਾ ਯੋਗਦਾਨ ਪਾਉਂਦੀ ਹੈ।

# 294 ਦਿਨ ਤੋਂ ਥਾਣੇ ਮੂਹਰੇ ਧਰਨਾ ਜਾਰੀ, ਨਿਆਂ ਮਿਲਣ ਤੱਕ ਸੰਘਰਸ਼ ਜਾਰੀ ਰਹੇਗਾ : ਸੰਯੁਕਤ ਕਮੇਟੀ



**ਜਗਰਾਉਂ (ਨਛੱਤਰ ਸੰਧੂ)** ਪਿੰਡ ਰਸੂਲਪੁਰ ਦੇ ਅਨੁਸੂਚਿਤ ਜਾਤੀ ਦੇ ਗ਼ਰੀਬ ਪਰਵਾਰ ਨੂੰ ਨਿਆਂ ਦਿਵਾਉਣ ਲਈ ਕਿਸਾਨ-ਮਜ਼ਦੂਰ ਜਥੇਬੰਦੀਆਂ ਵੱਲੋਂ 294ਵੇਂ ਦਿਨ ਵੀ ਥਾਣੇ ਮੂਹਰੇ ਧਰਨਾ ਜਾਰੀ ਰਿਹਾ। ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਨਿਰਮਲ ਸਿੰਘ ਧਾਲੀਵਾਲ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਸਕੱਤਰ ਮਾਸਟਰ ਜਸਦੇਵ ਸਿੰਘ ਲਲਤੋਂ, ਭਾਰਤੀ ਕਿਸਾਨ ਯੂਨੀਅਨ (ਡਕੌਂਦਾ) ਦੇ ਬਲਾਕ ਕਮੇਟੀ ਮੈਂਬਰ ਜੱਗਾ ਸਿੰਘ ਢਿੱਲੋਂ ਤੇ ਰਾਮਤੀਰਥ ਸਿੰਘ ਲੀਲ੍ਹਾ ਨੇ ਦੱਸਿਆ ਕਿ ਪੀੜਤ ਪਰਵਾਰ ਤੇ ਜਥੇਬੰਦੀਆਂ ਦੇ ਵਰਕਰ-ਆਗੂ 294 ਦਿਨਾਂ ਤੋਂ ਇਨਸਾਫ਼ ਲੈਣ ਲਈ ਧਰਨੇ 'ਤੇ ਬੈਠੇ ਹਨ, ਪਰ ਕੋਈ ਸੁਣਵਾਈ ਨਹੀਂ ਹੋ ਰਹੀ। ਉਨ੍ਹਾਂ ਮੌਜੂਦਾ ਪੰਜਾਬ ਸਰਕਾਰ 'ਤੇ ਗਿਲਾ ਕਰਦਿਆਂ ਕਿਹਾ ਕਿ ਹਲਕਾ ਵਿਧਾਇਕ, ਜੋ ਕਾਂਗਰਸ ਰਾਜ ਸਮੇਂ ਨਾ ਸਿਰਫ਼ ਧਰਨੇ-ਮੁਜ਼ਾਹਰਿਆਂ 'ਚ ਸ਼ਾਮਲ ਹੁੰਦੀ ਸੀ, ਸਗੋਂ 'ਆਮ ਆਦਮੀ ਪਾਰਟੀ' ਦੀ ਸਰਕਾਰ ਬਣਨ ਸਾਰ ਨਿਆਂ ਦਿਵਾਉਣ ਦਾ ਦਾਅਵਾ ਵੀ ਕਰਦੀ ਸੀ, ਹੁਣ ਮੂਕ ਦਰਸ਼ਕ ਬਣੀ ਹੋਈ ਹੈ। ਜ਼ਿਕਰਯੋਗ ਹੈ ਕਿ ਦੋਸ਼ੀਆਂ ਨੇ ਪੀੜ੍ਹਤ ਮਾਂ-ਧੀ ਨੂੰ ਨਜਾਇਜ਼ ਹਿਰਾਸਤ 'ਚ ਰੱਖ ਕੇ ਤਸੀਹੇ ਦਿੱਤੇ ਤੇ ਕੁਲਵੰਤ ਕੌਰ ਨੂੰ ਕਰੰਟ ਲਾ ਕੇ ਮੌਤ ਦੇ ਮੂੰਹ 'ਚ ਧੱਕਿਆ ਹੈ। ਇਸ ਅੱਤਿਆਚਾਰ ਨੂੰ ਲਕੋਣ ਲਈ ਬਾਕੀ ਪਰਵਾਰ ਦੇ ਬਾਕੀ ਮੈਂਬਰਾਂ ਨੂੰ ਝੂਠੇ ਕੇਸਾਂ ਵਿੱਚ ਵੀ ਫਸਾਇਆ ਸੀ ਅਤੇ ਸਮਾਂ ਬੀਤਣ ਨਾਲ ਪੀੜ੍ਹਤਾ ਕੁਲਵੰਤ ਕੌਰ ਦੀ ਨਕਾਰਾ ਹੋ ਕੇ ਮੌਤ ਦੇ ਮੂੰਹ 'ਚ ਚਲੀ ਗਈ ਸੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਦੋਸ਼ੀ ਡੀਐਸਪੀ ਗੁਰਿੰਦਰ ਬੱਲ, ਐਸਆਈ ਰਾਜਵੀਰ, ਹਰਜੀਤ ਸਰਪੰਚ ਤੇ ਪੰਚ ਧਿਆਨ ਸਿੰਘ ਖਿਲਾਫ਼ ਸੰਗੀਨ ਧਾਰਾਵਾਂ ਅਧੀਨ ਮੁਕੱਦਮਾ ਦਰਜ ਕੀਤੇ ਨੂੰ ਇਕ ਸਾਲ ਤੋਂ ਵੱਧ ਸਮਾਂ ਹੋ ਗਿਆ ਹੈ।

ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਸਕੱਤਰ ਜਸਦੇਵ ਸਿੰਘ ਲਲਤੋਂ ਤੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਸਾਧੂ ਸਿੰਘ ਅੱਚਰਵਾਲ ਨੇ ਦੱਸਿਆ ਕਿ ਮੁਕੱਦਮੇ ਦੇ ਦੋਸ਼ੀ ਗੁਰਿੰਦਰ ਬੱਲ ਤੇ ਹੋਰਨਾਂ ਦੇ ਜ਼ੁਲਮਾਂ ਕਾਰਨ ਮੌਤ ਦੇ ਮੂੰਹ 'ਚ ਜਾ ਪਈ ਮ੍ਰਿਤਕ ਕੁਲਵੰਤ ਕੌਰ ਰਸੂਲਪੁਰ ਦੇ ਪਰਵਾਰ ਲਈ ਯੋਗ ਮੁਆਵਜ਼ੇ ਦੀ ਮੰਗ ਵੀ ਅਮਲ 'ਚ ਨਹੀਂ ਲਿਆਂਦੀ ਜਾ ਰਹੀ, ਜਦਕਿ ਪੀੜ੍ਹਤ ਪਰਵਾਰ ਦਾ ਲੰਘੇ 17 ਵਰ੍ਹਿਆਂ 'ਚ ਭਾਰੀ ਆਰਥਿਕ ਉਜਾੜਾ ਹੋ ਚੁੱਕਾ ਹੈ।

ਇਸ ਸਮੇਂ ਮੁਦਈ ਮੁਕੱਦਮਾ ਇਕਬਾਲ ਸਿੰਘ ਰਸੂਲਪੁਰ ਨੇ ਕਿਹਾ ਕਿ ਇੱਕ ਪਾਸੇ ਤਤਕਾਲੀ ਜ਼ਿਲ੍ਹਾ ਪੁਲਸ ਮੁਖੀ ਕੇਤਨ ਪਾਟਿਲ ਬਾਲੀ ਰਾਮ ਨੇ ਸੂਬਾ ਪੁਲਸ ਪ੍ਰਮੁੱਖ ਚੰਡੀਗੜ੍ਹ ਨੂੰ ਲਿਖੇ ਇੱਕ ਪੱਤਰ 'ਚ ਦੋਸ਼ੀ ਡੀਐਸਪੀ ਗੁਰਿੰਦਰ ਬੱਲ ਖਿਲਾਫ਼ ਦਰਜ ਮੁਕੱਦਮੇ ਨੂੰ 'ਘਿਣੌਨਾ' ਤੇ 'ਸੰਵੇਦਨਸ਼ੀਲ' ਕਿਹਾ ਹੈ, ਪਰ ਦੂਜੇ ਪਾਸੇ ਅੱਤਿਆਚਾਰਾਂ ਦੇ ਮੁੱਖ ਦੋਸ਼ੀ ਨੂੰ ਬਚਾਉਣ ਲਈ ਉੱਚ ਪੁਲਸ ਅਧਿਕਾਰੀ ਸਾਜ਼ਿਸ਼ਾਂ ਰਚ ਰਹੇ ਹਨ। ਇਸ ਸਮੇਂ ਜਬਰ-ਜ਼ੁਲਮ ਵਿਰੋਧੀ ਫਰੰਟ ਦੇ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ, ਬਲਰਾਜ ਸਿੰਘ, ਦਵਿੰਦਰ ਸਿੰਘ ਤੇ ਮਹਿੰਦਰ ਸਿੰਘ ਆਦਿ ਹਾਜ਼ਰ ਸਨ।

# ਜੀ ਐੱਮ ਸਰ੍ਹੋਂ ਮਾਮਲੇ 'ਤੇ ਮੀਟਿੰਗ ਸੱਦਣ ਦਾ ਸਵਾਗਤ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਜੀ ਐੱਮ ਸਰ੍ਹੋਂ ਮਾਮਲੇ 'ਤੇ ਵਿਚਾਰ-ਚਰਚਾ ਲਈ 16 ਜਨਵਰੀ ਨੂੰ ਪੰਜਾਬ ਵਿਧਾਨ ਸਭਾ, ਚੰਡੀਗੜ੍ਹ 'ਚ ਵਿਸ਼ੇਸ਼ ਮੀਟਿੰਗ ਸੱਦੀ ਹੈ। ਮੀਟਿੰਗ ਦੌਰਾਨ ਵੱਖ-ਵੱਖ ਖੇਤਰਾਂ ਦੇ ਮਾਹਰਾਂ ਦੇ ਨਾਲ-ਨਾਲ ਕਿਸਾਨ-ਆਗੂਆਂ ਨੂੰ ਸ਼ਮੂਲੀਅਤ ਸੱਦਾ ਦਿੱਤਾ ਗਿਆ ਹੈ।

ਮੀਟਿੰਗ ਲਈ ਸੁਨੇਹਾ ਮਿਲਣ ਉਪਰੰਤ ਭਾਰਤੀ ਕਿਸਾਨ ਯੂਨੀਅਨ-ਏਕਤਾ (ਡਕੌਂਦਾ) ਦੇ ਸੂਬਾਈ ਜਨਰਲ ਸਕੱਤਰ ਜਗਮੋਹਨ ਸਿੰਘ ਪਟਿਆਲਾ ਨੇ ਕਿਹਾ ਕਿ ਉਹਨਾ ਦੀ ਜਥੇਬੰਦੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਵੱਲੋਂ ਮੀਟਿੰਗ ਸੱਦਣ ਦਾ ਸਵਾਗਤ ਕਰਦੀ ਹੈ।

ਜਗਮੋਹਨ ਸਿੰਘ ਪਟਿਆਲਾ ਨੇ ਭਾਰਤ ਸਰਕਾਰ ਦੇ ਵਣ ਅਤੇ ਵਾਤਾਵਰਨ ਮੰਤਰਾਲੇ ਦੇ ਅੰਗ ਵਜੋਂ ਕੰਮ ਕਰਦੀ ਜੈਨੇਟਿਕਲ ਇੰਜੀਨੀਅਰਿੰਗ ਅਪਰੂਵਲ ਕਮੇਟੀ ਵੱਲੋਂ ਸਰ੍ਹੋਂ ਦੇ ਜੀ ਐੱਮ ਬੀਜ ਨੂੰ ਵਪਾਰਕ ਮਕਸਦ ਲਈ ਵਰਤਣ ਦੀ ਮਨਜ਼ੂਰੀ ਦੇਣ ਨੂੰ ਕੁਦਰਤ-ਵਿਰੋਧੀ ਅਤੇ ਮਨੁੱਖਤਾ ਤੇ ਪਸ਼ੂ-ਧਨ ਦੀ ਸਿਹਤ ਲਈ ਬਹੁਤ ਹੀ ਮੰਦਭਾਗਾ ਕਦਮ ਗਰਦਾਨਿਆ ਹੈ। ਜਥੇਬੰਦੀ ਦੇ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜਗਿੱਲ, ਸੀਨੀਅਰ ਮੀਤ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਜਨਰਲ ਸਕੱਤਰ ਜਗਮੋਹਨ ਸਿੰਘ ਪਟਿਆਲਾ ਨੇ ਸਮਾਜ ਦੇ ਸਮੁੱਚੇ ਲੋਕਾਂ ਖਾਸ ਕਰਕੇ ਕਿਸਾਨਾਂ ਨੂੰ ਇਸ ਮਸਲੇ 'ਤੇ ਗੰਭੀਰਤਾ ਨਾਲ ਸੋਚਣ ਦਾ ਸੱਦਾ ਦਿੱਤਾ ਹੈ।

ਕਿਸਾਨ ਆਗੂ ਜਗਮੋਹਨ ਸਿੰਘ ਪਟਿਆਲਾ ਨੇ ਬਿਆਨ ਵਿੱਚ ਉਸ ਦਲੀਲ ਨੂੰ ਮੂਲੋਂ ਹੀ ਖਾਰਜ ਕੀਤਾ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਭਾਰਤ ਆਪਣੀ ਜ਼ਰੂਰਤ ਦਾ 70 ਫੀਸਦੀ ਸਰ੍ਹੋਂ ਦਾ ਤੇਲ ਲੱਖਾਂ ਡਾਲਰ ਖਰਚ ਕਰਕੇ ਵਿਦੇਸ਼ਾਂ ਤੋਂ ਖਰੀਦਦਾ ਹੈ।

ਉਹਨਾ ਕਿਹਾ ਕਿ ਇਹ ਦਾਅਵਾ ਖੋਖਲਾ ਸਾਬਿਤ ਹੋਵੇਗਾ ਕਿ ਹੁਣ ਦੇਸ਼ ਸਰ੍ਹੋਂ ਦੇ ਤੇਲ ਵਿੱਚ ਆਤਮ ਨਿਰਭਰ ਹੋ ਜਾਵੇਗਾ। ਦਰਅਸਲ ਭਾਰਤ ਵਿੱਚ ਸਰ੍ਹੋਂ ਦੀ ਖੇਤੀ ਦਾ ਰਕਬਾ ਘਟਣ ਦਾ ਕਾਰਨ ਸਰ੍ਹੋਂ ਦੇ ਘੱਟ ਉਤਪਾਦਨ ਵਾਲੇ ਬੀਜ ਨਹੀਂ, ਬਲਕਿ ਸਰ੍ਹੋਂ ਦੀ ਫਸਲ ਦੀ ਉਚਿਤ ਕੀਮਤ ਨਾ ਮਿਲਣਾ ਅਤੇ ਖਰੀਦ ਦੀ ਗਰੰਟੀ ਨਾ ਹੋਣਾ ਹੈ। ਹਕੀਕਤ ਇਹ ਹੈ ਕਿ ਜਿਸ ਜੀ ਐੱਮ ਸਰ੍ਹੋਂ ਦੇ ਬੀਜ ਨਾਲ ਇਹ ਵਾਰੇ-ਨਿਆਰੇ ਕਰਨ ਦੇ ਦਾਅਵੇ ਕਰ ਰਹੇ ਹਨ, ਉਸ ਤੋਂ ਜ਼ਿਆਦਾ ਉਤਪਾਦਨ ਪੈਦਾ ਕਰਨ ਅਤੇ ਤੇਲ ਦੀ ਵੱਧ ਮਾਤਰਾ ਵਾਲੇ ਪੰਜ ਸਰ੍ਹੋਂ ਦੇ ਬੀਜਾਂ ਦੀਆਂ ਕਿਸਮਾਂ ਸਾਡੇ ਕੋਲ ਪਹਿਲਾਂ ਹੀ ਮੌਜੂਦ ਹਨ।

ਪ੍ਰਸਿੱਧ ਵਿਗਿਆਨੀ ਐਲਬਰਟ ਆਈਨਸਟਾਈਨ ਨੇ ਕਿਹਾ ਸੀ ਕਿ ਜਿਸ ਦਿਨ ਦੁਨੀਆ ਵਿੱਚ ਸਾਰੀਆਂ ਸ਼ਹਿਦ ਦੀਆਂ ਮੱਖੀਆਂ ਮਰ ਗਈਆਂ, ਤਾਂ ਪੰਜ ਸਾਲ ਦੇ ਅੰਦਰ-ਅੰਦਰ ਧਰਤੀ 'ਤੇ ਮਨੁੱਖਤਾ ਖਤਮ ਹੋ ਜਾਵੇਗੀ। ਜੀ ਐੱਮ ਸਰ੍ਹੋਂ ਨਾਲ ਸਭ ਤੋਂ ਪਹਿਲਾਂ ਤੇ ਸਭ ਤੋਂ ਜ਼ਿਆਦਾ ਨੁਕਸਾਨ ਸ਼ਹਿਦ ਦੀਆਂ ਮੱਖੀਆਂ ਅਤੇ ਪਰ-ਪਰਾਗਣ ਵਾਲੇ ਕੀਟਾਂ ਦਾ ਹੀ ਹੋਵੇਗਾ। ਜੀ ਐੱਮ ਸਰ੍ਹੋਂ ਦੇ ਬੀਜ ਨੂੰ ਮਨਜ਼ੂਰੀ ਭਾਰਤ ਸਰਕਾਰ ਦੀ ਉਸ ਨੀਤੀ ਦਾ ਹਿੱਸਾ ਹੈ, ਜਿਸ ਰਾਹੀਂ ਉਹ ਕਿਸਾਨਾਂ ਨੂੰ ਖੇਤੀ ਤੋਂ ਬਾਹਰ ਕਰਕੇ ਭੋਜਨ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨਾ ਚਾਹੁੰਦੀ ਹੈ। ਜੀ ਐੱਮ ਬੀਜਾਂ ਦੀ ਤਕਨੀਕ ਦਾ ਪੇਟੈਂਟ ਬਹੁਕੌਮੀ ਕਾਰਪੋਰੇਸ਼ਨਾਂ, ਖਾਸ ਕਰਕੇ ਅਮਰੀਕਾ ਅਧਾਰਤ ਕੰਪਨੀਆਂ ਕੋਲ ਹੈ। ਭਾਰਤ ਸਰਕਾਰ ਕਿਸਾਨਾਂ ਤੋਂ ਉਹਨਾਂ ਦੀਆਂ ਫਸਲਾਂ, ਸਬਜ਼ੀਆਂ, ਦਾਲਾਂ ਅਤੇ ਤੇਲ ਬੀਜਾਂ ਦੇ ਪਰੰਪਰਾਗਤ ਤੇ ਦੇਸੀ ਬੀਜ ਖਤਮ ਕਰਵਾ ਕੇ ਅਤੇ ਕਾਰਪੋਰੇਟ ਜਗਤ ਦੀਆਂ ਬਹੁਕੌਮੀ ਕੰਪਨੀਆਂ ਦਾ ਏਕਾਧਿਕਾਰ ਕਾਇਮ ਕਰਕੇ ਕਿਸਾਨਾਂ ਨੂੰ ਉਹਨਾਂ ਦੇ ਮੁਥਾਜ਼ ਕਰਨਾ ਚਾਹੁੰਦੀ ਹੈ। ਪੂਰੀ ਦੁਨੀਆ ਵਿਚ ਮੌਜੂਦ ਵਿਭਿੰਨਤਾ ਖਤਰੇ ਵਿਚ ਆ ਜਾਵੇਗੀ, ਹਰ ਖਿੱਤੇ ਦੀਆਂ ਆਪਣੀਆਂ ਕੁਦਰਤੀ ਲੋੜਾਂ ਅਤੇ ਵਾਤਾਵਰਨ ਅਨੁਸਾਰ ਹਜ਼ਾਰਾਂ ਸਾਲਾਂ ਵਿੱਚ ਹੋਂਦ ਵਿਚ ਆਈਆਂ ਕਿਸਮਾਂ ਦੇ ਖਾਤਮੇ ਵੱਲ ਵਧਾਇਆ ਕਾਰਪੋਰੇਟ ਕਦਮ ਹੈ, ਜਿਸ ਨੂੰ ਕਿਸਾਨ ਭਾਈਚਾਰਾ ਅਤੇ ਸਮਾਜ ਦੇ ਲੋਕ ਕਦਾਚਿਤ ਵੀ ਬਰਦਾਸ਼ਤ ਨਹੀਂ ਕਰਨਗੇ।

# ਮੇਲਾ ਮਾਘੀ 'ਤੇ ਕੀਤੇ ਸਖਤ ਸੁਰੱਖਿਆ ਪ੍ਰਬੰਧ : ਉਪਿੰਦਰਜੀਤ ਸਿੰਘ ਘੁੰਮਣ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ) :** ਉਪਿੰਦਰਜੀਤ ਸਿੰਘ ਘੁੰਮਣ ਆਈ ਪੀ ਐਸ ਐਸ ਐਸ ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਮੇਲਾ ਮਾਘੀ ਨੂੰ ਮੁੱਖ ਰੱਖਦਿਆਂ ਪੂਰੇ ਸ਼ਹਿਰ ਅੰਦਰ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ ਐਸ ਐਸ ਪੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੇਲਾ ਮਾਘੀ ਦੇ ਮੌਕੇ ਸ਼ਹਿਰ ਨੂੰ 7 ਸੈਕਟਰਾਂ ਵਿੱਚ ਵੰਡਿਆ ਗਿਆ ਹੈ। ਇਨ੍ਹਾਂ ਸੈਕਟਰਾਂ ਅੰਦਰ 2 ਕਮਾਂਡੈਂਟ, 7 ਐਸ ਪੀ ਅਤੇ 20 ਡੀ ਐਸ ਪੀ ਸਮੇਤ ਕੁੱਲ 4000 ਪੁਲਸ ਅਧਿਕਾਰੀ/ਕਰਮਚਾਰੀ ਤਾਇਨਾਤ ਕੀਤੇ ਗਏ ਹਨ। ਉਨ੍ਹਾ ਕਿਹਾ ਕਿ ਮੇਲੇ ਮਾਘੀ ਨੂੰ ਲੈ ਕੇ ਸ਼ਹਿਰ ਦੇ ਅੰਦਰ ਅਉਣ ਲਈ ਅਤੇ ਸ਼ਹਿਰ ਦੇ ਬਾਹਰ ਜਾਣ ਲਈ ਕੁੱਲ 57 ਨਾਕੇ ਲਗਾਏ ਗਏ ਹਨ, ਜਿਨ੍ਹਾਂ ਵਿੱਚੋਂ 25 ਨਾਕੇ ਸ਼ਹਿਰ ਦੇ ਬਾਹਰ ਜਾਣ ਵਾਲੇ ਰਸਤਿਆਂ 'ਤੇ ਅਤੇ 32 ਨਾਕੇ ਸ਼ਹਿਰ ਦੇ ਅੰਦਰ ਲਗਏ ਗਏ ਹਨ। ਇਨ੍ਹਾਂ ਨਾਕਿਆਂ 'ਤੇ ਪੁਲਸ ਮੁਲਾਜ਼ਮ ਮੇਲਾ ਮਾਘੀ ਵਿੱਚ ਆਉਣ ਵਾਲੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਦੇ ਰਹਿਣਗੇ ਅਤੇ ਇਸ ਦੇ ਨਾਲ ਮੇਲੇ ਦੌਰਾਨ ਟ੍ਰੈਫਿਕ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ 45 ਟ੍ਰੈਫਿਕ ਪੁਆਇੰਟ ਨਿਰਧਾਰਤ ਕੀਤੇ ਗਏ ਹਨ,ਜਿਨ੍ਹਾਂ 'ਤੇ ਟ੍ਰੈਫਿਕ ਪੁਲਸ ਮੁਲਾਜ਼ਮ ਤਾਇਨਾਤ ਰਹਿਣਗੇ ਅਤੇ ਟ੍ਰੈਫਿਕ ਵਿਵਸਥਾ ਨੂੰ ਬਰਕਰਾਰ ਰੱਖਣਗੇ। ਉਨ੍ਹਾ ਕਿਹਾ ਕਿ 11 ਪੁਲਸ ਦੀਆਂ ਪੈਦਲ ਟੀਮਾਂ ਬਣਾਈਆਂ ਗਈਆਂ ਹਨ, ਜਿਨ੍ਹਾਂ ਨੂੰ ਸ਼ਹਿਰ ਦੇ ਵੱਖ ਵੱਖ ਭਾਗਾਂ ਵਿੱਚ ਵੰਡਿਆ ਗਿਆ ਹੈ ਜੋ ਪੈਦਲ ਆ ਜਾ ਰਹੇ ਸ਼ਰਧਾਲੂਆਂ ਵਿੱਚ ਸ਼ੱਕੀ ਵਿਅਕਤੀਆਂ 'ਤੇ ਨਿਗਰਾਨੀ ਰੱਖਣਗੇ। ਉਨ੍ਹਾ ਦੱਸਿਆ ਕਿ 12 ਵਾਚ ਟਾਵਰ ਬਣਾਏ ਗਏ ਹਨ। ਇਨ੍ਹਾਂ ਵਾਚ ਟਾਵਰਾਂ 'ਤੇ ਪੁਲਸ ਮੁਲਾਜ਼ਮਾਂ ਵੱਲੋਂ ਮੇਲਾ ਮਾਘੀ ਅੰਦਰ ਦੂਰਬੀਨ ਰਾਹੀਂ ਨਿਗ੍ਹਾ ਰੱਖੀ ਜਾਵੇਗੀ। ਉਨ੍ਹਾ ਕਿਹਾ ਕਿ ਮੇਲਾ ਮਾਘੀ ਵਿੱਚ 14 ਪੀ ਸੀ ਆਰ ਮੋਟਰਸਾਈਕਲ ਤਾਇਨਾਤ ਕੀਤੇ ਗਏ ਹਨ, ਜਿਨ੍ਹਾਂ ਦੀ ਵੱਖ ਵੱਖ ਏਰੀਏ ਵਿੱਚ ਡਿਊਟੀ ਲਗਾਈ ਗਈ ਹੈ, ਜੋ ਆਪਣੇ ਏਰੀਏ ਵਿੱਚ ਲਗਾਤਾਰ ਗਸ਼ਤ ਕਰਦੇ ਰਹਿਣਗੇ। ਉਨ੍ਹਾ ਕਿਹਾ ਕਿ ਗੁਰਦੁਆਰਾ ਸਾਹਿਬ ਦੇ ਹਰ ਇੱਕ ਗੇਟ ਅਤੇ ਗੁਰਦੁਆਰਾ ਸਾਹਿਬ ਅੰਦਰ ਪੁਲਸ ਮੁਲਾਜ਼ਮ ਸੁਰੱਖਿਆ ਲਈ ਤਇਨਾਤ ਕੀਤੇ ਗਏ ਹਨ। ਉਨ੍ਹਾ ਦੱਸਿਆ ਕਿ ਮੇਲਾ ਮਾਘੀ ਦੌਰਾਨ ਬਾਹਰਲੇ ਜ਼ਿਲ੍ਹਿਆਂ ਵਿੱਚੋਂ ਆ ਰਹੇ ਸ਼ਰਧਾਲੂਆਂ ਦੇ ਵਾਹਨਾਂ ਲਈ 10 ਪਾਰਕਿੰਗ ਥਾਵਾਂ ਦਾ ਪ੍ਰਬੰਧ ਕੀਤਾ ਗਿਆ ਹੈ। ਸ਼ਰਧਾਲੂ ਆਪਣੇ ਵਾਹਨ ਪਾਰਕਿੰਗ ਵਿੱਚ ਲਗਾਉਣ ਤੋਂ ਬਾਅਦ ਦਰਸ਼ਨ ਲਈ ਜਾ ਸਕਦੇ ਹਨ। ਉਨ੍ਹਾ ਦੱਸਿਆ ਮੇਲਾ ਮਾਘੀ ਦੌਰਾਨ ਦੂਸਰੇ ਸ਼ਹਿਰਾਂ ਤੋਂ ਸ੍ਰੀ ਮੁਕਤਸਰ ਸਾਹਿਬ ਨੂੰ ਆਉਣ ਵਾਲੀਆਂ ਬੱਸਾਂ ਲਈ 7 ਆਰਜ਼ੀ ਬੱਸ ਸਟੈਂਡ ਬਣਾਏ ਗਏ ਹਨ। ਉਨ੍ਹਾ ਦੱਸਿਆ ਕਿ ਲੋਕਾਂ ਨੂੰ ਕੋਈ ਮੁਸ਼ਕਲ ਨਾ ਆਵੇ, ਜ਼ਰੂਰਤ ਸਮੇਂ ਪੁਲਸ ਦੀ ਸਹਾਇਤਾ ਲੈਣ ਲਈ ਮੇਲਾ ਮਾਘੀ ਅੰਦਰ ਅਲੱਗ ਅਲੱਗ ਥਾਵਾਂ 'ਤੇ ਪੁਲਸ ਵੱਲੋਂ 7 ਪੁਲਸ ਸਹਾਇਤਾ ਕੇਂਦਰ ਬਣਾਏ ਗਏ ਹਨ, ਜਿਨ੍ਹਾਂ 'ਤੇ ਸ਼ਰਧਾਲੂ 24 ਘੰਟੇ ਪੁਲਸ ਦੀ ਮਦਦ ਲੈ ਸਕਣਗੇ। ਉਨ੍ਹਾ ਕਿਹਾ ਕਿ ਹੈਵੀ ਵਾਹਨਾਂ ਦੀ ਸ਼ਹਿਰ ਅੰਦਰ ਐਂਟਰੀ ਨਹੀ ਹੋਵੇਗੀ। ਹੈਵੀ ਵਾਹਨਾਂ ਨੂੰ ਸ਼ਹਿਰ ਤੋਂ ਬਾਹਰੋਂ ਬਾਹਰ ਕੱਢਣ ਲਈ ਰੂਟ ਪਲਾਨ ਜਾਰੀ ਕੀਤਾ ਜਾਵੇਗਾ।

# ਪੰਜਾਬ ਸਰਕਾਰ ਕੇਰਲ ਤਰਜ਼ 'ਤੇ ਮਨਰੇਗਾ ਮਜ਼ਦੂਰਾਂ ਨੂੰ ਪੈਨਸ਼ਨ ਦੇਣ ਲਈ ਕਾਨੂੰਨ ਪਾਸ ਕਰੇ : ਕੂਮ ਕਲਾਂ



**ਸਮਰਾਲਾ, (ਸੁਰਜੀਤ ਸਿੰਘ)** ਆਲ ਇੰਡੀਆ ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨਜ (ਸੀਟੂ) ਦੇ ਸੱਦੇ 'ਤੇ ਸੀਟੂ ਦੀ 17ਵੀਂ ਆਲ ਇੰਡੀਆ ਕਾਨਫਰੰਸ ਤੋਂ ਪਹਿਲਾਂ ਦੇਸ ਭਰ ਵਿੱਚ ਸੀਟੂ ਦੇ ਸਾਰੇ ਦਫ਼ਤਰਾਂ/ਯੂਨੀਅਨਾਂ ਦੇ ਗੇਟਾਂ ਅਤੇ ਕੰਮ ਵਾਲੀਆਂ ਥਾਂਵਾਂ 'ਤੇ ਲੋੜ ਅਨੁਸਾਰ ਸਾਂਝੀਆਂ ਥਾਂਵਾਂ ਉੱਤੇ ਝੰਡੇ ਝੁਲਾਕੇ ਝੰਡਾ ਲਹਿਰਾਉ ਦਿਵਸ ਮਨਾਉਣ ਦਾ ਸੱਦਾ ਦਿੱਤਾ ਗਿਆ ਸੀ। ਇਸ ਦੀ ਰੌਸ਼ਨੀ ਵਿੱਚ ਮਨਰੇਗਾ ਮਜ਼ਦੂਰਾਂ ਤੇ ਐਫ.ਸੀ.ਆਈ.ਕਾਮਿਆਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਝੰਡੇ ਲਹਿਰਾਏ ਗਏ। ਸੀਟੂ ਪੰਜਾਬ ਦੇ ਸੂਬਾ ਸਕੱਤਰ ਤੇ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਸਾਥੀ ਅਮਰਨਾਥ ਕੂੰਮਕਲਾਂ ਨੇ ਅਜੋਕੇ ਸਮੇਂ ਵਿੱਚ ਸੀਟੂ ਦੀ ਮਹੱਤਤਾ, ਮਜ਼ਦੂਰ ਕਿਸਾਨ ਏਕਤਾ ਦੀ ਮਹਾਨਤਾ, ਫ਼ਿਰਕੂ ਸਕਤੀਆਂ ਨੂੰ ਹਰਾਉਣ ਲਈ ਸਾਰੀਆਂ ਜਮਹੂਰੀ ਤੇ ਧਰਮ ਨਿਰਪੱਖ ਸਕਤੀਆਂ ਨੂੰ ਮਜਬੂਤ ਕਰਨ ਉੱਤੇ ਜ਼ੋਰ ਦਿੱਤਾ। ਉਨ੍ਹਾਂ 30 ਜਨਵਰੀ 2023 ਨੂੰ ਸਾਰੀਆਂ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਦਿੱਲੀ ਦੇ ਕੰਸਟੀਚਿਊਸ਼ਨ ਕਲੱਬ ਦੇ ਅਹਾਤੇ ਵਿੱਚ ਹੋਣ ਵਾਲੀ ਸਾਂਝੀ ਕਨਵੈਨਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮਨਰੇਗਾ ਕਿਰਤੀਆਂ ਨੂੰ ਸਾਲ ਵਿੱਚ ਦੋ ਸੌ ਦਿਨ ਕੰਮ ਦਿੱਤਾ ਜਾਵੇ ਤੇ ਘੱਟੋ ਘੱਟ ਉਜਰਤਾਂ ਦੇ ਕਾਨੂੰਨ ਅਨੁਸਾਰ 700/-ਰੁਪਏ ਦਿਹਾੜੀ ਦਿੱਤੀ ਜਾਵੇ। ਕੇਂਦਰ ਦੀ ਮੋਦੀ ਸਰਕਾਰ ਵੱਲੋਂ 40 ਹਜ਼ਾਰ ਕਰੋੜ ਰੁਪਏ ਬੱਜਟ ਵਿੱਚ ਕਟੌਤੀ ਕੀਤੀ ਗਈ ਹੈ, ਜਿਸ ਕਰਕੇ ਮਨਰੇਗਾ ਮਜ਼ਦੂਰਾਂ 47000/-ਕਰੋੜ ਰੁਪਏ ਕੀਤੇ ਕੰਮਾਂ ਦੀ ਰਕਮ ਬਕਾਇਆ ਰਹਿੰਦੀ ਹੈ। ਮੋਦੀ ਸਰਕਾਰ ਦੇ ਮਜਦੂਰ ਵਿਰੋਧੀ ਮਨਸੂਬਿਆਂ ਨੂੰ ਨੰਗਾ ਕਰਦੇ ਹੋਏ ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵਲੋਂ ਮਨਰੇਗਾ ਕਾਨੂੰਨ ਨੂੰ ਖਤਮ ਕਰਨ ਲਈ ਜੋ ਗੋਂਦਾਂ ਗੁੰਦੀਆਂ ਜਾ ਰਹੀਆਂ ਹਨ, ਉਨ੍ਹਾਂ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਸਾਥੀ ਕੂੰਮਕਲਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਕੇਰਲ ਦੀ ਤਰਜ ਉੱਤੇ ਪੰਜਾਬ ਵਿੱਚ ਵੀ ਮਨਰੇਗਾ ਮਜਦੂਰਾਂ ਨੂੰ ਪੈਨਸ਼ਨ ਦੇਣ ਲਈ ਪੰਜਾਬ ਵਿਧਾਨ ਸਭਾ ਵਿੱਚ ਕਾਨੂੰਨ ਪਾਸ ਕਰਨ। ਸਾਥੀ ਸਤਨਾਮ ਚੋਪੜਾ ਨੇ ਕਿਹਾ ਕਿ ਐਫ.ਸੀ.ਆਈ. ਪੱਲੇਦਾਰਾਂ ਦੀ ਐਤਵਾਰ ਦੀ ਛੁੱਟੀ ਵਾਲੇ ਦਿਨ ਕੰਮ ਕਰਨ ਦਾ ਓਵਰਟਾਈਮ ਨਹੀਂ ਦਿੱਤਾ ਜਾ ਰਿਹਾ, ਜੋ ਕਾਨੂੰਨ ਅਨੁਸਾਰ ਸਰਾਸਰ ਗ਼ਲਤ ਹੈ। ਉਨ੍ਹਾਂ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਐਫ.ਸੀ.ਆਈ. ਮੈਨੇਜਮੈਂਟ ਨੇ ਇਹ ਧੱਕੇਸ਼ਾਹੀ ਬੰਦ ਨਾ ਕੀਤੀ ਤਾਂ ਉਹ ਸੀਟੂ ਦੀ ਅਗਵਾਈ ਵਿੱਚ ਸਾਰੇ ਪੰਜਾਬ ਦੇ ਕਿਰਤੀਆਂ ਨੂੰ ਇਕੱਠੇ ਕਰਕੇ ਇਸ ਧੱਕੇਸ਼ਾਹੀ ਵਿਰੁੱਧ ਸੰਘਰਸ਼ ਸ਼ੁਰੂ ਕਰਨ ਲਈ ਲਾਮਬੰਦੀ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਰੇਗਾ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਸਾਥੀ ਸਿਕੰਦਰ ਬਖਸ ਮੰਡ ਚੌਂਤਾ, ਹਰੀ ਰਾਮ ਭੱਟੀ, ਸਾਥੀ ਰੂਪ ਲਾਲ ਮਿਆਣੀ ਤੇ ਪੱਲੇਦਾਰਾਂ ਦੇ ਆਗੂ ਸਾਥੀ ਸਰਮੁੱਖ ਸਿੰਘ ਬਿੱਟੂ ਨੇ ਵੀ ਸੰਬੋਧਨ ਕੀਤਾ।

# 29 ਨੂੰ ਬਿਜਲੀ ਮੁਲਾਜ਼ਮ ਮਾਨ ਸਰਕਾਰ ਵਿਰੁੱਧ ਕਰਨਗੇ ਪ੍ਰਦਰਸ਼ਨ



**ਰਾਜਪੁਰਾ (ਰਮੇਸ਼ ਕਟਾਰੀਆ) :** ਪੰਜਾਬ ਦੇ ਸਰਕਾਰੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਦੇ ਸੱਦੇ 'ਤੇ ਪੰਜਾਬ ਬਿਜਲੀ ਨਿਗਮ ਦੇ ਮੁਲਾਜ਼ਮ 29 ਜਨਵਰੀ ਨੂੰ ਸੰਗਰੂਰ ਵਿਖੇ ਪੰਜਾਬ ਦੀ ਮਾਨ ਸਰਕਾਰ ਵਿਰੁੱਧ ਪ੍ਰਦਰਸ਼ਨ ਕਰਨਗੇ। ਇਸ ਸੰਬੰਧੀ ਅੱਜ ਇਥੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੀ ਸੂਬਾਈ ਮੀਟਿੰਗ ਦੇ ਫੈਸਲੇ ਦੀ ਜਾਣਕਾਰੀ ਦੇਂਦੇ ਹੋਏ ਸੂਬਾਈ ਕਨਵੀਨਰ ਹਰਭਜਨ ਸਿੰਘ ਪਿਲਖਣੀ,ਬੁਲਾਰੇ ਮਨਜੀਤ ਸਿੰਘ ਚਾਹਲ,ਦਵਿੰਦਰ ਸਿੰਘ ਪਸ਼ੋਰ ਤੇ ਮਹਿੰਦਰ ਸਿੰਘ ਨੇ ਦੱਸਿਆ ਕਿ ਮੰਚ ਨੇ ਫੈਸਲਾ ਕੀਤਾ ਕਿ ਪੰਜਾਬ ਸਰਕਾਰ 10 ਮਹੀਨਿਆਂ ਤੋਂ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਵਿੱਚ ਨਾਕਾਮ ਸਿੱਧ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਨੇ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਦੇ ਗਠਨ ਤੋਂ ਬਾਅਦ ਮੁਲਾਜ਼ਮਾਂ ਦੇ ਮਸਲਿਆਂ ਦਾ ਹੱਲ ਕਰ ਦਿੱਤਾ ਜਾਵੇਗਾ। ਸਰਕਾਰ ਨੇ ਮੁਲਾਜ਼ਮਾਂ ਦਾ 1ਜਨਵਰੀ 2016 ਤੋਂ 30.6.21 ਦੇ ਬਣਦੇ ਏਰੀਅਰ ਦੇ ਬਕਾਏ ਜਾਰੀ ਨਹੀ ਕੀਤੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਜਾਰੀ ਨਹੀਂ ਕੀਤੀਆਂ। ਉਨ੍ਹਾਂ ਬਿਜਲੀ ਮੁਲਾਜ਼ਮਾਂ ਨੂੰ 1ਜਨਵਰੀ 2016 ਤੋਂ 113# ਮਹਿੰਗਾਈ ਭੱਤੇ ਦੀ ਬਜਾਏ 119# ਨਾਲ ਤਨਖਾਹਾਂ ਮੁੜ ਸੋਧੀਆਂ ਜਾਣ ਦੀ ਮੰਗ ਵੀ ਕੀਤੀ। ਬਿਜਲੀ ਨਿਗਮ ਦੀ ਮਨੇਜਮੈਂਟ ਨੇ 22 ਨਵੰਬਰ ਨੂੰ ਹੋਈਆਂ ਸਹਿਮਤੀਆਂ ਮੁਤਾਬਕ ਵੇਜ਼ ਫਾਰਮੂਲੇਸ਼ਨ ਕਮੇਟੀ ਦਾ ਗਠਨ ਕਰਕੇ ਮੁਲਾਜ਼ਮਾਂ ਦੇ ਭੱਤਿਆਂ ਦਾ ਨਿਪਟਾਰਾ ਨਹੀ ਕੀਤਾ। ਜਥੇਬੰਦੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਸਿਖਰਲੀ ਅਫਸਰਸ਼ਾਹੀ ਬਣਦੇ ਸਾਰੇ ਬਕਾਏ ਲੈ ਚੁੱਕੀ ਹੈ, ਸਿਰਫ ਮੁਲਾਜ਼ਮਾਂ ਨਾਲ ਸਰਕਾਰ ਵਿਤਕਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਮੁਲਾਜ਼ਮ ਮਾਰੂ ਨੀਤੀ ਵਿਰੁੱਧ 29 ਜਨਵਰੀ ਦੇ ਪ੍ਰਦਰਸ਼ਨ ਤੋਂ ਬਾਅਦ ਲਗਾਤਾਰ ਸੰਘਰਸ਼ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਫਰਵਰੀ ਦੇ ਪਹਿਲੇ ਹਫਤੇ ਜ਼ੀਰਾ ਫੈਕਟਰੀ ਦੇ ਸਾਹਮਣੇ ਸੰਘਰਸ਼ ਵਿੱਚ ਬਿਜਲੀ ਮੁਲਾਜ਼ਮ ਸ਼ਮੂਲੀਅਤ ਕਰਨਗੇ। ਮੀਟਿੰਗ ਵਿੱਚ ਬਿਜਲੀ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਨੂੰ ਸੰਘਰਸ਼ ਲਈ ਏਕਤਾ ਕਰਨ ਦੀ ਅਪੀਲ ਵੀ ਕੀਤੀ। ਅੱਜ ਦੀ ਮੀਟਿੰਗ ਵਿੱਚ ਨਰਿੰਦਰ ਸੈਣੀ, ਪੂਰਨ ਸਿੰਘ ਖਾਈ, ਸੁਰਿੰਦਰਪਾਲ ਲਹੌਰੀਆ, ਗੁਰਪ੍ਰੀਤ ਸਿੰਘ ਗੰਡੀਵਿੰਡ, ਬਲਜੀਤ ਸਿੰਘ, ਅਵਤਾਰ ਸਿੰਘ ਸ਼ੇਰਗਿੱਲ,ਗਰੀਸ਼ ਮਹਾਜਨ, ਗੁਰਤੇਜ ਸਿੰਘ, ਕਮਲ ਕੁਮਾਰ ਪਟਿਆਲਾ ਆਦਿ ਹਾਜ਼ਰ ਸਨ ।

# ਜ਼ਿਲ੍ਹਾ ਯੋਜਨਾ ਬੋਰਡ ਦੇ ਨਵ-ਨਿਯੁਕਤ ਚੇਅਰਮੈਨ ਨੂੰ ਆਮ ਆਦਮੀ ਪਾਰਟੀ ਦੇ ਵਰਕਰਾਂ ਨੇ ਕੀਤਾ ਸਨਮਾਨਤ



**ਸਰਾਏ ਅਮਾਨਤ ਖਾਂ (ਮੱਖਣ ਮਨੋਜ) :** ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਵੱਲੋਂ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਗੁਰਵਿੰਦਰ ਸਿੰਘ ਬਹਿੜਵਾਲ ਨੂੰ ਜ਼ਿਲ੍ਹਾ ਯੋਜਨਾ ਬੋਰਡ ਦਾ ਚੇਅਰਮੈਨ ਨਿਯੁਕਤ ਕਰਨ ਤੇ 'ਆਪ' ਵਰਕਰਾਂ ਵੱਲੋਂ ਉਨ੍ਹਾਂ ਨੂੰ ਸਨਮਾਨਤ ਕੀਤਾ ਤੇ ਵਧਾਈਆਂ ਦਿੱਤੀਆਂ ਗਈਆਂ। ਹਲਕਾ ਤਰਨ ਤਾਰਨ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਣਜੀਤ ਸਿੰਘ ਰਾਣਾ ਝਬਾਲ, ਜਸਵੰਤ ਸਿੰਘ ਜੱਸਾ ਪੰਜਵੜ, ਕੁਲਦੀਪ ਸਿੰਘ ਬਘੇਲ ਸਿੰਘ ਵਾਲਾ, ਬੰਟੀ ਦੋਬਲੀਆ, ਪਰਮਜੀਤ ਸਿੰਘ ਪੰਜਵੜ, ਡਾ. ਸੁਖਦੇਵ ਸਿੰਘ ਮਾਲੂਵਾਲ ਨੇ ਪਾਰਟੀ ਹਾਈਕਮਾਨ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਰਾਜ ਸਭਾ ਮੈਂਬਰ ਸੰਗਠਨ ਡਾ. ਸੰਦੀਪ ਪਾਠਕ, ਰਾਜ ਸਭਾ ਮੈਂਬਰ ਰਾਘਵ ਚੱਢਾ ਤੇ ਜਰਨੈਲ ਸਿੰਘ ਦਾ ਧੰਨਵਾਦ ਕੀਤਾ । ਇਸ ਮੌਕੇ ਬਹਿੜਵਾਲ ਨੇ ਕਿਹਾ ਕਿ ਜੋ ਜ਼ਿੰਮੇਵਾਰੀ ਹਾਈਕਮਾਨ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਪੰਜਾਬ ਪ੍ਰਧਾਨ ਵੱਲੋਂ ਉਨ੍ਹਾ ਨੂੰ ਸੌਂਪੀ ਗਈ ਹੈ, ਉਸ ਨੂੰ ਉਹ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।

# ਅਵਾਰਾ ਪਸ਼ੂ 27 ਨੂੰ ਡੀ ਸੀ ਦਫਤਰ 'ਚ ਛੱਡੇ ਜਾਣਗੇ : ਛੀਨੀਵਾਲ



**ਧਨੌਲਾ (ਕਰਮਜੀਤ ਸਿੰਘ ਸਾਗਰ) :** ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਪਿੰਡ ਰਾਜਗੜ੍ਹ ਵਿਖੇ ਹੋਈ। ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਵਾਰਾ ਪਸ਼ੂ ਫਸਲਾਂ ਦਾ ਬਹੁਤ ਵੱਡਾ ਨੁਕਸਾਨ ਕਰ ਰਹੇ ਹਨ, ਜਿਨ੍ਹਾਂ ਕਾਰਨ ਕਿਸਾਨਾਂ ਨੂੰ ਕੜਾਕੇ ਦੀ ਪੈ ਰਹੀ ਠੰਢ ਵਿੱਚ ਰਾਤਾਂ ਨੂੰ ਜਾਗ ਕੇ ਆਪਣੀਆਂ ਫਸਲਾਂ ਦੀ ਰਾਖੀ ਕਰਨੀ ਪੈ ਰਹੀ ਹੈ। ਉਨ੍ਹਾਂ ਕਿਹਾ ਕਿ ਅਸੀਂ ਇਹ ਮਸਲਾ ਅਖਬਾਰਾਂ ਰਾਹੀਂ ਵਾਰ ਵਾਰ ਸਰਕਾਰਾਂ ਦੇ ਧਿਆਨ ਵਿੱਚ ਲਿਆਂਦਾ ਹੈ ਪਰ ਸਰਕਾਰ ਵੱਲੋਂ ਇਸ ਨੂੰ ਅਣਗੌਲਿਆ ਕੀਤਾ ਗਿਆ। ਛੀਨੀਵਾਲ ਨੇ ਅੱਗੇ ਕਿਹਾ ਕਿ ਫਸਲਾਂ ਦੇ ਨੁਕਸਾਨ ਦੇ ਨਾਲ ਇਨ੍ਹਾਂ ਅਵਾਰਾ ਫਿਰਦੇ ਰਹੇ ਡੰਗਰਾਂ ਦੇ ਕਾਰਨ ਹਾਦਸੇ ਵਾਪਰ ਰਹੇ ਹਨ। ਹਾਦਸਿਆਂ ਨਾਲ ਹਜ਼ਾਰਾਂ ਹੀ ਨੌਜਵਾਨਾਂ, ਇਨਸਾਨਾਂ ਦੀਆਂ ਜਾਨਾਂ ਚਲੀਆਂ ਗਈਆਂ ਅਤੇ ਬਹੁਤ ਹੀ ਅਪਾਹਜ ਹੋ ਗਏ ਹਨ। ਆਪਸ ਵਿੱਚ ਲੜਦਿਆਂ-ਲੜਦਿਆਂ ਇਨ੍ਹਾਂ ਡੰਗਰਾਂ ਨੇ ਹਜ਼ਾਰਾਂ ਹੀ ਵਾਹਨਾਂ ਦਾ ਨੁਕਸਾਨ ਕੀਤਾ ਹੈ ਪਰ ਸਰਕਾਰ ਵੱਲੋਂ ਇਨ੍ਹਾਂ ਦਾ ਕੋਈ ਹੱਲ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਨੇ ਕਿਸਾਨਾਂ ਦੀ ਗੱਲ ਕਰਦਿਆਂ ਕਿਹਾ ਕਿ ਪੰਜਾਬ ਦੀ ਕਿਸਾਨੀ ਪਹਿਲਾਂ ਹੀ ਘਾਟੇ 'ਚ ਚਲਦੀ ਆ ਰਹੀ ਹੈ ਪਰ ਡੰਗਰਾਂ ਦੀ ਗਿਣਤੀ ਦਿਨੋ-ਦਿਨ ਵਧਦੀ ਜਾ ਰਹੀ ਹੈ। ਜਥੇਬੰਦੀਆਂ ਵਿੱਚ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ 27 ਜਨਵਰੀ ਨੂੰ ਡੀ ਸੀ ਦਫਤਰ ਅੱਗੇ ਅਵਾਰਾ ਪਸ਼ੂਆਂ ਨੂੰ ਇਕੱਠੇ ਕਰਕੇ ਛੱਡਿਆ ਜਾਵੇਗਾ ਇਸ ਮੌਕੇ ਜ਼ਿਲ੍ਹਾ ਚੇਅਰਮੈਨ ਯਾਦਵਿੰਦਰ ਸਿੰਘ ਰਾਜਗੜ੍ਹ, ਬਲਾਕ ਆਗੂ ਇੰਸਪੈਕਟਰ ਅਮਰੀਕ ਸਿੰਘ ਰਾਜਗੜ੍ਹ, ਰਾਮ ਸਿੰਘ ਰਾਜਗੜ੍ਹ ਅਤੇ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।

# ਜ਼ਰੂਰਤਮੰਦਾਂ ਲਈ ਸੇਵਾ ਕੇਂਦਰ ਵਿਖੇ ਦਿੱਤੇ ਜਾ ਸਕਦੇ ਹਨ ਗਰਮ ਕੱਪੜੇ : ਡਿਪਟੀ ਕਮਿਸ਼ਨਰ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ) :** ਸਰਦੀ ਕਾਰਨ ਪੈ ਰਹੀ ਹੱਡ ਚੀਰਵੀਂ ਠੰਢ ਤੇ ਧੁੰਦ ਕਾਰਨ ਆਮ ਲੋਕਾਂ ਨੂੰ ਠੰਢ ਤੋਂ ਬਚਾਅ ਲਈ ਗਰਮ ਕੱਪੜੇ ਮੁਹੱਈਆ ਕਰਵਾਉਣ ਦੇ ਲਈ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਹਾਇਤਾ ਕੁਲੈਕਸ਼ਨ ਸੈਂਟਰ ਸਥਾਪਤ ਕੀਤਾ ਗਿਆ ਹੈ, ਜਿਸ ਵਿੱਚ ਕੋਈ ਵੀ ਵਿਅਕਤੀ ਪੁਰਾਣੇ ਅਤੇ ਨਵੇਂ ਕੱਪੜੇ ਦੇ ਸਕਦਾ ਹੈ।

ਇਹ ਗਰਮ ਕੱਪੜੇ ਜ਼ਰੂਰਤਮੰਦਾਂ ਨੂੰ ਮੁਹੱਈਆ ਕਰਵਾਏ ਜਾਣਗੇ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਡਾ.ਰੂਹੀ ਦੁੱਗ ਆਈ ਏ ਐੱਸ ਨੇ ਅਪੀਲ ਕਰਦੇ ਹੋਏ ਕਿਹਾ ਕਿ ਸਾਰਿਆਂ ਨੂੰ ਇਸ ਨੇਕ ਕੰਮ ਵਿੱਚ ਯੋਗਦਾਨ ਦੇਣਾ ਚਾਹੀਦਾ ਹੈ। ਡਿਪਟੀ ਕਮਿਸ਼ਨਰ ਨੇ ਹੋਰ ਵਧੇਰੇ ਜਾਣਕਾਰੀ ਦਿੰਦੇ ਦੱਸਿਆ ਕਿ ਵਧ ਰਹੀ ਸਰਦੀ ਦੇ ਮੱਦੇਨਜ਼ਰ ਵਧ ਰਹੀ ਠੰਢ ਕਾਰਨ ਜ਼ਰੂਰਤਮੰਦਾਂ ਨੂੰ ਗਰਮ ਕਪੱੜਿਆਂ ਦੀ ਬੇਹੱਦ ਜ਼ਰੂਰਤ ਹੁੰਦੀ ਹੈ। ਸਾਡੇ ਘਰਾਂ ਵਿੱਚ ਕਈ ਗਰਮ ਕੱਪੜੇ ਏਦਾ ਦੇ ਹੁੰਦੇ ਹਨ ਜੋ ਛੋਟੇ ਹੋ ਜਾਣ ਕਰਕੇ ਵਰਤੋਂ ਵਿੱਚ ਨਹੀਂ ਆਉਂਦੇ। ਇਹ ਗਰਮ ਕੱਪੜੇ ਕਿਸੇ ਹੋਰ ਦੇ ਕੰਮ ਆ ਸਕਦੇ ਹਨ। ਉਨ੍ਹਾ ਕਿਹਾ ਕਿ ਕੋਈ ਵੀ ਵਿਅਕਤੀ ਕਿਸੇ ਵੀ ਤਰ੍ਹਾਂ ਦੇ ਗਰਮ ਕੱਪੜੇ, ਕੰਬਲ, ਰਜਾਈਆਂ ਉਕਤ ਕੁਲੈਕਸ਼ਨ ਸੈਂਟਰ ਵਿਖੇ ਦੇ ਸਕਦਾ ਹੈ, ਜਿਹੜੇ ਬਾਅਦ ਵਿੱਚ ਯੋਜਨਾਬੱਧ ਤਰੀਕੇ ਦੇ ਨਾਲ ਜ਼ਰੂਰਤਮੰਦ ਲੋਕਾਂ ਤੱਕ ਪਹੁੰਚਾਏ ਜਾਣਗੇ। ਇਹ ਸਹਾਇਤਾ ਕੁਲੈਕਸ਼ਨ ਸੈਂਟਰ ਸੇਵਾ ਕੇਂਦਰ ਫਰੀਦਕੋਟ ਵਿਖੇ ਸਥਾਪਤ ਕੀਤਾ ਗਿਆ ਹੈ, ਜਿਸ ਵਿੱਚ ਗਰੀਬ ਲੋਕਾਂ ਦੀ ਮਦਦ ਲਈ ਠੰਢ ਤੋਂ ਬਚਾਅ ਲਈ ਗਰਮ ਕੱਪੜੇ, ਕੰਬਲ ਆਦਿ ਬਿਲਕੁਲ ਮੁਫਤ ਦਿੱਤੇ ਜਾਣਗੇ। ਉਨ੍ਹਾ ਸਮੂਹ ਸਮਾਜ ਸੇਵੀ ਸੰਸਥਾਵਾਂ, ਅਧਿਕਾਰੀਆਂ, ਕਰਮਚਾਰੀਆਂ ਨੂੰ ਅਪੀਲ ਕੀਤੀ ਕਿ ਉਹ ਸੇਵਾ ਕੇਂਦਰ ਵਿਖੇ ਸਥਾਪਤ ਮਦਦ ਕੁਲੈਕਸ਼ਨ ਸੈਂਟਰ ਵਿੱਚ ਵੱਧ ਤੋਂ ਵੱਧ ਗਰਮ ਕੱਪੜੇ ਅਤੇ ਹੋਰ ਠੰਢ ਤੋਂ ਬਚਾਅ ਲਈ ਜ਼ਰੂਰੀ ਵਸਤਾਂ ਜਮ੍ਹਾਂ ਕਰਵਾਉਣ ਤਾਂ ਜੋ ਜ਼ਰੂਰਤਮੰਦ ਲੋਕਾਂ ਦੀ ਵੱਧ ਤੋਂ ਵੱਧ ਮਦਦ ਕੀਤੀ ਜਾ ਸਕੇ।

# ਤਨਖਾਹ ਨਾ ਮਿਲਣ ਕਾਰਨ ਲਾਇਆ ਧਰਨਾ, ਕੀਤੀ ਨਾਅਰੇਬਾਜ਼ੀ

**ਬਰੇਟਾ (ਰੀਤਵਾਲ)** ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੇ ਕ੍ਰਮਚਾਰੀਆਂ ਨੂੰ ਪਿਛਲੇ ਮਹੀਨੇ ਤੋਂ ਲੈ ਕੇ ਹੁਣ ਤੱਕ ਤਨਖ਼ਾਹ ਨਾ ਮਿਲਣ ਕਾਰਨ ਆਰਥਿਕ ਮੰਦਹਾਲੀ ਦੇ ਸ਼ਿਕਾਰ ਹੁੰਦੇ ਹੋਏ ਮਜਬੂਰੀ ਵੱਸ ਨਿਗਰਾਨ ਇੰਜਨੀਅਰ ਬੁਢਲਾਡਾ ਖਿਲਾਫ਼ ਧਰਨਾ ਲਾਇਆ ਗਿਆ। ਯੂਨੀਅਨ ਦੇ ਪ੍ਰਧਾਨ ਪ੍ਰਧਾਨ ਸੁਖਵਿੰਦਰ ਸਿੰਘ ਨੇ ਕਿਹਾ ਕਿ ਪਾਵਰਕਾਮ ਵੱਲੋਂ ਪਿਛਲੇ ਦਿਨਾਂ ਤੋਂ ਤਨਖਾਹ ਨਾ ਮਿਲਣ ਕਾਰਨ ਆਰਥਿਕ ਮੰਦਹਾਲੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਕਰਕੇ ਸਾਨੂੰ ਆਪਣੀ ਸਮੇਂ ਸਿਰ ਤਨਖ਼ਾਹ ਨਾ ਮਿਲਣ ਕਾਰਨ ਕੜਾਕੇ ਦੀ ਠੰਢ ਵਿੱਚ ਅਸੀਂ ਆਪਣੀਆਂ ਸੇਵਾਵਾਂ ਨਿਰਵਿਘਨ ਨਿਭਾ ਰਹੇ ਹਾਂ। ਸਾਨੂੰ ਆਪਣੇ ਬੱਚਿਆਂ ਦੀਆਂ ਫ਼ੀਸਾਂ ਘਰੇਲੂ ਖਰਚੇ ਬੜੀ ਮੁਸ਼ਕਲ ਨਾਲ ਚਲਾ ਰਹੇ ਹਾਂ। ਸਾਡੇ ਘਰਾਂ ਦੇ ਚੁੱਲ੍ਹੇ ਠੰਡੇ ਹੋ ਚੁੱਕੇ ਹਨ ਤੇ ਪ੍ਰਸ਼ਾਸਨ ਵੱਲੋਂ ਕੋਈ ਵੀ ਸਾਰ ਨਹੀਂ ਲਈ ਜਾ ਰਹੀ। ਅੱਜ ਸਾਨੂੰ ਮਜਬੂਰੀ ਵੱਸ ਹੋ ਕੇ ਆਪਣੀਆਂ ਤਨਖਾਹਾਂ ਜਾਰੀ ਕਰਾਉਣ ਲਈ ਸੰਘਰਸ਼ ਦੇ ਰਾਹ ਪੈ ਗਏ ਹਾਂ। ਹੁਣ ਜਿੰਨਾ ਚਿਰ ਸਾਡੀਆਂ ਤਨਖਾਹਾਂ ਜਾਰੀ ਨਹੀਂ ਹੁੰਦੀਆਂ ਸਾਡਾ ਧਰਨਾ ਜਾਰੀ ਰਹੇਗਾ। ਉਨ੍ਹਾਂ ਪ੍ਰਸ਼ਾਸਨ ਨੂੰ ਤਾੜਨਾ ਕੀਤੀ ਕਿ ਉਹ ਪਾਵਰਕਾਮ ਤੋਂ ਸਾਡੀਆਂ ਤਨਖਾਹਾਂ ਜਾਰੀ ਕਰਾਉਣ ਨਹੀਂ ਤਾਂ ਇਹ ਧਰਨਾ ਪ੍ਰਦਰਸ਼ਨ ਲਗਾਤਾਰ ਜਾਰੀ ਰੱਖਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੱਤਰ ਕੁਲਵਿੰਦਰ ਸਿੰਘ, ਜਸਵੀਰ ਸਿੰਘ ਤੇ ਵਕੀਲ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਮੰਗਾਂ ਨਾ ਮੰਨੇ ਜਾਣ 'ਤੇ ਕੀਤੀ ਸਰਕਾਰ ਦੀ ਨਿਖੇਧੀ

**ਤਲਵੰਡੀ ਸਾਬੋ, (ਜਗਦੀਪ ਗਿੱਲ)** ਪੰਜਾਬ ਗੌਰਮਿੰਟ ਪੈਨਸ਼ਨਰ ਵੈਲਫੇਅਰ ਐਸੋਸ਼ੀਏਸ਼ਨ ਬਲਾਕ ਦੀ ਇੱਕ ਮੀਟਿੰਗ ਪੈਨਸ਼ਨਰ ਭਵਨ ਵਿਖੇ ਬਲਾਕ ਪ੍ਰਧਾਨ ਬਲਦੇਵ ਸਿੰਘ ਦੀ ਅਗਵਾਈ 'ਚ ਹੋਈ, ਜਿਸ ਦੌਰਾਨ ਜ਼ਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਮੌੜ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਦੌਰਾਨ ਪੈਨਸ਼ਨਰ ਐਸੋਸ਼ੀਏਸ਼ਨ ਵੱਲੋਂ ਉਨ੍ਹਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਅਜੇ ਤੱਕ ਨਾ ਮੰਨੇ ਜਾਣ 'ਤੇ ਸਰਕਾਰ ਦੀ ਸ਼ਖਤ ਸ਼ਬਦਾਂ ਦੀ ਨਿਖੇਧੀ ਕਰਦਿਆਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਜੇਕਰ ਉਨ੍ਹਾਂ ਦੀਆਂ ਮੰਗਾਂ ਜਲਦ ਨਾ ਮੰਨੀਆਂ ਗਈਆਂ ਤਾਂ ਉਨ੍ਹਾਂ ਵਲੋਂ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਡੀ.ਏ. ਦੀਆਂ ਕਿਸ਼ਤਾਂ ਤੇ ਤਨਖਾਹ ਕਮਿਸ਼ਨ ਦੀ ਰਿਪੋਰਟ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ, ਮੈਡੀਕਲ ਭੱਤੇ 'ਚ 2000 ਰੁਪਏ ਦਾ ਵਾਧਾ ਕੀਤਾ ਜਾਵੇ, ਕੈਸ਼ਲੈੱਸ ਇਲਾਜ ਦੀ ਸਹੂਲਤ ਨੂੰ ਤੁਰੰਤ ਲਾਗੂ ਕਰਨ ਸਮੇਤ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਦੀਆਂ ਪੈਨਸ਼ਨਾਂ ਬਹਾਲ ਕਰਨ ਦੀਆਂ ਮੰਗਾਂ ਜਲਦ ਮੰਨੀਆਂ ਜਾਣ ਉਪਰੰਤ ਪੈਨਸ਼ਨਰ ਐਸੋਸ਼ੀਏਸ਼ਨ ਵੱਲੋਂ 80 ਸਾਲ ਤੋਂ ਉੱਪਰ ਪੈਨਸ਼ਨਰਾਂ ਜਿਨ੍ਹਾਂ 'ਚ ਰਿਟਾ. ਹੈੱਡਮਾਸਟਰ ਧਿਆਨ ਸਿੰਘ ਦੇ ਬਦਲੇ ਉਨ੍ਹਾਂ ਦੇ ਸਪੁੱਤਰ ਐਡਵੋਕੇਟ ਸੋਹਣ ਸਿੰਘ ਤੋਂ ਇਲਾਵਾ ਅਲਬੇਲ ਸਿੰਘ ਨੱਤ, ਸੁਖਦੇਵ ਸਿੰਘ ਚੱਠਾ, ਭਾਨ ਸਿੰਘ, ਸਤਨਾਮ ਸਿੰਘ ਤੇ ਕਰਤਾਰ ਕੌਰ ਨੂੰ ਲੋਈ, ਸਨਮਾਨ ਚਿੰਨ੍ਹ ਤੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ। ਮੀਟਿੰਗ ਮੌਕੇ ਪ੍ਰਧਾਨ ਬਲਦੇਵ ਸਿੰਘ ਤੋਂ ਇਲਾਵਾ ਗੁਲਸ਼ਨ ਕੁਮਾਰ ਮੈਨੇਜਰ ਐਸ.ਬੀ.ਆਈ ਬੈਂਕ, ਕਰਨੈਲ ਸਿੰਘ ਸਕੱਤਰ, ਸੁੱਚਾ ਸਿੰਘ ਖ਼ਜ਼ਾਨਚੀ, ਕੁਲਵਿੰਦਰ ਸਿੰਘ ਕੋਚ, ਗੁਰਚਰਨ ਸਿੰਘ, ਮਲੂਕ ਸਿੰਘ ਔਜਲਾ, ਭੂਰਾ ਸਿੰਘ, ਰੂੜ ਸਿੰਘ, ਅਮਰਜੀਤ ਸਿੰਘ, ਜਗਰਾਜ ਸਿੰਘ ਜੀ.ਏ, ਕੇਹਰ ਸਿੰਘ ਐਸ.ਡੀ.ਓ, ਸਾਧੂ ਸਿੰਘ, ਦਰਸ਼ਨ ਸਿੰਘ ਭੰਮੇ, ਗੁਰਮੇਜ ਸਿੰਘ ਏ.ਡੀ.ਓ, ਸੁਖਦੇਵ ਸਿੰਘ, ਰਣਜੀਤ ਸਿੰਘ ਬਰਾੜ, ਜੁਗਰਾਜ ਸਿੰਘ, ਅਮਰਜੀਤ ਸਿੰਘ, ਕੁਲਵੰਤ ਸਿੰਘ ਤੇ ਪ੍ਰੇਮ ਕੁਮਾਰ ਆਦਿ ਮੌਜੂਦ ਸਨ।

## ...ਸ.ਫਾ 1 ਦੇ ਬਾਕੀ

### ਸ਼ਹੀਦ ਕੁਲਦੀਪ ਸਿੰਘ ...

ਸੱਚੇ ਸਪੂਤ ਦੇ ਮਹਾਨ ਯੋਗਦਾਨ ਦੇ ਸਤਿਕਾਰ ਵਿਚ ਸੂਬਾ ਸਰਕਾਰ ਨੇ ਨਿਮਾਣਾ ਜਿਹਾ ਉਪਰਾਲਾ ਕੀਤਾ ਹੈ।

ਮਾਤ ਭੂਮੀ ਦੀ ਰਾਖੀ ਲਈ ਜਾਨ ਨਿਛਾਵਰ ਕਰਨ ਵਾਲੇ ਬਹਾਦਰ ਸੈਨਿਕਾਂ ਦੇ ਪਰਵਾਰਾਂ ਦੀ ਮਦਦ ਲਈ ਸੂਬਾ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਹ ਪੰਜਾਬ ਸਰਕਾਰ ਦਾ ਨਿਮਾਣਾ ਜਿਹਾ ਉਪਰਾਲਾ ਹੈ। ਇਸ ਪਿੰਡ ਵਿਚ ਸ਼ਹੀਦ ਕੁਲਦੀਪ ਸਿੰਘ ਬਾਜਵਾ ਦੇ ਨਾਂਅ ਉਤੇ ਇਕ ਸਟੇਡੀਅਮ ਸਥਾਪਤ ਕੀਤਾ ਜਾਵੇਗਾ, ਜਿੱਥੇ ਅਤਿ-ਆਧੁਨਿਕ ਅਥਲੈਟਿਕ ਟਰੈਕ ਵੀ ਹੋਵੇਗਾ। ਉਹਨਾ ਉਮੀਦ ਜ਼ਾਹਰ ਕੀਤੀ ਕਿ ਇਲਾਕੇ ਦੇ ਨੌਜਵਾਨ ਪੰਜਾਬ ਪੁਲਸ ਅਤੇ ਹਥਿਆਰਬੰਦ ਸੈਨਾਵਾਂ ਵਿਚ ਭਰਤੀ ਹੋਣ ਲਈ ਇਸ ਸਟੇਡੀਅਮ ਵਿਚ ਤਿਆਰੀ ਕਰ ਸਕਣਗੇ। ਮੁੱਖ ਮੰਤਰੀ ਨੇ ਸ਼ਹੀਦ ਦੇ ਪਿੰਡ ਨੂੰ ਜਾਣ ਵਾਲੀ ਸੜਕ ਦਾ ਨਾਂਅ ਵੀ ਕੁਲਦੀਪ ਸਿੰਘ ਬਾਜਵਾ ਦੇ ਨਾਂਅ 'ਤੇ ਰੱਖਣ ਦਾ ਐਲਾਨ ਕੀਤਾ। ਉਨ੍ਹਾ ਕਿਹਾ ਕਿ ਇਹ ਉਪਰਾਲਾ ਦੇਸ਼ ਦੀ ਖਾਤਰ ਆਪਣੀ ਜਾਨ ਕੁਰਬਾਨ ਕਰਨ ਵਾਲੇ ਬਹਾਦਰ ਸੈਨਿਕਾਂ ਦੇ ਅਥਾਹ ਯੋਗਦਾਨ ਦੇ ਸਤਿਕਾਰ ਵਿਚ ਹੈ। ਸੂਬਾ ਸਰਕਾਰ ਵੱਲੋਂ ਸੈਨਿਕਾਂ ਅਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਦ੍ਰਿੜ੍ਹ ਵਚਨਬੱਧਤਾ ਦੇ ਮੁਤਾਬਕ ਸ਼ਹੀਦ ਕੁਲਦੀਪ ਸਿੰਘ ਦੇ ਪਰਵਾਰ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਗਈ। ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਸੂਬੇ ਦਾ ਇਹ ਉਪਰਾਲਾ ਜਿੱਥੇ ਪੀੜਤ ਪਰਵਾਰ ਨੂੰ ਮਦਦ ਮੁਹੱਈਆ ਕਰਵਾਏਗਾ, ਉਥੇ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਵਿੱਚ ਵੀ ਮਦਦਗਾਰ ਸਾਬਤ ਹੋਵੇਗੀ। ਉਹਨਾ ਸਰਹੱਦੀ ਇਲਾਕਿਆਂ ਦੇ ਵਸਨੀਕਾਂ ਨੂੰ ਸੱਚੇ ਦੇਸ਼ ਭਗਤ ਦੱਸਿਆ, ਜਿਨ੍ਹਾਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਪ੍ਰਭੂਸੱਤਾ ਦੀ ਰਾਖੀ ਲਈ ਵੱਡਮੁੱਲਾ ਯੋਗਦਾਨ ਪਾਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਖੇਤਰ ਨੇ ਹਥਿਆਰਬੰਦ ਸੈਨਾਵਾਂ ਵਿਚ ਬਹੁਤ ਸਾਰੇ ਸੈਨਿਕ ਅਤੇ ਜਰਨੈਲ ਪੈਦਾ ਕੀਤੇ ਹਨ, ਜਿਨ੍ਹਾਂ ਦੇਸ਼ ਲਈ ਮਹਾਨ ਕੁਰਬਾਨੀਆਂ ਦਿੱਤੀਆਂ ਹਨ।

ਇਸ ਮੌਕੇ ਸ਼ਹੀਦ ਕੁਲਦੀਪ ਸਿੰਘ ਬਾਜਵਾ ਦੇ ਮਾਤਾ ਹਰਜੀਤ ਕੌਰ, ਦਾਦਾ ਹਰਭਜਨ ਸਿੰਘ, ਛੋਟੀ ਭੈਣ ਗੁਰਪ੍ਰੀਤ ਕੌਰ, ਹੋਰ ਪਰਵਾਰਕ ਮੈਂਬਰ ਤੇ ਰਿਸ਼ਤੇਦਾਰਾਂ ਤੋਂ ਇਲਾਵਾ ਬਟਾਲਾ ਦੇ ਵਿਧਾਇਕ ਅਮਨ ਸ਼ੇਰ ਸਿੰਘ ਕਲਸੀ, ਏ ਡੀ ਜੀ ਪੀ ਈਸ਼ਵਰ ਸਿੰਘ, ਏ ਡੀ ਜੀ ਪੀ ਸੀ ਐੱਮ. ਸਕਿਉਰਿਟੀ ਸ੍ਰੀ ਪਾਂਡੇ, ਗੁਰਸ਼ਰਨ ਸਿੰਘ ਸੰਧੂ ਆਈ ਜੀ ਜਲੰਧਰ ਜ਼ੋਨ, ਮੁਨੀਸ਼ ਚਾਵਲਾ ਆਈ ਜੀ ਬਾਰਡਰ ਰੇਂਜ, ਐੱਸ ਐੱਸ ਪੀ ਕਪੂਰਥਲਾ ਨਵਨੀਤ ਬੈਂਸ, ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ, ਐੱਸ ਐੱਸ ਪੀ ਗੁਰਦਾਸਪੁਰ ਦੀਪਕ ਹਿਲੋਰੀ, ਐੱਸ ਪੀ ਪ੍ਰਿਥੀਪਾਲ ਸਿੰਘ, ਏ ਡੀ ਸੀ (ਜ) ਡਾ. ਨਿਧੀ ਕੁਮੁਦ ਬਾਮਬਾ, ਏ ਡੀ ਸੀ (ਡੀ) ਮਨਮੋਹਨ ਸਿੰਘ, ਐੱਸ ਡੀ ਐੱਮ ਅਮਨਦੀਪ ਕੌਰ, ਜਨਤਕ ਆਗੂ ਗੁਰਦੀਪ ਸਿੰਘ ਰੰਧਾਵਾ, ਜਗਰੂਪ ਸਿੰਘ ਸੇਖਵਾਂ, ਚੇਅਰਮੈਨ ਪਨਸਪ ਬਲਬੀਰ ਸਿੰਘ ਪੰਨੂ, ਸ਼ਮਸ਼ੇਰ ਸਿੰਘ ਤੋਂ ਇਲਾਵਾ ਇਲਾਕੇ ਦੀਆਂ ਹੋਰ ਵੀ ਪ੍ਰਮੁੱਖ ਹਸਤੀਆਂ ਹਾਜ਼ਰ ਸਨ।

# ਬੰਦੀ ਸਿੰਘਾਂ ਦੀ ਰਿਹਾਈ ਲਈ ਲਾਏ ਧਰਨੇ 'ਚ ਸ਼ਾਮਲ ਹੋਵੇਗੀ ਲੱਖੋਵਾਲ ਯੂਨੀਅਨ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਪੰਜਾਬ ਦੇ ਜਨਰਲ ਸਕੱਤਰ ਹਰਿੰਦਰ ਸਿੰਘ ਲੱਖੋਵਾਲ ਨੇ ਕਿਹਾ ਪਿਛਲੇ 30-40 ਸਾਲਾਂ ਤੋਂ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿੱਚ ਸਮੇਂ ਦੀਆਂ ਸਰਕਾਰਾਂ ਨੇ ਵੱਖੋ-ਵੱਖਰੀਆਂ ਧਾਰਾਵਾਂ ਲਾ ਕੇ ਨੌਜਵਾਨਾਂ ਨੂੰ ਗ੍ਰਿਫ਼ਤਾਰ ਕੀਤਾ ਸੀ, ਜਿਨ੍ਹਾਂ ਵਿੱਚ ਤਕਰੀਬਨ ਸਾਰੇ ਹੀ ਨੌਜਵਾਨਾਂ ਨੇ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ ਤੇ ਉਹ ਰਿਹਾਈ ਦੀ ਉਡੀਕ ਕਰ ਰਹੇ ਹਨ, ਪਰ ਕੇਂਦਰ ਤੇ ਪੰਜਾਬ ਸਰਕਾਰ ਇਨ੍ਹਾਂ ਨੌਜਵਾਨਾਂ ਦੀ ਰਿਹਾਈ 'ਚ ਅੜਿੱਕੇ ਲਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਖਾਸਕਰ ਸਿੱਖ ਨੌਜਵਾਨਾਂ ਦੇ ਕੇਸਾਂ ਵਿੱਚ ਜ਼ਿਆਦਾ ਵਿਰੋਧ ਕੀਤਾ ਜਾ ਰਿਹਾ ਹੈ, ਜਦਕਿ ਦੇਸ਼ ਦਾ ਕਾਨੂੰਨ ਸਜ਼ਾ ਪੂਰੀ ਕਰ ਚੁੱਕੇ ਇਨਸਾਨਾਂ ਨੂੰ ਚੰਗੇ ਸ਼ਹਿਰੀ ਬਣਨ ਲਈ ਸਮਾਜ ਵਿਚ ਵਿਚਰਨ ਦਾ ਮੌਕਾ ਦਿੰਦਾ ਹੈ, ਪਰ ਸਮੇਂ-ਸਮੇਂ ਦੀਆਂ ਸਰਕਾਰਾਂ ਆਪਣੇ ਰਾਜ਼ਸੀ ਹਿੱਤਾਂ ਖਾਤਰ ਇਨ੍ਹਾਂ ਨੌਜਵਾਨਾਂ ਨੂੰ ਰਿਹਾਅ ਕਰਨ ਲਈ ਟਾਲਾ ਵੱਟਦੀਆਂ ਆ ਰਹੀਆਂ ਹਨ।

ਲੱਖੋਵਾਲ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਵੱਲੋਂ ਬਹੁਤ ਵਾਰ ਦੇਸ਼ ਦੇ ਰਾਸ਼ਟਰਪਤੀ, ਪ੍ਰਦੇਸ਼ਾਂ ਦੇ ਗਵਰਨਰਾਂ, ਡੀ.ਸੀ ਰਾਹੀਂ ਸਰਕਾਰ ਤੋਂ ਇਨ੍ਹਾਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਨੌਜਵਾਨਾਂ ਦੀ ਰਿਹਾਈ ਲਈ ਮੰਗ ਪੱਤਰ ਦਿੱਤੇ ਗਏ ਜਿਨ੍ਹਾਂ ਵੱਲ ਕੋਈ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਹੁਣ ਪੰਥਕ ਜਥੇਬੰਦੀਆਂ ਵੱਲੋਂ ਚੰਡੀਗੜ੍ਹ ਦੀ ਸਰਹੱਦ 'ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਅਣਮਿੱਥੇ ਸਮੇਂ ਲਈ ਧਰਨਾ ਲਾਇਆ ਜਾ ਰਿਹਾ ਹੈ, ਜਿਸ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ 18 ਜਨਵਰੀ ਤੋਂ ਵੱਡੇ ਜੱਥੇ ਸਮੇਤ ਸ਼ਾਮਲ ਹੋਵੇਗੀ। ਉਨ੍ਹਾਂ ਪੰਜਾਬ ਦੇ ਕਿਸਾਨਾਂ, ਮਹਿਲਾਵਾਂ, ਮਜ਼ਦੂਰਾਂ, ਵਰਕਰਾਂ ਤੇ ਸਾਰੇ ਇਨਸਾਫ਼ ਪਸੰਦ ਲੋਕਾਂ ਨੂੰ ਬੇਨਤੀ ਕੀਤੀ ਕਿ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਵਿਖੇ 18 ਜਨਵਰੀ ਨੂੰ ਸਵੇਰੇ 11 ਵਜੇ ਪਹੁੰਚਣ ਜਿੱਥੋਂ ਇਕੱਠੇ ਹੋ ਕੇ ਧਰਨੇ ਵਿੱਚ ਸ਼ਾਮਲ ਹੋਣ ਲਈ ਚਾਲੇ ਪਾਏ ਜਾਣਗੇ ਤੇ ਬੰਦੀ ਸਿੰਘਾਂ ਦੀ ਰਿਹਾਈ ਤੱਕ ਪੱਕੇ ਤੌਰ 'ਤੇ ਧਰਨੇ ਵਿੱਚ ਸ਼ਾਮਲ ਰਹਾਂਗੇ।

ਲੱਖੋਵਾਲ ਨੇ ਸੂਬੇ ਦੇ ਕਿਸਾਨਾਂ ਤੇ ਲੋਕਾਂ ਨੂੰ ਅਪੀਲ ਹੈ ਕਿ ਧਰਨੇ ਨੂੰ ਕਾਮਯਾਬ ਕਰਨ ਲਈ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ ਤੇ ਲੰਗਰ, ਦੁੱਧ, ਪਾਣੀ ਤੇ ਰਸਦਾਂ ਧਰਨੇ ਵਿੱਚ ਪੁਚਾਈਆਂ ਜਾਣ ਤਾਂ ਜੁ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਇਆ ਜਾ ਸਕੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

12 Jan-Page-3.qxd 1/11/2023 10:52 PM Page 1



# ਮਾਨ ਸਰਕਾਰ ਰੇਤ ਮਾਫੀਏ ਨੂੰ ਖਤਮ ਕਰਨ ਲਈ ਵਚਨਬੱਧ : ਮੀਤ ਹੇਅਰ

**ਚੰਡੀਗੜ੍ਹ, (ਗੁਰਜੀਤ ਬਿੱਲਾ)** - ਪੰਜਾਬ ਦੇ ਖਣਨ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਸੂਬਾ ਸਰਕਾਰ ਨੂੰ ਬੰਦ ਪਈਆਂ ਖੱਡਾਂ ਚਲਾਉਣ ਦੇ ਦਿੱਤੀ ਆਗਿਆ ਉਤੇ ਆਪਣਾ ਪ੍ਰਤੀਕਰਮ ਦਿੰਦੇ ਹੋਏ ਇਸ ਫੈਸਲੇ ਨੂੰ ਪੰਜਾਬ ਦੇ ਲੋਕਾਂ ਦੀ ਜਿੱਤ ਦੱਸਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਸੂਬਾ ਸਰਕਾਰ ਵੱਲੋਂ ਰੇਤ ਮਾਫੀਏ ਦਾ ਖਾਤਮਾ ਕਰਕੇ ਪੰਜਾਬ ਵਾਸੀਆਂ ਨੂੰ ਵਾਜਬ ਕੀਮਤਾਂ ਉਤੇ ਰੇਤਾ ਮੁਹੱਈਆ ਕਰਵਾਉਣ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਦੇ ਨਿਰੰਤਰ ਯਤਨਾਂ ਤੋਂ ਬਾਅਦ 27 ਦਸੰਬਰ 2022 ਨੂੰ ਐਸਈਆਈਏਏ ਵੱਲੋਂ 3 ਜ਼ਿਲ੍ਹਿਆਂ ਫਾਜ਼ਿਲਕਾ, ਪਠਾਨਕੋਟ ਅਤੇ ਰੂਪਨਗਰ ਦੇ ਡੀ.ਐਸ.ਆਰ. ਨੂੰ ਮਨਜ਼ੂਰੀ ਦਿੱਤੀ ਗਈ ਸੀ। ਇਨ੍ਹਾਂ ਤਿੰਨਾਂ ਜ਼ਿਲ੍ਹਿਆਂ ਦੇ ਡੀਐਸਆਰਜ ਵਿੱਚ ਉਪ-ਮੰਡਲ ਪੱਧਰ ਦੀਆਂ ਕਮੇਟੀਆਂ ਦੁਆਰਾ ਪਛਾਣ ਕੀਤੀਆਂ ਗਈਆਂ 150 ਸੰਭਾਵਿਤ ਖੱਡਾਂ ਸ਼ਾਮਲ ਹਨ। ਇਸ ਤੋਂ ਬਾਅਦ ਐਸਈਆਈਏਏ ਨੇ ਕੁਝ ਸ਼ਰਤਾਂ ਦੇ ਨਾਲ 30 ਦਸੰਬਰ ਨੂੰ ਪੱਤਰ ਰਾਹੀਂ ਡੀਐਸਆਰ ਵਿੱਚ ਸ਼ਾਮਲ ਖੱਡਾਂ 'ਤੇ ਖਣਨ ਦੀ ਇਜਾਜ਼ਤ ਦਿੱਤੀ ਸੀ। ਹਾਈ ਕੋਰਟ ਨੇ ਐਸਈਆਈਏਏ ਦੁਆਰਾ ਦਰਸਾਈਆਂ ਸ਼ਰਤਾਂ 'ਤੇ ਇਨ੍ਹਾਂ ਤਿੰਨਾਂ ਜ਼ਿਲ੍ਹਿਆਂ ਵਿੱਚ ਖਣਨ ਦੀ ਇਜਾਜ਼ਤ ਦਿੱਤੀ ਹੈ। ਹੋਰ 11 ਜ਼ਿਲ੍ਹਿਆਂ ਦੇ ਡੀਐਸਆਰਜ ਤਿਆਰੀਆਂ ਅਧੀਨ ਹਨ ਅਤੇ ਸਰਕਾਰ ਰੋਜ਼ਾਨਾ ਦੇ ਆਧਾਰ 'ਤੇ ਇਸ ਦੀ ਨਿਗਰਾਨੀ ਕਰ ਰਹੀ ਹੈ। ਇਨ੍ਹਾਂ ਨੂੰ ਸਮਾਂਬੱਧ ਢੰਗ ਨਾਲ ਐਸ.ਈ.ਆਈ.ਏ.ਏ. ਨੂੰ ਵੀ ਜਲਦੀ ਜਮ੍ਹਾ ਕਰਵਾ ਦਿੱਤਾ ਜਾਵੇਗਾ। ਡੀਐਸਆਰ ਵਿੱਚ ਸ਼ਾਮਲ 150 ਖੱਡਾਂ ਦੀਆਂ ਖਣਨ ਯੋਜਨਾਵਾਂ ਤਿਆਰ ਕੀਤੀਆਂ ਜਾ ਰਹੀਆਂ ਹਨ ਅਤੇ ਇਸ ਸਬੰਧੀ ਵਿਸੇਸ ਯਤਨ ਕੀਤੇ ਜਾ ਰਹੇ ਹਨ।ਸਰਕਾਰ ਨੇ ਇਨ੍ਹਾਂ ਯੋਜਨਾਵਾਂ ਨੂੰ ਤਿਆਰ ਕਰਨ ਲਈ 3 ਸਲਾਹਕਾਰਾਂ ਦੀਆਂ ਸੇਵਾਵਾਂ ਲਈਆਂ ਹਨ। ਮੀਤ ਹੇਅਰ ਨੇ ਕਿਹਾ ਕਿ ਖੱਡਾਂ ਚਾਲੂ ਕਰਨ ਬਾਰੇ ਹਾਈ ਕੋਰਟ ਦੇ ਤਾਜ਼ਾ ਫੈਸਲੇ ਨਾਲ ਲੋਕਾਂ ਨੂੰ ਰੇਤ ਦੀ ਸਪਲਾਈ ਵਿਚ ਕੋਈ ਕਮੀ ਨਹੀਂ ਆਵੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਰੇਤਾ ਦੀਆਂ ਕੀਮਤਾਂ ਵੀ ਤੈਅ ਕੀਤੀਆਂ ਹਨ ਤਾਂ ਕਿ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਨਿਊ ਚੰਡੀਗੜ੍ਹ ਵਿਖੇ ਰੇਤਾ ਦਾ ਸਰਕਾਰੀ ਡਿਪੂ ਵੀ ਖੋਲ੍ਹਿਆ ਹੈ ਜਿੱਥੇ ਤੈਅ ਕੀਮਤਾਂ ਉਤੇ ਰੇਤਾ ਮੁਹੱਈਆ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਹੋਰ ਜ਼ਿਲ੍ਹਿਆਂ ਵਿਚ ਵੀ ਰੇਤਾ ਦੀ ਵਿਕਰੀ ਦੇ ਸਰਕਾਰੀ ਡਿਪੂ ਖੋਲ੍ਹੇ ਜਾ ਰਹੇ ਹਨ। ਖਣਨ ਮੰਤਰੀ ਨੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਪਿਛਲੀਆਂ ਸਰਕਾਰਾਂ ਵੱਲੋਂ ਮਾਫੀਏ ਦੀ ਪਸ਼ਤਪਨਾਹੀ ਕੀਤੀ ਜਾਂਦੀ ਸੀ ਜਿਸ ਦਾ ਖਮਿਆਜ਼ਾ ਲੋਕਾਂ ਨੂੰ ਭੁਗਤਣਾ ਪੈਂਦਾ ਸੀ ਅਤੇ ਉਨ੍ਹਾਂ ਨੂੰ ਮਹਿੰਗੇ ਭਾਅ ਰੇਤਾ ਖਰੀਦਣੀ ਪੈਂਦੀ ਸੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਵਿਚ ਆਉਂਦੇ ਹੀ ਮਾਫੀਏ ਦਾ ਸਫਾਇਆ ਕੀਤਾ ਹੈ ਅਤੇ ਇੱਥੋਂ ਤੱਕ ਕਿ ਪਹਿਲੀ ਵਾਰ ਸਸਤੇ ਰੇਟਾਂ ਉਤੇ ਰੇਤਾ ਵੇਚਣ ਲਈ ਸਰਕਾਰੀ ਡਿਪੂ ਖੋਲ੍ਹਿਆ ਗਿਆ ਹੈ।

# ਪੈਟਰੋਲ ਪੰਪਾਂ ਵਾਲੇ ਖਪਤਕਾਰਾਂ ਦੀ ਲੁੱਟ-ਖਸੁੱਟ ਬੰਦ ਕਰਨ : ਨਿਜ਼ਾਮਪੁਰ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਅੰਮ੍ਰਿਤਸਰ ਮਹਿਤਾ ਰੋਡ ਤੇ ਪੈਂਦੇ ਪੈਟਰੋਲ ਪੰਪਾਂ ਵਾਲਿਆਂ ਵੱਲੋਂ ਲੋਕਾਂ ਦੀ ਕੀਤੀ ਜਾ ਰਹੀ ਲੁੱਟ-ਖਸੁੱਟ ਦਾ ਨੋਟਿਸ ਲੈਂਦਿਆਂ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਦੇ ਆਗੂ ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰਾ ਨੇ ਕਿਹਾ ਕਿ ਪੰਪਾਂ ਵਾਲੇ ਲੋਕਾਂ ਦੀ ਲੁੱਟ ਬੰਦ ਕਰ ਦੇਣ ਨਹੀਂ ਤਾਂ ਜਥੇਬੰਦੀ ਸਖ਼ਤ ਐਕਸ਼ਨ ਲੈਣ ਲਈ ਮਜਬੂਰ ਹੋਵੇਗੀ। ਅੱਜ ਪੱਤਰਕਾਰਾਂ ਨੂੰ ਜਾਰੀ ਬਿਆਨ ਵਿੱਚ ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਦੇ ਆਗੂ ਕਾਮਰੇਡ ਲਖਬੀਰ ਸਿੰਘ ਨਿਜ਼ਾਮਪੁਰਾ, ਜਥੇਬੰਦੀ ਆਗੂ ਭੁਪਿੰਦਰ ਸਿੰਘ ਤੀਰਥਪੁਰਾ, ਜਨਰਲ ਸਕੱਤਰ ਤਰਸੇਮ ਸਿੰਘ ਨੰਗਲ ਦਿਆਲ ਸਿੰਘ ਅਤੇ ਕਰਨੈਲ ਸਿੰਘ ਨਵਾਂ ਪਿੰਡ ਨੇ ਕਿਹਾ ਕਿ ਜਥੇਬੰਦੀ ਦੇ ਧਿਆਨ ਵਿੱਚ ਆਇਆ ਹੈ ਕਿ ਅੰਮ੍ਰਿਤਸਰ ਮਹਿਤਾ ਰੋਡ 'ਤੇ ਪੈਂਦੇ ਪੈਟਰੋਲ ਪੰਪ ਦੇ ਮਾਲਕਾਂ ਅਤੇ ਕਰਿੰਦਿਆਂ ਵੱਲੋਂ ਜਿਥੇ ਤੇਲ ਘੱਟ ਪਾਇਆ ਜਾ ਰਿਹਾ ਹੈ ਉਥੇ ਬੋਲਚਾਲ ਵਿੱਚ ਠੀਕ ਨਹੀਂ ਹੁੰਦਾ ਅਤੇ ਪੰਪਾਂ ਤੋਂ ਮਿਲਣ ਵਾਲੀਆਂ ਸਹੂਲਤਾਂ ਜਿਵੇਂ ਹਵਾ, ਪਾਣੀ, ਟਾਇਲਟ ਅਤੇ ਐਮਰਜੈਂਸੀ ਸੇਵਾਵਾਂ ਵੀ ਲੋਕਾਂ ਨੂੰ ਨਹੀਂ ਦਿੱਤੀਆਂ ਜਾਂਦੀਆਂ ਜਿਸ ਨੂੰ ਬਰਦਾਸ਼ਤ ਕਰਨਾ ਬਹੁਤ ਔਖਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸਾਡੇ ਧਿਆਨ ਵਿੱਚ ਆਇਆ ਹੈ ਕਿ ਕੁਝ ਪੰਪਾਂ ਵਾਲੇ ਬਿਨਾਂ ਫੀਡ ਕੀਤੇ ਤੋਂ ਵਹੀਕਲਾਂ ਵਿੱਚ ਤੇਲ ਪਾਉਣ ਤੋਂ ਇਨਕਾਰ ਕਰਦੇ ਹਨ ਅਤੇ ਜੇਕਰ ਪਾਉਂਦੇ ਵੀ ਹਨ ਤਾਂ ਫਿਰ ਪੂਰੇ ਪੈਸਿਆਂ ਦਾ ਨਹੀਂ ਪਾ ਰਹੇ। ਜੇਕਰ ਕੋਈ ਇਸਦੇ ਉਲਟ ਆਵਾਜ਼ ਉਠਾਉਂਦਾ ਹੈ ਤਾਂ ਉਸ ਨੂੰ ਜ਼ਲੀਲ ਕਰ ਕੇ ਚੁੱਪ ਕਰਵਾ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੋਕ ਪਹਿਲਾਂ ਹੀ ਮਹਿੰਗੇ ਭਾਅ ਤੇ ਪੈਟਰੋਲ ਅਤੇ ਡੀਜ਼ਲ ਗੈਸ ਲੈਣ ਲਈ ਮਜਬੂਰ ਹਨ। ਦੂਸਰਾ ਇਹ ਲੋਕਾਂ ਦੀ ਲੁੱਟ ਕਰਨ ਪੁੱਜੇ ਹੋਏ ਹਨ ਜਿਸਨੂੰ ਪ੍ਰਸ਼ਾਸਨ ਧਿਆਨ ਨਾਲ ਨਹੀਂ ਲੈ ਰਿਹਾ। ਇਸ ਨੂੰ ਹੋਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਜਿਸ ਪੰਪ ਦੇ ਖ਼ਿਲਾਫ਼ ਸ਼ਿਕਾਇਤ ਮਿਲੇਗੀ ਉਸ ਦੇ ਖ਼ਿਲਾਫ਼ ਸਖ਼ਤ ਐਕਸ਼ਨ ਲਿਆ ਜਾਵੇਗਾ।

# ਪਾਵਰਕਾਮ/ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਦਾ ਜਨਰਲ ਡੈਲੀਗੇਟ ਅਜਲਾਸ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸਥਾਨਕ 132 ਕੇ ਵੀ ਸਬ-ਸਟੇਸ਼ਨ ਦਫਤਰ ਧਾਰੀਵਾਲ ਵਿਖੇ ਪਾਵਰਕਾਮ/ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਸਕਰਲ ਗੁਰਦਾਸਪੁਰ ਦੇ ਡੈਲੀਗੇਟ ਦਾ ਜਨਰਲ ਅਜਲਾਸ ਅਮਰੀਕ ਸਿੰਘ ਜਨਰਲ ਸਕੱਤਰ ਪੰਜਾਬ ਅਤੇ ਜਰਨੈਲ ਸਿੰਘ ਸੰਧੂ ਮੀਤ ਪ੍ਰਧਾਨ ਸੂਬਾ ਬਾਡੀ ਦੀ ਦੇਖ-ਰੇਖ ਹੇਠ ਹੋਇਆ। ਇਸ ਜਨਰਲ ਅਜਲਾਸ ਵਿੱਚ ਵੱਖ-ਵੱਖ ਮੰਡਲਾਂ ਤੋਂ ਆਏ ਡੈਲੀਗੇਟਾਂ ਨੇ ਪੈਨਸ਼ਨਰ ਐਸੋਸੀਏਸ਼ਨ ਦੀ ਕਾਰਗੁਜ਼ਾਰੀ ਦੀ ਆਲੋਚਨਾ ਕਰਦਿਆਂ ਨਵੀਂ ਬਣੀ ਪਾਵਰਕਾਮ ਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਰਜਿ. ਨਾਲ ਵੱਧ ਚੜ੍ਹ ਕੇ ਲਾਮਬੰਦ ਹੋਣ ਦਾ ਹੋਕਾ ਦਿੱਤਾ। ਉਨ੍ਹਾਂ ਕਿਹਾ ਕਿ ਪਾਵਰਕਾਮ ਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਰਜਿ. ਹੀ ਪੈਨਸ਼ਨਰਾਂ ਦੇ ਹੱਕਾਂ ਲਈ ਸਹੀ ਢੰਗ ਨਾਲ ਸੰਘਰਸ਼ ਕਰ ਰਹੀ ਹੈ। ਇਸ ਮੌਕੇ ਤੇ ਸਰਕਲ ਯੂਨਿਟ ਗੁਰਦਾਸਪੁਰ ਦੀ ਸਰਬਸੰਮਤੀ ਨਾਲ ਚੋਣ ਵੀ ਕੀਤੀ ਗਈ ਜਿਸ ਵਿੱਚ ਬਲਕਾਰ ਸਿੰਘ ਪੰਨੂੰ ਸਰਪ੍ਰਸਤ, ਹਜਾਰਾ ਸਿੰਘ ਗਿੱਲ ਪ੍ਰਧਾਨ, ਸੁਖਦੇਵ ਸਿੰਘ ਰਿਆੜ ਸੀਨੀਅਰ ਮੀਤ ਪ੍ਰਧਾਨ, ਮਹਿੰਦਰਪਾਲ ਸਿੰਘ ਖਜ਼ਾਨਚੀ, ਸੁਰਜੀਤ ਸਿੰਘ ਬਾਬਾ ਮੀਤ ਪ੍ਰਧਾਨ, ਕੁਲਵੰਤ ਸਿੰਘ ਕਲੇਰ ਮੀਤ ਪ੍ਰਧਾਨ, ਤਰਸੇਮ ਸਿੰਘ ਅਠਵਾਲ ਮੀਤ ਪ੍ਰਧਾਨ, ਮਨਜਿੰਦਰ ਸਿੰਘ ਮੀਤ ਪ੍ਰਧਾਨ, ਦਵਿੰਦਰ ਸਿੰਘ ਸੈਣੀ ਸਕੱਤਰ, ਰੂਪ ਲਾਲ ਮੀਤ ਸਕੱਤਰ, ਅਰਜਨਜੀਤ ਸਿੰਘ ਜਥੇਬੰਦਕ ਸਕੱਤਰ, ਰਜਿੰਦਰ ਕੁਮਾਰ ਚੀਮਾ ਆਡੀਟਰ, ਮੋਹਨ ਸਿੰਘ ਕਾਰਜਕਾਰੀ ਮੈਂਬਰ, ਸਵਰਨ ਸਿੰਘ ਕਾਰਜਕਾਰੀ ਮੈਂਬਰ ਚੁਣੇ ਗਏ।

ਇਸ ਮੌਕੇ ਧਾਰੀਵਾਲ ਮੰਡਲ ਪ੍ਰਧਾਨ ਹਰਕ੍ਰਿਪਾਲ ਸਿੰਘ ਸੋਹਲ, ਕਸ਼ਮੀਰ ਸਿੰਘ ਚਾਹਲ, ਗੁਰਪਾਲ ਸਿੰਘ, ਕੁਲਵੰਤ ਸਿੰਘ, ਬਲਵਿੰਦਰ ਸਿੰਘ, ਅਰਜਿੰਦਰ ਸਿੰਘ ਭਿੰਡਰ ਅਤੇ ਕਰਮ ਸਿੰਘ ਆਦਿ ਸਮੇਤ ਹੋਰ ਵੀ ਡੈਲੀਗੇਟ ਹਾਜ਼ਰ ਸਨ।

# ਵਾਇਸ ਆਫ਼ ਧਾਰੀਵਾਲ ਨੇ ਮੋਮਬੱਤੀਆਂ ਜਗਾ ਕੇ ਵਿੱਛੜੀਆਂ ਰੂਹਾਂ ਨੂੰ ਦਿੱਤੀ ਸ਼ਰਧਾਂਜਲੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਜੰਮੂ-ਕਸ਼ਮੀਰ ਦੇ ਪੁੰਛ ਰਾਜੌਰੀ ਦੇ ਇਲਾਕੇ ਪਿੰਡ ਡਾਂਗਰੀ ਵਿੱਚ ਅੱਤਵਾਦੀਆਂ ਵਲੋਂ ਘਰਾਂ ਵਿੱਚੋਂ ਕੱਢ ਕੇ ਹਿੰਦੂ ਪਰਿਵਾਰਾਂ ਦੇ ਜੀਆਂ ਨੂੰ ਧਰਮ ਤੇ ਜਾਤ ਦੇ ਨਾਂਅ 'ਤੇ ਮਾਰਿਆ ਗਿਆ, ਦੇ ਵਿਰੋਧ ਵਿੱਚ ਸੰਸਥਾ ਵਾਇਸ ਆਫ਼ ਧਾਰੀਵਾਲ ਵਲੋਂ ਕਨਵੀਨਰ ਡਾ: ਕਮਲਜੀਤ ਸਿੰਘ ਕੇ. ਜੇ. ਦੀ ਅਗਵਾਈ ਵਿੱਚ ਮੋਮਬੱਤੀਆਂ ਜਗਾ ਕੇ ਵਿੱਛੜੀਆਂ ਰੂਹਾਂ ਨੂੰ ਸ਼ਰਧਾਂਜਲੀਆਂ ਦਿੱਤੀਆਂ ਗਈਆਂ। ਇਸ ਮੌਕੇ ਡਾ: ਕਮਲਜੀਤ ਸਿੰਘ ਕੇ. ਜੇ. ਅਤੇ ਹੋਰ ਆਗੂਆਂ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਜੰਮੂ-ਕਸ਼ਮੀਰ ਵਿੱਚ ਹਾਲਾਤ ਠੀਕ ਨਹੀਂ ਹਨ, ਜੋ ਚਿੰਤਾਜਨਕ ਹੈ। ਨਿਰਦੋਸ਼ ਲੋਕਾਂ ਨੂੰ ਮਾਰਿਆ ਜਾ ਰਿਹਾ ਹੈ, ਪੁਲਸ ਦੇ ਜਵਾਨਾਂ, ਫੌਜੀਆਂ, ਅਰਧ ਸੈਨਿਕ ਬਲਾਂ ਦੇ ਯੋਧਿਆਂ ਨੂੰ ਮਾਰਿਆ ਜਾਂਦਾ ਹੈ, ਇਹ ਸਾਰੀਆਂ ਘਟਨਾਵਾਂ ਅਤਿ ਨਿੰਦਣਯੋਗ ਹਨ। ਉਨ੍ਹਾਂ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਭਾਰਤ ਦੀਆਂ ਵੱਖ-ਵੱਖ ਪਾਰਟੀਆਂ ਕਾਂਗਰਸ, ਨੈਸ਼ਨਲ ਕਾਨਫਰੰਸ, ਪੀ. ਡੀ. ਪੀ. ਅਤੇ ਭਾਰਤੀ ਜਨਤਾ ਪਾਰਟੀ ਵਲੋਂ ਸ਼ਾਸਨ ਕੀਤਾ ਗਿਆ ਪਰ ਕੋਈ ਵੀ ਪਾਰਟੀ ਜੰਮੂ-ਕਸ਼ਮੀਰ ਦੇ ਹਾਲਾਤ ਨਹੀਂ ਸੁਧਾਰ ਸਕੀ। ਉਨ੍ਹਾਂ ਨੇ ਕਿਹਾ ਕਿ ਭਾਰਤ ਮਹਾਨ ਦੇਸ਼ ਹੈ, ਜੋ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰੀ ਦੇਸ਼ ਹੈ। ਭਾਰਤ ਅੰਦਰ ਹਰ ਪੰਜ ਸਾਲ ਬਾਅਦ ਸਾਨੂੰ ਆਪਣੀ ਸਰਕਾਰ ਚੁਣਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਨੇ ਜੰਮੂ ਕਸ਼ਮੀਰ ਦੇ ਆਮ ਨਾਗਰਿਕਾਂ ਤੇ ਭਟਕੇ ਹੋਏ ਨੌਜਵਾਨਾਂ ਨੂੰ ਸਲਾਹ ਦਿੱਤੀ ਹੈ ਕਿ ਤੁਸੀਂ ਹੀ ਇਸ ਸਮੱਸਿਆ ਨੂੰ ਸੁਲਝਾਉਣ ਲਈ ਵਧੀਆ ਸੂਝਵਾਨ ਤੇ ਅਗਾਂਹਵਧੂ ਸੋਚ ਦੇ ਨੇਤਾ ਚੁਣ ਕੇ ਜੰਮੂ-ਕਸ਼ਮੀਰ ਲੱਦਾਖ ਨੂੰ ਅੱਗੇ ਵਧਾ ਸਕਦੇ ਹੋ। ਉਨ੍ਹਾਂ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਜੰਮੂ-ਕਸ਼ਮੀਰ ਵੱਲ ਵਿਸ਼ੇਸ਼ ਧਿਆਨ ਦੇ ਕੇ ਹਾਲਾਤ ਸੁਧਾਰੇ ਜਾਣ। ਇਸ ਮੌਕੇ ਡਾ: ਕਮਲਜੀਤ ਸਿੰਘ ਕੇ. ਜੇ., ਸੰਜੀਵ ਕੁਮਾਰ ਸ਼ਰਮਾ, ਬਲਵਿੰਦਰ ਸਿੰਘ ਮੱਲ੍ਹੀ, ਸ਼ਮਸ਼ੇਰ ਸਿੰਘ ਲੇਹਲ, ਬਲਵਿੰਦਰ ਸਿੰਘ, ਕੁਲਬੀਰ ਸਿੰਘ ਰਿਆੜ, ਸੇਵਾ ਮੁਕਤ ਐੱਸ. ਪੀ. ਚਰਨ ਸਿੰਘ ਚਾਹਲ, ਸੇਵਾ ਮੁਕਤ ਐੱਸਡੀਓ ਚਮਨ ਲਾਲ, ਗੁਰਮੀਤ ਸਿੰਘ, ਰਾਜੇਸ਼ ਕੁਮਾਰ, ਪ੍ਰੋ. ਹਰਭਜਨ ਸਿੰਘ, ਜਗਦੀਸ਼ ਮਸੀਹ, ਜਗਜੀਤ ਸਿੰਘ, ਗੁਰਜੀਤ ਕੁਮਾਰ, ਸੁਖਜੀਤ ਸਿੰਘ, ਪਵਨ ਅਤੇ ਵਿਪਨ ਕੁਮਾਰ ਆਦਿ ਹਾਜ਼ਰ ਸਨ।

# ਨਜਾਇਜ਼ ਕਬਜ਼ੇ ਹਟਾਉਣ ਲਈ ਨਗਰ ਨਿਗਮ ਬਟਾਲਾ ਸਖਤ



**ਬਟਾਲਾ (ਤਰਲੋਕ ਬੱਗਾ)**-ਬਜ਼ਾਰਾਂ ਅਤੇ ਸੜਕਾਂ ਕਿਨਾਰੇ ਦੁਕਾਨਦਾਰਾਂ ਵੱਲੋਂ ਆਪਣਾ ਸਮਾਨ ਰੱਖ ਕੇ ਕੀਤੇ ਗਏ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਸਖਤ ਰੁਖ ਅਪਣਾਇਆ ਹੈ ਅਤੇ 10 ਜਨਵਰੀ ਤੱਕ ਦਾ ਸਮਾਂ ਦਿੱਤਾ ਗਿਆ ਸੀ ਕਿ ਉਹ ਨਜਾਇਜ਼ ਕਬਜ਼ੇ ਹਟਾ ਲੈਣ ਨਹੀਂ ਤਾਂ ਇਸ ਤੋਂ ਬਾਅਦ ਜੇਕਰ ਕਿਸੇ ਦੁਕਾਨਦਾਰ ਜਾਂ ਵਿਅਕਤੀ ਵੱਲੋਂ ਆਪਣਾ ਸਮਾਨ ਸੜਕ ਕਿਨਾਰੇ ਰੱਖਿਆ ਪਾਇਆ ਗਿਆ ਤਾਂ ਉਸ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਕੇ ਉਸਦਾ ਸਮਾਨ ਜ਼ਬਤ ਕਰ ਲਿਆ ਜਾਵੇਗਾ।

ਅੱਜ ਇਸ ਸਬੰਧ ਵਿੱਚ ਨਗਰ ਨਿਗਮ ਬਟਾਲਾ ਵੱਲੋਂ ਸਿਟੀ ਬਾਜ਼ਾਰ, ਸੁੱਖਾ ਸਿੰਘ ਮਹਿਤਾਬ ਸਿੰਘ ਚੌਕ ਸਮੇਤ ਵੱਖ-ਵੱਖ ਬਾਜ਼ਾਰਾਂ ਵਿੱਚ ਦੁਕਾਨਦਾਰ/ਮਾਲ ਵੱਲੋਂ ਕੀਤੇ ਨਜਾਇਜ਼ ਕਬਜ਼ੇ ਹਟਾਉਣ ਲਈ ਜਾਗਰੂਕ ਕੀਤਾ ਗਿਆ। ਇਸ ਸਬੰਧੀ ਗੱਲ ਕਰਦਿਆਂ ਸੁਪਰਡੈਂਟ ਨਿਰਮਲ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ ਦਿੱਤੀਆਂ ਗਈਆਂ ਹਦਾਇਤਾਂ ਤਹਿਤ ਦੁਕਾਨਦਾਰਾਂ ਤੇ ਮਾਲ ਵਾਲਿਆਂ ਨੂੰ ਜਾਗਰੂਕ ਕੀਤਾ ਗਿਆ ਹੈ ਕਿ ਉਹ ਨਜਾਇਜ਼ ਕਬਜ਼ੇ ਹਟਾ ਲੈਣ ਤਾਂ ਜੋ ਆਵਾਜਾਈ ਨੂੰ ਸੁਖਾਲਾ ਰੱਖਿਆ ਜਾ ਸਕੇ। ਇਸ ਤੋਂ ਇਲਾਵਾ ਸਮੂਹ ਬੈਂਕ ਮੈਨੇਜਰਾਂ ਅਤੇ ਹੋਰ ਵਪਾਰਿਕ ਅਦਾਰਿਆਂ (ਮਾਲ) ਦੇ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਹੈ ਕਿ ਉਹ ਆਪਣੇ ਅਦਾਰਿਆਂ ਦੇ ਬਾਹਰ ਟ੍ਰੈਫਿਕ ਦੀ ਸਮੱਸਿਆ ਦਾ ਹੱਲ ਕਰਨ ਲਈ ਪਾਰਕਿੰਗ ਲਈ ਜਗ੍ਹਾ ਦਾ ਉਚਿਤ ਪ੍ਰਬੰਧ ਕਰਨ ਅਤੇ ਜੇਕਰ ਜਗ੍ਹਾ ਦਾ ਪ੍ਰਬੰਧ ਨਹੀਂ ਹੁੰਦਾ ਤਾਂ ਬੈਂਕਾਂ ਤੇ ਹੋਰ ਵਪਾਰਕ ਅਦਾਰਿਆਂ ਦੇ ਬਾਹਰ ਇਕ ਵਿਅਕਤੀ ਤਾਇਨਾਤ ਕੀਤਾ ਜਾਵੇ ਜਿਹੜਾ ਲਗਾਤਾਰ ਪਾਰਕਿੰਗ ਨੂੰ ਸੰਚਾਲਿਤ/ਨਿਯੰਤਰਤ ਕਰੇ ਤਾਂ ਜੋ ਆਮ ਜਨਤਾ ਨੂੰ ਕਿਸੇ ਤਰ੍ਹਾਂ ਦੀ ਅਸੁਵਿਧਾ ਨਾ ਹੋਵੇ।

ਉਨ੍ਹਾਂ ਸਮੂਹ ਦੁਕਾਨਦਾਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਤੁਰੰਤ ਆਪਣੇ ਸਮਾਨ ਨੂੰ ਸੜਕ ਕਿਨਾਰਿਓਂ ਚੁੱਕ ਲੈਣ। ਉਨ੍ਹਾਂ ਕਿਹਾ ਕਿ 10 ਜਨਵਰੀ ਤੋਂ ਬਾਅਦ ਨਗਰ ਨਿਗਮ ਬਟਾਲਾ ਦੇ ਅਧਿਕਾਰੀਆਂ ਵੱਲੋਂ ਪੁਲਸ ਦੇ ਸਹਿਯੋਗ ਨਾਲ ਸੜਕਾਂ ਕਿਨਾਰੇ ਹੋਏ ਨਜਾਇਜ਼ ਕਬਜ਼ਿਆਂ ਨੂੰ ਹਟਾਉਣ ਲਈ ਇੱਕ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਇਸ ਦੌਰਾਨ ਜੇਕਰ ਕਿਸੇ ਵਿਅਕਤੀ ਜਾਂ ਦੁਕਾਨਦਾਰ ਵੱਲੋਂ ਸੜਕ ਉੱਪਰ ਨਜਾਇਜ਼ ਕਬਜ਼ਾ ਕੀਤਾ ਮਿਲਿਆ ਤਾਂ ਉਸ ਖਿਲਾਫ ਸੀਆਰਪੀਸੀ 1973 ਦੇ ਸੈਕਸ਼ਨ 133 ਤਹਿਤ ਕਾਨੂੰਨੀ ਕਾਰਵਾਈ ਕਰਨ ਦੇ ਨਾਲ ਉਸਦਾ ਸਾਮਾਨ ਵੀ ਜ਼ਬਤ ਕੀਤਾ ਜਾਵੇਗਾ।

# ਪੰਜਾਬ 'ਚ ਅਮਨ-ਕਾਨੂੰਨ ਦੀ ਸਥਿਤੀ ਡਾਵਾਂਡੋਲ : ਰਮੇਸ਼ ਨਈਅਰ



**ਬਟਾਲਾ (ਤਰਲੋਕ ਬੱਗਾ)**-ਸ਼ਿਵ ਸੈਨਾ ਬਾਲ ਠਾਕਰੇ ਵੱਲੋਂ ਆਪਣੇ ਦਫ਼ਤਰ ਸਿਨੇਮਾ ਰੋਡ ਬਟਾਲਾ ਵਿਖੇ ਰਮੇਸ਼ ਨਈਅਰ ਸੀਨੀਅਰ ਮੀਤ ਪ੍ਰਧਾਨ ਪੰਜਾਬ ਦੀ ਅਗਵਾਈ ਹੇਠ ਇੱਕ ਹੰਗਾਮੀ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਵੱਡੀ ਗਿਣਤੀ ਵਿਚ ਸ਼ਿਵ ਸੈਨਿਕ ਹਾਜ਼ਰ ਹੋਏ।

ਇਸ ਦੌਰਾਨ ਪ੍ਰਧਾਨ ਰਮੇਸ਼ ਨਈਅਰ ਨੇ ਕਿਹਾ ਕਿ ਪੰਜਾਬ ਵਿਚ ਅਮਨ-ਕਾਨੂੰਨ ਦੀ ਸਥਿਤੀ ਕੁਝ ਇਸ ਤਰ੍ਹਾਂ ਦੀ ਹੋ ਗਈ ਹੈ ਕਿ ਕੋਈ ਵੀ ਸੁਰੱਖਿਅਤ ਨਹੀਂ ਹੈ। ਹਿੰਦੂ ਭਾਈਚਾਰੇ ਨਾਲ ਤਾਂ ਸੰਬੰਧਿਤ ਲੋਕਾਂ ਅਤੇ ਸਾਰੇ ਲੀਡਰਾਂ ਨੂੰ ਸ਼ਰੇਆਮ ਜਾਨੋਂ ਮਾਰਨ ਦੀਆਂ ਧਮਕੀਆਂ ਮਿਲ ਰਹੀਆਂ ਹਨ ਅਤੇ ਫਿਰੌਤੀਆਂ ਮੰਗੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸ਼ਿਵ ਸੈਨਾ ਆਗੂ ਯੋਗਰਾਜ ਸ਼ਰਮਾ ਅਤੇ ਹਨੀ ਮਹਾਜਨ ਨੂੰ ਅੱਤਵਾਦੀਆਂ ਵੱਲੋ ਧਮਕੀਆਂ ਮਿਲ ਰਹੀਆਂ ਹਨ। ਪੰਜਾਬ ਵਿਚ ਜਿਊਣਾ ਮੁਸ਼ਕਿਲ ਹੁੰਦਾ ਜਾ ਰਿਹਾ ਹੈ।

ਲੁੱਟ-ਖੋਹ ਅਤੇ ਕਤਲ ਵਰਗੀਆਂ ਘਟਨਾਵਾਂ ਦਿਨੋਂ-ਦਿਨ ਵੱਧ ਰਹੀਆਂ ਹਨ। ਪੰਜਾਬ ਸਰਕਾਰ ਅਮਨ-ਕਾਨੂੰਨ ਦੀ ਸਥਿਤੀ ਸੁਖਾਵੀਂ ਬਣਾਉਣ ਵਿਚ ਅਸਫ਼ਲ ਹੋ ਰਹੀ ਹੈ। ਸ਼ਿਵ ਸੈਨਾ ਬਾਲ ਠਾਕਰੇ ਵੱਲੋਂ ਕੇਂਦਰ ਸਰਕਾਰ ਪਾਸੋਂ ਮੰਗ ਕੀਤੀ ਗਈ ਕਿ ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਸਖ਼ਤ ਕਦਮ ਉਠਾਏ ਜਾਣ। ਉਨ੍ਹਾਂ ਕਿਹਾ ਕਿ ਸ਼ਿਵ ਸੈਨਾ ਦਾ ਇੱਕ ਵਫ਼ਦ ਪੰਜਾਬ ਪ੍ਰਧਾਨ ਯੋਗਰਾਜ ਸ਼ਰਮਾ ਦੀ ਅਗਵਾਈ ਹੇਠ ਜਲਦ ਹੀ ਮਾਨਯੋਗ ਗਵਰਨਰ ਪੰਜਾਬ ਨੂੰ ਮਿਲੇਗਾ। ਇਸ ਮੌਕੇ ਸ਼ਿਵ ਸੈਨਾ ਆਗੂ ਹੰਸਾ ਸਿੰਘ ਫੌਜੀ, ਵਿੱਕੀ ਤ੍ਰਿਹੇਨ, ਸੰਜੀਵ ਕੁਮਾਰ, ਮੰਗਲ ਦਾਸ, ਬਬਲੀ ਕੁਮਾਰ, ਅਵਤਾਰ ਕਾਲਾ, ਵਰੁਣ ਸ਼ਰਮਾ ਅਤੇ ਪ੍ਰੇਮ ਦਾਸ ਆਦਿ ਮੈਂਬਰ ਹਾਜ਼ਰ ਸਨ।

# ਸੁਖਮਨ ਚੋਹਲਾ ਦੀ ਯਾਦ 'ਚ ਮੱਲ੍ਹੀਆਂ ਵਿਖੇ ਕਰਵਾਇਆ ਕਬੱਡੀ ਕੱਪ



**ਟਾਂਗਰਾ (ਲਾਡੀ ਮੱਲ੍ਹੀ)**-ਉਮੀਦ ਆਰਗੇਨਾਈਜੇਸ਼ਨ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਪਿੰਡ ਮੱਲ੍ਹੀਆਂ ਵਿਖੇ ਸਵ: ਉੱਘੇ ਕਬੱਡੀ ਖਿਡਾਰੀ ਸੁਖਮਨ ਚੋਹਲਾ ਦੀ ਯਾਦ ਵਿੱਚ ਤੀਸਰਾ ਕਬੱਡੀ ਕੱਪ ਟੂਰਨਾਮੈਂਟ ਕਰਵਾਇਆ ਗਿਆ।

ਇਸ ਮੌਕੇ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, ਮੈਡਮ ਸੁਹਿੰਦਰ ਕੌਰ, ਤਰਨਾ ਦਲ ਦੇ ਮੁਖੀ ਬਾਬਾ ਗੱਜਣ ਸਿੰਘ ਜੀ ਪਹੁੰਚੇ। ਇਸ ਮੌਕੇ ਬੋਲਦਿਆਂ ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਇਹ ਬਹੁਤ ਹੀ ਵਧੀਆ ਉਪਰਾਲਾ ਹੈ। ਸਾਡਾ ਸਹਿਯੋਗ ਨੌਜਵਾਨਾਂ ਦੇ ਨਾਲ ਹੈ। ਅਸੀਂ ਇਸ ਉਤਸ਼ਾਹ ਨੂੰ ਦੇਖਦਿਆਂ ਪਿੰਡ ਮੱਲ੍ਹੀਆਂ ਨੂੰ ਸਟੇਡੀਅਮ ਲਈ ਲਗਭਗ 32 ਲੱਖ ਰੁਪਏ ਦੀ ਸਹਾਇਤਾ ਦੇਵਾਂਗੇ ਤੇ ਲੋੜ ਪੈਣ 'ਤੇ ਹੋਰ ਵੀ ਸਹਾਇਤਾ ਦਿੱਤੀ ਜਾਵੇਗੀ। ਪਿੰਡ ਮੱਲ੍ਹੀਆਂ ਤੋਂ ਤਿੰਮੋਵਾਲ ਦੀ ਸੜਕ ਦੀ ਮੰਗ ਪਿਛਲੇ ਵੀਹ ਸਾਲ ਤੋਂ ਲਟਕਦੀ ਆ ਰਹੀ ਸੀ ਜੋ ਅਸੀਂ ਪਾਸ ਕਰ ਦਿੱਤੀ ਹੈ, ਬਹੁਤ ਜਲਦੀ ਹੀ ਕੰਮ ਸ਼ੁਰੂ ਹੋ ਜਾਵੇਗਾ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਰਾਜ ਭਨੋਟ ਆਸਟ੍ਰੇਲੀਆ ਨੇ ਕਿਹਾ ਕਿ ਪਹਿਲੀ ਜੇਤੂ ਟੀਮ ਸ੍ਰੀ ਗੁਰੂ ਅਰਜਨ ਦੇਵ ਜੀ ਸਪੋਰਟਸ ਕਲੱਬ ਚੋਹਲਾ ਸਾਹਿਬ ਨੂੰ 71000 ਰੁਪਏ ਨਾਲ ਕਬੱਡੀ, ਕੱਪ ਦੂਸਰੀ ਜੇਤੂ ਟੀਮ ਨੂੰ 61000 ਰੁਪਏ ਨਾਲ ਕਬੱਡੀ ਕੱਪ, ਚੰਗੇ ਜਾਫੀ ਤੇ ਰੇਡਰ ਨੂੰ 11000,11000 ਰੁਪਏ ਦਿੱਤੇ ਗਏ। ਐਕਸ਼ਨ ਵਾਲੇ ਬੱਚਿਆਂ ਦੇ ਸ਼ੋਅ ਮੈਚ ਮੱਲ੍ਹੀਆਂ ਤੇ ਤਾਰਾਗੜ੍ਹ ਟੀਮ ਵਿੱਚੋਂ ਮੱਲ੍ਹੀਆਂ ਟੀਮ ਜੇਤੂ ਰਹੀ ਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ। ਆਏ ਹੋਏ ਮਹਿਮਾਨਾਂ ਤੇ ਪੱਤਰਕਾਰਾਂ ਨੂੰ ਟਰਾਫੀ ਤੇ ਭਗਤ ਸਿੰਘ ਦੀ ਫੋਟੋ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੱਤਰਕਾਰ ਜਸਪਾਲ ਸ਼ਰਮਾ, ਅਸ਼ਵਨੀ ਸ਼ਰਮਾ, ਨਰੇਸ਼ ਪਾਠਕ, ਸਰਬਜੀਤ ਸਿੰਘ ਡਿੰਪੀ ਸ਼ਹਿਰੀ ਪ੍ਰਧਾਨ, ਮਲਕੀਤ ਸਿੰਘ ਬੀਡੀਓ, ਐੱਸਐੱਚਓ ਮੁਖਤਿਆਰ ਸਿੰਘ ਜੰਡਿਆਲਾ ਗੁਰੂ, ਪ੍ਰਬੰਧਕ ਕਮੇਟੀ ਪ੍ਰਧਾਨ ਹਰਜੀਤ ਸਿੰਘ, ਸੰਜੀਵ ਭਨੋਟ, ਮਲਕੀਤ ਸਿੰਘ ਮੀਤੂ, ਨਿਰਮਲ ਸਿੰਘ ਨਿੰਮਾ, ਮੰਗੂ ਮੱਲ੍ਹੀ, ਅਮਰਦੀਪ ਮੱਲ੍ਹੀ, ਵਿਕਰਾਂਤ ਕਾਨਾ, ਰਣਜੀਤ ਮੱਲ੍ਹੀ, ਸਤਨਾਮ ਮੱਲ੍ਹੀ, ਸੁਬੇਗ ਸਿੰਘ, ਮਾਸਟਰ ਗੁਰਭੇਜ ਸਿੰਘ, ਗੁਰਭੇਜ ਸਿੰਘ ਬਰਾੜ, ਜਗਮੀਤ ਸਿੰਘ ਅਤੇ ਕੁਲਵੰਤ ਸਿੰਘ ਲਾਡੀ ਮੱਲ੍ਹੀ ਆਦਿ ਹਾਜ਼ਰ ਸਨ।

# ਹਰ ਤਰ੍ਹਾਂ ਦੇ ਭ੍ਰਿਸ਼ਟਾਚਾਰ ਦੀ ਅਸਲ ਜੜ੍ਹ ਉੱਚ ਅਫਸਰਸ਼ਾਹੀ : ਬਖਤਪੁਰਾ



**ਧਾਰੀਵਾਲ,(ਸੁੱਚਾ ਸਿੰਘ ਪਸਨਾਵਾਲ)**-ਸੀਪੀਆਈ ਐੱਮਐੱਲ ਪੰਜਾਬ ਦੀ ਸੂਬਾ ਇਕਾਈ ਨੇ ਪੰਜਾਬ ਨੂੰ ਭ੍ਰਿਸ਼ਟਾਚਾਰ ਮੁਕਤ ਕਰਨ ਲਈ ਪੰਜਾਬ ਹਿਤੂ ਸ਼ਕਤੀਆਂ ਨੂੰ ਆਈਏਐੱਸ ਅਤੇ ਪੀਸੀਐੱਸ ਲਾਣੇ ਦੀ ਹੜਤਾਲ ਦਾ ਜਨਤਕ ਵਿਰੋਧ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਰਾਜਨੀਤਕ ਅਤੇ ਹਰ ਤਰ੍ਹਾਂ ਦੇ ਭ੍ਰਿਸ਼ਟਾਚਾਰ ਦੀ ਅਸਲ ਜੜ੍ਹ ਇਹ ਉੱਚ ਅਫਸਰਸ਼ਾਹੀ ਹੀ ਹੈ। ਅਫਸਰਸ਼ਾਹੀ ਦੀ ਹੜਤਾਲ ਭ੍ਰਿਸ਼ਟਾਚਾਰ ਕਰਨ ਦਾ ਅਧਿਕਾਰ ਲੈਣ ਖਾਤਰ ਹੈ। ਇਹ ਪ੍ਰਗਟਾਵਾ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅੱਤਵਾਦ ਦੇ ਦੌਰ ਦੌਰਾਨ ਭ੍ਰਿਸ਼ਟਾਚਾਰ ਵਿੱਚ ਹੋਇਆ ਵਾਧਾ ਲਗਾਤਾਰ ਹੀ ਵਧਦਾ ਗਿਆ ਹੈ। ਪੰਜਾਬੀਆਂ ਲਈ ਚਿੰਤਾ ਦਾ ਸੁਆਲ ਇਹ ਹੈ ਕਿ ਅਸੀਂ ਭ੍ਰਿਸ਼ਟਾਚਾਰ ਸਬੰਧੀ ਉਸ ਸਥਿਤੀ ਵਿੱਚ ਪਹੁੰਚ ਗਏ ਹਾਂ ਕਿ ਭ੍ਰਿਸ਼ਟਾਚਾਰ ਕਰਨ ਦੀ ਮੰਗ ਨੂੰ ਲੈ ਕੇ ਭ੍ਰਿਸ਼ਟਾਚਾਰ ਕਰਨ ਵਾਲੇ ਅਫਸਰਸ਼ਾਹਾਂ ਵਲੋਂ ਹੜਤਾਲ ਦਾ ਹਥਿਆਰ ਵਰਤਿਆ ਜਾ ਰਿਹਾ ਹੈ। ਇਹ ਉਹ ਹੀ ਅਫਸਰ ਹਨ ਜਿਨ੍ਹਾਂ ਦੀ ਪਰਿਭਾਸ਼ਾ ਤਾਂ ਜਨਤਾ ਦੇ ਸੇਵਕ ਹੋਣ ਦੀ ਹੈ ਪਰ ਇਹ ਆਮ ਜਨਤਾ ਨੂੰ ਹਮੇਸ਼ਾ ਟਿੱਚ ਜਾਣਦੇ ਹਨ ਅਤੇ ਕਦੇ ਵੀ ਇਨਸਾਫ ਦੇਣ ਦੀ ਨੀਅਤ ਨਾਲ ਕੰਮ ਨਹੀਂ ਕਰਦੇ। ਉਨ੍ਹਾਂ ਨੇ ਕਿਹਾ ਕਿ ਜੇਕਰ ਸਰਕਾਰ ਭ੍ਰਿਸ਼ਟਾਚਾਰ ਵਿਰੁੱਧ ਥੋੜ੍ਹੀ ਵੀ ਇਮਾਨਦਾਰ ਹੈ ਤਾਂ ਇਸ ਹੜਤਾਲ ਨੂੰ ਗੈਰ-ਕਾਨੂੰਨੀ ਕਰਾਰ ਦੇ ਕੇ ਇਨ੍ਹਾਂ ਅਫਸਰਾਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕਰਨੀ ਚਾਹੀਦੀ ਹੈ ਅਤੇ ਇਨ੍ਹਾਂ ਅਫਸਰਸ਼ਾਹਾਂ ਦੀ ਜਾਇਦਾਦ ਜਾਣਨ ਲਈ ਸਮਾਂਬੱਧ ਕਮਿਸ਼ਨ ਬਣਾਉਣਾ ਚਾਹੀਦਾ ਹੈ। ਭਾਵੇਂ ਕਿ ਮੌਜੂਦਾ ਸਥਿਤੀ ਵਿੱਚ ਸਰਕਾਰ ਅਤੇ ਆਮ ਆਦਮੀ ਪਾਰਟੀ ਨੂੰ ਆਪਣੇ ਕੀਤੇ ਵਾਇਦੇ ਮੁਤਾਬਕ ਲੋਕ ਪਾਲ ਬਣਾਉਣ ਦੀ ਲੋੜ ਹੈ, ਹਾਲਾਂਕਿ ਆਮ ਆਦਮੀ ਪਾਰਟੀ ਅਤੇ ਉਸਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਲੋਕਪਾਲ ਦਾ ਕਦੇ ਉਚਾਰਣ ਕਰਨਾ ਵੀ ਮੁਨਾਸਿਬ ਨਹੀਂ ਸਮਝਿਆ। ਇਸ ਮੌਕੇ ਗੁਲਜ਼ਾਰ ਸਿੰਘ ਭੁੰਬਲੀ, ਸੁਖਦੇਵ ਸਿੰਘ ਭਾਗੋਕਾਵਾਂ, ਬਲਬੀਰ ਸਿੰਘ ਉੱਚਾ ਧਕਾਲਾ ਅਤੇ ਕੁਲਦੀਪ ਰਾਜੂ ਵੀ ਹਾਜ਼ਰ ਸਨ।


LOVELY PROFESSIONAL UNIVERSITY

Transforming Education Transforming India

ADMISSIONS NOTICE 2023

**Fee Per Semester Rs. 20,000/-***
- M.A. (Punjabi)/ M.A. (Hindi)

**Fee Per Semester Rs. 60,000/-***
- B.A. (Fine Arts)
- Bachelor of Fine Arts (BFA)
- B.A. (Music Vocal)/ B.A. (Theatre)
- BPA (Music Vocal)/ BPA (Theatre)
- Diploma in Library & Information Sciences (D. Lib.I.Sc.)
- Bachelor of Arts (B.A.)
- B.A. (Hons.)
- Integrated B.A.- B.Ed.
- Integrated B.Sc.- B.Ed.
- Integrated B.Ed.- M.Ed.
- B.Ed./ M.Ed./ M.A. (Education)
- B.Sc. (Health and Physical Education)
- Bachelor of Physical Edu. & Sports (BPES)
- M.P.Ed./ B.P.Ed
- Bachelor of Library & Information Sciences (B Lib.I.Sc.)
- Master of Fine Arts (MFA)
- Master of Performing Arts (MPA)
- M.A. (Acting/ English/ Public Administration/ Psychology/ Clinical Psychology/ History/ Sociology)
- M.Sc. (Forensic Psychology)
- Master of Social Work (MSW)
- M.A. (Political Science)
- M.Sc. (Geography)
- Master of Library & Information Sciences (M. Lib. I. Sc.)
- Diploma (Engg.) – ECE, CSE, ME, CE, EE
- Diploma (Engg.) [Lateral Entry]– ECE, CSE, ME, CE, EE
- Diploma in Business Administration
- Diploma in Architectural Assistantship
- Diploma in Architectural Assistantship [Lateral Entry]
- Diploma in Fashion Design
- Diploma in Medical Lab. Technology (DMLT)

**Fee Per Semester Rs. 1,00,000/-***
- BCA
- B.Sc. (IT)
- B. Sc. (IT) [2+2 with International Credit Transfer Option]
- B.Sc. (Forensic Science)
- B.Sc. (Hons.) Food Technology
- B.Sc. (Nutrition & Dietetics)
- B.Sc. (Hons.) Biotechnology
- B.Sc. (Hons.) Microbiology
- B.Sc. (Hons.) (Botany/ Zoology)
- B.Sc. (Hons.) (Physics/ Chemistry/ Mathematics)
- BBA/ BBA [2+2 with international credit transfer option]/ BBA (IT)
- B.Com.
- B.Com. [2+2 International credit transfer option]
- B.Sc. (Hons.) Economics

**Fee Per Semester Rs. 1,00,000/-***
- Bachelor of Hotel Management Catering Technology (BHMCT)
- Bachelor of Hotel Management Catering Technology (BHMCT) [2+2 with international credit transfer option]
- B.Sc. (Hotel Management)
- B.A. (Culinary Arts)
- B.A. (Culinary Arts) [2+2 with international credit transfer option]
- B.Sc. (Airlines, Tourism & Hospitality)
- BBA (Tourism & Hospitality)
- BBA (Airlines and Airport Management)
- B.Pharm. (Ayurveda)
- Bachelor of Physiotherapy (BPT)
- B.Sc. (Medical Laboratory Technology)
- BCA [Lateral Entry]
- B.Sc. (IT) [Lateral Entry]
- BBA [Lateral Entry]/ B.Com. [Lateral Entry]
- Bachelor of Hotel Mgt. & Catering Technology (BHMCT) [Lateral Entry]
- B.Sc. (Hotel Management) [Lateral Entry]
- B.Sc. (Airlines Tourism and Hospitality) [Lateral Entry]
- B.Pharm. (Ayurveda) [Lateral Entry]
- BPT [Lateral Entry]
- B.Sc. (Medical Lab Tech.) [Lateral Entry]
- M.Com.
- M.Sc. (Hons.) Economics
- M.Sc. (Hotel Management)
- M.Arch. (Executive)
- MCA
- M.Sc. (Information Technology)
- M.Sc. (Food Science & Technology)
- M.Sc. (Nutrition & Dietetics)
- M.Sc. (Hons.) Biotechnology
- M.Sc. (Hons.) Microbiology
- M.Sc. (Forensic Science)
- M.Sc. (Hons.) (Botany/ Zoology)
- M.Sc. (Hons.) (Physics/ Chemistry)
- M.Sc. (Hons) Mathematics
- M.Sc. (Statistics and Data Analytics)
- M.Pharm. (Ayurveda)
- MPT (Orthopedics/ Neurology)
- M.Sc. (Clinical Biochemistry)
- M.Sc. (Clinical Microbiology)

**Fee Per Semester Rs. 1,20,000/-***
- BCA (Big Data Analytics)
- BCA (Augmented Reality and Virtual Reality)
- B.Sc. (Hons.) Statistics
- BBA (Financial Markets)
- BBA (International Finance)
- BBA (Blockchain)
- BBA (Business Analytics)
- B.Com. (Financial Process Automation)
- B.Com. (Management Accounting and International Finance)

**Fee Per Semester Rs. 1,50,000/-***
- B.Tech. - ECE, CSE, IT, ME, ME - Mechatronics, Aerospace Engineering, Automobile Engineering, CE, EE, EEE, Biotechnology+, Food Technology+, Robotics & Automation, Biomedical Engineering+, Chemical Engg.
- B.Tech. [2+2 with international credit transfer option] - ECE, CSE, ME, ME - Mechatronics, CE, Biotechnology+, AE
- BCA (Hons.)
- B.Sc. (Hons.) Computer Science
- B.Sc. (Hons.) Agriculture
- Integrated BBA-MBA/ BBA (Hons.)
- B.Com. (Hons.)
- B.Arch./ B.Plan.
- B.Sc. (Design - Interior & Furniture)
- B.Design (Interior & Furniture)
- B.Design (Product & Industrial)
- B.Design (User Experience)
- B.Sc (Design - Fashion)
- B.Design (Fashion)
- B.Design (Fashion) [ 2+2 with International Credit Transfer Option]
- B.Sc. (Design - Multimedia)
- B.Design (Multimedia)
- B.Sc. (Design -Graphics)
- B.Design (Graphics)
- B.Sc. (Design -Gaming)/ B.Design (Gaming)
- B.Sc. (Film & TV Production)
- B.Design (Film & TV Production )
- B.A. LL.B.(Hons.)/ BBA. LL.B. (Hons.)
- B.A. (Journalism & Mass Communication)
- B.Pharm.
- B.Tech. [Lateral Entry] – ECE, CSE, IT, ME, ME – Mechatronics, CE, Construction Technology, EE, EEE, Robotics & Automation, Biotechnology, Food Technology, Automobile Engineering, Aerospace Engineering, Chemical Engineering, Biomedical Engineering
- B.Sc. (Design - Interior & Furniture) [Lateral Entry]
- B.Design (Interior & Furniture) [Lateral Entry]
- B.Design (Product & Industrial) [Lateral Entry]
- B.Sc. (Design - Fashion) [Lateral Entry]
- B.Design (Fashion) [Lateral Entry]
- B.Pharm. [Lateral Entry]
- M. Plan.
- M.Design (Product & Industrial)
- M.Design (User Experience)
- M.Sc. (Design - Interior & Furniture)
- M.Design (Interior & Furniture)
- M.Sc. (Design - Fashion)
- M.Design (Fashion)
- M.Sc. (Design - Multimedia)
- M.Design (Multimedia)
- M.Sc. (Film and TV Production)
- M.A. (Journalism & Mass Communication)
- LL.B./ LL.M.

**Fee Per Semester Rs. 1,50,000/-***
- M.Tech. [Full Time] - VLSI Design, CSE, Machine Learning and Artificial Intelligence, Data Science and Analytics, Information Security and Cyber Forensics, Thermal Engineering, Automobile Engineering, Aerospace Engineering, Robotics, Structural Engineering, Transportation Engineering, Construction Management, Power Systems, Food Technology, Biotechnology
- M.Tech. (Biotechnology) [1+1 with international credit transfer option]
- MCA (Hons.)
- MCA (Hons.) (Machine Learning & Artificial Intelligence)
- M.Sc. Ag. (Agronomy)
- M.Sc. Ag. (Soil Science & Agriculture Chemistry)
- M.Sc. Ag. (Genetics & Plant Breeding)
- M.Sc. Ag. (Entomology)
- M.Sc. Ag. (Plant Pathology)
- M.Sc. Ag. Horticulture (Fruit Science)
- M.Sc. Ag. Horticulture (Vegetable Science)
- M.Sc. Ag. Horticulture (Floriculture & Landscaping)
- M.Pharm.

**Fee Per Semester Rs. 2,00,000/-***
- B.Tech. (Robotics & Automation)
- B.Tech. (ECE - IOT)
- B.Tech. (AE - Electric Vehicle Design)
- B.Tech. [CSE-Data Science with ML)
- B.Tech. (CSE - DevOps (Software Development and IT Operations)
- B.Tech. (CSE - Cloud Computing/ Big Data Analytics/ Decision Sci. & Machine Learning]
- B.Tech. (Robotics & Automation) [Lateral Entry]

**Fee Per Semester Rs. 2,50,000/-***
- B.Tech. (CSE - AI and Data Engineering)
- B.Tech. (Hons.) (CSE - Data Science & Data Engineering)
- B.Tech. (Hons.) (CSE - Cyber Security and Block Chain)
- B.Tech. (Hons.) (CSE - Full Stack Software Development)
- B.Tech. (CSE- Software Product Engg.)
- MBA
- MBA [ 1+1 with International Credit Transfer Option]
- MBA (International Business)
- MBA (Hospital & Healthcare Management)
- MBA (Tourism & Hospitality)
- M.Sc. (Clinical Embryology)

**Fee Per Semester Rs. 3,00,000/-***
- MBA (Business Analytics)
- MBA (Financial Markets)
- MBA (Supply Chain & Logistics)
- MBA (Process Automation and Blockchain)

*The Programme fee is inclusive of student grant for developing the career of the student. +Medical Students can also apply

^Student after successful completion of 3 yrs. will have choice to exit programme with relevant B.Sc./ B.A. Degree

Examination Fee is **Rs. 4000** per semester

Scholarship can be availed on the basis of previous performance in academics, cultural, sports or other activities.

The term 'Programme fee' as mentioned above, includes - Tuition and Development fees; University Fee for Registration/ Enrolment, Cultural, Sports, Club activities, Co-curricular activities etc.; Fee for services/ facilities like Outreach, Placement, Medical, Counselor and any other Contingencies etc. as prescribed by the University. The fee for these components is mentioned on the university website www.lpu.in

For information regarding registration, eligibility, admission process, important dates (Interview and other details), mode of payment, highlights, admission guidelines, Residential/ Laundry/ Mess Plan/ Transport/ Vehicle Parking facility and all other relevant information for the purpose of admission, refer university website www.lpu.in

HOW TO APPLY? Applicants can apply online at www.lpu.in

Apply For LPUNEST 2023
NATIONAL ENTRANCE AND SCHOLARSHIP TEST

LOVELY PROFESSIONAL UNIVERSITY (LPU)
Jalandhar - Delhi G.T. Road, Phagwara, Punjab (INDIA)
Email: admissions@lpu.co.in | www.lpu.in
Contact us: 01824-404408

ਨਵਾਂ ਜ਼ਮਾਨਾ
ਵੀਰਵਾਰ, 12 ਜਨਵਰੀ 2023

# ਜੱਜਾਂ ਦੀ ਨਿਯੁਕਤੀ 'ਚ ਖਾਮੀ

*ਕੇਂਦਰੀ ਕਾਨੂੰਨ ਤੇ ਨਿਆਂ ਮੰਤਰਾਲੇ ਨੇ ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿ ਅਦਾਲਤ ਦੀ ਬੈਂਚ ਵਿਚ ਵਿਵਿਧਤਾ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਨਿਆਂ ਪਾਲਿਕਾ 'ਤੇ ਹੈ, ਕਾਨੂੰਨ ਤੇ ਨਿਆਂ ਬਾਰੇ ਸੰਸਦੀ ਸਥਾਈ ਕਮੇਟੀ ਨੂੰ ਦੱਸਿਆ ਕਿ ਪਿਛਲੇ ਪੰਜ ਸਾਲਾਂ ਵਿਚ ਨਿਯੁਕਤ ਕੀਤੇ ਗਏ ਹਾਈ ਕੋਰਟਾਂ ਦੇ ਕੁਲ ਜੱਜਾਂ ਵਿਚ 79 ਫੀਸਦੀ ਆਮ ਸ਼੍ਰੇਣੀ (ਉੱਚ ਜਾਤੀ) ਨਾਲ ਸੰਬੰਧਤ ਸਨ। ਅੰਕੜਿਆਂ ਮੁਤਾਬਕ 2018 ਤੋਂ ਦਸੰਬਰ 2022 ਤੱਕ ਵੱਖ-ਵੱਖ ਹਾਈ ਕੋਰਟਾਂ ਵਿਚ ਕੁਲ 537 ਜੱਜ ਨਿਯੁਕਤ ਕੀਤੇ ਗਏ, ਜਿਨ੍ਹਾਂ ਵਿੱਚ 79 ਫੀਸਦੀ ਆਮ ਵਰਗ, 11 ਫੀਸਦੀ ਹੋਰ ਪਛੜਾ ਵਰਗ (ਓ ਬੀ ਸੀ) ਤੇ 2.6 ਫੀਸਦੀ ਘੱਟ ਗਿਣਤੀ ਵਰਗ ਵਿੱਚੋਂ ਸਨ। ਅਨੁਸੂਚਿਤ ਜਾਤਾਂ ਤੇ ਜਨਜਾਤਾਂ ਦੀ ਹਿੱਸੇਦਾਰੀ ਕ੍ਰਮਵਾਰ 2.8 ਫੀਸਦੀ ਤੇ 1.3 ਫੀਸਦੀ ਸੀ। ਮੰਤਰਾਲੇ ਨੇ ਦੱਸਿਆ ਕਿ 22 ਜੱਜਾਂ ਦੇ ਸਮਾਜੀ ਪਿਛੋਕੜ ਬਾਰੇ ਉਸ ਨੂੰ ਪਤਾ ਨਹੀਂ। 2018 ਵਿਚ ਮੰਤਰਾਲੇ ਨੇ ਸੁਪਰੀਮ ਕੋਰਟ ਕਾਲੇਜੀਅਮ ਵੱਲੋਂ ਸੁਝਾਏ ਲੋਕਾਂ ਨੂੰ ਉਨ੍ਹਾਂ ਦੇ ਸਮਾਜੀ-ਆਰਥਕ ਪਿਛੋਕੜ ਦੇ ਵੇਰਵੇ ਨਾਲ ਇਕ ਫਾਰਮ ਭਰਨ ਲਈ ਕਿਹਾ ਸੀ। ਮਾਰਚ 2022 ਵਿਚ ਰਾਜ ਸਭਾ 'ਚ ਦਿੱਤੇ ਗਏ ਇਕ ਜਵਾਬ ਵਿਚ ਕੇਂਦਰੀ ਮੰਤਰੀ ਕਿਰਨ ਰਿਜੀਜੂ ਨੇ ਕਿਹਾ ਸੀ ਕਿ ਸਰਕਾਰ ਹਾਈ ਕੋਰਟ ਵਿਚ ਜੱਜਾਂ ਦੀ ਨਿਯਕੁਤੀ ਵਿਚ ਸਮਾਜੀ ਵਿਵਿਧਤਾ ਲਈ ਵਚਨਬੱਧ ਹੈ। ਉਨ੍ਹਾ ਕਿਹਾ ਸੀ—ਅਸੀਂ ਹਾਈ ਕੋਰਟਾਂ ਦੇ ਚੀਫ ਜਸਟਿਸਾਂ ਨੂੰ ਅਪੀਲ ਕਰਦੇ ਰਹੇ ਹਾਂ ਕਿ ਜੱਜਾਂ ਦੀ ਨਿਯੁਕਤੀ ਲਈ ਤਜਵੀਜ਼ ਭੇਜਦੇ ਸਮੇਂ ਹਾਈ ਕੋਰਟਾਂ ਵਿਚ ਸਮਾਜੀ ਵਿਵਿਧਤਾ ਯਕੀਨੀ ਬਣਾਉਣ ਲਈ ਅਨੁਸੂਚਿਤ ਜਾਤਾਂ ਤੇ ਜਨਜਾਤਾਂ, ਓ ਬੀ ਸੀ, ਘੱਟ ਗਿਣਤੀਆਂ ਤੇ ਮਹਿਲਾਵਾਂ ਨਾਲ ਸੰਬੰਧਤ ਢੁਕਵੇਂ ਉਮੀਦਵਾਰਾਂ 'ਤੇ ਯੋਗ ਵਿਚਾਰ ਕੀਤਾ ਜਾਵੇ।*

*ਹਾਈ ਕੋਰਟਾਂ ਵਿਚ ਜੱਜਾਂ ਦੀ ਨਿਯੁਕਤੀ ਸੰਵਿਧਾਨ ਦੇ ਆਰਟੀਕਲ 217 ਦੇ ਤਹਿਤ ਕੀਤੀ ਜਾਂਦੀ ਹੈ ਅਤੇ ਕੋਈ ਕੋਟਾ ਤੈਅ ਨਹੀਂ ਹੈ। ਹਾਲਾਂਕਿ ਸੁਪਰੀਮ ਕੋਰਟ ਨੇ 1993 ਵਿਚ ਕਾਲੇਜੀਅਮ ਸਿਸਟਮ ਦੀ ਸਥਾਪਨਾ ਵੇਲੇ ਕਿਹਾ ਸੀ—ਸਾਡੀ ਜਮਹੂਰੀ ਸਿਆਸਤ ਨਾ ਸਿਰਫ ਕਿਸੇ ਖੁਦਸਾਖਤਾ ਕੁਲੀਨ-ਤੰਤਰ ਲਈ ਹੈ, ਸਗੋਂ ਦੇਸ਼ ਦੇ ਸਾਰੇ ਲੋਕਾਂ ਲਈ ਹੈ। ਜੇ ਕਮਜ਼ੋਰ ਵਰਗ ਨੂੰ ਪੂਰੀ ਤਰ੍ਹਾਂ ਅਣਗੌਲਿਆ ਜਾਂਦਾ ਹੈ ਤਾਂ ਅਸੀਂ ਅਸਲ ਸਾਂਝੀ ਜਮਹੂਰੀਅਤ ਹਾਸਲ ਕਰ ਲੈਣ ਦਾ ਦਾਅਵਾ ਨਹੀਂ ਕਰ ਸਕਦੇ ਹਾਂ। ਬੀਤੇ ਦਿਨੀਂ ਇਕ ਪ੍ਰੋਗਰਾਮ ਵਿਚ ਚੀਫ ਜਸਟਿਸ ਡੀ ਵਾਈ ਚੰਦਰਚੂੜ ਨੇ ਕਿਹਾ ਸੀ ਕਿ ਕਾਨੂੰਨ ਦੇ ਪੇਸ਼ੇ ਦੀ ਸੰਰਚਨਾ ਜਗੀਰੂ, ਪਿਤਰੀ ਸੱਤਾ ਵਾਲੀ ਹੈ ਤੇ ਮਹਿਲਾਵਾਂ ਨੂੰ ਥਾਂ ਨਾ ਦੇਣ ਵਾਲੀ ਬਣੀ ਹੋਈ ਹੈ। ਉਨ੍ਹਾ ਮਹਿਲਾਵਾਂ ਤੇ ਸਮਾਜ ਦੇ ਵਿਰਵੇ ਵਰਗਾਂ ਦੇ ਦਾਖਲੇ ਲਈ ਜਮਹੂਰੀ ਤੇ ਪ੍ਰਤਿਭਾ ਅਧਾਰਤ ਪ੍ਰਕਿਰਿਆ ਅਪਨਾਉਣ ਦੀ ਲੋੜ 'ਤੇ ਜ਼ੋਰ ਦਿੱਤਾ ਸੀ।*

*ਚੀਫ ਜਸਟਿਸ ਤੇ ਸਰਕਾਰ ਨੂੰ ਆਪਸੀ ਵਿਚਾਰ-ਵਟਾਂਦਰਾ ਕਰਕੇ ਅਜਿਹੀ ਪ੍ਰਕਿਰਿਆ ਤੈਅ ਕਰਨੀ ਚਾਹੀਦੀ ਹੈ ਕਿ ਕਮਜ਼ੋਰ ਵਰਗਾਂ ਨੂੰ ਵੱਡੀਆਂ ਅਦਾਲਤਾਂ ਵਿਚ ਬਰਾਬਰ ਦੀ ਨੁਮਾਇੰਦਗੀ ਮਿਲੇ।*

# ਸਭ ਨੂੰ ਬਰਾਬਰ ਤੇ ਮੁਫ਼ਤ ਵਿੱਦਿਆ ਦੇਣ ਦੇ ਸੰਵਿਧਾਨਕ ਅਹਿਦ ਨੂੰ ਛਿੱਕੇ ਟੰਗਿਆ

**ਨਰਭਿੰਦਰ**

ਆਖਿਰ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਨੇ ਹਕੂਮਤ ਦੇ ਸੌੜੇ ਮਨਸ਼ਿਆਂ 'ਤੇ ਫੁੱਲ ਚੜ੍ਹਾਉਂਦਿਆਂ ਵਿਦੇਸ਼ੀ ਯੂਨੀਵਰਸਿਟੀਆਂ ਨੂੰ ਭਾਰਤ ਅੰਦਰ ਆਪਣੇ ਕੈਂਪਸ ਖੋਲ੍ਹਣ ਦੀ ਇਜਾਜ਼ਤ ਦੇ ਦਿੱਤੀ ਹੈ। 5 ਜਨਵਰੀ 2023 ਨੂੰ ਯੂ ਜੀ ਸੀ ਨੇ ਜਿਹੜਾ ਮਸੌਦਾ ਜਾਰੀ ਕੀਤਾ ਹੈ ਅਤੇ ਇੱਕ ਮਹੀਨੇ ਪਿੱਛੋਂ ਜਿਸ ਨੇ ਯੂ ਜੀ ਸੀ ਦੇ ਕਾਨੂੰਨਾਂ ਵਿੱਚ ਸ਼ਾਮਲ ਹੋ ਜਾਣਾ ਹੈ, ਵਿੱਚ ਵਿਦੇਸ਼ੀ ਯੂਨੀਵਰਸਿਟੀਆਂ ਲਈ ਨਾ ਸਿਰਫ਼ ਸਾਰੇ ਦਰਵਾਜ਼ੇ ਹੀ ਖੋਲ੍ਹ ਦਿੱਤੇ ਹਨ, ਸਗੋਂ ਲਾਲ ਕਾਰਪੈਟ ਵੀ ਵਿਛਾਏ ਹੋਏ ਹਨ। ਬੀ ਜੇ ਪੀ ਦੀ ਚਿਰੋਕਣੀ ਖਾਹਿਸ਼ ਸੀ ਕਿ ਭਾਰਤੀ ਉੱਚ ਵਿੱਦਿਆ ਵਿੱਚ ਵਿਦੇਸ਼ੀ ਯੂਨੀਵਰਸਿਟੀਆਂ ਨੂੰ ਭਾਰਤ ਨੂੰ ਸਹਿਯੋਗ ਦੇਣ। 2015 ਵਿੱਚ ਬਣਾਈ ਕਮੇਟੀ ਦੀ ਰਿਪੋਰਟ ਵਿੱਚ ਵੀ ਇਸ ਦਾ ਜ਼ਿਕਰ ਮਿਲਦਾ ਹੈ। 2016 'ਚ ਨੀਤੀ ਅਯੋਗ ਨੇ ਵੀ ਇਹੋ ਸਿਫ਼ਾਰਸ਼ ਕੀਤੀ ਸੀ ਅਤੇ ਕੌਮੀ ਸਿੱਖਿਆ ਨੀਤੀ 2019 ਤੇ ਫਿਰ 2020 ਵਿੱਚ ਇਹ ਸਪੱਸ਼ਟ ਕਿਹਾ ਗਿਆ ਸੀ ਕਿ ਵਿਦੇਸ਼ੀ ਯੂਨੀਵਰਸਿਟੀਆਂ ਨੂੰ ਭਾਰਤ ਵਿੱਚ ਆਪਣੇ ਕੈਂਪਸ ਖੋਲ੍ਹਣ ਦੀ ਇਜਾਜ਼ਤ ਦਿਆਂਗੇ। ਇਹੋ ਮੁਹਾਰਨੀ 11 ਫ਼ਰਵਰੀ 2021 ਨੂੰ ਕੇਂਦਰੀ ਸਿੱਖਿਆ ਮੰਤਰੀ ਨੇ ਲੋਕ ਸਭਾ 'ਚ ਕਹੀ ਕਿ ਸਰਕਾਰ 100 ਉੱਚ ਵਿਦੇਸ਼ੀ ਯੂਨੀਵਰਸਿਟੀਆਂ ਨੂੰ ਭਾਰਤ ਵਿੱਚ ਆਪਣੇ ਕੈਂਪਸ ਖੋਲ੍ਹਣ ਦੀ ਇਜਾਜ਼ਤ ਦੇਵੇਗੀ। ਹੁਣ ਇਹ ਖੁੱਲ੍ਹ 500 ਲਈ ਹੋਵੇਗੀ।

ਯੂ ਜੀ ਸੀ ਦੇ ਚੇਅਰਮੈਨ ਨੇ ਕਿਹਾ ਹੈ ਕਿ ਉਨ੍ਹਾਂ ਮਈ 2022 ਤੱਕ 60 ਤੋਂ ਵੱਧ ਦੇਸ਼ਾਂ ਦੇ ਭਾਰਤ ਵਿੱਚ ਰਹਿੰਦੇ ਰਾਜਦੂਤਾਂ ਨਾਲ ਸੰਪਰਕ ਕੀਤਾ ਅਤੇ ਪਿੱਛੋਂ, ਆਕਰਸਫੋਰਡ ਯੂਨੀਵਰਸਿਟੀ, ਯੂਨੀਵਰਸਿਟੀ ਆਫ਼ ਸ਼ਿਕਾਗੋ, ਯੂਨੀ. ਆਫ਼ ਮੈਲਬੋਰਨ, ਕੈਲੀਫੋਰਨੀਆ, ਕੋਪੇਨ ਹੇਗਨ-ਮਿਸੀਗਨ, ਐਮਸਟਡਰਮ, ਸਿਡਨੀ, ਟੋਕੀਓ ਦੀਆਂ ਯੂਨੀਵਰਸਿਟੀਆਂ ਪ੍ਰਿੰਸਟਨ ਯੂਨੀਵਰਸਿਟੀ, ਸਟੈਨਫੋਰਡ ਅਤੇ ਯੇਲ ਯੂਨੀਵਰਸਿਟੀਆਂ ਨੇ ਹੁੰਗਾਰਾ ਭਰਿਆ।

ਸ਼ਾਇਦ ਦੁਨੀਆ ਦਾ ਪਹਿਲਾ ਦੇਸ਼ ਭਾਰਤ ਹੀ ਹੋਵੇਗਾ, ਜਿਹੜਾ ਆਪਣੀ ਉੱਚ ਵਿੱਦਿਆ ਜਿਸ 'ਚ ਤਕਨੀਕੀ ਤੇ ਮੈਡੀਕਲ ਸਮੇਤ ਖੋਜ ਦੀਆਂ ਸਾਰੀਆਂ ਬਰਾਂਚਾਂ ਆਉਂਦੀਆਂ ਹਨ, ਨੂੰ ਸਿੱਧੇ ਕਾਰਪੋਰੇਟ ਪੂੰਜੀ ਦੇ ਹਵਾਲੇ ਕਰ ਰਿਹਾ ਹੈ। ਉਨ੍ਹਾਂ ਦੇ ਮਾਹਰ ਇਹ ਦਲੀਲ ਦਿੰਦੇ ਹਨ ਕਿ 'ਭਾਰਤ ਵਿੱਚ ਐਜੂਕੇਸ਼ਨ' ਹੱਬ ਖੋਲ੍ਹਿਆ ਜਾ ਰਿਹਾ ਹੈ। ਉਹ ਇਸ ਨੂੰ ਡੁਬਈ 'ਚ ਵੱਸੇ ਅਕੈਡਮਿਕ ਸ਼ਹਿਰ ਦੀ ਤਰਜ਼ ਉਤੇ ਭਾਰਤ ਵਿੱਚ ਐਜੂਕੇਸ਼ਨ ਦੇ (ਸਨਅਤੀ ਅਦਾਰੇ (ਕਾਰਖਾਨੇ)) ਅਦਾਰੇ ਵੱਖ-ਵੱਖ ਸ਼ਹਿਰਾਂ ਵਿੱਚ ਖੋਲ੍ਹਣ ਦੇ ਰੂਪ ਵਿੱਚ ਪੇਸ਼ ਕਰ ਰਹੇ ਹਨ।

ਇਸ 'ਚ ਕੋਈ ਸ਼ੱਕ ਨਹੀਂ ਕਿ ਭਾਰਤੀ ਮੱਧ ਵਰਗ ਵਿੱਚ ਆਪਣੇ ਬੱਚਿਆਂ ਨੂੰ ਵਿਦੇਸ਼ਾਂ ਵਿੱਚ ਪੜ੍ਹਨ ਭੇਜਣ ਦਾ ਬੁਖਾਰ ਆਪਣੀ ਸਿਖਰ ਉੱਤੇ ਹੈ। ਪਿਛਲੇ ਸਾਲ 2022 'ਚ ਭਾਰਤ ਦੇ 450000 ਵਿਦਿਆਰਥੀ ਸਟੂਡੈਂਟਸ ਵੀਜ਼ਾ ਲੈ ਕੇ ਬਾਹਰ ਗਏ, ਜਿਸ ਨਾਲ ਭਾਰਤ ਦੀ 30 ਬਿਲੀਅਨ ਡਾਲਰ ਦੀ ਪੂੰਜੀ ਵੀ ਵਿਦੇਸ਼ਾਂ ਵਿੱਚ ਗਈ। ਇਹ ਸਿਲਸਿਲਾ ਕਈ ਸਾਲਾਂ ਤੋਂ ਚੱਲ ਰਿਹਾ ਹੈ। ਯੂ ਐੱਸ ਨੇ 125000 ਸਟੂਡੈਂਟਸ ਵੀਜ਼ੇ ਜਾਰੀ ਕੀਤੇ। ਵੈਸੇ ਵਿਦੇਸ਼ਾਂ ਵਿੱਚ ਪੜ੍ਹਨ ਵਾਲੇ ਬੱਚਿਆਂ ਦੀ ਗਿਣਤੀ 11 ਲੱਖ 33 ਹਜ਼ਾਰ 749 ਦੱਸੀ ਜਾ ਰਹੀ ਹੈ, ਜੋ ਸਰਕਾਰੀ ਰਿਕਾਰਡ ਮੁਤਾਬਕ ਹੈ। ਜਿਸ 'ਚ ਕੈਨੇਡਾ, ਅਮਰੀਕਾ, ਆਸਟਰੇਲੀਆ, ਸਾਊਦੀ ਅਰਬ, ਸੂਡਾਨ ਤੇ ਬ੍ਰਾਜ਼ੀਲ ਵੀ ਹਨ। ਇਨ੍ਹਾਂ ਵਿੱਚ ਦੋ ਤਰ੍ਹਾਂ ਦੇ ਬੱਚੇ ਹਨ, ਇੱਕ ਉਹ ਜਿਹੜੇ ਸਰਕਾਰੀ ਸਕਾਲਰਸ਼ਿਪ ਲੈ ਕੇ ਵਿਦੇਸ਼ੀ ਉੱਚ ਵਿੱਦਿਆ ਲੈਣ ਜਾਂਦੇ ਹਨ। ਦੂਸਰੇ ਉਹ ਜੋ ਆਪਣੇ ਪਰਵਾਰਕ ਪੈਸੇ ਲਾ ਕੇ ਬਾਹਰ ਜਾਂਦੇ ਹਨ। ਦੋਹਾਂ ਦੇ ਮੰਤਵ ਵੱਖ-ਵੱਖ ਹਨ। ਨਿੱਜੀ ਪੂੰਜੀ ਲਾ ਕੇ ਜਾਣ ਵਾਲਿਆਂ ਦੇ ਮੁਫ਼ਾਦ ਆਪਣੇ ਚੰਗੇ ਭਵਿੱਖ ਨਾਲ ਜੁੜਿਆ ਹੋਇਆ ਹੈ। ਇਹ ਜ਼ਿਕਰ ਕਰਨ ਦਾ ਮਤਲਬ ਐਨਾ ਹੀ ਹੈ ਕਿ ਵਿੱਦਿਆ ਇੱਕ ਪੂਰੀ ਸਨਅਤ ਵਾਂਗੂੰ ਵਿਕਸਤ ਹੋ ਚੁੱਕੀ ਹੈ। ਜਦੋਂ 30 ਅਰਬ ਡਾਲਰ ਦਾ ਕਾਰੋਬਾਰ ਹੋਵੇ ਤਾਂ ਹਰ ਕੋਈ ਇਸ ਕਾਰੋਬਾਰ ਵਿੱਚ ਪੂੰਜੀ ਲਾ ਕੇ ਮੁਨਾਫ਼ਾ ਕਮਾਉਣ ਲਈ ਤਤਪਰ ਹੋਵੇਗਾ। ਵੈਸੇ ਵਿਸ਼ਵ ਵਪਾਰ ਸੰਸਥਾ ਬਹੁਤ ਸਮੇਂ ਤੋਂ ਹੀ ਭਾਰਤ ਸਮੇਤ ਤੀਜੀ ਦੁਨੀਆਂ ਦੇ ਦੇਸ਼ਾਂ ਉੱਤੇ ਦਬਾ ਪਾ ਰਹੀ ਸੀ ਕਿ ਉਹ ਇਹ ਰਾਹਤ ਖੋਲ੍ਹਣ। ਕਾਂਗਰਸ ਸਰਕਾਰ ਨੇ ਕਈ ਵਾਰ ਡਰਦਿਆਂ-ਡਰਦਿਆ ਕੋਸ਼ਿਸ਼ ਕੀਤੀ ਪਰ ਹਰ ਵੇਰ ਹੱਥ ਪਿਛਾਂਹ ਖਿੱਚ ਲਿਆ ਯਾਦ ਹੋਵੇਗਾ ਸਾਲ 2010 ਵਿੱਚ ਲੋਕ ਸਭਾ ਵਿੱਚ-ਵਿਦੇਸ਼ੀ ਸਿੱਖਿਆ ਇੰਸਟੀਚਿਊਸ਼ਨ ਬਿਲ 2010-ਲਿਆਂਦਾ ਗਿਆ ਸੀ, ਪਰ ਪਾਸ ਨਹੀਂ ਸੀ ਹੋ ਸਕਿਆ ਸਤਾ ਤੇ ਬੈਠੀ ਭਾਜਪਾ ਨੇ ਹੀ ਉਸ ਦਾ ਵਿਰੋਧ ਕੀਤਾ ਪਿੱਛੋਂ ਹੋਰ ਚੋਰ ਮੋਰੀਆ ਰਾਹੀਂ ਕਈ ਨਾਮਵਰ ਭਾਰਤੀ ਕਾਲਜਾਂ, ਯੂਨੀਵਰਸਿਟੀ ਕਾਲਜਾਂ ਵਿਸ਼ੇਸ਼ ਕਰਕੇ ਪ੍ਰੋਫੈਸ਼ਨਲ ਕਾਲਜਾਂ ਨੇ ਵਿਦੇਸ਼ੀ ਯੂਨੀਵਰਸਿਟੀਆਂ ਤੇ ਹੋਰ ਤਕਨੀਕੀ ਸੰਸਥਾਵਾਂ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਸੰਬੰਧੀ ਸਮਝੌਤੇ ਕੀਤੇ। ਬਹੁਤ ਮਿਸਾਲਾਂ ਹਨ ਇੱਕ ਹੀ ਦਿਆਂਗੇ। ਔਰੰਗਾਬਾਦ ਇੰਸਟੀਚਿਊਸ਼ਨ ਆਫ਼ ਹੋਟਲ ਮੈਨੇਜਮੈਂਟ ਦਾ ਯੂ ਕੇ ਦੀ ਯੂਨੀਵਰਸਿਟੀ ਆਫ਼ ਹਡੱਰ ਸਫੀਲਡ ਨਾਲ ਦੋ ਕੋਰਸਾਂ ਸੰਬੰਧੀ ਸਮਝੌਤਾ ਹੋਇਆ ਸੀ। ਇਹ ਤੇ ਇਹੋ ਜਿਹੇ ਹੋਰ ਕਾਲਜ (ਪੰਜਾਬ 'ਚ ਨਰਸਿੰਗ ਕਾਲਜ) ਕੁਝ ਵਿੱਦਿਆ ਇਥੇ ਦਿੰਦੇ ਸਨ ਅਤੇ ਫਿਰ ਉਨ੍ਹਾਂ 'ਚੋਂ ਯੋਗ ਨੂੰ ਵਿਦੇਸ਼ਾਂ 'ਚ ਲਿਜਾ ਕੇ ਉਥੇ ਡਿਗਰੀ ਦੇ ਦਿੰਦੇ ਸਨ। ਇਸ ਗੈਰ ਕਾਨੂੰਨੀ ਧੰਦੇ ਦੀ ਆਲ ਇੰਡੀਆ ਕੌਂਸਿਲ ਆਫ਼ ਟੈਕਨੀਕਲ ਐਜੂਕੇਸ਼ਨ ਨੂੰ ਵੀ ਜਾਣਕਾਰੀ ਸੀ, ਯੂ ਜੀ ਸੀ ਨੂੰ ਵੀ ਤੇ ਭਾਰਤ ਸਰਕਾਰ ਨੂੰ ਵੀ। ਸਰਕਾਰ ਖੁਦ ਮੰਨਦੀ ਹੈ ਕਿ ਕਈ ਵਿਦੇਸ਼ੀ ਯੂਨੀਵਰਸਿਟੀਆਂ ਨੇ ਆਪਣੇ ਦਫ਼ਤਰ ਗੈਰ ਕਾਨੂੰਨੀ ਢੰਗ ਨਾਲ ਖੋਲ੍ਹਣ ਰੱਖੇ ਸਨ ਜਿਸ ਨਾਲ ਆਈਲੈਟ ਦਾ ਵੀ ਵੱਡਾ ਕਾਰੋਬਾਰ ਜੁੜਿਆ ਹੋਇਆ ਹੈ।

2021 ਵਿੱਚ ਵੀ ਕੁਝ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਸਨ। ਪਰ ਇਸ 'ਚ ਪੂਰੇ ਦਰਵਾਜ਼ੇ ਖੋਲ੍ਹਣ ਤੋਂ ਤਾਂ ਗੁਰੇਜ਼ ਕੀਤਾ ਸੀ। ਪਿਛਲੇ ਦਰਵਾਜ਼ਿਉਂ ਕਾਲਜਾਂ ਤੇ ਯੂਨੀਵਰਸਿਟੀਆਂ ਨੂੰ ਵਿਦੇਸ਼ੀ ਯੂਨੀਵਰਸਿਟੀ ਤੇ ਸਿੱਖਿਆ ਅਦਾਰਿਆਂ ਨਾਲ ਸਾਂਝ-ਭਿਆਲੀ ਪਾਉਣ ਦੀ ਖੁੱਲ੍ਹ ਦਿੱਤੀ ਗਈ ਸੀ। ਭਾਵ ਗੈਰ-ਕਾਨੂੰਨੀ ਕੰਮ ਨੂੰ ਮੋਦੀ ਹਕੂਮਤ ਨੇ ਕਾਨੂੰਨੀ ਮਾਨਤਾ ਦੇ ਦਿੱਤੀ ਸੀ। ਅਜਿਹੀ ਹੀ ਇੱਕ ਮਿਸਾਲ ਗੁਜਰਾਤ ਮਾਡਲ ਦੀ ਦਿੱਤੀ ਜਾਂਦੀ ਹੈ, ਜਿਥੇ-ਵਿਦੇਸ਼ੀ ਯੂਨੀਵਰਸਿਟੀਆਂ ਦੇ ਸਹਿਯੋਗ ਨਾਲ ਗੁਜਰਾਤ ਇੰਟਰਨੈਸ਼ਨਲ ਫਿਨਾਂਸ ਟੈਕਸਿਟੀ Tec ਸਿਟੀ (ਜਿਸ ਨੂੰ Gift) ਕਿਹਾ ਜਾਂਦਾ ਹੈ-ਜ਼ਰੂਰ ਸਥਾਪਤ ਕੀਤਾ ਸੀ। ਵੈਸੇ 2005 ਵਿੱਚ ਸਪੈਸ਼ਲ ਐਜੂਕੇਸ਼ਨ ਐਕਸੀਲੈਂਸ ਜ਼ੋਨ ਦੀ ਗੱਲ ਜ਼ਰੂਰ ਚੱਲੀ ਸੀ, ਜਿਹਦਾ ਮਾਡਲ ਸਪੈਸ਼ਲ ਆਰਥਿਕ ਜ਼ੋਨ (ਸੇਜ਼) ਵਰਗਾ ਮਿਲਿਆ ਸੀ। ਯੂ ਜੀ ਸੀ ਦੇ ਅਜੋਕੇ ਦਸਤਾਵੇਜ਼ ਵਿੱਚ ਇਹ ਪੁਖ਼ਤਾ ਕੀਤਾ ਗਿਆ ਹੈ।

ਯੂ ਜੀ ਸੀ ਨੇ ਵਿਦੇਸ਼ੀ ਯੂਨੀਵਰਸਿਟੀਆਂ ਨੂੰ ਆਪਣੇ ਕੈਂਪਸ ਉਸਾਰਨ, ਦਾਖਲਿਆਂ, ਫੀਸਾਂ, ਫੰਡਾਂ ਅਤੇ ਨਿਯੁਕਤੀਆਂ ਅਤੇ ਉਸ ਸੰਬੰਧੀ ਸ਼ਰਤਾਂ ਦੀ ਪੂਰਨ ਖੁਦਮੁਖਤਿਆਰੀ ਦਿੱਤੀ ਹੈ। ਸਰਕਾਰ ਦੀ ਦਲੀਲ ਹੈ ਕਿ ਇਹ ਵਿਦੇਸ਼ੀ ਵਿਦਿਅਕ ਅਦਾਰੇ ਸੌ ਫ਼ੀਸਦੀ ਪੈਸਾ ਆਪਣਾ ਹੀ ਲਾਉਣਗੇ, ਭਾਰਤ ਕੋਈ ਗ੍ਰਾਂਟ ਨਹੀਂ ਦੇਵੇਗਾ। ਭਾਵ ਇਹ ਬਿਜ਼ਨੈੱਸ ਹੈ, ਜੋ ਪੈਸਾ ਲਾਵੇਗਾ, ਉਹ ਮੁਨਾਫ਼ਾ ਕਮਾਵੇਗਾ। ਇਹ ਅਰਥ ਸ਼ਾਸ਼ਤਰ ਦਾ ਸਿੱਧਾ ਅਸੂਲ ਹੈ। 500 ਦੇ ਕਰੀਬ ਕੋਰਸਾਂ ਦੀ ਖੁੱਲ੍ਹ ਹੈ ਅਤੇ ਆਪਣੀ ਮਰਜ਼ੀ ਨਾਲ ਵਧਾ-ਘਟਾ ਸਕਦੇ ਹਨ। ਇਥੇ ਹੀ ਬਸ ਨਹੀਂ ਯੂ ਜੀ ਸੀ ਤਾਂ ਵਿਦੇਸ਼ੀ ਯੂਨੀਵਰਸਿਟੀਆਂ ਉਤੇ ਐਨੀ ਮਿਹਰਬਾਨ ਹੈ ਕਿ ਉਨ੍ਹਾਂ ਨੂੰ ਆਪਣੇ ਮਾਂ ਅਦਾਰੇ ਭਾਵ ਆਪਣੇ ਦੇਸ਼ ਬਿਨਾਂ ਟੈਕਸ ਤੋਂ ਪੈਸੇ ਭੇਜਣ ਦੀ ਵੀ ਖੁੱਲ੍ਹੀ ਛੋਟ ਦਿੱਤੀ ਹੋਈ ਹੈ। ਭਾਵ ਫਾਰਮ ਐਕਸਚੈਂਜ ਮੈਨੇਜਮੈਂਟ ਐਕਟ (FERA) 1999 ਅਧੀਨ ਲੱਗਣਵਾਲੇ ਟੈਕਸਾਂ ਤੋਂ ਮੁਕਤ ਹੋਣਗੇ। ਜੇ ਇਹ ਵਿੱਦਿਆ ਦਾ ਵਪਾਰ ਨਹੀਂ ਤਾਂ ਕੀ ਹੈ। ਵਿਦੇਸ਼ਾਂ ਵਿੱਚ ਪੜ੍ਹਨ ਗਏ ਬੱਚੇ ਜਾਣਦੇ ਹਨ ਕਿ ਉਨ੍ਹਾਂ ਸੰਸਥਾਵਾਂ ਦੀਆਂ ਫ਼ੀਸਾਂ ਕੀ ਹਨ? ਜਦੋਂ ਇੱਥੇ ਸਰਕਾਰ ਦੀ ਜਾਂ ਯੂ ਜੀ ਸੀ ਨੇ ਕੋਈ ਲਗਾਮ ਹੀ ਨਹੀਂ ਰੱਖੀ, ਸਮੁੱਚੀ ਖੁਦਮੁਖਤਿਆਰੀ ਦੇ ਦਿੱਤੀ ਹੈ ਤਾਂ ਫਿਰ ਮਨਮਰਜ਼ੀ ਉਨ੍ਹਾਂ ਦੀ ਚੱਲੇਗੀ। ਇਹ ਤਾਂ ਗ੍ਰਾਂਟ ਕਮਿਸ਼ਨ ਦੇ ਚੇਅਰਮੈਨ ਨੇ ਵੀ ਸਾਫ਼ ਕਰ ਦਿੱਤਾ ਕਿ ਉਨ੍ਹਾਂ ਕੈਂਪਸ ਵਿੱਚ ਯੂਨੀਵਰਸਿਟੀ ਨਾਲ ਸੰਬੰਧਤ ਮਾਮਲਿਆਂ ਵਿੱਚ ਸਾਡੀ ਕੋਈ ਦਖ਼ਲ- ਅੰਦਾਜ਼ੀ ਨਹੀਂ ਹੋਵੇਗੀ। ਸਿਰਫ਼ ਯੂਨੀਵਰਸਿਟੀ ਅੰਦਰ ਜਿਸਮਾਨੀ ਝਗੜਿਆਂ ਨੂੰ ਹੀ ਭਾਰਤੀ ਕਾਨੂੰਨ ਤਹਿਤ ਨਜਿੱਠਿਆ ਜਾਵੇਗਾ। ਸਾਫ਼ ਹੈ ਕਿ ਇਹ ਕਾਰਪੋਰੇਟ ਵਿਦਿਅਕ ਪੂੰਜੀ ਦੇ ਸਪੈਸ਼ਲ ਐਜੂਕੇਸ਼ਨਲ ਐਕਸੀਲੈਂਟ ਜ਼ੋਨ ਹੋਣਗੇ। ਦੁਨੀਆ ਦਾ ਕੋਈ ਵੀ ਦੇਸ਼ ਅਜਿਹਾ ਨਹੀਂ, ਜਿਹਨੇ ਐਨੀਆਂ ਛੋਟਾਂ ਦਿੱਤੀਆਂ ਹੋਣ ਪਹਿਲਾ ਤਾਂ ਵਧੇਰੇ ਦੇਸ਼ਾਂ ਦੀਆਂ ਸਰਕਾਰਾਂ ਨੇ ਵਿੱਦਿਆ ਨੂੰ ਸਰਕਾਰੀ ਜ਼ਿੰਮੇਦਾਰੀ ਸਮਝਿਆ ਇਸ ਦੇ ਬੱਜਟ ਨੂੰ ਪਹਿਲੇ ਦੇ ਆਧਾਰ ਉੱਤੇ ਤਵੱਜੋਂ ਦਿੱਤੀ ਹੈ। ਕਈ ਦੇਸ਼ਾਂ ਵਿੱਚ ਤਾਂ ਮੁੱਢਲੀ ਤੋਂ ਪੀ ਜੀ ਤੱਕ ਦੀ ਵਿੱਦਿਆ ਦੀ ਜ਼ਿੰਮੇਵਾਰੀ ਹੀ ਸਰਕਾਰਾਂ ਨੇ ਉਟੀ ਹੈ। ਵਿਦੇਸ਼ੀ ਯੂਨੀਵਰਸਿਟੀਆਂ ਦੇ ਕੈਂਪ ਖੋਲ੍ਹਣ ਦੀ ਇਜਾਜ਼ਤ ਦਿੱਤੀ ਸੀ, ਪਰ ਸਖ਼ਤ ਸ਼ਰਤਾਂ ਹੇਠ ਤੇ ਸਰਕਾਰੀ ਕੰਟਰੋਲ ਤਹਿਤ-1 ਪਰ ਭਾਰਤੀ ਹਾਕਮਾਂ ਤਾਂ ਸੰਗ ਦੇ ਸਾਰੇ ਕੱਪੜੇ ਹੀ ਲਾਹ ਦਿੱਤੇ ਹਨ। ਫਕੈਲਟੀ ਵਿਭਾਗਾਂ ਦੇ ਨਿਯਮਾਂ, ਨਿਯੁਕਤੀ ਦੀ ਯੋਗਤਾ, ਸੈਲਰੀ, ਸਰਵਿਸ ਕੰਡੀਸ਼ਨ ਵਿੱਚ ਜਦੋਂ ਇਨ੍ਹਾਂ ਵਿਦੇਸ਼ੀ ਅਦਾਰਿਆਂ ਨੂੰ ਅਜ਼ਾਦੀ ਹੋਵੇਗੀ ਤੇ ਭਾਰਤੀ ਮਾਪਦੰਡ ਤੇ ਕਾਨੂੰਨਾਂ ਤੋਂ ਮੁਕਤ ਹੋਣਗੇ ਤਾਂ ਉਥੇ ਕੰਮ ਕਰਨ ਵਾਲੇ ਪ੍ਰੋਫ਼ੈਸਰਾਂ ਕਰਮਚਾਰੀਆਂ ਖੋਜਰਖੀਆ ਦੀ ਕੀ ਹੈਸੀਅਤ ਹੋਵੇਗੀ? ਗ੍ਰਾਂਟ ਕਮਿਸ਼ਨ ਕਹਿੰਦਾ ਹੈ ਕਿ ਇਨ੍ਹਾਂ ਵਿਦੇਸ਼ੀ ਯੂਨੀਵਰਸਿਟੀਆਂ ਵੱਲੋਂ ਆਪਣੇ ਦੇਸ਼ ਦੇ ਮਿਆਰ ਮੁਤਾਬਕ ਯੋਗਤਾ ਪ੍ਰਾਪਤ ਵਿੱਦਿਅਕ ਮਾਹਰ ਭਰਤੀ ਕਰਨ ਲਈ ਕਿਹਾ ਗਿਆ ਹੈ। ਇੱਕ ਅਮਰੀਕਾ ਵਿੱਚ ਰਹਿਣ ਤੇ ਪੜ੍ਹਾਉਣ ਵਾਲਾ ਵਾਲਾ ਪ੍ਰੋਫ਼ੈਸਰ ਭਾਰਤ ਨੂੰ ਕਿਵੇਂ ਤਰਜੀਹ ਦੇਵੇਗਾ। ਦੂਸਰਾ ਭਾਰਤ ਵਿੱਚ ਇਹ ਅਦਾਰੇ ਕੀ ਅਮਰੀਕਾ ਦੇ ਪੱਧਰ ਦੀਆਂ ਸ਼ੈਲਰੀਆਂ ਆਪਣੇ ਸਟਾਫ਼ ਨੂੰ ਮੁਹੱਈਆ ਕਰਵਾ ਸਕਣਗੇ? ਉਹ ਮੁਨਾਫ਼ਾ ਕਮਾਉਣ ਆ ਰਹੇ ਹਨ। ਇਸ ਦੇਸ਼ ਦੇ ਭਵਿੱਖ ਦਾ ਨਿਰਮਾਣ ਕਰਨ ਨਹੀਂ ਆ ਰਹੇ। ਲਾਜ਼ਮੀ ਹੈ ਸਸਤੇ ਅਤੇ ਘੱਟ ਯੋਗਤਾ ਵਾਲਿਆਂ ਦੀ ਹੀ ਯੂਨੀਵਰਸਿਟੀਆਂ ਚੋਣ ਕਰਨਗੀਆਂ ਵੈਸੇ ਵੀ ਕਿਸੇ ਯੋਗਤਾ ਦਾ ਮਿਆਰ ਉਨ੍ਹਾਂ (ਸਰਟੀਫਿਕੇਟਾਂ) ਡਿਗਰੀਆਂ ਨਾਲ ਨਹੀਂ ਮਾਪਿਆ ਜਾ ਸਕਦਾ। ਡਿਗਰੀ ਹੋਣੀ ਤੇ ਯੋਗਤਾ ਹੋਣੀ ਦੋਵੇਂ ਅਲੱਗ-ਅਲੱਗ ਹਨ। ਇਤਿਹਾਸ ਉੱਤੇ ਪੀ ਐੱਚ ਡੀ ਕਰਨ ਵਾਲਾ ਹਰ ਵਿਦਿਆਰਥੀ ਇਤਿਹਾਸਕਾਰ ਨਹੀਂ ਬਣ ਜਾਂਦਾ।

ਪਹਿਲਾਂ ਹੀ ਉੱਚ ਵਿੱਦਿਆ-ਤਕਨੀਕੀ ਇੰਜੀਨੀਅਰਿੰਗ, ਮੈਡੀਕਲ, ਮੈਨੇਜਮੈਂਟ ਆਦਿ ਦੇ ਕਈ ਖੇਤਰ ਨਿੱਜੀ ਕਾਲਜਾਂ, ਯੂਨੀਵਰਸਿਟੀਆਂ ਦੇ ਅਧੀਨ ਹਨ। ਸਰਕਾਰੀ ਕਾਲਜਾਂ ਨੂੰ ਤਾਂ 90ਵਿਆਂ ਤੋਂ ਪਿੱਛੋਂ ਜਿਵੇਂ ਸਰਕਾਰ ਨੇ ਅਣਡਿੱਠ ਕੀਤਾ ਹੈ, ਇਹ ਅਲੱਗ ਵਿਸ਼ਾ ਹੈ। ਨਿੱਜੀ ਉੱਚ ਵਿੱਦਿਆ ਦੇ ਕਾਲਜਾਂ ਲਈ ਫ਼ੀਸਾਂ ਪ੍ਰਮੁੱਖ ਹਨ ਤੇ ਫਿਰ ਡਿਗਰੀਆਂ ਦੇਣੀਆਂ। ਉਹ ਆਪਣੇ ਕਿਤੇ/ਵਿਸ਼ੇ ਦੇ ਕਿੰਨੇ ਮਾਹਰ ਹਨ। ਇਹਦੀ ਸਿਰਦਰਦੀ ਯੂਨੀਵਰਸਿਟੀਆਂ ਨੂੰ ਨਹੀਂ ਹੁੰਦੀ, ਨਾ ਹੀ ਉਨ੍ਹਾ ਦਾ ਸਮਾਜ ਨਾਲ ਕੋਈ ਸੰਬੰਧ, ਰਾਬਤਾ ਤੇ ਲਗਾਅ ਹੁੰਦਾ ਹੈ। ਹਾਲਾਂਕਿ ਸਰਕਾਰ ਦਾ ਦਾਅਵਾ ਹੈ ਕਿ "ਸਾਡੀਆਂ ਪ੍ਰਾਈਵੇਟ ਨਿੱਜੀ ਯੂਨੀਵਰਸਿਟੀਆਂ ਨੇ ਵੱਡੀ ਸਮਰੱਥਾ ਦਾ ਰੋਲ ਨਿਭਾਇਆ ਹੈ।" ਉਂਝ ਤਾਂ ਪ੍ਰਧਾਨ ਮੰਤਰੀ ਨੇ ਇੱਕ ਅਜਿਹੀ ਸੰਸਥਾ ਦੇ ਉਦਘਾਟਨ ਸਮੇਂ ਜਿਹਦੀ ਅਜੇ ਬਿਲਡਿੰਗ ਲਈ ਜ਼ਮੀਨ ਹੀ ਖਰੀਦੀ ਗਈ ਸੀ ਅਤੇ ਮਹਿਜ਼ ਨਾਮਕਰਨ ਹੀ ਕੀਤਾ ਸੀ, ਨੂੰ ਉੱਚ ਪਾਏ ਦੇ ਸੰਸਥਾਨ 'ਚ ਗਿਣ ਕੇ 1000 ਕਰੋੜ ਰੁਪਏ ਦੀ ਗ੍ਰਾਂਟ ਵੀ ਦੇ ਛੱਡੀ ਸੀ। ਉਧਰ ਸਰਕਾਰੀ ਮੈਡੀਕਲ ਕਾਲਜਾਂ, ਆਈ ਆਈ ਟੀ ਇੰਜੀਨੀਅਰਿੰਗ ਤੇ ਤਕਨੀਕੀ ਸੰਸਥਾਵਾਂ ਅਤੇ ਯੂਨੀਵਰਸਿਟੀਆਂ ਦੇ ਫੰਡਾਂ ਉਤੇ ਕਟੌਤੀਆਂ ਲਾ ਕੇ ਉਨ੍ਹਾਂ ਨੂੰ 'ਆਤਮ ਨਿਰਭਰ' ਹੋਣ ਦੇ ਉਪਦੇਸ਼ ਦਿੱਤੇ ਜਾ ਰਹੇ ਹਨ। ਕੌਮੀ ਸਿੱਖਿਆ ਨੀਤੀ ਵਿੱਚ ਸਿੱਖਿਆ ਦਾ ਬੱਜਟ ਵਧਾਉਣ ਦੀ ਕਵਾਇਦ ਕਰਨ ਵਾਲੀ ਭਾਜਪਾ ਸਰਕਾਰ ਨੇ ਪਿਛਲੇ ਦੋ ਸਾਲਾਂ 'ਚ ਲਗਾਤਾਰ ਸਿੱਖਿਆ ਦੇ ਬੱਜਟ ਵਿੱਚ ਵੀ ਕਟੌਤੀ ਕੀਤੀ ਹੈ। ਜਿਨ੍ਹਾਂ ਵਿਦੇਸ਼ਾਂ ਦੀ ਨਕਲ ਕਰਦੇ ਹਨ, ਉਨ੍ਹਾਂ ਦਾ ਸਿੱਖਿਆ ਬੱਜਟ ਉਨ੍ਹਾਂ ਦੀ ਜੀ ਡੀ ਪੀ ਦਾ ਸਾਡੇ ਨਾਲੋਂ ਕਈ ਗੁਣਾਂ ਵਧੇਰੇ ਹੈ।

ਦਰਅਸਲ ਭਾਰਤੀ ਹਕੂਮਤ ਨੇ ਦੇਸ਼ ਦੇ ਬੱਚਿਆਂ ਨੂੰ ਸਿੱਖਿਆ (ਵਿੱਦਿਆ) ਦੇਣ ਤੋਂ ਹੱਥ ਖੜੇ ਕਰ ਦਿੱਤੇ ਹਨ ਅਤੇ ਆਪਣੀ ਸੰਵਿਧਾਨਕ ਜ਼ਿੰਮੇਵਾਰੀ ਨੂੰ ਲਾਹ ਕੇ ਸੁੱਟ ਦਿੱਤਾ ਹੈ। ਉਹ ਨਿੱਜੀ ਤੇ ਕਾਰਪੋਰੇਟੀ ਪੂੰਜੀ ਦੇ ਹਵਾਲੇ ਅਤੇ ਉਨ੍ਹਾਂ ਦੇ ਰਹਿਮੋ-ਕਰਮ ਉੱਤੇ ਛੱਡ ਦਿੱਤਾ ਹੈ। ਸੋ ਜੋ ਵਿੱਦਿਆ ਨਿੱਜੀ ਤੇ ਵਿਦੇਸ਼ੀ ਕਾਰਪੋਰੇਟ ਦੇਣਗੇ, ਉਹ ਸਮਾਜ ਨਿਰਮਾਣ ਵਿੱਚ ਤਾਂ ਕਦਾਚਿਤ ਭੂਮਿਕਾ ਨਹੀਂ ਨਿਭਾਏਗੀ ਸਿਰਫ਼ ਪੂੰਜੀ ਤੇ ਕਾਰਪੋਰੇਟਾਂ ਦੇ ਵਿਸਥਾਰ ਤੇ ਮੁਨਾਫਿਆਂ ਦੀ ਸੇਵਾ ਵਿੱਚ ਹੀ ਜੁਟੀ ਰਹੇਗੀ ਅਤੇ ਅਜਿਹੇ ਹੀ ਮਨੁੱਖ ਦੀ ਸਿਰਜਣਾ ਕਰੇਗੀ।

ਹਾਂ ਉਹ ਮੱਧ ਵਰਗ ਜਮਾਤ ਜਿਨ੍ਹਾਂ ਨੂੰ ਵਿਦੇਸ਼ੀ ਅਦਾਰਿਆਂ 'ਚ ਬੱਚੇ ਪੜ੍ਹਾਉਣ ਦੀ ਲਲਕ ਲੱਗੀ ਰਹਿੰਦੀ ਹੈ ਅਤੇ ਕਈ ਪੱਛੜ ਜਾਂਦੇ ਹਨ ਉਨ੍ਹਾਂ ਨੂੰ ਮੌਕਾ ਮਿਲ ਜਾਵੇਗਾ ਉਹ ਮੋਟੀਆ ਫੀਸਾਂ ਦੇ ਕੇ ਵਿਦੇਸ਼ਾਂ ਵਿਚਲੇ ਕੋਰਸਾਂ ਨੂੰ ਇਥੇ ਹੀ ਪੂਰਾ ਕਰਾ ਲੈਣਗੇ। ਜਾਂ ਫਿਰ ਅਫ਼ਰੀਕਨ ਤੇ ਏਸ਼ੀਅਨ ਮੁਲਕਾਂ ਲਈ ਭਾਰਤ ਵਿੱਚ ਵਿਦੇਸ਼ੀ ਯੂਨੀਵਰਸਿਟੀਆਂ ਦੀ ਹੱਬ ਸੁਖਗਵਾਰ ਹੋਵੇਗੀ। ਇਹਦਾ ਇੱਕ ਅਸਰ ਇਹ ਵੀ ਪਵੇਗਾ ਕਿ ਉੱਚ ਪੱਧਰ ਦੀ ਬੋਧਿਕ ਸਮਰੱਥਾ ਨੂੰ ਵਿਦੇਸ਼ੀ ਕਾਰਪੋਰੇਟ ਕੰਪਨੀਆਂ ਛਾਂਟ ਕੇ ਲੈ ਜਾਇਆ ਕਰਨਗੀਆ। ਭਾਵ ਬਰੇਨ ਡਰੇਨ ਦੀ ਉੱਚ ਕਵਾਲਟੀ ਦੀ ਨਿਕਾਸੀ ਹੋਵੇਗੀ।

ਨਿੱਜੀ ਯੂਨੀਵਰਸਿਟੀਆਂ ਵਾਂਗੂੰ ਹੀ ਵਿਦੇਸ਼ੀ ਯੂਨੀਵਰਸਿਟੀਆਂ ਦੀਆਂ ਬਿਲਡਿੰਗਾਂ ਤਾਂ ਚਕਾਚੌਂਧ ਵਾਲੀਆਂ ਹੋਣਗੀਆਂ, ਪਰ ਇੱਥੇ ਜੋ ਮਹੌਲ ਹੋਵੇਗਾ, ਜਿਹੋ ਜਿਹਾ ਵਾਤਾਵਰਨ ਹੋਵੇਗਾ, ਉਹ ਕਿਹੋ ਜਿਹੇ ਖੋਜਾਰਥੀ ਤੇ ਮਾਹਰ ਪੈਦਾ ਕਰੇਗਾ ਅਤੇ ਉਨ੍ਹਾਂ ਦਾ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਕੀ ਅਹਿਸਾਸ ਹੋਵੇਗਾ? ਇਹ ਕੋਈ ਭੁੱਲਿਆ ਹੋਇਆ ਨਹੀਂ। ਵਿੱਦਿਅਕ ਅਦਾਰੇ ਮਹਿਜ਼ ਡਿਗਰੀਆਂ ਵੰਡਣ ਲਈ ਨਹੀਂ ਹੁੰਦੇ, ਉਨ੍ਹਾਂ ਦੀ ਭੂਮਿਕਾ ਸਮਾਜ ਨਿਰਮਾਣ ਦੀ ਵੀ ਹੁੰਦੀ ਹੈ। ਕੀ ਭਾਰਤ ਵਿਚਲੇ ਉੱਚ ਪੱਧਰੀ ਵਿੱਦਿਆ ਦੇ ਅਦਾਰੇ ਉਹ ਯੂਨੀਵਰਸਿਟੀਆਂ ਹੋਣ, ਆਈ ਆਈ ਟੀਜ਼ ਜਾਂ ਇੰਜੀਨੀਅਰਿੰਗ ਦੇ ਅਦਾਰੇ ਇਸ ਦੇ ਸਮਰੱਥ ਨਹੀਂ ਸਨ। ਦੁਨੀਆ ਦੀਆਂ ਉਪਰਲੀਆਂ ਯੂਨੀਵਰਸਿਟੀਆਂ ਵਿੱਚ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਬੰਗਲੌਰ ਦੀ ਇੰਡੀਅਨ ਇੰਸੀਟੀਚਿਊਸ਼ਨ, ਜਾਮੀਆ ਮਿਲੀਆ ਯੂਨੀਵਰਸਿਟੀ ਜਾਦਾਵਪੁਰ ਯੂਨੀਵਰਸਿਟੀ ਕਲਕੱਤਾ, ਆਈ ਆਈ ਟੀ ਮਦਰਾਸ, ਖੜਗਪੁਰ, ਦਿੱਲੀ ਆਦਿ ਕਈ ਉੱਚ ਪੱਧਰ ਦੀਆਂ ਸੰਸਥਾਵਾਂ ਸਨ, ਜਿਨ੍ਹਾਂ ਪ੍ਰਤੀ ਭਾਜਪਾ ਸਰਕਾਰ ਦਾ ਨਜ਼ਰੀਆ ਹੀ ਕੁਝ ਹੋਰ ਰਿਹਾ ਹੈ। ਭਾਜਪਾ ਹਕੂਮਤ ਨੇ ਇਨ੍ਹਾਂ ਵਿਸ਼ਵ ਪੱਧਰੀ ਬੌਧਿਕ ਵਿਕਾਸ ਵਾਲੀਆਂ ਸੰਸਥਾਵਾਂ ਨੂੰ ਤਬਾਹ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ। ਭਾਰਤ ਦੇ ਵਿਸ਼ਵ ਪੱਧਰੀ 41 ਉੱਚ ਵਿੱਦਿਆ ਦੇ ਅਦਾਰਿਆਂ ਦਾ ਵਿਸਥਾਰ ਕੀਤਾ ਜਾ ਸਕਦਾ ਸੀ ਅਤੇ ਭਾਰਤੀ ਬੱਚਿਆਂ ਨੂੰ ਉੱਚ ਵਿੱਦਿਆ ਦੇਣ ਦੀ ਜ਼ਿੰਮੇਵਾਰੀ ਨਿਭਾਈ ਜਾ ਸਕਦੀ ਸੀ, ਪਰ ਹਕੂਮਤਾਂ ਨੇ ਇੱਥੋਂ ਦੇ ਵਿੱਦਿਅਕ ਪ੍ਰਬੰਧ ਨੂੰ ਦੇਸ਼ ਦੀਆਂ ਲੋੜਾਂ ਮੁਤਾਬਕ ਉਸਾਰਨ ਨੂੰ ਤਵੱਜੋਂ ਨਹੀਂ ਦਿੱਤੀ। 30 ਫ਼ੀਸਦੀ ਵਿਦੇਸ਼ੀ ਯੂਨੀਵਰਸਿਟੀਆਂ ਆਪਣੇ ਦੇਸ਼ਾਂ ਦੀਆਂ ਸਰਕਾਰਾਂ ਪਾਸੋਂ ਸਬਸਿਡੀਆਂ ਲੈਂਦੀਆਂ ਹਨ। ਜਿੰਨੀ ਚੰਗੀ ਸੰਸਥਾ, ਉਨੀ ਹੀ ਜ਼ਿਆਦਾ ਸਬਸਿਡੀ, ਪਰ ਭਾਰਤੀ ਹਕੂਮਤ ਨੇ ਦੇਸ਼ ਅੰਦਰਲੇ ਉੱਚ ਪਾਏ ਦੇ ਵਿੱਦਿਅਕ ਅਦਾਰਿਆਂ ਦਾ ਗਲਾ ਘੁੱਟਣ 'ਚ ਕੋਈ ਕਸਰ ਨਹੀਂ ਛੱਡੀ। ਵੈਸੇ ਹਾਕਮ ਵਿਸ਼ਵ ਗੁਰੂ ਬਣਨ ਦੇ ਦਮਗਜੇ ਮਾਰਦੇ ਹਨ, ਪਰ ਗਿਆਨ ਦੀ ਨਿਰਭਰਤਾ ਵਿਦੇਸ਼ੀਆਂ ਉੱਤੇ ਰਹੇਗੀ।

ਇਸ ਸੰਬੰਧੀ ਬਹੁਤ ਸਵਾਲ ਉੱਠਣਗੇ ਕਿ ਕੀ ਇਨ੍ਹਾਂ ਵਿਦੇਸ਼ੀ ਅਦਾਰਿਆਂ ਵਿੱਚ ਮਨੁੱਖੀ ਸਮਾਜਿਕ ਪੱਧਰ ਦੇ ਵਿਦਿਆਰਥੀ ਤਿਆਰ ਕਰਨ ਵਾਲਾ ਕੋਈ ਮਾਹੌਲ ਹੋਵੇਗਾ। ਮੋਟੀਆਂ ਫੀਸਾਂ ਅਦਾ ਕਰਨ ਵਾਲੇ ਵਿਦਿਆਰਥੀ ਕਿਹੋ ਜਿਹੇ ਇਨਸਾਨ ਹੋਣਗੇ। ਸਰਕਾਰੀ, ਨਿੱਜੀ ਤੇ ਵਿਦੇਸ਼ੀ ਯੂਨੀਵਰਸਿਟੀਆਂ 'ਚ ਪੜ੍ਹੇ ਵਿਦਿਆਰਥੀ ਕੀ ਗੈਰ ਬਰਾਬਰੀ ਨੂੰ ਹੋਰ ਨਹੀਂ ਵਧਾਉਣਗੇ? ਵਿਦੇਸ਼ੀ ਯੂਨੀਵਰਸਿਟੀ ਤੇ ਨਿੱਜੀ ਵਿਦਿਅਕ ਸੰਸਥਾਵਾਂ ਦੇ ਖੁੱਲ੍ਹਣ ਪਿੱਛੋਂ ਸਰਕਾਰੀ ਵਿਦਿਅਕ ਸੰਸਥਾਵਾਂ ਦਾ ਕੀ ਹਸ਼ਰ ਹੋਵੇਗਾ? ਸਮਾਜ ਦਾ ਕਿੱਡਾ ਵੱਡਾ ਵਰਗ ਜਿਨ੍ਹਾਂ ਕੋਲ ਸੀਮਤ ਸਾਧਨ ਹਨ, ਕੀ ਉੱਚ ਪੱਧਰੀ ਵਿੱਦਿਆ ਹਾਸਲ ਕਰਨ ਤੋਂ ਵਾਂਝਿਆਂ ਹੋ ਜਾਵੇਗਾ? ਦਰਅਸਲ ਇਹ ਫੈਸਲੇ ਦੇਸ਼ ਦੇ ਲੋਕਾਂ ਨਾਲ ਖਿਲਵਾੜ ਹਨ। ਕੀ ਸਰਕਾਰ ਆਪਣੇ ਦੇਸ਼ ਦੇ ਨਾਗਰਿਕਾਂ ਨੂੰ ਸੰਵਿਧਾਨਕ ਅਹਿਦ ਮੁਤਾਬਕ ਸਸਤੀ, ਬਰਾਬਰ ਅਤੇ ਮੁਫ਼ਤ ਵਿੱਦਿਆ ਦੇਣ ਦੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ? ਗ੍ਰਾਂਟ ਕਮਿਸ਼ਨ ਦੇ ਮਸੌਦੇ 'ਚ ਇੱਕ ਮੱਦ ਦਰਜ ਹੈ ਕਿ ਵਿਦੇਸ਼ੀ ਯੂਨੀਵਰਸਿਟੀਆਂ ਵਿੱਚ ਦੇਸ਼ ਦੀ ਏਕਤਾ ਅਤੇ ਆਖੰਡਤਾ ਨੂੰ ਆਂਚ ਦੇਣ ਵਾਲੀ ਵਿੱਦਿਆ ਦੇਣ, ਖੋਜ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਜਿਸ ਉੱਤੇ ਸਵਾਲ ਪੁੱਛਣ ਉਤੇ ਕਮਿਸ਼ਨ ਨੇ ਸਾਫ਼ ਕੀਤਾ ਕਿ ਵਿਦੇਸ਼ੀ ਅਦਾਰੇ ਭਾਰਤੀ ਜਾਤ-ਪਾਤੀ, ਧਰਮ, ਮੁਗਲ ਕਾਲ ਆਦਿ ਦੇ ਸੰਬੰਧੀ ਖੋਜ ਨਹੀਂ ਕਰ ਸਕਣਗੇ। ਕੀ ਦੇਸ਼ ਦੇ ਅੰਦਰੂਨੀ ਏਕਤਾ ਤੇ ਆਖੰਡਤਾ ਨੂੰ ਭਾਰਤੀ ਸਮਾਜਿਕ ਪ੍ਰਬੰਧ ਤੇ ਇੱਥੋਂ ਦੀ ਧਾਰਮਿਕ ਬਣਤਰ ਇਤਿਹਾਸ ਤੋਂ ਖਤਰਾ ਹੈ? ਕਿੰਨੀ ਹਾਸੋਹੀਣੀ ਸ਼ਰਤ ਹੈ।

ਵਿੱਦਿਆ ਦੇ ਖੇਤਰ ਵਿੱਚ ਸਰਕਾਰ ਫੰਡ ਦੇਣਾ ਨਹੀਂ ਚਾਹੁੰਦੀ ਅਤੇ ਚੰਗੀ ਮਿਆਰੀ ਅਤੇ ਗੁਣਵੱਤਤਾ ਵਾਲੀ ਉੱਚੀ ਵਿੱਦਿਆ ਲਈ ਨਿੱਜੀ ਤੇ ਵਿਦੇਸ਼ੀ ਪੂੰਜੀ ਤੋਂ ਮਦਦ ਭਾਲ ਰਹੀ ਹੈ। ਯੂਨੀਵਰਸਿਟੀ ਗ੍ਰਾਂਟ ਅਯੋਗ ਇੱਕ ਦੰਭੀ ਅਯੋਗ ਹੈ। ਵੈਸੇ ਕੌਮੀ ਸਿੱਖਿਆ ਨੀਤੀ ਵਿੱਚ ਇਸ ਨੂੰ ਸਾਧਨ ਤੇ ਤਾਕਤ ਵਿਹੂਣੇ ਕਰ ਦਿੱਤਾ ਗਿਆ ਹੈ, ਪਰ ਆਪਣੇ ਨਿਪੁੰਸ਼ਕ ਹੋਣ ਤੋਂ ਪਹਿਲਾਂ ਇਹਨੇ ਆਪਣੇ ਹੀ 1956 ਵਿੱਚ ਅਪਣਾਏ ਕਾਇਦੇ-ਕਾਨੂੰਨਾਂ ਨੂੰ ਛਿੱਕੇ ਟੰਗ ਕੇ ਵਿਦੇਸ਼ੀ ਯੂਨੀਵਰਸਿਟੀਆਂ ਨੂੰ ਇਥੇ ਜੋ ਖੁੱਲ੍ਹ ਦਿੱਤੀ ਹੈ, ਇਹ ਭਾਰਤੀ ਉੱਚ ਵਿੱਦਿਆ ਲਈ ਇੱਕ ਖ਼ਤਰਨਾਕ ਕਦਮ ਹੈ। ਭਾਰਤੀ ਹਕੂਮਤ ਨੇ ਵਿੱਦਿਆ ਦੇ ਖੇਤਰ ਵਿੱਚ ਹਾਰ ਕਬੂਲ ਕਰ ਲਈ ਹੈ। ਜਦੋਂ ਹਕੂਮਤ ਦੀਆਂ ਨਜ਼ਰਾਂ ਨਿੱਜੀ ਤੇ ਵਿਦੇਸ਼ੀ ਪੂੰਜੀ ਉੱਤੇ ਟਿਕ ਜਾਣ ਜਾਂ ਨਿਰਭਰਤਾ ਹੋ ਜਾਵੇ ਤਾਂ ਸਮਝੋ ਦੇਸ਼ ਦੇ ਭਵਿੱਖ ਦਾ 'ਰੱਬ ਵੀ ਰਾਖਾ' ਨਹੀਂ। ਇਹ ਆਜ਼ਾਦੀ ਦੌਰਾਨ ਲਏ ਸਭ ਲਈ ਮੁਫ਼ਤ ਤੇ ਬਰਾਬਰ ਵਿੱਦਿਆ ਦੇ ਸੰਕਲਪ ਤੋਂ ਮੂੰਹ ਫੇਰਨਾ ਹੈ।

ਵਿਦੇਸ਼ੀ ਯੂਨੀਵਰਸਿਟੀਆਂ ਬਾਰੇ ਇਹ ਫੈਸਲਾ ਗਲਤ ਹੈ, ਲੋਕ ਧਰੋਹੀ ਹੈ ਅਤੇ ਅਪਰਾਧਿਕ ਵੀ ਹੈ। ਆਪਣੇ ਦੇਸ਼ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਅਜਿਹੇ ਫੈਸਲਿਆਂ ਦਾ ਡਟਵਾਂ ਵਿਰੋਧ ਹੋਣਾ ਚਾਹੀਦਾ ਹੈ। ਇਹ ਭਾਰਤੀ ਨਾਗਰਿਕਾਂ ਦੇ ਸੰਵਿਧਾਨ 'ਚ ਦਰਜ ਬੁਨਿਆਦੀ ਵਿੱਦਿਆ ਦੇ ਹੱਕ ਤੋਂ ਵਾਂਝਿਆਂ ਕਰਨ ਵਾਲਾ ਕਦਮ ਹੈ, ਜਿਸ ਨੂੰ ਕਦਾਚਿਤ ਪ੍ਰਵਾਨ ਨਹੀਂ ਕੀਤਾ ਜਾਣਾ ਚਾਹੀਦਾ। ਇਸ ਵਿਰੁੱਧ ਜ਼ੋਰਦਾਰ ਆਵਾਜ਼ ਉੱਠਣੀ ਚਾਹੀਦੀ ਹੈ।

*# ਸੰਪਰਕ : 93544-30211*

# ਵਿਸ਼ਵ ਭਰ 'ਚ ਮਹਾਂਮਾਰੀ ਦਾ ਰੂਪ ਲੈ ਰਹੀ ਹੈ ਸਿਗਰਟਨੋਸ਼ੀ

**ਸੁਖਮੰਦਰ ਸਿੰਘ ਤੂਰ**

ਵਿਸ਼ਵ ਸਿਹਤ ਸੰਸਥਾ ਦੇ ਏਜੰਡੇ 'ਤੇ ਅੱਜ ਸਿਗਰਟਨੋਸ਼ੀ ਦਾ ਮਸਲਾ ਪਹਿਲੇ ਨੰਬਰ 'ਤੇ ਆ ਗਿਆ ਹੈ। ਇਕ ਰਿਪੋਰਟ ਅਨੁਸਾਰ ਵਿਸ਼ਵ ਭਰ ਵਿਚ ਹਰ ਸਾਲ ਘੱਟੋ-ਘੱਟ 12 ਤੋਂ 15 ਲੱਖ ਲੋਕ ਤੰਬਾਕੂ ਅਤੇ ਸਿਗਰਟ ਦੇ ਇਸਤੇਮਾਲ ਕਾਰਨ ਆਪਣੀ ਪੂਰੀ ਉਮਰ ਭੋਗਣ ਤੋਂ ਪਹਿਲਾਂ ਮਰ ਜਾਂਦੇ ਹਨ। ਸੰਸਥਾ ਦੁਆਰਾ ਕੀਤੇ ਗਏ ਇਕ ਸਰਵੇਖਣ ਅਨੁਸਾਰ ਦੁਨੀਆ ਭਰ ਵਿਚ ਸਿਗਰਟ ਪੀਣ ਦੇ ਸ਼ੌਕੀਨਾਂ ਦੀ ਸੰਖਿਆ 2:1 ਦੇ ਅਨੁਪਾਤ ਮੁਤਾਬਿਕ ਵਧ ਰਹੀ ਹੈ। ਇਸ ਸਮੇਂ ਸੰਸਾਰ ਭਰ ਵਿਚ ਡੇਢ ਅਰਬ ਤੋਂ ਵੀ ਵੱਧ ਲੋਕ ਸਿਗਰਟ ਪੀਂਦੇ ਹਨ। ਸੰਸਥਾ ਨੇ ਜੋ ਰਿਪੋਰਟ ਤਿਆਰ ਕੀਤੀ ਹੈ, ਉਹ ਦੱਸਦੀ ਹੈ ਕਿ ਵਿਸ਼ਵ ਭਰ ਵਿਚ ਹਰ ਸਾਲ ਫੇਫੜਿਆਂ ਦੇ ਕੈਂਸਰ ਦੇ 15 ਲੱਖ ਤੋਂ ਵੱਧ ਕੇਸ ਸਾਹਮਣੇ ਆ ਰਹੇ ਹਨ। ਇਨ੍ਹਾਂ ਕੇਸਾਂ 'ਚੋਂ ਜ਼ਿਆਦਾਤਰ ਕੇਸ ਸਿਗਰਟਨੋਸ਼ੀ ਨਾਲ ਸੰਬੰਧਤ ਹਨ।

ਸਿਗਰਟ ਪੀਣ ਨਾਲ 90 ਫੀਸਦੀ ਫੇਫੜਿਆਂ ਦਾ ਕੈਂਸਰ, 10 ਫੀਸਦੀ ਹੋਰ ਕਈ ਪ੍ਰਕਾਰ ਦੇ ਕੈਂਸਰ ਜਿਵੇਂ ਅੰਤੜੀਆਂ, ਮਿਹਦੇ ਅਤੇ ਜਿਗਰ ਦੇ ਕੈਂਸਰ ਸ਼ਾਮਲ ਹਨ। 75 ਫੀਸਦੀ ਕੇਸ ਸਾਹ, ਦਮੇ ਦੀ ਮਾਰੂ ਤਕਲੀਫ ਦੇ ਸਾਹਮਣੇ ਆਏ ਹਨ। 25 ਤੋਂ 30 ਫੀਸਦੀ ਕੇਸ ਸਿੱਧੇ ਦਿਲ ਦੇ ਰੋਗਾਂ ਨਾਲ ਸੰਬੰਧਤ ਹਨ। ਅੱਜ ਤੋਂ 30-35 ਸਾਲ ਪਹਿਲਾਂ ਦੀ ਤੁਲਨਾ ਅਨੁਸਾਰ ਇਸ ਸਮੇਂ ਤੰਬਾਕੂ ਦੀ 65 ਤੋਂ 70 ਫੀਸਦੀ ਜ਼ਿਆਦਾ ਖਪਤ ਹੋਣ ਲੱਗੀ ਹੈ। ਸੰਸਥਾ ਅਨੁਸਾਰ ਦੁਨੀਆ ਭਰ ਦੇ ਸਿਗਰਟ ਪੀਣ ਦੇ ਸ਼ੌਕੀਨ ਜੇਕਰ ਇਸ ਸ਼ੌਕ ਵਿਚ ਕਮੀ ਨਹੀਂ ਕਰਦੇ ਤਾਂ ਯਕੀਨਨ 2025 ਤੱਕ ਫੇਫੜਿਆਂ ਦੇ ਕੈਂਸਰ ਨਾਲ ਮਰਨ ਵਾਲਿਆਂ ਦੀ ਗਿਣਤੀ 70 ਫੀਸਦੀ ਨੂੰ ਪਾਰ ਕਰ ਜਾਵੇਗੀ। ਸੰਸਥਾ ਦਾ ਇਹ ਵੀ ਕਹਿਣਾ ਹੈ ਕਿ ਵਾਤਾਵਰਣ ਨੂੰ ਦੂਸ਼ਿਤ ਕਰਨ ਵਾਲੇ ਬਾਕੀ ਘਾਤਕ ਤੱਤਾਂ ਦੀ ਤੁਲਨਾ ਮੁਤਾਬਕ ਤੰਬਾਕੂ ਨਾਲ ਕਿਤੇ ਵੱਧ ਲੋਕਾਂ ਦੀ ਮੌਤ ਹੋ ਜਾਂਦੀ ਹੈ।

ਵਰਣਨਯੋਗ ਪਹਿਲੂ ਇਹ ਹੈ ਕਿ ਸਿਗਰਟ ਪੀਣ ਵਾਲੀਆਂ ਔਰਤਾਂ ਵਿਚ ਫੇਫੜਿਆਂ ਅਤੇ ਛਾਤੀ ਦੇ ਕੈਂਸਰ ਨੇ ਆਪਣਾ ਪ੍ਰਭਾਵ ਵਧਾਇਆ ਹੈ। ਇਸ ਨਾਲ ਮਰਨ ਵਾਲੀਆਂ ਔਰਤਾਂ ਦੀ ਗਿਣਤੀ ਸਾਲਾਨਾ ਦੋ ਲੱਖ ਤੋਂ ਵਧ ਕੇ ਢਾਈ ਲੱਖ ਹੋ ਗਈ ਹੈ। ਇਸ ਖੋਜ ਤੋਂ ਸਪੱਸ਼ਟ ਹੋ ਗਿਆ ਹੱਦ ਤੋਂ ਵੱਧ ਸਿਗਰਟ ਪੀਣ ਵਾਲੀਆਂ ਔਰਤਾਂ ਦੀ ਬੱਚੇ ਜੰਮਣ ਦੀ ਪ੍ਰਕਿਰਿਆ 'ਤੇ ਵੀ ਬਹੁਤ ਮਾੜਾ ਅਸਰ ਪੈਂਦਾ ਹੈ। ਅਮਰੀਕੀ ਨੈਸ਼ਨਲ ਖੋਜ ਸੰਸਥਾਨ ਅਤੇ ਬੱਚਿਆਂ ਦੀ ਸਿਹਤ ਸੰਭਾਲ ਸੰਸਥਾ ਦੇ ਮੁਖੀ ਡਾ. ਪੇਟਰੀ ਧਿਆਨੋ ਨੇ ਤਾਂ ਇੱਥੋਂ ਤੱਕ ਕਹਿ ਦਿੱਤਾ ਹੈ ਕਿ ਸਿਗਰਟਨੋਸ਼ੀ ਕਰਨ ਵਾਲੀਆਂ ਔਰਤਾਂ ਦੇ ਬੱਚੇ ਕਮਜ਼ੋਰ ਅਤੇ ਦਿਮਾਗੀ ਤੌਰ 'ਤੇ ਬਹੁਤ ਹੀ ਰੋਗੀ ਹੁੰਦੇ ਹਨ, ਜੋ ਅਕਸਰ ਜਨਮ ਲੈਣ ਤੋਂ ਬਾਅਦ ਜਾਂ ਬਾਲਪਨ ਦੀ ਉਮਰ ਵਿਚ ਹੀ ਦਮ ਤੋੜ ਦਿੰਦੇ ਹਨ।

ਇੰਗਲੈਂਡ ਦੇ ਰਾਇਲ ਫਿਜੀਸ਼ੀਅਰ ਕਾਲਜ ਨੇ ਆਪਣੀ ਇਕ ਰਿਪੋਰਟ ਵਿਚ ਆਖਿਆ ਹੈ ਕਿ ਸਿਗਰਟ ਅੱਜ ਦੇ ਯੁੱਗ 'ਚ ਮੌਤਾਂ ਅਤੇ ਬਿਮਾਰੀਆਂ ਦਾ ਓਨਾ ਵੱਡਾ ਕਾਰਨ ਹੈ, ਜਿੰਨਾ ਕਿ ਪਹਿਲਾਂ ਮਹਾਂਮਾਰੀਆਂ ਹੋਇਆ ਕਰਦੀਆਂ ਸਨ। ਖੋਜਕਾਰਾਂ ਦੀ ਰਾਇ ਮੁਤਾਬਕ ਸਿਗਰਟ ਅਤੇ ਤੰਬਾਕੂ ਦਾ ਪ੍ਰਯੋਗ ਮੁੱਖ ਮਹਾਂਮਾਰੀ ਹੈ, ਜੋ ਕਿ ਬਾਕੀ ਬਿਮਾਰੀਆਂ ਦੀ ਤੁਲਨਾ ਵਿਚ ਸਭ ਤੋਂ ਵੱਧ ਘਾਤਕ ਹੈ। ਵਿਕਾਸਸ਼ੀਲ ਅਤੇ ਅਰਧ ਵਿਕਾਸਸ਼ੀਲ ਦੇਸ਼ ਅੱਜ ਸਾਰੇ ਇਸ ਨਾ ਮੁਰਾਦ ਆਦਤ ਦੀ ਲਪੇਟ ਵਿਚ ਆ ਗਏ ਹਨ।

ਵਿਸ਼ਵ ਸਿਹਤ ਸੰਸਥਾ ਦੀ ਪੱਤ੍ਰਿਕਾ "ਵਰਲਡ ਹੈਲਥ" ਦੇ ਇਕ ਅੰਕ 'ਚ ਸਿਗਰਟ ਛੱਡਣ ਦੀ ਰੂਪ-ਰੇਖਾ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ ਹੈ ਕਿ ਸਿਗਰਟ ਹਮੇਸ਼ਾ ਲਈ ਭਾਵੇਂ ਨਾ ਛੱਡੋ। "ਪੀ ਇਕ" ਜੀਵਨ ਦਾ ਖਾਸ ਨਿਯਮ ਜ਼ਰੂਰ ਅਪਣਾਓ, ਜੋ ਕਿ ਬਹੁਤ ਜ਼ਰੂਰੀ ਹੈ। ਇਸ ਨੂੰ ਪਹਿਲਾਂ ਇਕ ਦਿਨ ਲਈ ਛੱਡੋ। ਆਪਣੇ ਸਾਰੇ ਦੋਸਤਾਂ/ਮਿੱਤਰਾਂ, ਸਕੇ-ਸੰਬੰਧੀਆਂ ਅਤੇ ਨਾਲ ਦੇ ਜਾਣ-ਪਛਾਣ ਵਾਲਿਆਂ ਨੂੰ ਜ਼ਰੂਰ ਦੱਸੋ ਕਿ ਮੈਂ ਸਿਗਰਟ ਛੱਡ ਦਿੱਤੀ ਹੈ। ਜੇਕਰ ਫਿਰ ਵੀ ਵਾਰ-ਵਾਰ ਸਿਗਰਟ ਪੀਣ ਦੀ ਤਲਬ ਜਾਗਦੀ ਹੈ ਤਾਂ ਥੋੜ੍ਹੀ ਦੇਰ ਲਈ ਰੁਕੋ, ਜ਼ਰਾ ਸੋਚੋ ਕਿ ਕੀ ਸਿਗਰਟ ਪੀਣਾ ਜ਼ਰੂਰੀ ਹੈ? ਸਿਗਰਟਨੋਸ਼ੀ ਜਾਂ ਚੰਗੀ ਸਿਹਤ ਦੀ ਚੋਣ ਤੁਸੀਂ ਆਪ ਕਰਨੀ ਹੈ । ਬਾਕੀ ਇਸ ਨਾ-ਮੁਰਾਦ ਆਦਤ ਤੋਂ ਛੁਟਕਾਰਾ ਪਾਉਣ ਲਈ ਕੋਸ਼ਿਸ਼ਾਂ ਤਾਂ ਕਰਨੀਆਂ ਹੀ ਹੋਣਗੀਆਂ।

**ਪਿੰਡ ਤੇ ਡਾਕ - ਖੋਸਾ ਪਾਂਡੋ, (ਮੋਗਾ) ।**

# ਬਹੁਪੱਖੀ ਸ਼ਖਸੀਅਤ ਸੀ ਕਾਮਰੇਡ ਜਸਵੰਤ ਸਿੰਘ

**ਜਗਦੀਸ਼ ਚਾਹਲ**



ਮਨੁੱਖੀ ਜੀਵਨ ਵਿੱਚ ਮੌਤ ਇੱਕ ਅਟੱਲ ਵਰਤਾਰਾ ਹੈ, ਜਿਸ ਨੇ ਹਰ ਕਿਸੇ ਨੂੰ ਇੱਕ ਨਾ ਇੱਕ ਦਿਨ ਆਪਣੇ ਕਲਾਵੇ ਵਿੱਚ ਲੈ ਲੈਣਾ ਹੈ। ਕੋਈ ਵੀ ਐਸਾ ਮਨੁੱਖ, ਜੋ ਬਹੁਪੱਖੀ ਸ਼ਖਸੀਅਤ ਹੋਵੇ, ਮਨੁੱਖੀ ਕਦਰਾਂ-ਕੀਮਤਾਂ ਦਾ ਧਾਰਨੀ, ਸੱਚ ਦਾ ਪਹਿਰੇਦਾਰ ਅਤੇ ਸਮੁੱਚੇ ਸਮਾਜ ਨੂੰ ਖ਼ੁਸ਼ਹਾਲ ਵੇਖਣਾ ਲੋਚਦਾ ਹੋਵੇ ਤਾਂ ਅਜਿਹੇ ਮਨੁੱਖ ਦੀ ਮੌਤ ਦਾ ਘਾਟਾ ਵਿਆਪਕ ਹੁੰਦਾ ਹੈ। ਕਾਮਰੇਡ ਜਸਵੰਤ ਸਿੰਘ, ਜੋ ਜੀਵਨ ਦੀਆਂ 83 ਬਹਾਰਾਂ ਮਾਣ ਕੇ 04 ਜਨਵਰੀ ਦੇ ਦਿਨ ਇਸ ਦੁਨੀਆ ਨੂੰ ਅਲਵਿਦਾ ਆਖ ਗਏ। ਇਸ ਇਨਕਲਾਬੀ ਯੋਧੇ ਨੂੰ ਆਖਰੀ ਸਮੇਂ 'ਤੇ ਹਰ ਵਰਗ ਦੇ ਲੋਕਾਂ ਵੱਲੋਂ ਉਹੀ ਸਨਮਾਨ ਮਿਲਿਆ, ਜਿਸ ਦਾ ਉਹ ਸੱਚਮੁੱਚ ਹੱਕਦਾਰ ਸੀ।

ਅੱਜ 12 ਜਨਵਰੀ ਨੂੰ ਉਹਨਾ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਸਮੇਂ ਉਹਨਾ ਦੇ ਜੱਦੀ ਪਿੰਡ ਚੱਕ ਸਿਕੰਦਰ ਵਿਖੇ ਜ਼ਰੂਰੀ ਹੈ ਕਿ ਉਨ੍ਹਾ ਦੇ ਮੁੱਲਵਾਨ ਜੀਵਨ ਦਾ ਜ਼ਿਕਰ ਕੀਤਾ ਜਾਵੇ। ਸਾਥੀ ਜਸਵੰਤ ਸਿੰਘ ਦਾ ਜਨਮ 15 ਸਤੰਬਰ 1939 ਨੂੰ ਮਾਤਾ ਗੁਰਚਰਨ ਕੌਰ ਦੀ ਕੁੱਖੋ ਪਿਤਾ ਦੀਦਾਰ ਸਿੰਘ ਦੇ ਵਿਹੜੇ ਪਿੰਡ ਚੱਕ ਸਕੰਦਰ, ਤਹਿਸੀਲ ਅਜਨਾਲਾ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਹੋਇਆ। ਤਿੰਨ ਭੈਣਾਂ ਅਤੇ ਤਿੰਨ ਭਰਾਵਾਂ ਵਿੱਚੋ ਸਭ ਤੋਂ ਵੱਡੇ ਸਨ । ਪਰਵਾਰ ਵੱਡਾ ਹੋਣ ਕਾਰਨ ਆਪ ਨੇ ਮੈਟ੍ਰਿਕ ਦੀ ਪੜ੍ਹਾਈ ਕਰਨ ਉਪਰੰਤ 1958 ਵਿੱਚ ਬਤੌਰ ਕੰਡਕਟਰ ਅੰਮ੍ਰਿਤਸਰ ਡਿਪੂ ਵਿੱਚ ਭਰਤੀ ਹੋ ਗਏ। ਭਰਤੀ ਹੋਣ ਉਪਰੰਤ ਹੀ ਲਾਲ ਝੰਡੇ ਦੀ ਜਥੇਬੰਦੀ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ ਦੇ ਸਰਗਰਮ ਮੈਂਬਰ ਬਣ ਗਏ। ਜਲਦ ਹੀ ਆਪ ਦੀ ਇਮਾਨਦਾਰੀ ਅਤੇ ਮਿਹਨਤ ਦੀ ਛਾਪ ਉੱਚ-ਅਧਿਕਾਰੀਆਂ ਅਤੇ ਜਥੇਬੰਦੀ ਦੇ ਆਗੂਆਂ ਉਪਰ ਅਸਰ ਦਿਖਾਉਣ ਲੱਗ ਪਈ। 1968 ਵਿੱਚ ਬੋਨਸ ਦੀ ਪ੍ਰਾਪਤੀ ਲਈ ਕੀਤੀ ਹੜਤਾਲ ਸਮੇਂ ਆਪ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ। ਤਿੰਨ ਮਹੀਨੇ ਜੇਲ ਉਪਰੰਤ ਸਰਕਾਰ ਨਾਲ ਹੋਏ ਸਮਝੌਤੇ ਮੁਤਾਬਕ 8.33 ਰੁਪਏ ਬੋਨਸ ਦੀ ਪ੍ਰਾਪਤੀ ਹੋਈ ਅਤੇ ਜੇਲ੍ਹ ਵਿੱਚ ਰਹਿਣ ਦਾ ਸਮਾਂ ਡਿਊਟੀ ਸਮਾਂ ਮੰਨਿਆ ਗਿਆ।

1969 ਵਿੱਚ ਜਥੇਬੰਦਕ ਸਰਗਰਮੀਆਂ ਨੂੰ ਦੇਖਦੇ ਹੋਏ ਆਪ ਨੂੰ ਅੰਮ੍ਰਿਤਸਰ ਡਿਪੂ ਦਾ ਜਨਰਲ ਸਕੱਤਰ ਬਣਾਇਆ ਗਿਆ। ਆਪ ਨੇ ਜਸਵੰਤ ਸਮਰਾ, ਨਛੱਤਰ ਧਾਲੀਵਾਲ, ਗੁਰਬਖਸ਼ ਮੁੱਲਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਅਨੇਕਾਂ ਸੰਘਰਸ਼ ਲੜੇ ਅਤੇ ਜਿੱਤਾਂ ਪ੍ਰਾਪਤ ਕੀਤੀਆਂ। ਇਹਨਾਂ ਸੰਘਰਸ਼ਾਂ ਵਿੱਚ ਟੀ.ਏ. ਓਵਰਟਾਇਮ, ਬੋਨਸ, ਵਰਦੀਆਂ, ਬੱਸਾਂ ਦੇ ਫਲੀਟ ਵਿੱਚ ਵਾਧਾ, ਵਰਕਸ਼ਾਪਾਂ ਅਤੇ ਬੱਸ ਅੱਡਿਆਂ ਦਾ ਨਿਰਮਾਣ ਵਰਣਨਯੋਗ ਹਨ। ਆਪ ਦੀ ਇਮਾਨਦਾਰੀ ਅਤੇ ਪ੍ਰਤੀਬੱਧਤਾ ਨੂੰ ਦੇਖਦੇ ਹੋਏ ਸੈਂਟਰ ਬਾਡੀ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਅਫਸਰਸ਼ਾਹੀ ਦੀ ਨਰਾਜ਼ਗੀ ਝੱਲਦੇ ਹੋਏ ਆਪ ਦੀ ਕਈ ਵਾਰ ਬਦਲੀ ਚੰਡੀਗੜ੍ਹ, ਲੁਧਿਆਣੇ ਅਤੇ ਮੋਗੇ ਵੀ ਹੋਈ, ਪਰ ਕਦੇ ਵੀ ਕਿਸੇ ਕਿਸਮ ਦੀ ਸਿਫਾਰਸ਼ ਜਾਂ ਅਫਸਰਸ਼ਾਹੀ ਦਾ ਤਰਲਾ ਨਹੀਂ ਮਾਰਿਆ, ਬਲਕਿ ਜਥੇਬੰਦਕ ਤਾਕਤ ਨਾਲ ਆਪਣੇ ਹੱਕ ਪ੍ਰਾਪਤ ਕੀਤੇ। ਆਪਣੀ ਸੂਝ-ਬੂਝ, ਇਮਾਨਦਾਰੀ ਅਤੇ ਮਿਹਨਤ ਸਦਕਾ ਨਾ ਕੇਵਲ ਟਰਾਂਸਪੋਰਟ ਬਲਕਿ ਸਿਖਿਆ, ਸਿਹਤ,ਬਿਜਲੀ ਬੋਰਡ,ਅਧਿਆਪਕ ਅਤੇ ਕਲਾਸ ਫੋਰ ਜਥੇਬੰਦੀਆਂ ਦਾ ਵੀ ਪ੍ਰਵਾਨਿਤ ਆਗੂ ਵਜੋਂ ਮਕਬੂਲ ਹੋਏ। ਸਾਲ 1965 ਵਿਚ ਆਪ ਦਾ ਵਿਆਹ ਬੀਬੀ ਨਰਿੰਦਰ ਕੌਰ ਨਾਲ ਪਿੰਡ ਦਿਆਲ ਭੜੰਗ ਵਿੱਚ ਹੋਇਆ, ਜੋ ਕਿੱਤੇ ਵਜੋਂ ਅਧਿਆਪਕ ਸਨ। ਦੋ ਬੇਟੀਆਂ ਪ੍ਰਭਜੋਤ ਅਤੇ ਨਵਜੋਤ ਕੌਰ ਪੈਦਾ ਹੋਈਆਂ। ਬੇਟੀਆਂ ਨੂੰ ਜਿਥੇ ਉਚ ਵਿਦਿਆ ਪ੍ਰਾਪਤ ਕਰਵਾਈ, ਉਥੇ ਹੀ ਭਤੀਜੇ, ਦੋਹਤੇ-ਦੋਹਤੀਆਂ ਲਈ ਵੀ ਬਰਾਬਰ ਦੀ ਜ਼ਿੰਮੇਵਾਰੀ ਨਿਭਾਈ। ਅੱਜ ਦੇ ਸਰਮਾਏਦਾਰੀ ਯੁੱਗ ਵਿੱਚ ਜਿਥੇ ਪੈਸਾ ਸਰਵਉਚ ਸਮਝਿਆ ਜਾਂਦਾ ਹੈ, ਕਾਮਰੇਡ ਜਸਵੰਤ ਨੇ ਹਮੇਸ਼ਾ ਰਿਸ਼ਤਿਆਂ ਨੂੰ ਪਹਿਲ ਦਿੱਤੀ। ਪਤਨੀ 31 ਮਾਰਚ 1997 ਨੂੰ ਆਪਣੇ ਅਹੁਦੇ ਤੋਂ ਸੇਵਾਮੁਕਤ ਹੋਏ। ਕਾਮਰੇਡ ਜਸਵੰਤ 30 ਸਤੰਬਰ 1997 ਨੂੰ ਬਤੌਰ ਚੀਫ ਇੰਸਪੈਕਟਰ ਅੰਮ੍ਰਿਤਸਰ ਡਿਪੂ ਵਿੱਚੋਂ ਸੇਵਾਮੁਕਤ ਹੋਏ।

ਸੇਵਾਮੁਕਤੀ ਉਪਰੰਤ ਵੀ ਕਾਮਰੇਡ ਜਸਵੰਤ ਨੇ ਆਪਣੇ ਪੂਰੇ ਪਰਵਾਰ ਖਾਸਕਰ ਧਰਮ ਪਤਨੀ ਦੇ ਸਹਿਯੋਗ ਸਦਕਾ ਜਥੇਬੰਦਕ ਸਰਗਰਮੀਆਂ ਸ਼ਾਨਦਾਰ ਤਰੀਕੇ ਨਾਲ ਜਾਰੀ ਰੱਖੀਆਂ। ਉਹ ਪੰਜਾਬ ਪੈਨਸ਼ਨਰ ਯੂਨੀਅਨ ਦੇ ਸੂਬਾਈ ਆਗੂ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਕੌਂਸਲ ਮੈਂਬਰ ਦੇ ਤੌਰ 'ਤੇ ਸਰਗਰਮੀ ਨਾਲ ਕੰਮ ਕਰਦੇ ਰਹੇ। ਸਾਥੀ ਨੂੰ ਵੱਡਾ ਸਦਮਾ ਪਤਨੀ ਦੀ ਮੌਤ 31 ਦਸੰਬਰ 2016 ਵਿੱਚ ਲੱਗਿਆ। ਪਰਵਾਰ ਅਤੇ ਸਾਥੀਆਂ ਦੇ ਹੌਸਲੇ ਸਦਕਾ ਇਸ ਸਦਮੇ ਵਿੱਚੋਂ ਉਭਰਦੇ ਹੋਏ ਆਪਣੀਆਂ ਸਮਾਜਿਕ ਗਤੀਵਿਧੀਆ ਨੂੰ ਜਾਰੀ ਰੱਖਿਆ। ਸਾਥੀ ਜਸਵੰਤ ਜਿੱਥੇ ਇੱਕ ਪ੍ਰਤੀਬੱਧ ਸਮਰੱਥ ਟਰੇਡ ਯੂਨੀਅਨ ਆਗੂ ਦੇ ਤੌਰ 'ਤੇ ਆਪਣੀ ਵੱਖਰੀ ਪਹਿਚਾਣ ਛੱਡ ਗਿਆ, ਉਥੇ ਹੀ ਰਾਜਨੀਤਕ ਤੌਰ 'ਤੇ ਵੀ ਦੱਬੇ-ਕੁਚਲੇ ਅਤੇ ਲੋੜਵੰਦ ਲੋਕਾਂ ਦੇ ਬੇਹਤਰ ਜੀਵਨ ਲਈ ਹਮੇਸ਼ਾ ਸੰਘਰਸ਼ਸ਼ੀਲ ਰਹੇ। ਇਸ ਵਿਚਾਰ ਦੇ ਪੱਕੇ ਧਾਰਨੀ ਸਨ ਕਿ ਸਰਮਾਏਦਾਰੀ ਪੱਖੀ ਰਾਜਨੀਤਕ ਪਾਰਟੀਆਂ ਕਦੇ ਵੀ ਲੋਕਾਈ ਦੇ ਭਲੇ ਦੀਆਂ ਨੀਤੀਆਂ ਲਾਗੂ ਨਹੀਂ ਕਰ ਸਕਦੀਆਂ ਸਗੋਂ ਉਹ ਕੇਵਲ ਅਮੀਰਾਂ ਨੂੰ ਹੋਰ ਵਧੇਰੇ ਅਮੀਰ ਬਣਾਉਣ ਦਾ ਕੰਮ ਕਰਦੀਆਂ ਹਨ।

ਉਹਨਾਂ ਦੇ ਸੁਭਾਅ ਦਾ ਇੱਕ ਵੱਖਰਾ ਪੱਖ ਇਹ ਵੀ ਸੀ ਕਿ ਕਦੇ ਉਹਨਾਂ ਨੂੰ ਗੁੱਸਾ ਹੁੰਦੇ ਨਹੀਂ ਦੇਖਿਆ ਬਲਕਿ ਸਦਾ ਚੜ੍ਹਦੀ ਕਲਾ ਵਿੱਚ ਅਤੇ ਖੁਸ਼ਮਿਜਾਜ਼ ਰਹਿਣ ਵਾਲੇ ਮਨੁੱਖ ਸਨ। ਅੱਜ ਇਹ ਸ਼ਾਨਦਾਰ ਮਨੁੱਖ ਥੋੜ੍ਹਾ ਸਮਾਂ ਬਿਮਾਰ ਰਹਿਣ ਉਪਰੰਤ ਸਾਨੂੰ ਸਭ ਨੂੰ ਵਿਛੋੜਾ ਦੇ ਗਿਆ ਹੈ। ਉਹਨਾ ਦੇ ਪਰਵਾਰਕ ਮੈਂਬਰ, ਰਿਸ਼ਤੇਦਾਰ ਅਤੇ ਅਸੀਂ ਸਾਰੇ ਹੀ ਉਹਨਾ ਦੇ ਤੁਰ ਜਾਣ ਦਾ ਭਾਣਾ ਮੰਨਦੇ ਹਾਂ। ਇਸ ਮੁੱਲਵਾਨ ਵਿਅਕਤੀ ਵੱਲੋਂ ਸਮਾਜ ਲਈ ਪਾਏ ਪੂਰਨਿਆ 'ਤੇ ਸਾਨੂੰ ਹਮੇਸ਼ਾ ਮਾਣ ਰਹੇਗਾ।

*# ਸੰਪਰਕ : 99149-00856*

12-JAN-PAGE-5.qxd 1/11/2023 10:44 PM Page 1



# 108 ਐਂਬੂਲੈਂਸ ਕਰਮਚਾਰੀ ਐਸੋਸੀਏਸ਼ਨ ਨੇ ਐਂਬੂਲੈਂਸਾਂ ਬੰਦ ਕਰਨ ਦੀ ਦਿੱਤੀ ਚੇਤਾਵਨੀ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਿਹਤ ਵਿਭਾਗ ਵਿੱਚ ਰੀੜ੍ਹ ਦੀ ਹੱਡੀ ਵਜੋਂ ਕੰਮ ਕਰਨਾ ਤੇ ਮਿਹਨਤਾਨਾ ਪ੍ਰਾਪਤ ਕਰਨਾ, ਜੋ ਉਨ੍ਹਾਂ ਦੇ ਪਰਵਾਰਾਂ ਦੀਆਂ ਲੋੜਾਂ ਪੂਰੀਆਂ ਕਰਨ ਲਈ ਨਾਕਾਫੀ ਹੈ, ਇਹ 108 ਐਂਬੂਲੈਂਸ ਦੇ ਕ੍ਰਮਚਾਰੀਆਂ ਦੀ ਸਾਰੀ ਕਹਾਣੀ ਹੈ। 108 ਐਂਬੂਲੈਂਸ ਸੇਵਾ ਵਿੱਚ ਕੰਮ ਕਰਦੇ ਮੁਲਾਜ਼ਮਾਂ ਬਾਰੇ ਇਹ ਬਹੁਤ ਗੰਭੀਰ ਮੁੱਦਾ ਹੈ।

ਪੰਜਾਬ ਪ੍ਰਧਾਨ ਮਨਪ੍ਰੀਤ ਸਿੰਘ ਨਿੱਝਰ ਨੇ 2011 ਤੋਂ ਇਸ ਸੇਵਾ ਵਿੱਚ ਕੰਮ ਕਰ ਰਹੇ ਸਟਾਫ ਅਤੇ ਕੰਪਨੀ ਸਿਸਟਮ ਦੁਆਰਾ ਸੋਸ਼ਣ ਦਾ ਸ਼ਿਕਾਰ ਹੋਣ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਉਨ੍ਹਾਂ ਸੂਬਾ ਸਰਕਾਰ ਨੂੰ ਚਿਤਾਵਨੀ ਵੀ ਦਿੱਤੀ ਕਿ ਜੇਕਰ ਉਨ੍ਹਾਂ ਨੇ ਦਿੱਤੇ ਅਲਟੀਮੇਟਮ 'ਚ ਇਸ ਮਾਮਲੇ ਨੂੰ ਹੱਲ ਨਾ ਕੀਤਾ ਤਾਂ ਪੰਜਾਬ ਦੇ ਸਮੂਹ ਮੁਲਾਜ਼ਮ ਪਰਵਾਰਾਂ ਸਮੇਤ ਸੜਕਾਂ 'ਤੇ ਹੜਤਾਲ ਕਰਨਗੇ। ਕੰਪਨੀ ਬਿਨਾਂ ਕਿਸੇ ਓਵਰਟਾਈਮ ਦੇ ਕ੍ਰਮਚਾਰੀਆਂ ਤੋਂ 12 ਘੰਟੇ ਦੀ ਡਿਊਟੀ ਲੈ ਰਹੀ ਹੈ ਤੇ 2013 ਤੋਂ ਕੰਪਨੀ ਦੁਆਰਾ ਸਾਲਾਨਾ ਵਾਧਾ ਬੰਦ ਕਰ ਦਿੱਤਾ ਗਿਆ ਹੈ। ਜੇਕਰ ਕੋਈ ਕ੍ਰਮਚਾਰੀ ਕੰਪਨੀ ਦੀਆਂ ਜ਼ਾਲਮ ਨੀਤੀਆਂ ਦੇ ਵਿਰੁੱਧ ਅੱਗੇ ਵਧਦਾ ਹੈ ਤਾਂ ਉਸ ਨੂੰ ਉਸ ਦੀ ਮੌਜੂਦਾ ਡਿਊਟੀ ਸਥਾਨ ਤੋਂ 200-250 ਕਿਲੋਮੀਟਰ ਦੀ ਦੂਰੀ 'ਤੇ ਤਬਦੀਲ ਕਰ ਦਿੱਤਾ ਜਾਂਦਾ ਹੈ ਜਾਂ ਨੌਕਰੀ ਤੋਂ ਬਰਖਾਸਤ ਕੀਤਾ ਜਾਂਦਾ ਹੈ। ਹੁਣ ਕ੍ਰਮਚਾਰੀ ਯੂਨੀਅਨ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਕੰਪਨੀ ਕਲਚਰ ਨੂੰ ਖਤਮ ਕਰਕੇ 108 ਐਂਬੂਲੈਂਸ ਸੇਵਾ ਦੇ ਇਸ ਪ੍ਰੋਜੈਕਟ ਨੂੰ ਸਿੱਧੇ ਸਰਕਾਰ ਰਾਹੀਂ ਚਲਾਇਆ ਜਾਵੇ ਤਾਂ ਜੁ ਕੰਪਨੀ ਵਲੋਂ ਕੀਤੀ ਜਾ ਰਹੀ ਲੁੱਟ-ਖਸੁੱਟ ਨੂੰ ਬੰਦ ਕੀਤਾ ਜਾ ਸਕੇ।

ਸਰਕਾਰ ਨੂੰ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਗੁਆਂਢੀ ਰਾਜ ਹਰਿਆਣਾ ਵਾਂਗ ਮੁਲਾਜ਼ਮਾਂ ਨੂੰ ਸਨਮਾਨਯੋਗ ਤਨਖਾਹਾਂ ਦਿੱਤੀਆਂ ਜਾਣ। ਕ੍ਰਮਚਾਰੀਆਂ ਦਾ ਡਿਊਟੀ ਸਮਾਂ 8 ਘੰਟੇ ਹੋਣਾ ਚਾਹੀਦਾ ਹੈ ਜਾਂ 4 ਘੰਟੇ ਓਵਰਟਾਈਮ ਦੇਣਾ ਯਕੀਨੀ ਬਣਾਓ। ਬਰਖਾਸਤ ਕੀਤੇ ਮੁਲਾਜ਼ਮਾਂ ਨੂੰ ਤੁਰੰਤ ਪ੍ਰਭਾਵ ਨਾਲ ਬਹਾਲ ਕੀਤਾ ਜਾਵੇ। ਕ੍ਰਮਚਾਰੀਆਂ ਦਾ ਦੁਰਘਟਨਾ ਤੇ ਬਿਮਾਰੀਆਂ ਦਾ ਬੀਮਾ 50 ਲੱਖ ਰੁਪਏ ਦਾ ਹੋਣਾ ਚਾਹੀਦਾ ਹੈ। ਯੂਨੀਅਨ ਦੇ ਮੀਤ ਪ੍ਰਧਾਨ ਅਮਨਦੀਪ ਸਿੰਘ ਨੇ ਦੱਸਿਆ ਕਿ ਉਹ ਮੌਜੂਦਾ ਸਰਕਾਰ ਦੇ ਸਾਰੇ ਵਿਧਾਇਕਾਂ ਨੂੰ ਮਿਲ ਚੁੱਕੇ ਹਨ, ਸਿਹਤ ਮੰਤਰੀ ਵਿਜੇ ਸਿੰਗਲਾ ਤੇ ਚੇਤਨ ਸਿੰਘ ਜੌੜਾਮਾਜਰਾ ਸਮੇਤ ਸਾਰੇ ਮੰਤਰੀਆਂ ਨੂੰ ਮੰਗ ਪੱਤਰ ਦੇ ਚੁੱਕੇ ਹਨ, ਪਰ ਕਿਸੇ ਨੇ ਵੀ ਉਨ੍ਹਾਂ ਦੇ ਮਾਮਲੇ 'ਤੇ ਕੋਈ ਕੰਮ ਨਹੀਂ ਕੀਤਾ, ਹੁਣ ਉਹ ਪੂਰੀ ਤਰ੍ਹਾਂ ਨਾਲ ਆਪਣੇ ਹੱਕ ਲੈਣ ਲਈ ਅੰਦੋਲਨ ਸ਼ੁਰੂ ਕਰਨ ਤੋਂ ਬੇਵੱਸ ਹਨ। ਉਨ੍ਹਾਂ ਇਸ ਹੜਤਾਲ ਸਬੰਧੀ ਆਪਣਾ ਰੋਡਮੈਪ ਤਿਆਰ ਕਰ ਲਿਆ ਹੈ ਤੇ ਜੇਕਰ ਸਰਕਾਰ ਨੇ ਕੰਪਨੀ 'ਤੇ ਕੋਈ ਸਖਤ ਕਾਰਵਾਈ ਨਾ ਕੀਤੀ ਤਾਂ ਉਹ ਸੜਕਾਂ 'ਤੇ ਆਉਣਗੇ ਤੇ ਉਨ੍ਹਾਂ ਦੀ ਹੜਤਾਲ ਦੌਰਾਨ ਜੇਕਰ ਕਿਸੇ ਮਰੀਜ਼ ਦਾ ਨੁਕਸਾਨ ਹੁੰਦਾ ਹੈ ਜਾਂ ਆਮ ਲੋਕਾਂ ਨੂੰ ਮੁਸ਼ਕਲ ਆਉਂਦੀ ਹੈ ਤਾਂ ਉਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ, ਸਿਹਤ ਵਿਭਾਗ ਦੇ ਅਧਿਕਾਰੀਆਂ ਤੇ ਕੰਪਨੀ ਦੇ ਅਧਿਕਾਰੀਆਂ ਦੀ ਹੈ। ਦੱਸਣਯੋਗ ਹੈ ਕਿ ਪਿਛਲੇ ਦਿਨੀਂ ਰਾਸ਼ਟਰੀ ਭਗਵਾ ਸੈਨਾ ਤੇ ਵਾਲਮੀਕਿ ਧਰਮ ਸਮਾਜ ਨੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਪੂਰੀ ਤਾਕਤ ਨਾਲ ਹੜਤਾਲ ਵਿੱਚ ਯੋਗਦਾਨ ਪਾਉਣ ਦਾ ਐਲਾਨ ਕੀਤਾ ਹੈ।

ਮਾਮਲਾ ਪਿਛਲੇ ਦਿਨੀਂ ਹੋਈ ਪੀ ਸੀ ਐੱਸ ਅਧਿਕਾਰੀਆਂ ਨਾਲ ਧੱਕੇਸ਼ਾਹੀ ਦਾ

# ਅਧਿਕਾਰੀਆਂ ਸਮੇਤ ਸਮੂਹ ਮੁਲਾਜ਼ਮਾਂ ਨੇ ਸਮੂਹਿਕ ਛੁੱਟੀ ਲੈ ਕੇ ਰੋਸ ਪ੍ਰਦਰਸ਼ਨ ਕੀਤਾ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਪੰਜਾਬ ਦੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਗਰੰਟੀ ਕੀਤੀ ਸੀ ਕਿ ਪੰਜਾਬ ਵਿਚ ਪਹਿਲੇ ਹੱਲੇ ਨਸ਼ਿਆਂ ਨੂੰ ਖਤਮ ਕੀਤਾ ਜਾਵੇਗਾ।

ਪੰਜਾਬ ਸਰਕਾਰ ਦੀ ਇਸ ਮੁਹਿੰਮ ਦਾ ਸਾਥ ਦਿੰਦਿਆਂ ਵਿਧਾਨ ਸਭਾ ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਬਲਾਕ ਮਮਦੋਟ ਅਧੀਨ ਪਿੰਡ ਚੱਕ ਖੁੰਦਰ ਦੇ ਸਰਪੰਚ ਦੀਦਾਰ ਸਿੰਘ ਦੀ ਅਗਵਾਈ ਹੇਠ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਮੂਹ ਪੰਚਾਇਤ ਨੇ ਪਹਿਲਕਦਮੀ ਕਰਦਿਆਂ ਪੰਚਾਇਤ ਦਾ ਇਜਲਾਸ ਬੁਲਾ ਕੇ ਸਾਂਝਾ ਮਤਾ ਪਾਇਆ ਗਿਆ ਹੈ ਕਿ ਪਿੰਡ ਵਿੱਚ ਕੋਈ ਵੀ ਵਿਅਕਤੀ ਨਸ਼ਾ ਵੇਚਣ ਦਾ ਕੰਮ ਨਹੀਂ ਕਰੇਗਾ ਤੇ ਨਾ ਹੀ ਕਿਸੇ ਨਸ਼ੇ ਦਾ ਸੇਵਨ ਕਰੇਗਾ, ਪਿੰਡ ਵਿਚ ਕੋਈ ਵੀ ਵਿਅਕਤੀ ਸਮੈਕ, ਚਿੱਟਾ, ਤੰਬਾਕੂ, ਪੋਸਤ ਆਦਿ ਪਿੰਡ ਦੀ ਹਦੂਦ ਅੰਦਰ ਕੋਈ ਵੀ ਵਿਅਕਤੀ ਬਾਹਰ ਤੋਂ ਆ ਕੇ ਨਸ਼ਾ ਨਹੀਂ ਵੇਚੇਗਾ।

ਸਰਪੰਚ ਦੀਦਾਰ ਸਿੰਘ ਨੇ ਦੱਸਿਆ ਇਸ ਸਬੰਧੀ ਪਿੰਡ ਦੀਆਂ ਸਾਂਝੀਆਂ ਥਾਂਵਾਂ 'ਤੇ ਨੋਟਿਸ ਲਾ ਦਿੱਤੇ ਹਨ ।ਉਨ੍ਹਾਂ ਕਿਹਾ ਕਿ ਜੇ ਫਿਰ ਵੀ ਕੋਈ ਵਿਅਕਤੀ ਨਸ਼ਾ ਵੇਚਦਾ ਹੈ, ਉਸ ਦੀ ਇਤਲਾਹ ਦੇਣ ਵਾਲੇ ਦਾ ਨਾਂ ਗੁਪਤ ਰੱਖਿਆ ਜਾਵੇਗਾ ਤੇ ਅਜਿਹੇ ਅਨਸਰਾਂ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇਗੀ ਤੇ ਸਮੂਹ ਪੰਚਾਇਤ ਵੱਲੋਂ ਪ੍ਰਸ਼ਾਸਨ ਨਾਲ ਮਿਲ ਕੇ ਪਿੰਡ ਵਾਸੀਆਂ ਨੂੰ ਹਰ ਤਰ੍ਹਾਂ ਦਾ ਨਸ਼ਾ ਵੇਚਣ ਤੇ ਸੇਵਨ ਕਰਨ ਤੋਂ ਰੋਕਿਆ ਜਾਵੇਗਾ।

ਉਨ੍ਹਾਂ ਦੱਸਿਆ ਇਹ ਮਤਾ ਸਰਬਸੰਮਤੀ ਨਾਲ ਪਾਸ ਕਰਕੇ ਅੱਜ ਤੋਂ ਲਾਗੂ ਮੰਨਿਆ ਜਾਵੇਗਾ।ਇਸ ਮੌਕੇ ਪੰਚਾਇਤ ਸਕੱਤਰ ਹਰਭਜਨ ਸਿੰਘ, ਗ੍ਰਾਮ ਸੇਵਕ ਸੁਮਿਤ ਕੁਮਾਰ, ਪੰਚ ਜਗਤਾਰ ਸਿੰਘ, ਪੰਚ ਸੁੱਚਾ ਸਿੰਘ, ਪੰਚ ਪਰਮਜੀਤ ਕੌਰ, ਪੰਚ ਮਹਿੰਦਰ ਕੌਰ ਤੇ ਨੰਬਰਦਾਰ ਪਰਮਜੀਤ ਸਿੰਘ ਆਦਿ ਹਾਜ਼ਰ ਸਨ।

# ਮੇਲਾ ਮਾਘੀ ਦੌਰਾਨ ਸਿਹਤ ਵਿਭਾਗ ਵੱਲੋਂ ਆਉਣ ਵਾਲੀਆਂ ਸੰਗਤਾਂ ਨੂੰ ਦਿੱਤੀਆਂ ਜਾਣਗੀਆਂ ਵਿਸ਼ੇਸ਼ ਸਿਹਤ ਸੇਵਾਵਾਂ : ਡਾ. ਰੰਜੂ ਸਿੰਗਲਾ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)** : ਸਿਹਤ ਵਿਭਾਗ ਵੱਲੋਂ ਮੇਲਾ ਮਾਘੀ ਦੌਰਾਨ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਆ ਰਹੀਆਂ ਸੰਗਤਾਂ ਨੂੰ ਸਿਹਤ ਸੇਵਾਵਾਂ ਦੇਣ ਸੰਬੰਧੀ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਸ ਸੰਬੰਧ ਵਿਚ ਡਾ. ਰੰਜੂ ਸਿੰਗਲਾ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹੇ ਦੇ ਸਮੂਹ ਸੀਨੀਅਰਾਂ ਮੈਡੀਕਲ ਅਫਸਰਾਂ ਅਤੇ ਪ੍ਰੋਗਰਾਮ ਅਫਸਰਾਂ ਦੀ ਵਿਸ਼ੇਸ਼ ਮੀਟਿੰਗ ਦਫਤਰ ਸਿਵਲ ਸਰਜਨ ਵਿਖੇ ਕੀਤੀ ਗਈ। ਮੀਟਿੰਗ ਦੌਰਾਨ ਉਨਾ ਸਮੂਹ ਅਧਿਕਾਰੀਆਂ ਨੂੰ ਮੇਲਾ ਮਾਘੀ ਦੌਰਾਨ ਲਗਾਈਆਂ ਗਈਆਂ ਡਿਊਟੀਆਂ ਨੂੰ ਸਮੇਂ ਸਿਰ ਮੁਕੰਮਲ ਕਰਨ ਲਈ ਹਦਾਇਤਾਂ ਦਿੱਤੀਆਂ। ਇਸ ਮੌਕੇ ਉਨ੍ਹਾ ਦੱਸਿਆ ਕਿ ਮੇਲਾ ਮਾਘੀ ਦੌਰਾਨ 7 ਮੈਡੀਕਲ ਡਿਸਪੈਂਸਰੀਆਂ ਲਗਾਈਆਂ ਜਾਣਗੀਆਂ ਜੋ ਕਿ 24 ਘੰਟੇ ਸੰਗਤਾਂ ਨੂੰ ਸਿਹਤ ਸੇਵਾਵਾਂ ਦੇਣਗੀਆਂ। ਇਹ ਮੈਡੀਕਲ ਡਿਸਪੈਂਸਰੀਆਂ ਮੇਲਾ ਗਰਾਊਂਡ, ਨੇੜੇ ਡੇਰਾ ਮਾਈ ਮਸਤਾਨ ਸਿੰਘ, ਅਬੋਹਰ ਰੋਡ ਬਾਈਪਾਸ ਚੌਕ, ਕੋਟਕਪੂਰਾ ਰੋਡ ਬਾਈਪਾਸ ਚੌਕ, ਗੁਰੂ ਨਾਨਕ ਕਾਲਜ ਦੇ ਸਾਹਮਣੇ ਗੁਰੂ ਹਰਸਾਏ ਰੋਡ, ਪਸ਼ੂ ਮੇਲਾ ਗੁਰੂਹਰਸਹਾਏ ਰੋਡ, ਬਠਿੰਡਾ ਰੋਡ ਨੇੜੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਮੁਕਤਸਰ ਸਾਹਿਬ ਵਿਖੇ ਲਗਾਈਆਂ ਜਾਣਗੀਆਂ। ਇਸ ਤੋਂ ਇਲਾਵਾ 4 ਮੋਬਾਇਲ ਮੈਡੀਕਲ ਯੂਨਿਟ ਵੀ ਸਿਹਤ ਸੇਵਾਵਾਂ ਦੇਣਗੀਆਂ। ਉਨ੍ਹਾ ਦੱਸਿਆ ਕਿ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਦੇ ਪਵਿੱਤਰ ਸਰੋਵਰ ਵਿਖੇ ਵੀ ਦੋ ਵਿਸ਼ੇਸ਼ ਮੈਡੀਕਲ ਟੀਮਾਂ ਸੰਗਤਾਂ ਨੂੰ ਸਿਹਤ ਸੇਵਾਵਾਂ ਦੇਣ ਲਈ ਲਗਾਈਆਂ ਗਈਆਂ ਹਨ ਜੋ ਕਿ 24 ਘੰਟੇ ਸੇਵਾਵਾਂ ਦੇਣਗੀਆਂ। ਇਸ ਤੋਂ ਇਲਾਵਾ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ 24 ਘੰਟੇ ਐਮਰਜੈਂਸੀ ਸੇਵਾਵਾਂ ਦੇਣ ਲਈ ਵਿਸ਼ੇਸ਼ ਸਟਾਫ ਲਗਾਇਆ ਗਿਆ ਹੈ ਤਾਂ ਜੋ ਕਿਸੇ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾ ਦੱਸਿਆ ਕਿ ਮੇਲੇ ਦੌਰਾਨ ਖਾਣ ਪੀਣ ਵਾਲੀਆਂ ਵਸਤੂਆਂ ਦੀ ਵਿਸ਼ੇਸ਼ ਨਿਗਰਾਨੀ ਟੀਮਾਂ ਬਣਾ ਕੇ ਕੀਤੀ ਜਾ ਰਹੀ ਹੈ ਅਤੇ ਜਿੱਥੇ ਕਿਤੇ ਕੋਈ ਸ਼ੱਕੀ ਖਾਣ ਪੀਣ ਵਾਲਾ ਸਮਾਨ ਮਿਲਦਾ ਹੈ ਤਾਂ ਉਸ ਦੇ ਸੈਂਪਲ ਲੈ ਕੇ ਜਾਂਚ ਲਈ ਭੇਜੇ ਜਾ ਰਹੇ ਹਨ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਮੇਲੇ ਦੌਰਾਨ ਖਾਣ-ਪੀਣ ਦਾ ਅਤੇ ਆਪਣੀ ਸਿਹਤ ਦਾ ਧਿਆਨ ਰੱਖਿਆ ਜਾਵੇ ਅਤੇ ਸਿਹਤ ਸੰਬੰਧੀ ਕੋਈ ਜ਼ਰੂਰਤ ਪੈਣ 'ਤੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਲਾਭ ਉਠਾਇਆ ਜਾਵੇ।

# ਭਾਰਤ ਜੋੜੋ ਯਾਤਰਾ ਦੇਸ਼ ਨੂੰ ਫਿਰਕਾਪ੍ਰਸਤੀ ਦੀਆਂ ਜ਼ੰਜੀਰਾਂ ਤੋਂ ਮੁਕਤ ਕਰੇਗੀ : ਸੰਨੀ ਦੂਆ



**ਸਮਰਾਲਾ, (ਸੁਰਜੀਤ ਸਿੰਘ)** : ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਵੱਲੋਂ ਸ਼ੁਰੂ ਕੀਤੀ ਗਈ 'ਭਾਰਤ ਜੋੜੋ ਯਾਤਰਾ' ਦੇਸ਼ ਨੂੰ ਫਿਰਕਾਪ੍ਰਸਤੀ ਦੀਆਂ ਜ਼ੰਜੀਰਾਂ ਤੋਂ ਮੁਕਤ ਕਰਨ ਵਿਚ ਸਹਾਇਕ ਸਿੱਧ ਹੋਵੇਗੀ। ਇਹ ਵਿਚਾਰ ਸੀਨੀਅਰ ਮੀਤ ਪ੍ਰਧਾਨ ਨਗਰ ਕੌਂਸਲਰ ਸਨੀ ਦੂਆ ਨੇ ਇਸ ਪੱਤਰਕਾਰ ਨਾਲ ਗੱਲ ਕਰਦੇ ਹੋਏ ਉਸ ਵੇਲੇ ਪ੍ਰਗਟ ਕੀਤੇ ਜਦੋਂ ਉਹ ਆਪਣੇ ਕਾਂਗਰਸ ਵਰਕਰ ਸਾਥੀਆਂ ਸਮੇਤ ਜਥਾ ਲੈ ਕੇ ਪੰਜਾਬ ਵਿਚ ਅੱਜ ਪਹਿਲੇ ਦਿਨ ਭਾਰਤ ਜੋੜੋ ਯਾਤਰਾ ਵਿੱਚ ਸ਼ਾਮਿਲ ਹੋਣ ਲਈ ਖੰਨਾ ਲਈ ਰਵਾਨਾ ਹੋਏ। ਉਨ੍ਹਾ ਕਿਹਾ ਕਿ ਮੋਦੀ ਦੀ ਅਗਵਾਈ ਵਿੱਚ ਭਾਜਪਾ ਸਰਕਾਰ ਫਿਰਕਾਪ੍ਰਸਤ ਲੀਹਾਂ 'ਤੇ ਚੱਲ ਰਹੀ ਹੈ। ਰਾਜ ਕਰਦੀ ਪਾਰਟੀ ਨੇ ਦੇਸ਼ ਦੇ ਧਰਮ ਨਿਰਪੱਖ ਢਾਂਚੇ ਨੂੰ ਤਬਾਹ ਕਰ ਦਿੱਤਾ ਹੈ, ਜਿਸ ਨੂੰ ਰਾਹੁਲ ਗਾਂਧੀ ਜੋੜਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾ ਕਿਹਾ ਕਿ ਰਾਹੁਲ ਗਾਂਧੀ ਹਰ ਵਰਗ ਅਤੇ ਫਿਰਕੇ ਦੇ ਲੋਕਾਂ ਨੂੰ ਨਾਲ ਲੈ ਕੇ ਦੇਸ਼ ਵਿੱਚ ਯਾਤਰਾ ਰਾਹੀਂ ਇੱਕ ਧਰਮ ਨਿਰਪੱਖ ਚੇਤਨਾ ਪੈਦਾ ਕਰ ਰਹੇ ਹਨ। ਉਨ੍ਹਾ ਕਿਹਾ ਕਿ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਵਿੱਚ ਕਾਂਗਰਸ ਪਾਰਟੀ ਦਿਨੋ ਦਿਨ ਮਜ਼ਬੂਤ ਹੋ ਰਹੀ ਹੈ। ਉਨ੍ਹਾ ਕਿਹਾ ਕਿ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਥੋੜ੍ਹੇ ਸਮੇਂ ਵਿੱਚ ਹੀ ਹਲਕੇ ਵਿੱਚ ਮਜ਼ਬੂਤ ਪਕੜ ਬਣਾ ਲਈ ਹੈ ਅਤੇ ਉਹ ਹਲਕੇ ਵਿੱਚ ਹਰਮਨ ਪਿਆਰੇ ਲੀਡਰ ਬਣ ਕੇ ਉਭਰ ਰਹੇ ਹਨ। ਕਾਂਗਰਸ ਆਗੂ ਨੇ ਕਿਹਾ ਕਿ ਭਾਰਤ ਜੋੜੋ ਯਾਤਰਾ ਜੋ ਕਿ ਕੰਨਿਆਕੁਮਾਰੀ ਤੋਂ ਸ਼ੁਰੂ ਹੋ ਕੇ ਕਸ਼ਮੀਰ ਵਿੱਚ ਜਾ ਕੇ ਖਤਮ ਹੋਵੇਗੀ, ਇਹ ਯਾਤਰਾ 3570 ਕਿਲੋਮੀਟਰ ਹੈ। ਯਾਤਰਾ ਪ੍ਰਤੀ ਪੂਰੇ ਦੇਸ਼ ਵਿੱਚ ਲੋਕਾਂ ਵਿਚ ਪੂਰਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਯਾਤਰਾਂ ਹਰ ਵਰਗ ਨੇ ਹਿੱਸਾ ਲਿਆ। ਰਾਹੁਲ ਗਾਂਧੀ ਨੇ ਮੋਦੀ ਸਰਕਾਰ ਖਿਲਾਫ ਜੋ ਕਿ ਗਲਤ ਨੀਤੀਆਂ ਜਿਵੇ ਕਿ ਬੇਰੁਜ਼ਗਾਰੀ, ਮਹਿੰਗਾਈ ਤੇ ਹੋਰ ਮੁੱਦਿਆਂ ਖਿਲਾਫ ਲੋਕਾਂ ਨੂੰ ਜਾਗਰੂਕ ਕੀਤਾ ਹੈ। ਇਸ ਮੌਕੇ ਹਾਜ਼ਰ ਰੂਪਮ ਗੰਭੀਰ, ਮਿੱਤਰਪਾਲ ਲਵਲੀ, ਪ੍ਰੇਮ ਨਾਥ ਦਾਨਾ, ਜ਼ੀਰਾ ਰਾਮ, ਅਮਰ ਨਾਥ ਤਾਗਰਾ, ਮਨਦੀਪ ਖੁੱਲਰ, ਸ੍ਰੀ ਰਾਮ ਖੁੱਲਰ, ਵਿਸ਼ਾਲ ਭਾਰਤੀ, ਰਵੀ ਸਮਰਾਲਾ, ਆਸ਼ੂ ਵਰਮਾ, ਗੁਰਮੇਲ ਸਿੰਘ, ਸ਼ਮਸ਼ੇਰ ਸਿੰਘ, ਵਿੱਕੀ ਕੁਮਾਰ, ਗੱਗੀ ਸਮਰਾਲਾ, ਸੋਨੀ ਸਮਰਾਲਾ, ਸੁਰੇਸ਼ ਕੁਮਾਰ, ਸੋਨੂ ਸਮਰਾਲਾ, ਟਿੰਕਾ ਸਮਰਾਲਾ, ਜੋਨੀ ਸਮਰਾਲਾ, ਮਨਦੀਪ ਮਿੱਠੂ, ਦਰਸ਼ਨ ਬਿੱਲਾ, ਗੌਰਵ ਦੂਆ, ਅੰਮ੍ਰਿਤ ਬਾਠ ਅਤੇ ਜੱਸੀ ਮਿਗਨਾਨੀ ਹਾਜ਼ਰ ਸਨ।

# ਐੱਸ ਪੀ ਨੇ ਨਸ਼ਾ ਮੁਕਤੀ ਹਿੱਤ ਮੰਗਿਆ ਧਾਰਮਕ ਸੰਸਥਾਵਾਂ ਤੋਂ ਸਹਿਯੋਗ

**ਸਿਰਸਾ (ਸੁਰਿੰਦਰ ਪਾਲ ਸਿੰਘ)** ਨਸ਼ਾ ਮੁਕਤ ਸਮਾਜ ਸਿਰਜਣ ਲਈ ਹਰ ਨੌਜਵਾਨ ਨੂੰ ਆਪਣਾ ਯੋਗਦਾਨ ਪਾਉਣਾ ਹੋਵੇਗਾ। ਇਹ ਕਹਿਣਾ ਹੈ ਐਸ ਪੀ ਡਾ. ਅਰਪਿਤ ਜੈਨ ਦਾ। ਉਨ੍ਹਾਂ ਕਿਹਾ ਕਿ ਸਿਰਸਾ ਨੂੰ ਨਸ਼ਾ ਮੁਕਤ ਬਣਾਉਣ ਲਈ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਇਸੇ ਸਬੰਧ ਵਿੱਚ ਥਾਣਾ ਕਾਲਾਂਵਾਲੀ ਦੇ ਮੁੱਖ ਅਫਸਰ ਰਾਮਫਲ ਵੱਲੋਂ ਐਚ ਐਸ ਜੀ ਪੀ ਸੀ ਦੇ ਉਪ ਪ੍ਰਧਾਨ ਬਾਬਾ ਗੁਰਮੀਤ ਸਿੰਘ ਤਿਲੋਕੇਵਾਲਾ ਨਾਲ ਮੁਲਾਕਾਤ ਕਰਕੇ ਕਾਲਾਂਵਾਲੀ ਖੇਤਰ ਨੂੰ ਨਸ਼ਾ ਮੁਕਤ ਬਣਾਉਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

ਬਾਬਾ ਤਿਲੋਕੇਵਾਲਾ ਨੇ ਕਿਹਾ ਕਿ 17 ਜਨਵਰੀ ਨੂੰ ਸੰਤ ਬਾਬਾ ਮੋਹਨ ਸਿੰਘ ਮਤਵਾਲਾ ਜੀ ਦੀ ਬਰਸੀ ਉਪਰੰਤ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾਵੇਗੀ। ਬਾਬਾ ਤਿਲੋਕੇਵਾਲਾ ਨੇ ਸਮੂਹ ਧਾਰਮਿਕ ਸੰਸਥਾਵਾਂ ਨੂੰ ਸੱਦਾ ਦਿੱਤਾ ਕਿ ਉਹ ਆਪੋ-ਆਪਣੇ ਅਦਾਰਿਆਂ ਤੋਂ ਨਾਗਰਿਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਣ। ਨਸ਼ਾ ਮੁਕਤ ਸਿਰਸਾ ਮੁਹਿੰਮ ਤਹਿਤ ਪਿੰਡ ਤਿਲੋਕੇਵਾਲਾ ਪੁੱਜੇ ਥਾਣਾ ਕਾਲਾਂਵਾਲੀ ਦੇ ਮੁੱਖ ਅਫਸਰ ਰਾਮਫ਼ਲ ਨੇ ਕਿਹਾ ਕਿ ਨਸ਼ਾ ਇੱਕ ਮਿੱਠਾ ਜ਼ਹਿਰ ਹੈ, ਜੋ ਇੱਕ ਵਿਅਕਤੀ ਦੇ ਨਾਲ-ਨਾਲ ਉਸ ਦੇ ਪੂਰੇ ਪਰਵਾਰ ਲਈ ਮੁਸੀਬਤ ਬਣ ਜਾਂਦਾ ਹੈ।ਸ਼ੁਰੂ ਸ਼ੁਰੂ ਵਿੱਚ ਇਸ ਬੁਰਾਈ ਨੂੰ ਨੌਜਵਾਨ ਸ਼ੌਕ ਵਜੋਂ ਲੈਂਦੇ ਹਨ ਤੇ ਬਾਅਦ ਵਿੱਚ ਇਸ ਤੋਂ ਬਚਣਾ ਮੁਸ਼ਕਲ ਹੋ ਜਾਂਦਾ ਹੈ। ਇਸ ਮੌਕੇ ਪਿੰਡ ਤਿਲੋਕੇਵਾਲਾ ਦੇ ਸਰਪੰਚ ਪ੍ਰਤੀਨਿਧੀ ਬਲਰਾਜ ਸਿੰਘ, ਸਾਬਕਾ ਸਰਪੰਚ ਸਤਿੰਦਰਜੀਤ ਸੋਨੀ, ਪੁਲਿਸ ਮੁਲਜ਼ਮ, ਪਰਸ਼ੋਤਮ ਰਾਮ, ਸੁਰਿੰਦਰ ਸਿੰਘ, ਮਨਦੀਪ ਸਿੰਘ ਤੋਂ ਬਿਨਾਂ ਬੀਬਾ ਮਨਪ੍ਰੀਤ ਕੌਰ, ਬਲਜੀਤ ਕੌਰ ਤੇ ਸੁਖਜੀਤ ਕੌਰ ਸਮੇਤ ਪਿੰਡ ਤਿਲੋਕੇਵਾਲਾ ਦੇ ਪੰਚਾਇਤ ਮੈਂਬਰ ਤੇ ਨਗਰ ਵਾਸੀ ਹਾਜ਼ਰ ਸਨ।

# ਰੂਰਲ ਐੱਨ ਜੀ ਓ ਨੇ ਲੋੜਵੰਦਾਂ ਨੂੰ ਟ੍ਰਾਈਸਾਈਕਲ ਤੇ ਮਸ਼ੀਨ ਭੇਟ ਕੀਤੀ



**ਮੋਗਾ (ਅਮਰਜੀਤ ਬੱਬਰੀ)**-ਤਿੰਨ ਵਾਰ ਸਟੇਟ ਐਵਾਰਡ ਜੇਤੂ ਸਮਾਜ ਸੇਵੀ ਸੰਸਥਾ ਜ਼ਿਲ੍ਹਾ ਰੂਰਲ ਐੱਨ ਜੀ ਓ ਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਲੋਹੜੀ ਮੌਕੇ ਚਾਰ ਅਤਿ ਲੋੜਵੰਦ ਤੇ ਅੰਗਹੀਣ ਵਿਅਕਤੀਆਂ ਦੀ ਸਹਾਇਤਾ ਕੀਤੀ ਗਈ ਤੇ ਉਨ੍ਹਾਂ ਵਿੱਚੋਂ ਤਿੰਨ ਨੂੰ ਟ੍ਰਾਈਸਾਈਕਲ ਤੇ ਇੱਕ ਨੂੰ ਪੱਲੀਆਂ ਸਿਊਣ ਵਾਲੀ ਮਸ਼ੀਨ ਭੇਟ ਕੀਤੀ।

ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਤੇ ਰੂਰਲ ਐਨ ਜੀ ਓ ਮੋਗਾ ਦੇ ਚੀਫ਼ ਪੈਟਰਨ ਮਹਿੰਦਰ ਪਾਲ ਲੂੰਬਾ ਨੇ ਦੱਸਿਆ ਕਿ ਜ਼ਿਲ੍ਹਾ ਰੁਜ਼ਗਾਰ ਦਫ਼ਤਰ ਵੱਲੋਂ ਵਿਸ਼ਵ ਅੰਗਹੀਣ ਦਿਵਸ ਮੌਕੇ ਇੱਕ ਅੰਗਹੀਣ ਸਹਾਇਤਾ ਕੈਂਪ ਲਾਇਆ ਸੀ, ਜਿਸ ਵਿੱਚ ਇਹ ਲੋੜਵੰਦ ਵਿਅਕਤੀ ਆਏ ਸਨ, ਜਿਨ੍ਹਾਂ ਵਿੱਚੋਂ ਇੱਕ ਨੇ ਆਪਣਾ ਰੁਜ਼ਗਾਰ ਸ਼ੁਰੂ ਕਰਨ ਦੇ ਮਕਸਦ ਨਾਲ ਪੱਲੀਆਂ ਸਿਊਣ ਵਾਲੀ ਮਸ਼ੀਨ ਤੇ ਤਿੰਨ ਲੋੜਵੰਦਾਂ ਨੇ ਟ੍ਰਾਈਸਾਈਕਲ ਦੀ ਮੰਗ ਕੀਤੀ ਸੀ। ਜ਼ਿਲ੍ਹਾ ਰੁਜ਼ਗਾਰ ਅਫ਼ਸਰ ਸ਼੍ਰੀਮਤੀ ਪਰਮਿੰਦਰ ਕੌਰ ਨੇ ਕਿਹਾ ਕਿ ਅਸੀਂ ਦਾਨੀ ਵੀਰਾਂ ਦੇ ਸਹਿਯੋਗ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਕਾਮਯਾਬ ਹੋਏ ਹਾਂ।

ਇਸ ਲਈ ਅਰਮਾਨ ਟ੍ਰੈਵਲ ਬਾਘਾਪੁਰਾਣਾ ਦੇ ਮਾਲਕ ਹਰਪਿੰਦਰ ਸਿੰਘ ਰਾਮੂੰਵਾਲੀਆ ਵੱਲੋਂ ਆਪਣੇ ਬੇਟੇ ਦੇ ਜਨਮ ਦੀ ਖੁਸ਼ੀ ਵਿੱਚ 12000 ਰੁਪਏ, ਪਿੰਡ ਦੁਸਾਂਝ ਦੇ ਵਸਨੀਕ ਐਨ ਆਰ ਆਈ ਤ੍ਰਿਲੋਚਨ ਸਿੰਘ ਸੰਘਾ ਵੱਲੋਂ 10,000 ਰੁਪਏ ਦੀ ਸਹਾਇਤਾ ਭੇਜੀ ਗਈ, ਜਦਕਿ ਇਕ ਦਾਨੀ ਵੀਰ ਵੱਲੋਂ ਨਾਂਅ ਜਨਤਕ ਨਾ ਕਰਨ ਦੀ ਸ਼ਰਤ 'ਤੇ 8000 ਰੁਪਏ ਦੀ ਲਾਗਤ ਨਾਲ ਪੱਲੀਆਂ ਸਿਊਣ ਵਾਲੀ ਮਸ਼ੀਨ ਲੈ ਕੇ ਦਿੱਤੀ। ਉਨ੍ਹਾਂ ਸਾਰੇ ਦਾਨੀ ਸੱਜਣਾਂ ਦਾ ਕੋਟਨ ਕੋਟ ਧੰਨਵਾਦ ਕਰਦਿਆਂ ਵਾਹਿਗੁਰੂ ਅੱਗੇ ਉਨ੍ਹਾਂ ਦੀ ਲੰਬੀ ਉਮਰ ਤੇ ਤੰਦਰੁਸਤੀ ਦੀ ਅਰਦਾਸ ਕੀਤੀ।

ਇਸ ਮੌਕੇ ਐਨ ਜੀ ਓ ਦੇ ਜ਼ਿਲ੍ਹਾ ਪ੍ਰਧਾਨ ਹਰਭਿੰਦਰ ਸਿੰਘ ਜਾਨੀਆਂ ਤੇ ਪੈਟਰਨ ਗੁਰਸੇਵਕ ਸਿੰਘ ਸੰਨਿਆਸੀ ਨੇ ਵੀ ਦਾਨੀ ਸੱਜਣਾਂ ਦਾ ਧੰਨਵਾਦ ਕਰਦਿਆਂ ਲਾਭਪਾਤਰੀ ਨੂੰ ਆਪਣੇ ਰੁਜ਼ਗਾਰ ਲਈ ਇਨ੍ਹਾਂ ਸਾਧਨਾਂ ਦਾ ਇਸਤੇਮਾਲ ਕਰਨ ਲਈ ਪ੍ਰੇਰਤ ਕੀਤਾ। ਇਸ ਮੌਕੇ ਜ਼ਿਲ੍ਹਾ ਰੁਜ਼ਗਾਰ ਦਫ਼ਤਰ ਦੇ ਕ੍ਰਮਚਾਰੀ ਬਲਰਾਜ ਸਿੰਘ, ਲਾਭਪਾਤਰੀਆਂ ਤੇ ਉਨ੍ਹਾਂ ਦੇ ਪਰਵਾਰਾਂ ਵੱਲੋਂ ਰੂਰਲ ਐੱਨ ਜੀ ਓ ਮੋਗਾ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਮੋਗਾ ਤੇ ਦਾਨੀ ਸੱਜਣਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਉਕਤ ਤੋਂ ਇਲਾਵਾ ਜ਼ਿਲ੍ਹਾ ਚੇਅਰਮੈਨ ਦਵਿੰਦਰਜੀਤ ਸਿੰਘ ਗਿੱਲ, ਬਲਾਕ ਕੋਟ ਈਸੇ ਖਾਂ ਦੇ ਪ੍ਰਧਾਨ ਜਗਤਾਰ ਸਿੰਘ ਜਾਨੀਆਂ, ਜ਼ਿਲ੍ਹਾ ਪ੍ਰੈਸ ਸਕੱਤਰ ਭਵਨਦੀਪ ਪੁਰਬਾ, ਦਫਤਰ ਇੰਚਾਰਜ ਜਸਵੀਰ ਕੌਰ, ਸੁਖਵਿੰਦਰ ਕੌਰ, ਸੁਖਦੀਪ ਕੌਰ, ਗਗਨਪ੍ਰੀਤ ਸਿੰਘ, ਵਪਿੰਦਰ ਸਿੰਘ, ਮਨਪ੍ਰੀਤ ਸਿੰਘ ਸੇਖਾ ਆਦਿ ਹਾਜ਼ਰ ਸਨ।

# ਨੀਨਾ ਮਿੱਤਲ ਨੇ ਸੰਭਾਲਿਆ ਪੈਪਸੂ ਨਗਰ ਵਿਕਾਸ ਬੋਰਡ ਦੇ ਵਾਈਸ ਚੇਅਰਪਰਸਨ ਦਾ ਅਹੁਦਾ



**ਰਾਜਪੁਰਾ (ਰਮੇਸ਼ ਕਟਾਰੀਆ)**-ਐਮ ਐਲ ਏ ਸ੍ਰੀਮਤੀ ਨੀਨਾ ਮਿੱਤਲ ਨੇ ਪੈਪਸੂ ਨਗਰ ਵਿਕਾਸ ਬੋਰਡ ਦੇ ਵਾਈਸ ਚੇਅਰਪਰਸਨ ਵਜੋਂ ਆਪਣਾ ਅਹੁਦਾ ਪੰਜਾਬ ਦੇ ਦੋ ਕੈਬਨਿਟ ਮੰਤਰੀਆਂ ਸ੍ਰੀ ਬ੍ਰਮ ਸ਼ੰਕਰ ਜਿੰਪਾ ਤੇ ਚੇਤਨ ਸਿੰਘ ਜੌੜਾਮਾਜਰਾ ਦੀ ਮੌਜੂਦਗੀ ਵਿਚ ਪੈਪਸੂ ਦੇ ਦਫ਼ਤਰ ਵਿਖੇ ਸੰਭਾਲ ਲਿਆ। ਇਸ ਮੌਕੇ ਪੈਪਸੂ ਦੇ ਨਵੇਂ ਬਣੇ ਚਾਰ ਮੈਂਬਰਾਂ, ਰਿਤੇਸ਼ ਬਾਂਸਲ, ਗੁਰਵੀਰ ਸਰਾਓ, ਸੁਮਿਤ ਬਖ਼ਸ਼ੀ ਤੇ ਜਤਿੰਦਰ ਵਰਮਾ ਨੇ ਵੀ ਆਪਣੇ ਅਹੁਦੇ ਸੰਭਾਲੇ। ਸ੍ਰੀ ਜਿੰਪਾ ਤੇ ਸ੍ਰੀ ਜੌੜਾਮਾਜਰਾ ਨੇ ਨੀਨਾ ਮਿੱਤਲ ਤੇ ਨਵੇਂ ਮੈਂਬਰਾਂ ਨੂੰ ਵਧਾਈ ਦਿੱਤੀ।

ਸਮਾਗਮ ਮੌਕੇ ਮਾਲ ਤੇ ਮੁੜ ਵਸੇਬਾ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗਾਂ ਦੇ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਅਣਗੌਲੇ ਵਰਗਾਂ ਦੀ ਭਲਾਈ ਤੇ ਅਣਗੌਲੇ ਅਦਾਰਿਆਂ ਦੀ ਬਿਹਤਰੀ ਲਈ ਅਹਿਮ ਫ਼ੈਸਲੇ ਲੈ ਰਹੀ ਹੈ, ਸਿੱਟੇ ਵਜੋਂ ਐਮ ਐਲ ਏ ਨੀਨਾ ਮਿੱਤਲ ਨੂੰ ਪੈਪਸੂ ਨਗਰ ਵਿਕਾਸ ਬੋਰਡ ਦੇ ਵਾਈਸ ਚੇਅਰਪਰਸਨ ਵਜੋਂ ਨਿਯੁਕਤ ਕੀਤਾ ਹੈ। ਉਨ੍ਹਾਂ ਇਸ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਕਿਹਾ ਕਿ ਮਿਹਨਤੀ ਆਗੂ ਨੀਨਾ ਮਿੱਤਲ ਪੈਪਸੂ ਨੂੰ ਨਵੀਆਂ ਉਚਾਈਆਂ 'ਤੇ ਲੈ ਕੇ ਜਾਣਗੇ।

ਜਿੰਪਾ ਨੇ ਕਿਹਾ ਕਿ ਮਾਲ ਮਹਿਕਮੇ ਵਿੱਚ ਵੱਡੇ ਸੁਧਾਰ ਕੀਤੇ ਗਏ ਹਨ ਤੇ ਪਟਵਾਰੀਆਂ ਸਮੇਤ ਨਾਇਬ ਤਹਿਸੀਲਦਾਰਾਂ ਦੀਆਂ ਨਵੀਂਆਂ ਭਰਤੀਆਂ ਕਰਕੇ ਆਪਣੇ ਕੰਮ ਹੋਣ ਨੂੰ ਉਡੀਕਦੇ ਲੋਕਾਂ ਨੂੰ ਰਾਹਤ ਦਿੱਤੀ ਜਾ ਰਹੀ ਹੈ। ਇਕ ਸਵਾਲ ਦੇ ਜਵਾਬ 'ਚ ਉਨ੍ਹਾ ਕਿਹਾ ਕਿ ਰਾਹੁਲ ਗਾਂਧੀ ਨੂੰ ਭਾਰਤ ਜੋੜੋ ਯਾਤਰਾ ਦੀ ਥਾਂ ਆਪਣੀ ਪਾਰਟੀ ਨੂੰ ਜੋੜਨਾ ਚਾਹੀਦਾ ਹੈ ਤੇ ਰਾਹੁਲ ਦੁਨੀਆ ਦੀ ਸਭ ਤੋਂ ਬਿਹਤਰ ਭਾਰਤੀ ਆਰਮੀ ਬਾਰੇ ਬਿਆਨ ਧਿਆਨ ਨਾਲ ਦੇਵੇ।

ਇਸ ਦੌਰਾਨ ਸੁਤੰਤਰਤਾ ਸੰਗਰਾਮੀ, ਰੱਖਿਆ ਸੇਵਾਵਾਂ, ਫੂਡ ਪ੍ਰੋਸੈਸਿੰਗ ਤੇ ਬਾਗਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਵਿਧਾਇਕ ਨੀਨਾ ਮਿੱਤਲ ਨੇ ਲੋਕਾਂ ਦੀ ਲੜਾਈ ਲੜੀ ਹੈ ਤੇ ਉਮੀਦ ਹੈ ਕਿ ਪੈਪਸੂ ਬੋਰਡ ਜਿਹੜੇ ਲੋਕਾਂ ਲਈ ਬਣਿਆ ਸੀ, ਉਨ੍ਹਾਂ ਦੀ ਭਲਾਈ ਲਈ ਨੀਨਾ ਮਿੱਤਲ ਦੀ ਅਗਵਾਈ ਹੇਠ ਬਿਹਤਰ ਢੰਗ ਨਾਲ ਯੋਜਨਾਵਾਂ ਨੂੰ ਲਾਗੂ ਕਰੇਗਾ।

ਨੀਨਾ ਮਿੱਤਲ ਨੇ ਕਿਹਾ ਕਿ ਦੇਸ਼ ਦੀ ਵੰਡ ਸਮੇਂ ਰਾਜਪੁਰਾ ਤੇ ਤ੍ਰਿਪੜੀ ਵਿਖੇ ਆਏ ਮਾਈਗ੍ਰੈਂਟ ਲੋਕਾਂ ਦੀ ਭਲਾਈ ਲਈ ਪੈਪਸੂ ਬੋਰਡ ਬਣਾਇਆ ਗਿਆ ਸੀ ਅਤੇ ਹੁਣ ਇਸ ਬੋਰਡ ਦੀਆਂ ਜ਼ਮੀਨਾਂ ਤੋਂ ਨਜਾਇਜ਼ ਕਬਜੇ ਛੁਡਵਾ ਕੇ ਲੋਕਾਂ ਦੀ ਭਲਾਈ ਲਈ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਪੈਪਸੂ ਬੋਰਡ ਨੂੰ ਨਵੀਂਆਂ ਉਚਾਈਆਂ 'ਤੇ ਲਿਜਾਇਆ ਜਾਵੇਗਾ। ਉਨ੍ਹਾਂ ਨੇ ਮਾਲ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਕੋਲ ਬਨੂੜ ਨੂੰ ਸਬ ਡਵੀਜ਼ਨ ਬਣਾਉਣ ਦੀ ਮੰਗ ਵੀ ਰੱਖੀ।

# ਮੋਟਰਸਾਈਕਲ ਸਵਾਰਾਂ ਨੇ ਫਾਈਨਾਂਸਰ ਦੀ ਕੁੱਟਮਾਰ ਕਰਕੇ 50 ਹਜ਼ਾਰ ਦੀ ਨਕਦੀ ਖੋਹੀ



**ਜਗਰਾਉਂ, (ਅਮਿਤ ਖੰਨਾ)** ਨੇੜਲੇ ਪਿੰਡ ਕਾਉਕੇ ਕਲਾਂ ਵਿਖੇ 20 ਤੋਂ 25 ਬਾਈਕ ਸਵਾਰ ਨੌਜਵਾਨਾਂ ਨੇ ਫਾਈਨਾਂਸ ਦਾ ਕੰਮ ਕਰਨ ਵਾਲੇ ਵਿਅਕਤੀ ਦੇ ਦਫ਼ਤਰ 'ਚ ਦਾਖਲ ਹੋ ਕੇ ਫਾਈਨਾਂਸਰ ਦੀ ਕੁੱਟਮਾਰ ਕਰਕੇ ਜ਼ਖ਼ਮੀ ਕਰ ਦਿੱਤਾ ਅਤੇ ਉਸ ਦੇ ਗਲ਼ 'ਚੋਂ 50 ਹਜ਼ਾਰ ਰੁਪਏ ਦੀ ਨਕਦੀ ਖੋਹ ਕੇ ਫਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਪਿੰਡ ਕਾਉਕੇ ਕਲਾਂ ਦੇ ਫਾਈਨਾਂਸਰ ਲਕਸ਼ਮਣ ਸਿੰਘ ਨੇ ਦੱਸਿਆ ਕਿ ਜਦੋਂ ਉਹ ਪਿੰਡ 'ਚ ਆਪਣੇ ਦਫ਼ਤਰ 'ਚ ਬੈਠਾ ਸੀ ਤਾਂ 20-25 ਅਣਪਛਾਤੇ ਨੌਜਵਾਨ ਮੋਟਰਸਾਈਕਲ 'ਤੇ ਉਨ੍ਹਾਂ ਦੇ ਦਫ਼ਤਰ ਆਏ ਤੇ ਜਿਵੇਂ ਹੀ ਉਹ ਪਹੁੰਚੇ ਤਾਂ ਉਕਤ ਨੌਜਵਾਨਾਂ ਨੇ ਉਨ੍ਹਾਂ ਨਾਲ ਲੜਾਈ ਸ਼ੁਰੂ ਕਰ ਦਿੱਤੀ ਤੇ ਜਾਂਦੇ ਸਮੇਂ ਉਸਦੀ ਦੁਕਾਨ ਦੇ ਗੱਲੇ ਵਿੱਚ ਪਈ 50,000 ਰੁਪਏ ਦੀ ਨਕਦੀ ਵੀ ਲੈ ਗਏ। ਲੜਾਈ 'ਚ ਜ਼ਖ਼ਮੀ ਹੋਏ ਲਕਸ਼ਮਣ ਸਿੰਘ ਦੇ ਪਿਤਾ ਨੇ ਦੱਸਿਆ ਕਿ ਉਨ੍ਹਾਂ ਦੇ ਲੜਕੇ ਦੀ ਦੁਕਾਨ ਦੇ ਆਸ-ਪਾਸ ਦੇ ਲੋਕਾਂ ਨੇ ਉਨ੍ਹਾਂ ਨੂੰ ਆਪਣੇ ਲੜਕੇ ਨਾਲ ਹੋਈ ਲੜਾਈ ਦੀ ਘਟਨਾ ਬਾਰੇ ਫੋਨ ਕੀਤਾ, ਜਿਸ ਤੋਂ ਬਾਅਦ ਉਨ੍ਹਾਂ ਨੇ ਮੌਕੇ 'ਤੇ ਪਹੁੰਚ ਕੇ ਆਪਣੇ ਲੜਕੇ ਲਕਸ਼ਮਣ ਨੂੰ ਦੱਸਿਆ ਕਿ ਐੱਸ. ਜੋ ਲੜਾਈ ਵਿੱਚ ਜ਼ਖ਼ਮੀ ਹੋ ਗਿਆ।

ਲਕਸ਼ਮਣ ਸਿੰਘ ਨੂੰ ਇਲਾਜ ਲਈ ਸਿਵਲ ਹਸਪਤਾਲ ਲਿਆਂਦਾ ਗਿਆ ਹੈ, ਜਦੋਂ ਉਸ ਨੂੰ ਘਟਨਾ ਸਬੰਧੀ ਜਾਣਕਾਰੀ ਪੁਲੀਸ ਨੂੰ ਦੇਣ ਬਾਰੇ ਪੁੱਛਿਆ ਗਿਆ ਤਾਂ ਉਸ ਨੇ ਦੱਸਿਆ ਕਿ ਉਹ ਆਪਣੇ ਲੜਕੇ ਨੂੰ ਜ਼ਖ਼ਮੀ ਹਾਲਤ ਵਿੱਚ ਦੇਖ ਕੇ ਡਰ ਗਿਆ ਸੀ ਅਤੇ ਉਸ ਨੇ ਆਪਣੇ ਪੁੱਤਰ ਦਾ ਪਹਿਲਾਂ ਇਲਾਜ ਕਰਾਉਣਾ ਜਰੂਰੀ ਸਮਝਿਆ, ਜਿਸ ਕਾਰਨ ਉਹ ਤੁਰੰਤ ਆਪਣੇ ਲੜਕੇ ਨੂੰ ਹਸਪਤਾਲ ਲੈ ਗਿਆ। ਉਸ ਨੂੰ ਇਲਾਜ ਲਈ ਸਿਵਲ ਹਸਪਤਾਲ ਵਿਖੇ ਲਿਆਂਦਾ ਗਿਆ ਹੈ ਤੇ ਹੁਣ ਉਹ ਘਟਨਾ ਸਬੰਧੀ ਪੁਲਿਸ ਨੂੰ ਵੀ ਸੂਚਿਤ ਕਰਨਗੇ।

# ਸੱਭਿਆਚਾਰਕ ਸਮਾਗਮ ਤੇ ਸਨਮਾਨ ਸਮਾਰੋਹ ਅੱਜ

**ਸੰਗਰੂਰ (ਪ੍ਰਵੀਨ ਸਿੰਘ)** -ਤਹਿਸੀਲ ਕੰਪਲੈਕਸ ਜ਼ਿਲ੍ਹਾ ਪੈਨਸ਼ਨਰ ਭਵਨ ਵਿਖੇ ਸਟੇਟ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਨੇ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੋਤੇ, ਪੋਤਿਆਂ, ਦੋਹਤੇ, ਦੋਹਤਿਆਂ, ਧੀਆਂ, ਪੁੱਤਾਂ ਅਤੇ ਸਮਾਜ ਦੀ ਖੁਸ਼ਹਾਲੀ ਲਈ ਪਵਿੱਤਰ ਲੋਹੜੀ ਦਾ ਤਿਉਹਾਰ 12 ਜਨਵਰੀ ਨੂੰ ਕੇ.ਆਰ. ਬਲੈਸਿੰਗ ਹੋਟਲ ਪਟਿਆਲਾ ਰੋਡ ਵਿਖੇ ਸਵੇਰੇ 11 ਵਜੇ ਮਨਾਇਆ ਜਾਵੇਗਾ, ਜਿਸ ਵਿੱਚ ਸੱਭਿਆਚਾਰਕ ਤੇ ਸਨਮਾਨ ਸਮਾਰੋਹ ਦਾ ਵੀ ਆਯੋਜਨ ਕੀਤਾ ਜਾਵੇਗਾ। ਸ੍ਰੀ ਅਰੋੜਾ ਨੇ ਇਹ ਵੀ ਦਸਿਆ ਕਿ ਐਸੋਸੀਏਸ਼ਨ ਵੱਲੋਂ ਪਿਛਲੇ ਦਿਨੀਂ ਧਾਰਮਿਕ ਸਮਾਗਮਾਂ ਦਾ ਵੀ ਆਯੋਜਨ ਕੀਤਾ ਗਿਆ ਸੀ, ਜਿਸ ਵਿੱਚ ਸਮੁੱਚੇ ਸਮਾਜ ਦੀ ਖੁਸ਼ਹਾਲੀ ਤੇ ਤੰਦਰੁਸਤੀ ਲਈ ਅਰਦਾਸ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਸਮਾਜ ਸੇਵਾ, ਲੋਕ ਭਲਾਈ, ਬਜ਼ੁਰਗਾਂ ਅਤੇ ਪੈਨਸ਼ਨਰਾਂ ਦੇ ਸਤਿਕਾਰ ਨੂੰ ਸਮਰਪਤ ਹੈ। ਇਸ ਮੌਕੇ ਐਸੋਸੀਏਸ਼ਨ ਦੇ ਮੁੱਖ ਅਹੁਦੇਦਾਰਾਂ ਜਿਨ੍ਹਾਂ ਵਿੱਚੋਂ ਸਰਪ੍ਰਸਤ ਪ੍ਰਵੀਨ ਬਾਂਸਲ, ਪ੍ਰੋ. ਸੁਰੇਸ਼ ਗੁਪਤਾ, ਚੇਅਰਮੈਨ ਸ੍ਰੀ ਰਵਿੰਦਰ ਸਿੰਘ ਗੁੱਡੂ, ਸੀਨੀਅਰ ਮੀਤ ਪ੍ਰਧਾਨ ਓਮ ਪ੍ਰਕਾਸ਼ ਖਿਪਲ, ਕਿਸ਼ੋਰੀ ਲਾਲ, ਡਾ. ਮਨਮੋਹਨ ਸਿੰਘ, ਕਰਨੈਲ ਸਿੰਘ ਸੇਖੋਂ, ਜਸਵੀਰ ਸਿੰਘ ਖ਼ਾਲਸਾ, ਜਨਰਲ ਸਕੱਤਰ ਕੰਵਲਜੀਤ ਸਿੰਘ, ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਮੀਤ ਪ੍ਰਧਾਨ ਜਨਕ ਰਾਜ ਜੋਸ਼ੀ, ਪ੍ਰੋਜੈਕਟ ਚੇਅਰਮੈਨ ਰਾਜ ਕੁਮਾਰ ਬਾਂਸਲ, ਬਲਦੇਵ ਸਿੰਘ ਰਤਨ, ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਜਨਰਲ ਸਕੱਤਰ ਮੱਘਰ ਸਿੰਘ ਸੋਹੀ, ਵਿੱਤ ਸਕੱਤਰ ਸਤਪਾਲ ਸਿੰਗਲਾ, ਵਾਸਦੇਵ ਸ਼ਰਮਾ, ਰਜਿੰਦਰ ਗੋਇਲ, ਜਗਦੀਸ਼ ਕਾਲੜਾ, ਜਤਿੰਦਰ ਗੁਪਤਾ ਤੇ ਸੀਤਾਰਾਮ ਸੁਰਜੀਤ ਆਦਿ ਮੌਜੂਦ ਸਨ।



# ਭਾਜਪਾ ਕਾਰਕੁਨਾਂ ਨੇ ਮਾਨ ਦਾ ਪੁਤਲਾ ਫੂਕਿਆ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** : ਸੂਬੇ ਦੀ ਭਗਵੰਤ ਮਾਨ ਸਰਕਾਰ ਵੱਲੋਂ ਰਾਜ ਦੇ ਪੀ ਸੀ ਐਸ ਅਧਿਕਾਰੀਆਂ ਨੂੰ ਤੰਗ ਪਰੇਸ਼ਾਨ ਕਰਨ ਅਤੇ ਵਿਗੜਦੀ ਜਾ ਰਹੀ ਕਾਨੂੰਨ ਵਿਵਸਥਾ ਦੇ ਵਿਰੋਧ ਵਿਚ ਭਾਰਤੀ ਜਨਤਾ ਪਾਰਟੀ ਹਲਕਾ ਸ਼ੁਤਰਾਣਾ ਵੱਲੋਂ ਦਿੱਲੀ ਸੰਗਰੂਰ ਕੌਮੀ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਰੋਸ ਮੁਜ਼ਾਹਰਾ ਕਰਕੇ ਮੁੱਖ ਮੰਤਰੀ ਦਾ ਪੁਤਲਾ ਫੂਕਿਆ ਗਿਆ। ਇਸ ਦੌਰਾਨ ਇਕੱਤਰ ਭਾਜਪਾ ਵਰਕਰਾਂ ਨੇ ਸੂਬਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਭਾਰਤੀ ਜਨਤਾ ਪਾਰਟੀ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਨੇ ਕਿਹਾ ਕਿ ਆਪ ਦੇ ਵਿਧਾਇਕ ਅਤੇ ਮੰਤਰੀ ਸੂਬੇ ਵਿਚ ਤਾਨਾਸ਼ਾਹੀ ਰਾਜ ਕਰ ਰਹੇ ਹਨ। ਜਿਸ ਕਰਕੇ ਪੀ ਸੀ ਐਸ ਅਧਿਕਾਰੀਆਂ ਨੇ ਸਮੂਹਕ ਛੁੱਟੀ 'ਤੇ ਜਾਣ ਕਰਕੇ ਕਿਸੇ ਵੀ ਦਫਤਰ ਵਿਚ ਕੋਈ ਕੰਮ-ਕਾਜ ਨਹੀਂ ਹੋ ਰਿਹਾ। ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਹਾਲਤ ਬੇਹੱਦ ਚਿੰਤਾਜਨਕ ਬਣੀ ਹੋਈ ਹੈ। ਹਰ ਰੋਜ਼ ਕਤਲ ਅਤੇ ਲੁੱਟ-ਖੋਹ ਵਰਗੀਆਂ ਘਟਨਾਵਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਮੌਕੇ ਕੀਮਤ ਸਿੰਗਲਾ, ਤਰਸੇਮ ਬਾਂਸਲ,ਬਗੀਚਾ ਸਿੰਘ ਦੁਤਾਲ, ਰਮੇਸ਼ ਕੁਮਾਰ ਕੁੱਕੂ, ਮੁਖਤਿਆਰ ਸਿੰਘ ਮੋਖਾ, ਸਤੀਸ਼ ਗਰਗ, ਲਾਲ ਚੰਦ ਲਾਲੀ, ਰੂਡ ਸਿੰਘ, ਜੀਵਨ ਦੱਤ ਸ਼ੈਲੀ, ਜਗਦੀਸ਼ ਪੰਛੀ, ਗਿਆਨ ਧਾਲੀਵਾਲ, ਪ੍ਰਸ਼ੋਤਮ ਸਿੰਗਲਾ, ਗਿਆਨ ਚੰਦ, ਕਰਨ ਪ੍ਰਧਾਨ, ਯੁਗਰਾਜ ਸਿੰਘ, ਬਲਰਾਜ ਖਾਂਗ, ਗੁਰਬਖਸ਼ ਸਿੰਘ ਪੰਨੂ, ਜਾਨਪਾਲ ਸਿੰਘ, ਸੁਭਾਸ਼ ਚੰਦ, ਸੋਨੂ ਗਰਗ, ਬਿੰਦਰ ਸਿੰਘ, ਸੁਰੇਸ਼ ਕੁਮਾਰ, ਨਾਜਰ ਹੁਸੈਨ, ਰਾਜ ਕੁਮਾਰ, ਰਮੇਸ਼ ਕੁਮਾਰ, ਵਿਜੈ ਗਰਗ, ਠਾਕੁਰ ਕਾਹਨਗੜ੍ਹ, ਮਦਨ ਜੇ.ਈ., ਸਤਨਾਮ ਸਿੰਘ, ਵਿਜੈ ਪਤਲੀ, ਸੱਤਿਆਵਾਨ, ਸੁਭਾਸ਼ ਕੁਮਾਰ, ਅਮਰੀਕ ਸਿੰਘ, ਯਾਦਵਿੰਦਰ ਸਿੰਘ, ਜਗਤਾਰ ਪਾਤੜਾਂ, ਮਨਜੀਤ ਕੌਰ, ਕਿਰਨਾ ਰਾਣੀ ਅਤੇ ਹੋਰ ਪਾਰਟੀ ਦੇ ਮੈਂਬਰ ਮੌਜੂਦ ਸਨ।



# ਜੱਚਾ-ਬੱਚਾ ਦੀ ਤੰਦਰੁਸਤੀ ਲਈ ਟੀਕਾਕਰਨ ਕੈਂਪ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)** ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਡਾ. ਰੰਜੂ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਜਤਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਅੱਜ ਸੀ.ਐਚ.ਸੀ ਚੱਕ ਸ਼ੇਰੇ ਵਾਲਾ ਅਧੀਨ ਵੱਖ ਵੱਖ ਸਿਹਤ ਕੇਂਦਰਾਂ 'ਤੇ ਮਮਤਾ ਦਿਵਸ ਮਨਾਉਂਦੇ ਹੋਏ ਜੱਚਾ ਬੱਚਾ ਦੀ ਤੰਦਰੁਸਤੀ ਲਈ ਸਿਹਤ ਜਾਂਚ ਅਤੇ ਟੀਕਾਕਰਨ ਕੀਤਾ ਗਿਆ। ਮਮਤਾ ਦਿਵਸ 'ਤੇ ਪਹੁੰਚੇ ਲਾਭਪਾਤਰੀਆਂ ਨੂੰ ਮਾਂ ਅਤੇ ਬੱਚੇ ਦੀ ਸੁੱਰਖਿਆ, ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਅਤੇ ਕੋਵਿਡ-19 ਤੋਂ ਬਚਣ ਦੇ ਨੁਸਖੇ ਦੱਸੇ ਗਏ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਬੀ.ਈ.ਈ ਮਨਬੀਰ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਹਰ ਬੁੱਧਵਾਰ ਨੂੰ ਪਿੰਡਾਂ ਵਿੱਚ ਮਮਤਾ ਦਿਵਸ ਮਨਾਇਆ ਜਾਂਦਾ ਹੈ। ਉਨ੍ਹਾ ਦੱਸਿਆ ਕਿ ਏ.ਐਨ.ਐਮ ਸਟਾਫ ਵੱਲੋਂ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕੀਤਾ ਜਾਂਦਾ ਹੈ।

ਇਸ ਦੌਰਾਨ ਗਰਭਵਤੀ ਔਰਤਾਂ ਨੂੰ ਗਰਭ ਵਿਚ ਪਲ ਰਹੇ ਬੱਚੇ ਦੀ ਸੰਭਾਲ ਸੰਬੰਧੀ ਜਾਣਕਾਰੀ ਦਿੱਤੀ ਜਾਂਦੀ ਹੈ ਅਤੇ ਲੋੜ ਪੈਣ 'ਤੇ ਡਾਕਟਰੀ ਸਲਾਹ ਲੈਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਉਨ੍ਹਾ ਦੱਸਿਆ ਕਿ ਅੱਜ ਪਿੰਡ ਲੱਖੇਵਾਲੀ, ਖੱਪਿਆਂਵਾਲੀ, ਰੋੜਾਂ ਵਾਲੀ, ਬਰਕੰਦੀ, ਮਹਾਂਬੱਧਰ, ਲੰਬੀ ਢਾਬ, ਰਾਮਗੜ੍ਹ ਚੁੰਘਾ, ਮੋਤਲੇਵਾਲਾ, ਵੱਟੂ, ਥਾਂਦੇਵਾਲਾ, ਮੁਕੰਦ ਸਿੰਘ ਵਾਲਾ, ਭੰਗੇਵਾਲਾ, ਬਰੀਵਾਲਾ, ਲੁਬਾਣਿਆਂ ਵਾਲੀ, ਰਹੂੜਿਆਂ ਵਾਲੀ ਸਹਿਤ 29 ਪਿੰਡਾਂ ਵਿਖੇ ਕੈਂਪ ਲਗਾਏ ਗਏ। ਇਸ ਮੌਕੇ ਵੱਖ-ਵੱਖ ਸਿਹਤ ਕੇਂਦਰਾਂ 'ਤੇ ਲਗਾਏ ਗਏ ਟੀਕਾਕਰਨ ਕੈਂਪ ਦੌਰਾਨ ਸਿਹਤ ਕਰਮੀਆਂ ਨੇ ਦੱਸਿਆ ਕਿ ਹਾਈ ਰਿਸਕ ਗਰਭਵਤੀ ਔਰਤਾਂ ਨੂੰ ਆਪਣਾ ਖਾਸ ਧਿਆਨ ਰੱਖਣਾ ਚਾਹੀਦਾ ਹੈ ਅਤੇ ਸਮੇਂ ਸਮੇਂ ਸਿਰ ਡਾਕਟਰੀ ਸਲਾਹ ਲੈਣੀ ਚਾਹੀਦੀ ਹੈ। ਜਣੇਪਾ ਹਸਪਤਾਲ ਵਿੱਚ ਹੀ ਕਰਵਾਉਣਾ ਚਾਹੀਦਾ ਹੈ। ਉਨ੍ਹਾ ਦੱਸਿਆ ਕਿ ਜਿਨ੍ਹਾਂ ਔਰਤਾਂ ਦੀ ਉਮਰ ਅਠਾਰਾਂ ਸਾਲ ਤੋਂ ਘੱਟ ਜਾਂ ਪੈਂਤੀ ਸਾਲ ਤੋਂ ਵੱਧ ਹੋਵੇ, ਪੰਜ ਵਾਰ ਜਾਂ ਉਸ ਤੋਂ ਵੱਧ ਵਾਰ ਗਰਭ ਧਾਰਨ ਕੀਤਾ ਹੋਵੇ, ਬਹੁਤ ਛੋਟਾ ਕੱਦ ਹੋਣਾ, ਸਰੀਰ ਵਿੱਚ ਖ਼ੂਨ ਦੀ ਘਾਟ ਦਾ ਜ਼ਿਆਦਾ ਹੋਣਾ, ਬਲੱਡ ਗਰੁੱਪ ਆਰ ਐਚ ਨੈਗੇਟਿਵ ਹੋਣਾ, ਖ਼ੂਨ ਦਾ ਦਬਾਅ ਜ਼ਿਆਦਾ ਹੋਣਾ, ਗਰਭ ਅਵਸਥਾ ਦੌਰਾਨ ਸ਼ੂਗਰ ਵੱਧ ਜਾਂ ਘੱਟ ਹੋਣਾ, ਵਾਰ ਵਾਰ ਗਰਭਪਾਤ ਹੋਣਾ, ਬਾਂਝਪਨ ਦਾ ਇਲਾਜ ਕਰਵਾਇਆ ਹੋਵੇ, ਗਰਭਵਤੀ ਔਰਤ ਨੂੰ ਦਿਲ ਦੀ ਬਿਮਾਰੀ, ਦਮਾ, ਸ਼ੂਗਰ, ਦੌਰੇ ਪੈਣੇ ਆਦਿ ਜਾਂ ਕੋਈ ਲੰਬੀ ਬਿਮਾਰੀ ਹੋਵੇ, ਮਾਂ ਦੇ ਪੇਟ ਵਿੱਚ ਬੱਚੇ ਦੀ ਹਰਕਤ ਘੱਟ ਹੋਣਾ ਜਾਂ ਬੰਦ ਹੋਣਾ ਆਦਿ ਖ਼ਤਰਨਾਕ ਲੱਛਣ ਹਨ। ਇਸ ਮੌਕੇ ਵੱਖ-ਵੱਖ ਸਿਹਤ ਕੇਂਦਰਾਂ 'ਤੇ ਨਿਯੁਕਤ ਸਟਾਫ ਹੈਲਥ ਸੁਪਰਵਾਈਜ਼ਰ (ਮੇਲ ਤੇ ਫੀਮੇਲ), ਸੀ.ਐਚ.ਓ, ਏ.ਐਨ.ਐਮ, ਮ.ਪ.ਹ.ਵ (ਮੇਲ), ਆਸ਼ਾ ਵਰਕਰ ਅਤੇ ਪਿੰਡ ਵਾਸੀ ਮੌਜੂਦ ਸਨ।

# ਸ਼ਰਾਰਤੀ ਅਨਸਰਾਂ ਨੇ 6 ਗੱਡੀਆਂ ਦੇ ਤੋੜੇ ਸ਼ੀਸ਼ੇ, ਪੁਲਸ ਜਾਂਚ 'ਚ ਜੁਟੀ



**ਲਹਿਰਾਗਾਗਾ (ਸਿੰਗਲਾ)** ਬੀਤੀ ਰਾਤ ਸ਼ਰਾਰਤੀ ਅਨਸਰਾਂ ਵੱਲੋਂ ਸ਼ਹਿਰ ਦੇ ਮੁੱਖ ਏਰੀਆ ਸਾਬਕਾ ਮੁੱਖ ਮੰਤਰੀ ਬੀਬੀ ਭੱਠਲ ਦੀ ਪੁਰਾਣੀ ਰਿਹਾਇਸ਼ ਦੇ ਨਜ਼ਦੀਕ ਪਾਰਕ ਕੀਤੀਆਂ ਗੱਡੀਆਂ ਵਿੱਚੋਂ ਛੇ ਦੇ ਸ਼ੀਸ਼ੇ ਤੋੜ ਦਿੱਤੇ ਗਏ, ਪਰ ਸ਼ਰਾਰਤੀ ਅਨਸਰ ਕੋਈ ਗੱਡੀ ਚੋਰੀ ਕਰਕੇ ਲੈ ਜਾਣ ਵਿੱਚ ਸਫਲ ਨਹੀਂ ਹੋਏ, ਜਦੋਂ ਕਿ ਸ਼ੀਸ਼ੇ ਤੋੜ ਕੇ ਚਾਬੀ ਨਾਲ ਗੱਡੀ ਸਟਾਰਟ ਕਰਨ ਦੀ ਕੋਸ਼ਿਸ਼ ਤਾਂ ਕੀਤੀ ਗਈ, ਸਵੇਰੇ ਪਤਾ ਚੱਲਦੇ ਸ਼ਹਿਰ ਵਾਸੀਆਂ ਵੱਲੋਂ ਇਸਦੀ ਸੂਚਨਾ ਪੁਲਸ ਨੂੰ ਦਿੱਤੀ ਗਈ।

ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਕੀਤੀ ਗਈ। ਸਿਟੀ ਇੰਚਾਰਜ ਕਸ਼ਮੀਰ ਸਿੰਘ ਨੇ ਕਿਹਾ ਕਿ ਪੁਲਸ ਸ਼ਰਾਰਤੀ ਅਨਸਰਾਂ ਦਾ ਜਲਦੀ ਪਤਾ ਲਾਏਗੀ, ਜਿਨ੍ਹਾਂ ਥਾਂਵਾਂ 'ਤੇ ਗੱਡੀਆਂ ਦੇ ਸ਼ੀਸ਼ੇ ਨੂੰ ਤੋੜਿਆ ਗਿਆ, ਉੱਥੇ ਲੱਗੇ ਸੀਸੀਟੀਵੀ ਕੈਮਰਿਆਂ ਨੂੰ ਦੇਖਿਆ ਜਾ ਰਿਹੈ। ਉਨ੍ਹਾਂ ਸ਼ਹਿਰ ਵਾਸੀਆਂ ਤੋਂ ਸਹਿਯੋਗ ਦੀ ਮੰਗ ਕਰਦਿਆਂ ਕਿਹਾ ਕਿ ਜਿੱਥੋਂ ਤੱਕ ਹੋ ਸਕੇ ਦੁਕਾਨਾਂ ਅੱਗੇ ਸੀ ਸੀ ਟੀ ਵੀ ਕੈਮਰੇ ਲਾਏ ਜਾਣ ਤਾਂ ਜੁ ਸਮਾਜ ਵਿਰੋਧੀ ਅਨਸਰ ਆਪਣੇ ਮਨਸੂਬੇ ਕਾਮਯਾਬ ਨਾ ਹੋ ਸਕਣ। ਪੁਲਸ ਸ਼ਰਾਰਤੀ ਅਨਸਰਾਂ ਨਾਲ ਸਖਤੀ ਨਾਲ ਪੇਸ਼ ਆਵੇਗੀ।

12-JAN-PAGE-7.qxd 1/11/2023 10:43 PM Page 1



# ਬਿਜਲੀ ਮੁਲਾਜ਼ਮ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਮੁੱਖ ਮੰਤਰੀ ਜ਼ਰੂਰ ਗੌਰ ਕਰਨਗੇ : ਦਿਆਲਪੁਰਾ



**ਸਮਰਾਲਾ, (ਸੁਰਜੀਤ ਸਿੰਘ)** ਮੰਡਲ ਪ੍ਰਧਾਨ ਸਿਕੰਦਰ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ ਮੀਟਿੰਗ ਦੌਰਾਨ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਤੇ ਪੈਨਸ਼ਨਰਾਂ ਦੀ ਮੁਸ਼ਕਲਾਂ ਸੁਣੀਆਂ। ਪ੍ਰਧਾਨ ਸਿਕੰਦਰ ਸਿੰਘ ਤੇ ਹਾਜ਼ਰ ਪੈਨਸ਼ਨਰਾਂ ਵੱਲੋਂ ਆਪਣੀਆਂ ਮੰਨੀਆਂ ਮੰਗਾਂ ਨੂੰ ਲਾਗੂ ਕਰਾਉਣ ਸਬੰਧੀ ਹਲਕਾ ਵਿਧਾਇਕ ਰਾਹੀਂ ਮੁੱਖ ਮੰਤਰੀ ਨੂੰ ਮੰਗ ਪੱਤਰ ਭੇਜਿਆ ਗਿਆ, ਜਿਨ੍ਹਾਂ ਵਿੱਚ ਜਿਵੇਂ 31-12-2015 ਤੋਂ ਪਹਿਲਾਂ ਰਿਟਾਇਰਡ ਹੋਏ ਪੈਨਸ਼ਨਰਾਂ ਨੂੰ 2.59 ਨਾਲ ਪੇ ਸਕੇਲ ਸੋਧਣੇ, 23 ਸਾਲਾ ਬਿਨਾਂ ਸ਼ਰਤ ਦੇਣਾ, ਮੈਡੀਕਲ ਭੱਤਾ 2500 ਰੁਪਏ ਕਰਨਾ, ਕੈਸ਼ਲੈਸ ਸਕੀਮ ਲਾਗੂ ਕਰਨਾ, ਪੈਨਸ਼ਨਰਾਂ ਨੂੰ ਬਿਜਲੀ ਵਰਤੋਂ ਵਿੱਚ ਰਿਆਇਤ ਦੇਣਾ ਆਦਿ ਮੰਗਾਂ ਮੰਨੀਆਂ ਗਈਆਂ ਸਨ, ਜੋ ਅਜੇ ਤੱਕ ਲਾਗੂ ਨਹੀਂ ਕੀਤੀਆਂ ਗਈ।

ਇਸ ਮੌਕੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਪੈਨਸ਼ਨਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਜੋ ਬਿਲਕੁਲ ਜਾਇਜ਼ ਤੇ ਵਾਜਬ ਹਨ, ਉਨ੍ਹਾਂ ਪ੍ਰਤੀ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਖੁਦ ਵੀ ਸੰਜੀਦਾ ਹਨ ਅਤੇ ਜਲਦੀ ਹੀ ਇਨ੍ਹਾਂ ਨੂੰ ਲਾਗੂ ਕਰ ਦਿੱਤਾ ਜਾਵੇਗਾ। ਮੀਟਿੰਗ ਦੌਰਾਨ ਪਾਵਰਕਾਮ ਦੇ ਪੈਨਸ਼ਨਰਾਂ ਤੇ ਫੈਮਿਲੀ ਪੈਨਸ਼ਨਰਾਂ ਦੀਆਂ ਮੁਸ਼ਕਿਲਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਪ੍ਰਧਾਨ ਸਿਕੰਦਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਮੈਨੇਜਮੈਂਟ ਵੱਲੋਂ ਪੈਨਸ਼ਨਰਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਕਰਨ ਵਿੱਚ ਆਨਾਕਾਨੀ ਕਰ ਰਹੀ ਹੈ, ਪ੍ਰੰਤੂ ਪਾਵਰਕਾਮ ਦੇ ਪੈਨਸ਼ਨਰਜ਼ ਆਪਣਾ ਹੱਕ ਲਏ ਬਿਨਾਂ ਚੁੱਪ ਕਰਕੇ ਨਹੀਂ ਬੈਠਣਗੇ।

ਇਸ ਦੌਰਾਨ ਮੰਡਲ ਦਫ਼ਤਰ ਘੁਲਾਲ ਵਿਖੇ ਦਫ਼ਤਰੀ ਕਰਮਚਾਰੀਆਂ ਵੱਲੋਂ ਪੈਨਸ਼ਨਰਾਂ ਦੇ ਪੈਂਡਿੰਗ ਕੰਮ ਤਸੱਲੀਬਖਸ਼ ਨਹੀਂ ਕੀਤੇ ਜਾ ਰਹੇ, ਜਿਸ ਕਾਰਨ ਪੈਨਸ਼ਨਰਾਂ ਵਿੱਚ ਭਾਰੀ ਰੋਸ ਹੈ, ਇਸ ਸਬੰਧੀ ਜਲਦੀ ਹੀ ਐਕਸੀਅਨ ਸਮਰਾਲਾ ਨੂੰ ਮਿਲਿਆ ਜਾਵੇਗਾ, ਜੇਕਰ ਫਿਰ ਵੀ ਟਾਲ ਮਟੋਲ ਦੀ ਨੀਤੀ ਜਾਰੀ ਰਹੀ ਤਾਂ ਸੰਘਰਸ਼ ਵਿੱਢਿਆ ਜਾਵੇਗਾ।

ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਇੰਜ: ਪ੍ਰੇਮ ਸਿੰਘ ਸਾਬਕਾ ਐਸ.ਡੀ.ਓ, ਇੰਜ: ਜੁਗਲ ਕਿਸ਼ੋਰ ਸਾਹਨੀ, ਇੰਜ: ਦਰਸ਼ਨ ਸਿੰਘ ਖ਼ਜ਼ਾਨਚੀ, ਜਗਤਾਰ ਸਿੰਘ ਪ੍ਰੈਸ ਸਕੱਤਰ, ਸੁਖਦਰਸ਼ਨ ਸਿੰਘ ਸਕੱਤਰ, ਰਜਿੰਦਰ ਪਾਲ ਵਡੇਰਾ ਡਿਪਟੀ ਸੀ.ਏ.ਓ, ਜਸਵੰਤ ਸਿੰਘ ਢੰਡਾ, ਦਰਸ਼ਨ ਸਿੰਘ ਕੋਟਾਲਾ, ਰਾਕੇਸ਼ ਕੁਮਾਰ ਮਾਛੀਵਾੜਾ, ਹਰਪਾਲ ਸਿੰਘ ਸਿਹਾਲਾ, ਅਮਰੀਕ ਸਿੰਘ ਮੁਸ਼ਕਾਬਾਦ, ਪ੍ਰੇਮ ਕੁਮਾਰ ਸਮਰਾਲਾ, ਪ੍ਰੇਮ ਚੰਦ ਭਲਾ ਲੋਕ, ਕੁਲਵੰਤ ਸਿੰਘ ਜੱਗੀ ਪ੍ਰਧਾਨ ਗੁਰਦੁਆਰਾ ਤੇ ਅਮਰਜੀਤ ਸਿੰਘ ਮਾਛੀਵਾੜਾ ਆਦਿ ਸ਼ਾਮਲ ਸਨ। ਮੀਟਿੰਗ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਸੁਖਦਰਸ਼ਨ ਸਿੰਘ ਦੁਆਰਾ ਬਾਖੂਬੀ ਨਿਭਾਈ ਗਈ। ਅਖੀਰ ਵਿੱਚ ਸਿਕੰਦਰ ਸਿੰਘ ਪ੍ਰਧਾਨ ਨੇ ਮੀਟਿੰਗ ਵਿੱਚ ਸ਼ਾਮਲ ਪੈਨਸ਼ਨਰਾਂ ਦਾ ਧੰਨਵਾਦ ਕੀਤਾ।

# ਗੋਲਡ ਮੈਡਲ ਜੇਤੂ ਰਾਮਇੰਦਰ, ਚਾਂਦੀ ਮਾਡਲ ਜੇਤੂ ਨਵਰੀਤ ਤੇ ਪਨਸੀਡ ਦੇ ਚੇਅਰਮੈਨ ਮਹਿੰਦਰ ਸਿੱਧੂ ਦਾ ਸਨਮਾਨ



**ਲੌਂਗੋਵਾਲ, (ਕੁਲਦੀਪ ਅੱਤਰੀ/ ਪ੍ਰਦੀਪ ਸੰਘਲ)**- ਪਿੰਡ ਸ਼ਾਹਪੁਰ ਕਲਾਂ ਵਿਖੇ ਸਰਬ ਸਾਂਝਾ ਵਿਚਾਰ ਮੰਚ ਦੇ ਚੇਅਰਮੈਨ ਚਮਕੌਰ ਸਿੰਘ ਦੀ ਅਗਵਾਈ ਵਿੱਚ ਰਾਜਵੰਤ ਸਿੰਘ ਨਹਿਲ ਦੇ ਨਿਵਾਸ ਸਥਾਨ 'ਤੇ ਸੀਮਿਟ ਬਰਿਕ ਫੈਕਟਰੀ ਤੇ ਲੋਕ ਸੇਵਾ ਸਹਾਰਾ ਕਲੱਬ ਚੀਮਾ ਵੱਲੋਂ ਮਹਿੰਦਰ ਸਿੰਘ ਚੇਅਰਮੈਨ ਪਨਸੀਡ ਕਾਰਪੋਰੇਸ਼ਨ ਪੰਜਾਬ, ਇੰਡੋ-ਨੇਪਾਲ ਅੰਤਰਰਾਸ਼ਟਰੀ ਖੇਡਾਂ ਦੇ ਗੋਲਡ ਮੈਡਲ ਵਿਜੇਤਾ ਰਾਮਇੰਦਰ ਸਿੰਘ, ਸਕੇਟਿੰਗ ਹਾਕੀ ਟੀਮ ਭਾਰਤ 'ਚ ਚਾਂਦੀ ਮੈਡਲ ਵਿਜੇਤਾ ਨਵਰੀਤ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਜਗਦੀਪ ਸਿੰਘ ਗੁੱਜਰਾਂ, ਮਾਸਟਰ ਮਲਕੀਤ ਸਿੰਘ ਗਾਂਧੀ, ਹੰਸਰਾਜ ਸਿੰਘ ਰਿਟਾ ਕੰਨਗੋ, ਪ੍ਰਦੀਪ ਕੁਮਾਰ ਬਿੱਟੂ, ਜਸਵਿੰਦਰ ਸ਼ਰਮਾ ਪ੍ਰਧਾਨ ਲੋਕ ਸੇਵਾ ਸਹਾਰਾ ਕਲੱਬ ਚੀਮਾ, ਗੁਰਪ੍ਰੀਤ ਸਿੰਘ ਟੋਨੀ ਪ੍ਰਧਾਨ ਸਰਬ ਸਾਂਝਾ ਵਿਚਾਰ ਮੰਚ ਸ਼ਾਹਪੁਰ, ਕਨਵਰਪਾਲ ਸਿੰਘ ਮਾਨਸ਼ਾਹੀਆ, ਸੁਖਬੀਰ ਸਿੰਘ ਬਲਾਕ ਸੰਮਤੀ ਸ਼ਾਹਪੁਰ ਕਲਾਂ, ਨੌਜਵਾਨ ਯੂਥ ਆਗੂ ਮੱਖਣ ਸਿੰਘ ਸ਼ਾਹਪੁਰ, ਮਲਕੀਤ ਸਿੰਘ ਸਰਪੰਚ ਨੇ ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਹਿੰਦਰ ਸਿੰਘ ਸਿੱਧੂ ਇਕ ਇਮਾਨਦਾਰ, ਬੇਦਾਗ਼ ਤੇ ਨਿਮਰ ਸਿਆਸੀ ਆਗੂ ਹਨ, ਜਿਹੜੇ ਹਮੇਸ਼ਾ ਲੋਕ ਹਿੱਤਾਂ ਦੀ ਪੂਰਤੀ ਲਈ ਉਸਾਰੂ ਰਾਜਨੀਤੀ ਕਰਦੇ ਹਨ।

ਚਮਕੌਰ ਸਿੰਘ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਿੱਧੂ ਦੇ ਸਨਮਾਨ ਨਾਲ ਜੋ ਇੰਡੋ ਨੇਪਾਲ ਅੰਤਰਰਾਸ਼ਟਰੀ ਖੇਡਾਂ 'ਚ ਗੋਲਡ ਮੈਡਲ ਵਿਜੇਤਾ ਰਾਮਇੰਦਰ ਸਿੰਘ ਤੇ ਸਕੇਟਿੰਗ ਹਾਕੀ ਟੀਮ ਭਾਰਤ 'ਚ ਚਾਂਦੀ ਮੈਡਲ ਵਿਜੇਤਾ ਨਵਰੀਤ ਸਿੰਘ ਦਾ ਸਨਮਾਨ ਕਰਕੇ ਬਹੁਤ ਵੱਡਾ ਉਪਰਾਲਾ ਕੀਤਾ ਹੈ, ਇਸ ਨਾਲ ਖਿਡਾਰੀਆਂ ਦਾ ਹੌਸਲਾ ਵਧੇਗਾ ਤੇ ਹੋਰ ਨਵੇਂ ਬੱਚੇ ਇਨ੍ਹਾਂ ਖਿਡਾਰੀਆਂ ਤੋਂ ਪ੍ਰਭਾਵਤ ਹੋ ਕੇ ਨਸ਼ਿਆਂ ਨੂੰ ਛੱਡ ਕੇ ਖੇਡਾਂ ਨਾਲ ਜੁੜਨਗੇ। ਸਨਮਾਨ ਸਮਾਰੋਹ ਵਿੱਚ ਸਨਮਾਨ ਹਾਸਲ ਕਰਦਿਆਂ ਮਹਿੰਦਰ ਸਿੰਘ ਸਿੱਧੂ ਚੇਅਰਮੈਨ ਪਨਸੀਡ ਕਾਰਪੋਰੇਸ਼ਨ ਪੰਜਾਬ ਨੇ ਕਿਹਾ ਕਿ ਜਥੇਦਾਰ ਪਰਵਾਰ ਨਾਲ ਮੇਰੇ ਸਿਆਸੀ ਨਹੀਂ ਪਰਵਾਰਕ ਰਿਸ਼ਤੇ ਹਨ, ਪਿਛਲੇ ਲੰਬੇ ਸਮੇਂ ਤੋਂ ਇਸ ਪਰਿਵਾਰ ਨਾਲ ਮੈਂ ਸਿਆਸੀ ਤੌਰ ਤੇ ਘੱਟ ਪਰਵਾਰਕ ਤੌਰ ਤੇ ਜ਼ਿਆਦਾ ਵਿਚਰਦਾ ਆਇਆ ਹਾਂ।

ਸਿੱਧੂ ਨੇ ਸਨਮਾਨ ਸਮਾਰੋਹ ਬਾਰੇ ਬੋਲਦਿਆਂ ਕਿਹਾ ਕਿ ਅੱਜ ਮੈਨੂੰ ਜੋ ਮਾਣ ਸਤਿਕਾਰ ਚਮਕੌਰ ਸਿੰਘ ਦੇ ਪਰਵਾਰ ਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਦਿੱਤਾ ਗਿਆ ਹੈ, ਉਸ ਦਾ ਮੈਂ ਸ਼ੁਕਰਗੁਜ਼ਾਰ ਹਾਂ ਤੇ ਤੁਹਾਡਾ ਸਭ ਦਾ ਧੰਨਵਾਦੀ ਹਾਂ।

## ਕਾਤਰਾਂ

### ਚੱਠਾ ਡੀ ਸੀ ਯੂ ਪਟਿਆਲਾ ਦੇ ਮੀਤ ਪ੍ਰਧਾਨ ਬਣੇ



**ਪਾਤੜਾਂ (ਭੁਪਿੰਦਰ ਮੌਲਵੀਵਾਲਾ)**-ਜ਼ਿਲ੍ਹਾ ਕੋਆਪ੍ਰੇਟਿਵ ਸੁਸਾਇਟੀ ਯੂਨੀਅਨ ਪਟਿਆਲਾ ਦੀ ਚੋਣ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਪਿੰਡ ਮੌਲਵੀਵਾਲਾ ਦੇ ਸੀਨੀਅਰ ਆਗੂ ਹਰਿੰਦਰ ਸਿੰਘ ਚੱਠਾ ਨੂੰ ਮੀਤ ਪ੍ਰਧਾਨ ਚੁਣਿਆ ਗਿਆ ਹੈ। ਕੋਆਪ੍ਰੇਟਿਵ ਸੁਸਾਇਟੀ ਯੂਨੀਅਨ ਦੇ ਡਾਇਰੈਕਟਰ ਬਣਨ ਉਪਰੰਤ ਚੱਠਾ ਨੇ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੂੰ ਮਿਲ ਕੇ ਉਨ੍ਹਾਂ ਦੀ ਇਸ ਨਿਯੁਕਤੀ ਲਈ ਧੰਨਵਾਦ ਕੀਤਾ ਹੈ। ਮੀਤ ਪ੍ਰਧਾਨ ਚੁਣੇ ਜਾਣ ਉਪਰੰਤ ਹਰਿੰਦਰ ਸਿੰਘ ਚੱਠਾ ਨੇ ਕਿਹਾ ਕਿ ਜਥੇਬੰਦੀ ਦੇ ਡਾਇਰੈਕਟਰ ਨੇ ਜੋ ਸਾਥ ਉਨ੍ਹਾਂ ਦਾ ਦਿੱਤਾ ਹੈ, ਇਸ ਲਈ ਉਹ ਸਦਾ ਰਿਣੀ ਰਹਿਣਗੇ।

### ਮੂਸੇਵਾਲਾ ਦੀ ਯਾਦ 'ਚ ਲਾਇਬ੍ਰੇਰੀ ਦਾ ਨੀਂਹ ਪੱਥਰ

**ਮਾਨਸਾ (ਗੀਤਵਾਲ)** 29 ਮਈ ਨੂੰ ਪਿੰਡ ਜਵਾਹਰਕੇ ਵਿੱਚ ਹੱਤਆਰਿਆਂ ਵੱਲੋਂ ਗੋਲੀਆਂ ਮਾਰ ਕੇ ਕਤਲ ਕੀਤੇ ਗਏ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੀ ਯਾਦ ਵਿੱਚ ਬਣਨ ਵਾਲੀ ਲਾਇਬ੍ਰੇਰੀ ਦਾ ਨੀਂਹ ਪੱਥਰ ਪਿੰਡ ਮੂਸਾ ਵਿਖੇ ਉਨ੍ਹਾਂ ਦੇ ਪਿਤਾ ਬਲਕੌਰ ਸਿੰਘ ਸਿੱਧੂ ਵੱਲੋਂ ਰੱਖਿਆ ਗਿਆ। ਉਨ੍ਹਾਂ ਕਿਹਾ ਕਿ ਵਿਅਕਤੀ ਨੂੰ ਜੋ ਜਾਣਕਾਰੀ ਲਾਇਬ੍ਰੇਰੀ ਰਾਹੀਂ ਮਿਲ ਸਕਦੀ ਹੈ, ਉਹ ਸੋਸ਼ਲ ਮੀਡੀਆ ਤੋਂ ਨਹੀਂ ਮਿਲ ਸਕਦੀ।
ਉਨ੍ਹਾਂ ਕਿਹਾ ਕਿ ਅੱਜ-ਕੱਲ੍ਹ ਸੋਸ਼ਲ ਮੀਡੀਆ 'ਤੇ ਅੱਧੇ ਤੋਂ ਵੱਧ ਝੂਠ ਹੁੰਦਾ ਹੈ। ਉਨ੍ਹਾਂ ਕਿਹਾ ਕਿ ਕਿਤਾਬਾਂ ਬੜੇ ਸੂਝਵਾਨ ਲੇਖਕਾਂ ਨੇ ਲਿਖੀਆ ਹੁੰਦੀਆਂ ਹਨ ਅਤੇ ਜੇ ਬੰਦਾ ਧਿਆਨ ਨਾਲ ਪੜ੍ਹੇ ਤਾਂ ਬਹੁਤ ਕੁੱਝ ਸਿੱਖਣ ਨੂੰ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਵੀ ਸੋਚ ਹੈ ਕਿ ਘੱਟੋ-ਘੱਟ ਜਿਹੜੀ ਵੀ ਕੋਈ ਨਵੀਂ ਜਾਣਕਾਰੀ ਹੈ, ਯੂਨੀਵਰਸਿਟੀ ਦੀ ਹੈ ਜਾਂ ਕੋਈ ਖੇਤੀਬਾੜੀ ਨਾਲ ਸਬੰਧਤ ਹੈ, ਜਾਂ ਹੋਰ ਕਿਸਮ ਦੀ ਜਾਣਕਾਰੀ, ਇਸ ਲਾਇਬ੍ਰੇਰੀ ਰਾਹੀਂ ਸਿੱਧੀ ਨੌਜਵਾਨਾਂ ਤੱਕ ਪਹੁੰਚੇ।

### ਕੜਮਾ ਵਿਖੇ ਸਾਲਾਨਾ ਜੋੜ ਮੇਲਾ ਮਨਾਇਆ

**ਮਮਦੋਟ, (ਹਰਪਾਲ ਸਿੰਘ ਸੋਢੀ)** ਦਲ ਬਾਬਾ ਬਿਧੀ ਚੰਦ ਜੀ ਸੰਪਰਦਾਇ ਸੁਰ ਸਿੰਘ ਵਾਲਾ ਵੱਲੋਂ ਹਰ ਸਾਲ ਮੇਲਾ ਮਾਘੀ ਮੁਕਤਸਰ ਵਿਖੇ ਜਾਣ ਤੋਂ ਪਹਿਲਾਂ ਨਜ਼ਦੀਕੀ ਪਿੰਡ ਕੜਮਾ ਵਿਖੇ ਠਹਿਰਾਅ ਦੌਰਾਨ ਇਸ ਸਾਲ ਵੀ ਜੋੜ ਮੇਲਾ ਕਰਾਇਆ ਗਿਆ, ਜਿਸ ਦੌਰਾਨ ਗੁਰਦੁਆਰਾ ਬਾਬਾ ਬਿਧੀ ਚੰਦ ਜੀ ਵਿਖੇ ਆਰੰਭ ਕਰਾਏ ਗਏ ਸ੍ਰੀ ਆਖੰਡਪਾਠ ਸਾਹਿਬ ਦੇ ਭੋਗ ਪਾਏ ਗਏ।
ਉਪਰੰਤ ਢਾਡੀ ਜਥਿਆਂ ਵੱਲੋ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਬਾਬਾ ਸਿੰਘ ਜੀ ਸੁਰ ਸਿੰਘ ਵਾਲਿਆਂ ਵੱਲੋਂ ਵਰੋਸਾਏ ਬਾਬਾ ਅਵਤਾਰ ਸਿੰਘ ਜੀ ਨੇ ਸੰਗਤਾਂ ਨੂੰ ਆਪਣੇ ਪ੍ਰਵਚਨ ਸੁਣਾ ਕੇ ਨਿਹਾਲ ਕੀਤਾ। ਇਸ ਜੋੜ ਮੇਲੇ ਦੌਰਾਨ ਨਿਹੰਗ ਸਿੰਘਾਂ ਵੱਲੋਂ ਘੋੜ ਦੌੜਾਂ ਰਾਹੀਂ ਪਹੁੰਚੀਆਂ ਹੋਈਆਂ ਸੰਗਤਾਂ ਦਾ ਮਨੋਰੰਜਨ ਕੀਤਾ ਗਿਆ ਤੇ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਇਸ ਜੋੜ ਮੇਲੇ ਵਿੱਚ ਇਲਾਕੇ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਪਹੁੰਚੀਆਂ ਹੋਈਆਂ ਸਨ।

### ਨੰਦੀਸ਼ਾਲਾ 'ਚ ਮਨਾਇਆ ਲੋਹੜੀ ਤੇ ਸੰਕ੍ਰਾਂਤੀ ਦਾ ਤਿਉਹਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)** ਮੰਡੀ ਕਾਲਾਂਵਾਲੀ ਦੇ ਬੱਸ ਸਟੈਂਡ ਨੇੜੇ ਮਹਾਂਸਾਧਵੀ ਸ਼੍ਰੀ ਸਵਰਨ ਸੁਧਾ ਜੈਨ ਮਹਾਦੇਵ ਨੰਦੀ ਸ਼ਾਲਾ ਵਿਖੇ108 ਸੰਤ ਬਾਬਾ ਸ਼੍ਰੀ ਵਾਸੂਦੇਵ ਦਾਸ ਦੀ ਅਗਵਾਈ ਵਿੱਚ ਲੋਹੜੀ ਅਤੇ ਸੰਕ੍ਰਾਂਤੀ ਦਾ ਤਿਉਹਾਰ ਬੜੀ ਧੂਮਧਾਮ ਅਤੇ ਧਾਰਮਿਕ ਸ਼ਰਧਾ ਨਾਲ ਮਨਾਇਆ ਗਿਆ। ਮਹਾਦੇਵ ਨੰਦੀ ਸ਼ਾਲਾ ਦੇ ਮੁਖੀ ਸੂਰਜਭਾਨ ਠੇਕੇਦਾਰ ਨੇ ਦੱਸਿਆ ਕਿ ਲੋਹੜੀ ਦੇ ਤਿਉਹਾਰ ਮੌਕੇ 13 ਜਨਵਰੀ ਨੂੰ ਸ੍ਰੀ ਕ੍ਰਿਸ਼ਨ ਗਊ ਕਥਾ ਦਾ ਆਯੋਜਨ ਕੀਤਾ ਜਾਵੇਗਾ। ਜਿਸ ਵਿੱਚ ਗੋਲਡ ਮੈਡਲਿਸਟ ਮਾਸਟਰ ਭੀਮ ਮੋੜ ਆਪਣੇ ਜਥੇ ਸਮੇਤ ਕਵੀਸ਼ਰੀ ਰਾਹੀਂ ਸ਼੍ਰੀ ਕ੍ਰਿਸ਼ਨ ਗਊ ਕਥਾ ਸੁਣਾਉਣਗੇ।ਉਨ੍ਹਾਂ ਦੱਸਿਆ ਕਿ 14 ਜਨਵਰੀ ਨੂੰ ਹਵਨ ਕੀਤਾ ਜਾਵੇਗਾ, ਜਿਸ ਵਿੱਚ ਪੁਜਾਰੀ ਅਚਾਰੀਆ ਕੁਲਦੀਪ ਸ਼ਾਸਤਰੀ ਸ਼ਿਰਕਤ ਕਰਨਗੇ।
ਇਸ ਮੌਕੇ ਭੰਡਾਰਾ ਵੀ ਕਰਾਇਆ ਜਾਵੇਗਾ, ਜਿਸ ਵਿੱਚ ਇਲਾਕੇ ਦੇ ਹਜ਼ਾਰਾਂ ਲੋਕ ਸ਼ਮੂਲੀਅਤ ਕਰਨਗੇ।

### ਲੋਕ ਸਭਾ ਚੋਣਾਂ ਨੇੜੇ ਆਉਣ 'ਤੇ ਰਾਜਨੀਤਕ ਆਗੂਆਂ ਦੇ ਗੇੜੇ ਵਧੇ

**ਸਿਰਸਾ (ਸੁਰਿੰਦਰ ਪਾਲ ਸਿੰਘ)** ਲੋਕ ਸਭਾ ਚੋਣਾਂ ਲਈ ਡੇਢ ਸਾਲ ਦਾ ਸਮਾਂ ਬਾਕੀ ਰਹਿਣ ਤੇ ਸਾਰੀਆਂ ਪਾਰਟੀਆਂ ਦੇ ਐਮ ਪੀ ਤੇ ਐਮ ਐਲ ਏ ਆਪਣੀ ਆਪਣੀ ਪਾਰਟੀ ਦੀਆਂ ਨੀਤੀਆਂ ਨੂੰ ਆਮ ਜਨਤਾ ਤੱਕ ਲਿਜਾ ਕੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੀ ਤਿਆਰੀ ਕਰ ਰਹੇ ਹਨ। ਇਨ੍ਹਾਂ ਤਿਆਰੀਆਂ ਤਹਿਤ ਸਿਰਸਾ ਤੋਂ ਲੋਕ ਸਭਾ ਮੈਂਬਰ ਸੁਨੀਤਾ ਦੁੱਗਲ ਆਪਣੇ ਲੋਕ ਸਭਾ ਹਲਕੇ ਵਿੱਚ ਪਾਰਟੀ ਵਰਕਰਾਂ ਨਾਲ ਮੁਲਾਕਾਤਾਂ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ। ਲੋਕ ਸਭਾ ਚੋਣਾਂ ਜਿੱਤਣ ਲਈ ਸੰਸਦ ਮੈਂਬਰ ਸੁਨੀਤਾ ਦੁੱਗਲ ਆਪਣੇ ਪਾਰਟੀ ਵਰਕਰਾਂ ਦੇ ਘਰਾਂ 'ਚ ਹੋਣ ਵਾਲੇ ਧਾਰਮਿਕ ਪ੍ਰੋਗਰਾਮਾਂ 'ਚ ਸ਼ਮੂਲੀਅਤ ਕਰਕੇ ਗੁਰਬਾਣੀ ਤੇ ਭਜਨ ਦਾ ਗਾਇਨ ਕਰ ਰਹੇ ਹਨ। ਅਜਿਹੇ 'ਚ ਪਿੰਡ ਬਲਿਆਣਾ ਦੇ ਸਰਪੰਚ ਦੇ ਘਰ ਸੁਖਮਨੀ ਸਾਹਿਬ ਦੇ ਪਾਠ ਰੱਖੇ ਗਏ ਤਾਂ ਦੁੱਗਲ ਨੇ ਸਵੇਰੇ ਉਨ੍ਹਾਂ ਦੇ ਘਰ ਪਹੁੰਚ ਕੇ ਗੁਰੂ ਗ੍ਰੰਥ ਸਾਹਿਬ ਵਿਚੋਂ ਗੁਰਬਾਣੀ ਦਾ ਜਾਪ ਕੀਤਾ।
ਸੰਸਦ ਮੈਂਬਰ ਨੇ ਗੁਰਬਾਣੀ ਦੇ ਕਈ ਸ਼ਬਦਾਂ ਦਾ ਜਾਪ ਕੀਤਾ। ਇਸ ਤੋਂ ਦੋ ਦਿਨ ਪਹਿਲਾਂ ਸੰਸਦ ਮੈਂਬਰ ਸਿਰਸਾ ਦੇ ਪਿੰਡ ਬੱਪਾ 'ਚ ਸ਼ਬਦ ਕੀਰਤਨ ਕਰ ਰਹੇ ਸਨ ਤੇ ਕੁਝ ਦਿਨ ਪਹਿਲਾਂ ਸੰਸਦ ਮੈਂਬਰ ਨੇ ਸਿਰਸਾ ਦੇ ਗੁਰਦੁਆਰਾ ਚਿੱਲਾ ਸਾਹਿਬ ਵਿਖੇ ਮੱਥਾ ਟੇਕਿਆ ਸੀ।ਧਿਆਨ ਰਹੇ ਕਿ ਸੰਸਦ ਮੈਂਬਰ ਸੁਨੀਤਾ ਦੁੱਗਲ ਨੇ 2019 ਦੀਆਂ ਲੋਕ ਸਭਾ ਚੋਣਾਂ ਵਿੱਚ ਸਿਰਸਾ ਸੰਸਦੀ ਸੀਟ ਤੋਂ ਕਾਂਗਰਸ ਦੇ ਤਤਕਾਲੀ ਪ੍ਰਦੇਸ਼ ਪ੍ਰਧਾਨ ਅਸ਼ੋਕ ਤੰਵਰ ਨੂੰ ਵੱਡੇ ਫਰਕ ਨਾਲ ਹਰਾਇਆ ਸੀ।

# ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਮਹਿਲ ਕਲਾਂ (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)**-ਸਟੈਨਫੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ ਦੀ ਪ੍ਰਬੰਧਕ ਕਮੇਟੀ, ਸਮੂਹ ਸਟਾਫ ਮੈਂਬਰਾਂ ਦੀ ਦੇਖ-ਰੇਖ ਹੇਠ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ਾਲ ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਇਆ ਗਿਆ। ਪ੍ਰਬੰਧਕਾਂ ਅਨੁਸਾਰ ਇਹ ਮਹਾਨ ਨਗਰ ਕੀਰਤਨ ਨਾਮਵਰ ਵਿੱਦਿਅਕ ਸੰਸਥਾ ਸਟੈਨਫੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ ਤੋਂ ਅਰਦਾਸ ਉਪਰੰਤ ਅਰੰਭ ਹੋ ਕੇ ਪਿੰਡ ਰਾਏਸਰ, ਭੋਤਨਾ, ਕੈਰੇ, ਬਖ਼ਤਗੜ੍ਹ, ਨਾਈਵਾਲਾ ਵਿਖੇ ਪੜ੍ਹਾਅ ਵਾਰ ਪਹੁੰਚਿਆ, ਜਿਸ ਦਾ ਥਾਂ-ਥਾਂ ਉੱਪਰ ਸੰਗਤਾਂ ਨੇ ਭਰਵਾਂ ਸੁਆਗਤ ਕਰਦਿਆਂ ਫੁੱਲਾਂ ਦੀ ਵਰਖਾ ਕੀਤੀ। ਇਸ ਮੌਕੇ ਪ੍ਰਿੰਸੀਪਲ ਪ੍ਰਦੀਪ ਕੌਰ ਧਨੇਰ, ਡਾ. ਤਪਿੰਦਰ ਸਿੰਘ ਗਰੇਵਾਲ, ਚਮਕੌਰ ਸਿੰਘ, ਸ੍ਰੀਮਤੀ ਪਰਮਜੀਤ ਕੌਰ ਨੇ ਗੁਰੂ ਸਾਹਿਬਾਨ ਦੀ ਲਾਸਾਨੀ ਕੁਰਬਾਨੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਉਨ੍ਹਾਂ ਦੇ ਉਦੇਸ਼ਾਂ ਅਨੁਸਾਰ ਸਮਾਜਿਕ ਕੁਰੀਤੀਆਂ ਦੇ ਖਾਤਮੇ ਲਈ ਇਕਜੁਟ ਹੋਣ ਦੀ ਅਪੀਲ ਕੀਤੀ। ਇਸ ਸਮੇਂ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ, ਕਵੀਸ਼ਰੀ, ਕਵਿਤਾਵਾਂ, ਗੀਤ ਪੇਸ਼ ਕਰਕੇ ਨਗਰ ਕੀਰਤਨ ਦੀ ਰੌਣਕ ਨੂੰ ਵਧਾਇਆ। ਇਸ ਮੌਕੇ ਸੰਸਥਾ ਦੇ ਛੇਵੀਂ ਤੋਂ ਬਾਰ੍ਹਵੀਂ ਤੱਕ ਦੇ ਵਿਦਿਆਰਥੀਆਂ, ਗੁਰਦੁਆਰਾ ਸਿੱਧ ਭੋਇ ਚੰਨਣਵਾਲ ਦੀ ਪ੍ਰਬੰਧਕ ਕਮੇਟੀ ਨੇ ਭਰਵਾਂ ਸਹਿਯੋਗ ਦਿੱਤਾ।

# ਨਿਮੋਨੀਆ ਤੋਂ ਬਚਾਅ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਿਖਲਾਈ ਦਿੱਤੀ



**ਸੰਗਰੂਰ, (ਪ੍ਰਵੀਨ ਸਿੰਘ)**-5 ਸਾਲ ਤੱਕ ਦੇ ਬੱਚਿਆਂ ਵਿੱਚ ਨਿਮੋਨੀਆ ਨੂੰ ਘੱਟ ਕਰਨ ਤੇ ਨਿਮੋਨੀਆ ਕਾਰਨ ਹੋਣ ਵਾਲੀ ਮੌਤ ਦਰ ਨੂੰ ਘੱਟ ਕਰਨ ਦੇ ਮਕਸਦ ਨਾਲ ਸਿਹਤ ਵਿਭਾਗ ਦੁਆਰਾ ਚਲਾਈ ਜਾ ਰਹੀ ਮੁਹਿੰਮ 'ਸਾਂਸ' ਤਹਿਤ ਦਫ਼ਤਰ ਸਿਵਲ ਸਰਜਨ ਵਿਖੇ ਵੱਖ-ਵੱਖ ਬਲਾਕਾਂ ਦੇ ਕਮਿਊਨਟੀ ਹੈਲਥ ਅਫ਼ਸਰਾਂ, ਏ.ਐਨ.ਐਮ. ਤੇ ਆਸ਼ਾ ਨੂੰ ਬੱਚਿਆਂ ਦੇ ਮਾਹਰ ਡਾਕਟਰ ਮਨੀਸ਼ ਦੁਆਰਾ ਟ੍ਰੇਨਿੰਗ ਦਿੱਤੀ ਗਈ।

ਸਿਵਲ ਸਰਜਨ ਡਾ. ਪਰਮਿੰਦਰ ਕੌਰ ਨੇ ਕਿਹਾ ਕਿ ਨਿਮੋਨੀਆ ਤੋਂ ਬਚਾਅ ਲਈ 5 ਸਾਲ ਤੱਕ ਦੇ ਬੱਚਿਆਂ ਦਾ ਵਿਸ਼ੇਸ਼ ਖਿਆਲ ਰੱਖਣ ਦੀ ਲੋੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਵਿੱਚ ਨਿਮੋਨੀਆ ਦੇ ਲੱਛਣ ਵਿਖਾਈ ਦੇਣ 'ਤੇ ਬੱਚਿਆਂ ਦੇ ਮਾਹਿਰ ਡਾਕਟਰ ਤੋਂ ਹੀ ਜਾਂਚ ਕਰਾਉਣੀ ਚਾਹੀਦੀ ਹੈ। ਸਾਂਸ ਮੁਹਿੰਮ ਦੇ ਨੋਡਲ ਅਫ਼ਸਰ ਡਾ. ਅੰਜੂ ਸਿੰਗਲਾ ਨੇ ਦੱਸਿਆ ਕਿ ਸਾਂਸ ਮੁਹਿੰਮ ਹਰ ਸਾਲ 12 ਨਵੰਬਰ ਤੋਂ 28 ਫਰਵਰੀ ਤੱਕ ਚਲਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਦੌਰਾਨ 5 ਸਾਲ ਤੱਕ ਦੇ ਬੱਚਿਆਂ ਵਿੱਚ ਨਿਮੋਨੀਆ ਬਾਰੇ ਜਾਗਰੂਕਤਾ ਦੇ ਨਾਲ-ਨਾਲ ਇਸ ਦੇ ਲੱਛਣ, ਬਚਾਅ ਤੇ ਇਲਾਜ ਬਾਰੇ ਆਮ ਲੋਕਾਂ ਨੂੰ ਜਾਣੂ ਕਰਾਇਆ ਜਾਂਦਾ ਹੈ।

ਸਾਂਸ ਟ੍ਰੇਨਰ ਡਾ. ਮਨੀਸ਼ ਨੇ ਦੱਸਿਆ ਕਿ ਨਿਮੋਨੀਆ ਦੇ ਲੱਛਣ ਵਿੱਚ ਖੰਘ, ਬੱਚੇ ਦੁਆਰਾ ਤੇਜ਼ ਸਾਹ ਲੈਣਾ, ਛਾਤੀ ਦਾ ਜਾਮ ਹੋਣਾ ਤੇ ਬੁਖਾਰ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਨਿਮੋਨੀਆ ਦੀ ਪਛਾਣ ਬੱਚੇ ਦੇ ਸਾਹ ਲੈਣ ਦੀ ਗਿਣਤੀ ਤੋਂ ਵੀ ਲਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ 2 ਮਹੀਨਿਆਂ ਤੋਂ ਛੋਟੇ ਬੱਚਿਆਂ ਲਈ ਜੇਕਰ ਸਾਹ ਲੈਣ ਦੀ ਗਿਣਤੀ ਪ੍ਰਤੀ ਮਿੰਟ 60 ਤੋਂ ਵੱਧ ਹੈ, 2 ਮਹੀਨਿਆਂ ਤੋਂ ਇੱਕ ਸਾਲ ਤੱਕ ਦੇ ਬੱਚੇ ਦੀ ਸਾਹ ਲੈਣ ਦੀ ਗਿਣਤੀ 50 ਤੋਂ ਵੱਧ ਹੈ ਤੇ 1 ਤੋਂ 5 ਸਾਲ ਤੱਕ ਦੇ ਬੱਚੇ ਦੇ ਸਾਹ ਲੈਣ ਦੀ ਗਿਣਤੀ 40 ਪ੍ਰਤੀ ਮਿੰਟ ਤੋਂ ਵੱਧ ਹੈ ਤਾਂ ਉਸ ਬੱਚੇ ਨੂੰ ਨਿਮੋਨੀਆ ਹੋ ਸਕਦਾ ਹੈ।ਇਸ ਮੌਕੇ ਡੀ.ਪੀ.ਐਮ. ਵੈਸਾਲੀ ਬਾਂਸਲ, ਸਾਂਸ ਟ੍ਰੇਨਰ ਸੀ.ਐਚ.ਓ. ਨੇਹਾ ਤੇ ਕਮਲਦੀਪ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਤੇ ਕ੍ਰਮਚਾਰੀ ਮੌਜੂਦ ਸਨ।

# ਤਰੁਣ ਸੰਗਮ ਵੱਲੋਂ ਪਰਵਾਰਕ ਮਿਲਣੀ

**ਧੂਰੀ (ਸੁਖਦੇਵ ਧੂਰੀ)**-ਆਲ ਇੰਡੀਆ ਤਰੁਣ ਸੰਗਮ ਵੱਲੋਂ ਪ੍ਰਧਾਨ ਮਲਕੀਤ ਸਿੰਘ ਚਾਂਗਲੀ ਦੀ ਅਗਵਾਈ ਹੇਠ ਮੰਗਲਾ ਆਸ਼ਰਮ ਵਿਖੇ ਸਾਲਾਨਾ ਪਰਵਾਰਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਬੱਚਿਆਂ ਨੇ ਗੀਤ ਤੇ ਕਵਿਤਾਵਾਂ ਪੇਸ਼ ਕਰਕੇ ਖੂਬ ਮਨੋਰੰਜਨ ਕੀਤਾ। ਇਸ ਮੌਕੇ ਵੱਖ-ਵੱਖ ਖੇਡਾਂ ਕਰਾਈਆਂ ਗਈਆਂ, ਜਿਨ੍ਹਾਂ ਦਾ ਹਾਜ਼ਰ ਸਮੂਹ ਪਤਵੰਤੇ ਸੱਜਣਾਂ ਤੇ ਬੱਚਿਆਂ ਨੇ ਖੂਬ ਆਨੰਦ ਮਾਣਿਆ। ਸੰਗਮ ਦੇ ਫਾਊਂਡਰ ਆਗੂ ਮਨਜੀਤ ਸਿੰਘ ਬਖ਼ਸ਼ੀ ਜਨਰਲ ਸਕੱਤਰ ਨੇ ਸਟੇਜ ਦਾ ਸੰਚਾਲਨ ਬਾਖੂਬੀ ਕੀਤਾ।

ਇਸ ਮੌਕੇ ਸਾਰੇ ਜੇਤੂਆਂ ਨੂੰ ਸਨਮਾਨਤ ਕੀਤਾ ਗਿਆ। ਹਾਜ਼ਰ ਸਾਰੇ ਲੋਕਾਂ ਨੇ ਵੱਖ-ਵੱਖ ਤਰ੍ਹਾਂ ਦੇ ਪਕਵਾਨਾਂ ਦਾ ਆਨੰਦ ਮਾਣਿਆ। ਠੰਢ ਦੇ ਬਾਵਜੂਦ ਦੇਰ ਰਾਤ ਤੱਕ ਚੱਲੇ ਸਮਾਗਮ ਵਿੱਚ ਹਰ ਕੋਈ ਅਨੰਦ ਮਾਣਦਾ ਰਿਹਾ।

ਮਨਜੀਤ ਬਖ਼ਸ਼ੀ ਨੇ ਦੱਸਿਆ ਕਿ ਇਸ ਸਮਾਰੋਹ ਦਾ ਮਕਸਦ ਪਰਵਾਰ ਵਿੱਚ ਆਪਸੀ ਵਿਸ਼ਵਾਸ ਤੇ ਪਿਆਰ ਵਧਾਉਣਾ ਹੈ। ਇਸ ਮੌਕੇ ਪਵਨ ਕੁਮਾਰ ਸਿੰਗਲਾ ਚੇਅਰਮੈਨ, ਦਿਨੇਸ ਕੁਮਾਰ ਚੀਫ਼ ਪੈਟਰਨ, ਵਿਵੇਕ ਗੁਪਤਾ, ਮੁਕੇਸ਼ ਸਿੰਗਲਾ, ਜੈ ਗੋਪਾਲ ਗੋਇਲ, ਵਿਪਨ ਅਰੋੜਾ, ਤਰਸੇਮ ਮਿੱਤਲ, ਵਿਕਾਸ ਜੈਨ, ਪਰਸ਼ੋਤਮ ਗੋਇਲ, ਰਜਿੰਦਰ ਕੁਮਾਰ ਨਿੱਕਾ ਤੇ ਸੁਰੇਸ਼ ਕੁਮਾਰ ਹੋਰ ਮੈਂਬਰ ਹਾਜ਼ਰ ਸਨ।

# ਪਾਣੀ ਖਰਾਬ ਹੋਣ ਕਾਰਨ ਇਲਾਕਾ ਵਾਸੀ ਪ੍ਰੇਸ਼ਾਨ

## ਧਰਤੀ ਅੰਦਰ ਪਾਣੀ ਪਾਉਣ ਵਾਲੇ ਕਾਰਖ਼ਾਨੇ ਹਟਾਉਣ ਦੀ ਮੰਗ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਸਾਧੂ ਗੜ੍ਹ ਇਲਾਕੇ ਵਿੱਚ ਧਰਤੀ ਦਾ ਪਾਣੀ ਖਰਾਬ ਹੋਣ ਕਾਰਨ ਇਲਾਕਾ ਵਾਸੀ ਪ੍ਰੇਸ਼ਾਨ ਹਨ। ਇਲਾਕਾ ਨਿਵਾਸੀ ਧਰਤੀ ਦੇ ਅੰਦਰ ਗੰਦਾ ਪਾਣੀ ਪਾਉਣ ਵਾਲੀਆਂ ਫੈਕਟਰੀਆਂ ਨੂੰ ਹਟਾਉਣ ਦੀ ਮੰਗ ਕਰ ਰਹੇ ਹਨ।

ਗੱਜਣ ਸਿੰਘ ਜਲਵੇੜਾ, ਸਰਪੰਚ ਅਮਨਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਇਲਾਕੇ ਦੇ ਵਿੱਚ ਧਰਤੀ ਦਾ ਪਾਣੀ ਕਾਫੀ ਖਰਾਬ ਹੋ ਗਿਆ ਹੈ, ਜਿਸ ਕਾਰਨ ਇਲਾਕੇ ਦੇ ਲੋਕ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਪਤਾ ਚੱਲਿਆ ਹੈ ਕਿ ਨੇੜਲੇ ਇਲਾਕੇ ਦੇ ਵਿੱਚ ਜੋ ਫੈਕਟਰੀਆਂ ਲੱਗੀਆਂ ਹੋਈਆਂ ਹਨ, ਉਨ੍ਹਾਂ ਵੱਲੋਂ ਖਰਾਬ ਪਾਣੀ ਨੂੰ ਧਰਤੀ ਦੇ ਅੰਦਰ ਪਾਇਆ ਜਾ ਰਿਹਾ ਹੈ, ਜਿਸ ਕਾਰਨ ਇਲਾਕੇ ਦਾ ਪਾਣੀ ਖਰਾਬ ਹੋ ਰਿਹਾ ਹੈ। ਉਨ੍ਹਾਂ ਦਾ ਅਨੁਮਾਨ ਹੈ ਕਿ ਪਾਣੀ ਨਾਲ ਸਬੰਧਤ ਅਜਿਹੀ ਫੈਕਟਰੀ ਇਕ ਇਲਾਕੇ ਵਿੱਚ ਸੱਤ ਤੋਂ ਅੱਠ ਸਾਲ ਤੱਕ ਲੱਗ ਸਕਦੀ ਹੈ, ਪ੍ਰੰਤੂ ਇਹ ਫੈਕਟਰੀ ਪਿਛਲੇ 20 ਸਾਲਾਂ ਤੋਂ ਇਲਾਕੇ ਵਿੱਚ ਲੱਗੀ ਹੋਈ ਹੈ।

ਗੰਜਣ ਸਿੰਘ ਜਲਵੇੜਾ ਨੇ ਦੱਸਿਆ ਕਿ ਉਨ੍ਹਾਂ ਦੇ ਮਾਤਾ ਜੀ ਦੀ ਮੌਤ ਵੀ ਕੈਂਸਰ ਦੇ ਕਾਰਨ ਹੋਈ ਹੈ, ਇਸ ਦੀ ਪੁਸ਼ਟੀ ਉਦੋਂ ਹੋਈ ਜਦੋਂ ਉਨ੍ਹਾਂ ਇਲਾਕੇ ਦੇ ਪਾਣੀ ਦਾ ਟੈਸਟ ਕਰਾਇਆ। ਉਨ੍ਹਾਂ ਕਿਹਾ ਕਿ ਜੇਕਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਉਨ੍ਹਾਂ ਨੂੰ ਸੰਘਰਸ਼ ਦੇ ਲਈ ਮਜਬੂਰ ਹੋਣਾ ਪਵੇਗਾ।

# ਬੈਡਮਿੰਟਨ ਟੂਰਨਾਮੈਂਟ 'ਚ ਸਨੋਵੀ ਗੋਸਵਾਮੀ ਨੇ ਜਿੱਤੇ ਤਿੰਨ ਸੋਨੇ ਦੇ ਮੈਡਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਹਰਿਆਣਾ ਦੇ ਸਿਰਸਾ ਵਿੱਚ ਸ਼੍ਰੀ ਗੁਰੂਦੇਵ ਚੈਰੀਟੇਬਲ ਟਰੱਸਟ ਵੱਲੋਂ ਕਰਵਾਏ ਤਿੰਨ ਰੋਜ਼ਾ ਫ਼ੌਰਥ ਮੈਗਾ ਬੈਡਮਿੰਟਨ ਟੂਰਨਾਮੈਂਟ ਵਿੱਚ ਦਾਸ ਐਂਡ ਬ੍ਰਾਊਨ ਵਰਲਡ ਸਕੂਲ ਦੀ ਸਨੋਵੀ ਗੋਸਵਾਮੀ ਨੇ ਇਕ ਵਾਰ ਫਿਰ ਤਿੰਨ ਸੋਨੇ ਦੇ ਮੈਡਲ ਜਿੱਤ ਕੇ ਸਕੂਲ ਸਮੇਤ ਪੂਰੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਹੈ।ਪ੍ਰਿੰਸੀਪਲ ਰਾਜੇਸ਼ ਕੁਮਾਰ ਚੰਦੇਲ ਨੇ ਦੱਸਿਆ ਕਿ 6 ਤੋਂ 8 ਜਨਵਰੀ ਤੱਕ ਹੋਈ ਇਸ ਚੈਂਪੀਅਨਸ਼ਿਪ ਵਿੱਚ ਕਈ ਖਿਡਾਰੀਆਂ ਨੇ ਭਾਗ ਲਿਆ, ਜਿਸ ਵਿੱਚ ਅੱਠਵੀਂ ਜਮਾਤ ਦੀ ਵਿਦਿਆਰਥਣ ਸਨੋਵੀ ਗੋਸਵਾਮੀ ਨੇ ਅੰਡਰ-15 ਗਰਲਜ਼ ਸਿੰਗਲਜ਼, ਅੰਡਰ-17 ਗਰਲਜ਼ ਸਿੰਗਲਜ਼ ਤੇ ਵੂਮੈਨ ਸਿੰਗਲਜ਼ ਵਿੱਚ ਤਿੰਨ ਗੋਲਡ ਮੈਡਲ ਜਿੱਤੇ ਹਨ।ਉਨ੍ਹਾਂ ਦੱਸਿਆ ਕਿ ਪ੍ਰਬੰਧਕਾਂ ਵੱਲੋਂ ਸਨੋਵੀ ਨੂੰ 27 ਹਜ਼ਾਰ ਰੁਪਏ ਦਾ ਨਕਦ ਇਨਾਮ ਵੀ ਭੇਟ ਕੀਤਾ ਗਿਆ।

ਡੀ ਸੀ ਐਮ ਗਰੁੱਪ ਆਫ਼ ਸਕੂਲਜ਼ ਦੇ ਹੈੱਡ ਸਪੋਰਟਸ ਅਜਲਪ੍ਰੀਤ ਨੇ ਦੱਸਿਆ ਕਿ ਪਿਛਲੇ ਤਿੰਨ ਸਾਲਾਂ ਤੋਂ ਚੈਂਪੀਅਨ ਰਹੀ ਸਨੋਵੀ ਗੋਸਵਾਮੀ ਨੇ ਮਯੰਕ ਸ਼ਰਮਾ ਮੈਮੋਰੀਅਲ ਬੈਡਮਿੰਟਨ ਚੈਂਪੀਅਨਸ਼ਿਪ ਵਿੱਚ ਵੀ ਵੱਖ-ਵੱਖ ਉਮਰ ਵਰਗਾਂ ਵਿੱਚ ਸੋਨੇ ਦੇ ਮੈਡਲ ਜਿੱਤੇ ਸਨ।ਸਨੋਵੀ ਨੂੰ ਬੈਡਮਿੰਟਨ ਕੋਟ ਵਿੱਚ ਬਿਜਲੀ ਨਾਲੋਂ ਵੀ ਤੇਜ਼ ਰਫ਼ਤਾਰ ਨਾਲ ਖੇਡਦਾ ਦੇਖ ਕੇ ਹਰ ਕੋਈ ਦੰਦ ਥੱਲੇ ਉਂਗਲੀਆਂ ਦਬਾ ਲੈਂਦਾ ਹੈ।ਅਜਲਪ੍ਰੀਤ ਨੇ ਦੱਸਿਆ ਕਿ ਸਨੋਵੀ ਦੇ ਪਿਤਾ ਰਮਨ ਗੋਸਵਾਮੀ ਖੁਦ ਬੈਡਮਿੰਟਨ ਕੋਚ ਹਨ ਤੇ ਬਚਪਨ ਤੋਂ ਹੀ ਸ਼ਾਨਦਾਰ ਕੋਚਿੰਗ ਦੇ ਕੇ ਆਪਣੀ ਬੇਟੀ ਨੂੰ ਚੰਗੀ ਖਿਡਾਰਨ ਬਣਾਉਣਾ ਚਾਹੁੰਦੇ ਹਨ।ਬਰਫੀ ਬੈਡਮਿੰਟਨ ਖਿਡਾਰਨ ਪੀ ਵੀ ਸਿੰਧੂ ਦੀ ਮੂਰਤੀ ਬਣਾਉਂਦੀ ਹੈ। ਦਾਸ ਐਂਡ ਬ੍ਰਾਊਨ ਵਰਲਡ ਸਕੂਲ ਵਿਖੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੀ ਰੁਚੀ ਅਨੁਸਾਰ ਖੇਡਾਂ ਖੇਡਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ।ਸਕੂਲ ਵਿੱਚ ਵਿਸ਼ਵ ਪੱਧਰੀ ਸਹੂਲਤਾਂ ਨਾਲ ਲੈਸ ਹੈਬੀਟੇਟ ਸੈਂਟਰ ਵਿੱਚ ਤਜਰਬੇਕਾਰ ਕੋਚ ਨਿਯੁਕਤ ਕੀਤੇ ਜਾਂਦੇ ਹਨ।ਪ੍ਰਿੰਸੀਪਲ ਰਾਜੇਸ਼ ਚੰਦੇਲ, ਉਪ ਪ੍ਰਿੰਸੀਪਲ ਚਾਰੂ ਯਾਦਵ, ਵੀ ਪੀ ਡਾ. ਸੈਲੀਨ, ਖੇਡ ਅਧਿਕਾਰੀ ਅਭਿਸ਼ੇਕ ਨੇ ਸਨੋਵੀ ਨੂੰ ਉਸ ਦੀ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ਤੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਮਾਨ ਸਰਕਾਰ ਨੇ ਸੱਤਾ 'ਚ ਆਉਣ ਤੋਂ ਬਾਅਦ ਮਨਰੇਗਾ ਮਜ਼ਦੂਰਾਂ ਦੀ ਨਹੀਂ ਲਈ ਸਾਰ : ਐਡਵੋਕੇਟ ਉੱਡਤ

**ਮਾਨਸਾ (ਆਤਮਾ ਸਿੰਘ ਪਮਾਰ)** ਭਾਰਤ ਵਿੱਚ ਇੱਕ ਅਜਿਹਾ ਰਾਜ ਕੇਰਲ ਹੈ, ਜਿਸ ਦੀ ਇਨਕਲਾਬੀ ਸਰਕਾਰ ਨੇ ਮਨਰੇਗਾ ਸਕੀਮ ਨੂੰ ਸਾਰਥਿਕ ਢੰਗ ਨਾਲ ਲਾਗੂ ਕਰਕੇ ਮਨਰੇਗਾ ਭਲਾਈ ਬੋਰਡ ਬਣਾ ਦਿੱਤਾ ਹੈ ਤੇ ਮਨਰੇਗਾ ਮਜ਼ਦੂਰਾਂ ਦੀ ਪੈਨਸ਼ਨ ਤੱਕ ਲਾਗੂ ਕਰ ਦਿੱਤੀ ਤੇ ਪੰਜਾਬ ਵਿੱਚ ਇਨਕਲਾਬ ਦਾ ਨਾਅਰਾ ਲਾ ਕੇ ਬਦਲਾਅ ਦੇ ਨਾਂਅ 'ਤੇ ਬਣੀ 'ਆਪ' ਸਰਕਾਰ ਨੇ ਪਿਛਲੇ 9 ਮਹੀਨਿਆਂ ਵਿੱਚ ਮਨਰੇਗਾ ਮਜ਼ਦੂਰਾਂ ਦੀ ਸਾਰ ਤੱਕ ਨਹੀਂ ਲਈ ਤੇ ਮਨਰੇਗਾ ਸਕੀਮ ਨੂੰ ਸਾਬੋਤਾਜ ਕਰ ਰਹੀ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਨਰੇਗਾ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨ (ਸੀਟੂ) ਦੇ ਸੂਬਾਈ ਸਕੱਤਰ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਕੇਰਲ ਦੀ ਸਰਕਾਰ ਤੋਂ ਸਿੱਖਣ ਤੇ ਇਨਕਲਾਬ ਦੇ ਅਰਥ ਸਮਝਣ ਦੀ ਲੋੜ ਹੈ ।

ਸੀਟੂ ਦੇ ਜ਼ਿਲ੍ਹਾ ਆਗੂ ਕਾਲਾ ਖਾਂ ਭੰਮੇ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਮਨਰੇਗਾ ਸਕੀਮ ਨੂੰ ਸਾਰਥਿਕ ਢੰਗ ਨਾਲ ਲਾਗੂ ਕਰੇ ਤੇ ਪਿਛਲੇ ਸਮੇਂ ਵਿੱਚ ਹੋਏ ਘਪਲਿਆਂ ਦੀ ਨਿਰਪੱਖ ਜਾਂਚ ਕਰਾਈ ਜਾਵੇ। ਇਸ ਮੌਕੇ ਮਨਰੇਗਾ ਮਜ਼ਦੂਰ ਯੂਨੀਅਨ ਸੀਟੂ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਇੱਕ ਮੰਗ ਪੱਤਰ ਵੀ ਸੌਂਪਿਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜਾ ਸਿੰਘ ਦੂਲੋਵਾਲ, ਮੱਖਣ ਸਿੰਘ ਰਾਮਾਨੰਦੀ, ਬਲਦੇਵ ਸਿੰਘ ਦੂਲੋਵਾਲ, ਤੇਜਾ ਸਿੰਘ ਦੂਲੋਵਾਲ, ਗੁਰਜੰਟ ਕੋਟਧਰਮੂ ਤੇ ਕਰਨੈਲ ਸਿੰਘ ਦੂਲੋਵਾਲ ਆਦਿ ਵੀ ਹਾਜ਼ਰ ਸਨ।

# ਦੇਸ਼ ਭਗਤ 'ਵਰਸਿਟੀ ਨੇ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੂੰ ਕੀਤਾ ਸਨਮਾਨਤ




**ਸ੍ਰੀ ਫ਼ਤਹਿਗੜ੍ਹ ਸਾਹਿਬ/ (ਪ੍ਰਮੋਦ ਭਾਰਦਵਾਜ)** : ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਨੇ ਬੀਤੀ 7 ਜਨਵਰੀ ਨੂੰ ਡੀ.ਬੀ.ਯੂ. ਐਕਸੀਲੈਂਸ ਐਵਾਰਡਾਂ ਦਾ ਆਯੋਜਨ ਕੀਤਾ। ਸਮਾਗਮ ਦਾ ਉਦੇਸ਼ ਸਿੱਖਿਆ ਦੇ ਖੇਤਰ ਵਿੱਚ ਸ਼ਲਾਘਾਯੋਗ ਯੋਗਦਾਨ ਲਈ ਪੰਜਾਬ ਭਰ ਦੇ ਪ੍ਰਿੰਸੀਪਲਾਂ ਤੇ ਅਧਿਆਪਕਾਂ ਨੂੰ ਸਨਮਾਨਤ ਕਰਨਾ ਸੀ। ਪੰਜਾਬ ਭਰ ਵਿੱਚੋਂ 8000 ਭਾਗੀਦਾਰਾਂ ਜਿਵੇਂ ਕਿ ਲੁਧਿਆਣਾ, ਪਟਿਆਲਾ, ਰੋਪੜ, ਮਲੇਰਕੋਟਲਾ, ਸੰਗਰੂਰ, ਫਗਵਾੜਾ ਆਦਿ ਨੂੰ ਪੁਰਸਕਾਰ ਲਈ ਨਾਮਜ਼ਦ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ 100 ਪ੍ਰਿੰਸੀਪਲ ਤੇ 150 ਅਧਿਆਪਕਾਂ ਦੀ ਚੋਣ ਕੀਤੀ ਗਈ ਸੀ। ਪ੍ਰੋਗਰਾਮ ਦੀ ਸ਼ੁਰੂਆਤ ਮੁੱਖ ਮਹਿਮਾਨ ਮਨੀ ਵੜਿੰਗ ਦੇ ਫੁੱਲਾਂ ਨਾਲ ਸਵਾਗਤ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰਧਾਨ ਡਾ. ਸੰਦੀਪ ਸਿੰਘ, ਉਪ ਪ੍ਰਧਾਨ ਡਾ. ਹਰਸ਼ ਸਦਾਵਰਤੀ, ਵਾਈਸ ਚਾਂਸਲਰ ਡਾ. ਵਰਿੰਦਰ ਸਿੰਘ ਤੇ ਹੋਰ ਪਤਵੰਤੇ ਨਾਲ ਦੀਵਾ ਜਗਾਉਣ ਦੀ ਰਸਮ ਨਾਲ ਹੋਈ। ਡਾ. ਐੱਲ. ਐੱਸ. ਬੇਦੀ ਡੀਨ ਆਫ ਅਕਾਦਮਿਕ ਨੇ ਦੇਸ਼ ਭਗਤ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਤੋਂ ਸਾਰਿਆਂ ਨੂੰ ਜਾਣੂ ਕਰਵਾਇਆ। ਉੱਪ ਪ੍ਰਧਾਨ ਡਾ. ਹਰਸ਼ ਸਦਾਵਰਤੀ ਨੇ ਰਸਮੀ ਤੌਰ 'ਤੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿੱਦਿਆ ਦਾ ਤੋਹਫਾ ਦੁਨੀਆਂ ਦਾ ਸਭ ਤੋਂ ਉੱਚਾ ਤੋਹਫਾ ਹੈ, ਜੋ ਮਨੁੱਖ ਕਿਸੇ ਨੂੰ ਦੇ ਸਕਦਾ ਹੈ। ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰਧਾਨ ਡਾ. ਸੰਦੀਪ ਸਿੰਘ, ਵਾਈਸ ਚਾਂਸਲਰ ਡਾ. ਵਰਿੰਦਰ ਸਿੰਘ ਤੇ ਉੱਪ ਪ੍ਰਧਾਨ ਡਾ. ਹਰਸ਼ ਸਦਾਵਰਤੀ ਵੱਲੋਂ ਪ੍ਰਿੰਸੀਪਲਾਂ ਨੂੰ ਅਕਾਦਮਿਕ ਪ੍ਰਸ਼ਾਸਨ ਵਿੱਚ ਉੱਤਮਤਾ ਲਈ ਤੇ ਅਧਿਆਪਕਾਂ ਨੂੰ ਵਿੱਦਿਆ 'ਚ ਉੱਤਮਤਾ ਲਈ ਸਨਮਾਨਤ ਕੀਤਾ ਗਿਆ। ਇਸ ਮੌਕੇ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਕਰਾਇਆ ਗਿਆ, ਜਿਸ ਵਿੱਚ ਵੱਖ-ਵੱਖ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਪ੍ਰੋਗਰਾਮ ਦੇ ਮੁੱਖ ਮਹਿਮਾਨ ਮਨੀ ਵੜਿੰਗ ਨੇ ਦੇਸ਼ ਭਗਤ ਯੂਨੀਵਰਸਿਟੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਅਣਥੱਕ ਉਪਰਾਲੇ ਕੀਤੇ ਹਨ। ਪ੍ਰਧਾਨ ਡਾ. ਸੰਦੀਪ ਸਿੰਘ ਨੇ ਸਮੂਹ ਪ੍ਰਿੰਸੀਪਲਾਂ, ਅਧਿਆਪਕਾਂ ਤੇ ਹਾਜ਼ਰੀਨ ਦਾ ਧੰਨਵਾਦ ਕੀਤਾ। ਰੋਹਿਤ ਮੋਦਗਿੱਲ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਸਮਾਗਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ।

# ਪੀ ਐੱਮ ਕਿਸਾਨ ਸਨਮਾਨ ਨਿਧੀ ਯੋਜਨਾ ਅਧੀਨ ਲਾਭਪਾਤਰੀਆਂ ਨੂੰ ਕੇ ਵਾਈ ਸੀ ਕਰਾਉਣ ਦੀ ਅਪੀਲ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਡਿਪਟੀ ਕਮਿਸ਼ਨਰ ਡਾ. ਸੇਨੂੰ ਦੁੱਗਲ ਆਈਏਐਸ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਅਧੀਨ ਲਾਭਪਾਤਰੀ ਕਿਸਾਨਾਂ (ਜਿਨ੍ਹਾਂ ਦੀ ਰਜਿਸਟ੍ਰੇਸ਼ਨ ਪਹਿਲਾਂ ਤੋਂ ਹੋਈ ਹੈ) ਨੇ ਜੇਕਰ ਆਪਣੀ ਈ ਕੇ ਵਾਈ ਸੀ ਨਹੀਂ ਕਰਾਈ ਤਾਂ ਜ਼ਰੂਰ ਕਰਾਉਣ ਕਿਉਂਕਿ ਇਸ ਬਿਨਾਂ ਲਾਭਪਾਤਰੀ ਕਿਸਾਨਾਂ ਨੂੰ ਅਗਲੀ ਕਿਸ਼ਤ ਲੈਣ ਵਿੱਚ ਦਿੱਕਤ ਆ ਸਕਦੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੇ ਵਾਈ ਸੀ ਦਾ ਮਤਲਬ ਹੁੰਦਾ ਹੈ ਕਿ ਕਿਸਾਨ ਨੇ ਆਪਣੇ ਦਸਤਾਵੇਜ਼ਾਂ ਰਾਹੀਂ ਆਪਣੀ ਸਹੀ ਪਛਾਣ ਨੂੰ ਪ੍ਰਗਟ ਕਰਨਾ ਹੈ। ਪਰ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਇਸ ਤਰਾਂ ਦੀ ਕੇਵਾਈਸੀ ਲਈ ਵਿਭਾਗ ਵੱਲੋਂ ਕੋਈ ਐਸਐਮਐਸ ਰਾਹੀਂ ਲਿੰਕ ਵਗੈਰਾ ਨਹੀਂ ਭੇਜਿਆ ਜਾਂਦਾ ਹੈ ਤੇ ਨਾ ਹੀ ਇਸ ਲਈ ਆਉਣ ਵਾਲੀ ਕਿਸੇ ਫੋਨ ਕਾਲ ਕਰਨ ਵਾਲੇ ਨੂੰ ਕੋਈ ਓਟੀਪੀ ਦੱਸਣਾ ਹੈ।

ਸੇਵਾ ਕੇਂਦਰ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਨੇ ਦੱਸਿਆ ਕਿ ਇਸ ਲਈ ਕਿਸਾਨ ਦਾ ਬੈਂਕ ਖਾਤਾ ਅਧਾਰ ਕਾਰਡ ਨਾਲ ਲਿੰਕ ਹੋਣਾ ਚਾਹੀਦਾ ਹੈ। ਜੇਕਰ ਅਜਿਹਾ ਨਹੀਂ ਹੈ ਤਾਂ ਕਿਸਾਨ ਆਪਣੇ ਖਾਤੇ ਵਾਲੇ ਬੈਂਕ ਵਿਚ ਜਾ ਕੇ ਆਪਣੇ ਬੈਂਕ ਖਾਤੇ ਨਾਲ ਅਧਾਰ ਕਾਰਡ ਨੂੰ ਲਿੰਕ ਕਰਾਉਣ। ਦੂਜਾ ਕਿਸਾਨ ਦੇ ਅਧਾਰ ਕਾਰਡ ਨਾਲ ਉਸਦਾ ਮੋਬਾਇਲ ਨੰਬਰ ਜੁੜਿਆ ਹੋਵੇ, ਜਿਨ੍ਹਾਂ ਦੇ ਅਧਾਰ ਕਾਰਡ ਨਾਲ ਮੋਬਾਇਲ ਨੰਬਰ ਲਿੰਕ ਨਹੀਂ ਹੈ, ਉਹ ਆਪਣੇ ਨੇੜੇ ਦੇ ਸੇਵਾ ਕੇਂਦਰ ਤੋਂ ਅਪਡੇਟ ਕਰਾ ਸਕਦੇ ਹਨ ਮੁੱਖ ਖੇਤੀਬਾੜੀ ਅਫਸਰ ਸ੍ਰੀ ਸਰਵਨ ਸਿੰਘ ਨੇ ਦੱਸਿਆ ਕਿ ਜੇਕਰ ਮੋਬਾਇਲ ਤੇ ਅਧਾਰ ਕਾਰਡ ਲਿੰਕ ਹੋਣ ਅਤੇ ਅਧਾਰ ਕਾਰਡ ਤੇ ਬੈਂਕ ਖਾਤਾ ਲਿੰਕ ਹੋਵੇ ਤਾਂ ਕਿਸਾਨ ਘਰ ਬੈਠੇ ਹੀ ਆਪਣੀ ਈ ਕੇ ਵਾਈ ਸੀ ਸਰਕਾਰ ਦੇ ਪੋਰਟਲ 'ਤੇ ਜਾ ਕੇ ਕਰਵਾ ਸਕਦਾ ਹੈ। ਇਹ ਸੁਵਿਧਾ ਸੇਵਾ ਕੇਂਦਰਾਂ ਅਤੇ ਕਾਮਨ ਸਰਵਿਸ ਸਟੇਸ਼ਨਾਂ ਤੇ ਵੀ ਉਪਲਬਧ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਕੇ ਵਾਈ ਸੀ ਜਰੂਰ ਕਰਾਉਣ ਤਾਂ ਹੀ ਉਨ੍ਹਾਂ ਨੂੰ ਅਗਲੀ ਕਿਸ਼ਤ ਦਾ ਲਾਭ ਮਿਲੇਗਾ।

# ਨਵੇਂ ਆਏ ਤਹਿਸੀਲਦਾਰ ਬਲਦੇਵ ਰਾਜ ਨੂੰ ਗੁਲਦਸਤੇ ਭੇਟ ਕਰਕੇ ਕੀਤਾ ਸਨਮਾਨਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਗੁਰਪ੍ਰੀਤ ਅਣਖੀ)** ਸਬ ਤਹਿਸੀਲ ਲੌਂਗੋਵਾਲ ਤੋਂ ਟ੍ਰੇਨਿੰਗ ਪੂਰੀ ਕਰਨ ਉਪਰੰਤ ਨਵੇਂ ਬਣੇ ਤਹਿਸੀਲਦਾਰ ਬਲਦੇਵ ਰਾਜ ਬਰਨਾਲਾ ਨੇ ਮਾਲ ਵਿਭਾਗ ਦੀ ਸਬ ਡਵੀਜ਼ਨ ਵਿਖੇ ਸਮੂਹ ਸਟਾਫ ਦੀ ਹਾਜ਼ਰੀ ਵਿੱਚ ਨਵੇਂ ਤਹਿਸੀਲਦਾਰ ਵਜੋਂ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ।

ਨਵੇਂ ਆਏ ਤਹਿਸੀਲਦਾਰ ਬਲਦੇਵ ਰਾਜ ਬਰਨਾਲਾ ਨੇ ਚਾਰਜ ਸੰਭਾਲਣ ਉਪਰੰਤ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਜ਼ਿੰਮੇਵਾਰੀ ਨਵੀਂ ਬਣੀ ਸਬ ਡਵੀਜ਼ਨ ਦੇ ਤਹਿਸੀਲਦਾਰ ਵਜੋਂ ਸੌਂਪੀ ਗਈ ਹੈ, ਉਸ ਜ਼ਿੰਮੇਵਾਰੀ ਨੂੰ ਮੈਂ ਪੂਰੀ ਤਨਦੇਹੀ ਤੇ ਈਮਾਨਦਾਰੀ ਨਾਲ ਨਿਭਾਵਾਂਗਾ। ਉਨ੍ਹਾਂ ਕਿਹਾ ਕਿ ਸਬ ਡਵੀਜ਼ਨ ਅਧੀਨ ਪੈਂਦੇ ਪਿੰਡਾਂ ਦੇ ਲੋਕਾਂ ਨੂੰ ਦਫ਼ਤਰੀ ਕੰਮ ਕਰਾਉਣ ਸਮੇਂ ਕਿਸੇ ਵੀ ਪ੍ਰਕਾਰ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਤੇ ਹਰ ਇਕ ਵਿਅਕਤੀ ਨੂੰ ਦਫ਼ਤਰ ਵਿਖੇ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਆਪਣੇ ਕੰਮਕਾਜ ਲਈ ਦਫ਼ਤਰੀ ਸਮੇਂ ਆਉਣ 'ਤੇ ਬਿਨਾਂ ਝਿਜਕ ਕੇ ਸਿੱਧੇ ਤੌਰ 'ਤੇ ਮੈਨੂੰ ਮਿਲ ਕੇ ਕਰਾ ਸਕਦੇ ਹਨ। ਉਨ੍ਹਾਂ ਸਮੂਹ ਸਟਾਫ ਅਤੇ ਪਿੰਡਾਂ ਦੇ ਲੋਕਾਂ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕੇ ਨਾਇਬ ਤਹਿਸੀਲਦਾਰ ਮਹਿਲ ਕਲਾਂ ਗੁਰਬੰਸ ਸਿੰਘ ਕੈਂਥ ਦੀ ਅਗਵਾਈ ਹੇਠ ਕਲਰਕ ਕੁਲਵੀਰ ਸਿੰਘ ਖੇੜੀ, ਰਜਿਸਟਰੀ ਕਲਰਕ ਨਿਰਮਲਜੀਤ ਸਿੰਘ ਚਾਨੇ, ਰੀਡਰ ਸਰਬਜੀਤ ਕੌਰ, ਸਰਕਲ ਮਹਿਲ ਕਲਾਂ ਦੇ ਕਾਨੂੰਗੋ ਰਾਜਵਿੰਦਰ ਸਿੰਘ ਗਿੱਲ, ਸਰਕਲ ਵਜੀਦਕੇ ਕਲਾਂ ਕਾਨੂੰਗੋ ਨਵਦੀਪ ਸਿੰਘ ਖਾਰਾ, ਰੀਡਰ ਮੈਡਮ ਸਰਬਜੀਤ ਕੌਰ ਜਲਾਲਦੀਵਾਲ, ਮੈਡਮ ਰਮਨਪ੍ਰੀਤ ਸਰਮਾ ਮਹਿਲ ਕਲਾਂ, ਰਜਿਸਟਰੀ ਕਲਰਕ ਕੁਲਵੀਰ ਸਿੰਘ ਖੇੜੀ ਚਹਿਲਾਂ, ਪਟਵਾਰੀ ਨਿਸ਼ਾਨ ਸਿੰਘ, ਪਟਵਾਰੀ ਵਿਨੋਦ ਕੁਮਾਰ ਰਾਏਸਰ, ਪਟਵਾਰੀ ਮੰਦਰ ਸਿੰਘ, ਪਟਵਾਰੀ ਮਹਿਲ ਸਿੰਘ, ਪਟਵਾਰੀ ਯੂਨੀਅਨ ਤਹਿਸੀਲ ਮਹਿਲ ਕਲਾਂ ਦੇ ਪ੍ਰਧਾਨ ਪਟਵਾਰੀ ਹਰਦੇਵ ਸਿੰਘ ਕੱਟੂ ਤੇ ਪਟਵਾਰੀ ਗੁਰਬਖ਼ਸ ਸਿੰਘ ਨੇ ਨਵੇਂ ਆਏ ਨਾਇਬ ਤਹਿਸੀਲਦਾਰ ਬਲਦੇਵ ਰਾਜ ਬਰਨਾਲਾ ਦੇ ਸਬ-ਡਵੀਜਨ ਮਹਿਲ ਕਲਾਂ ਦੇ ਨਵੇ ਤਹਿਸੀਲਦਾਰ ਵਜੋਂ ਚਾਰਜ ਸੰਭਾਲਣ ਤੇ ਜੀ ਆਇਆਂ ਆਖਦਿਆਂ ਉਨ੍ਹਾਂ ਦਾ ਗੁਲਦਸਤੇ ਭੇਟ ਕਰ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਨੰਬਰਦਾਰ ਗੁਰਮੁਖ ਸਿੰਘ ਹਮੀਦੀ, ਸੇਵਾਦਾਰ ਕੌਰ ਸਿੰਘ ਪੰਡੋਰੀ, ਗੁਰਦੀਪ ਸਿੰਘ ਘਨੌਰੀ, ਜਸਵੰਤ ਸਿੰਘ ਲਾਲੀ ਤੇ ਚੌਂਕੀਦਾਰ ਅਜੈਬ ਸਿੰਘ ਪੰਡੋਰੀ ਵੀ ਹਾਜ਼ਰ ਸਨ।

# ਜ਼ੀਰਾ ਸ਼ਰਾਬ ਫੈਕਟਰੀ ਨੂੰ ਹਰ ਹਾਲ ਬੰਦ ਕਰਾਇਆ ਜਾਵੇਗਾ : ਬੱਗਾ



**ਸਮਰਾਲਾ (ਸੁਰਜੀਤ ਸਿੰਘ)**- ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਮਹੀਨੇਵਾਰ ਮੀਟਿੰਗ ਕੁੱਬੇ ਟੋਲ ਪਲਾਜ਼ਾ ਉੱਪਰ ਜ਼ਿਲ੍ਹਾ ਪ੍ਰਧਾਨ ਸੁਪਿੰਦਰ ਸਿੰਘ ਬੱਗਾ ਦੀ ਪ੍ਰਧਾਨਗੀ ਵਿੱਚ ਹੋਈ। ਇਸ ਮੌਕੇ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਸੁਪਿੰਦਰ ਸਿੰਘ ਬੱਗਾ ਨੇ ਕਿਹਾ ਕਿ ਸਾਂਝਾ ਮੋਰਚਾ ਵੱਲੋਂ ਜ਼ੀਰਾ ਵਿਖੇ ਮਨੁੱਖੀ ਜ਼ਿੰਦਗੀਆਂ ਲਈ ਮੌਤ ਦਾ ਖੌਅ ਬਣੀ ਸ਼ਰਾਬ ਫੈਕਟਰੀ ਨੂੰ ਬੰਦ ਕਰਵਾਉਣ ਲਈ ਮੋਰਚਾ ਲੱਗਿਆ ਹੋਇਆ ਹੈ ਤੇ ਇਸ ਨੂੰ ਹਰ ਹਾਲ ਵਿੱਚ ਬੰਦ ਕਰਵਾਇਆ ਜਾਵੇਗਾ। ਇਸ ਸੰਘਰਸ਼ ਵਿੱਚ ਸ਼ਮੂਲੀਅਤ ਕਰਨ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵੱਲੋਂ ਜ਼ਿਲ੍ਹੇਵਾਰ ਕਾਫਲਿਆਂ ਨਾਲ ਰੋਜ਼ਾਨਾ ਜਾ ਕੇ ਹਾਜ਼ਰੀ ਲਗਵਾਉਣ ਦੀ ਡਿਊਟੀ ਲਗਾਈ ਗਈ ਹੈ, ਜਿਸ ਸੰਬੰਧੀ ਅੱਜ ਬੀ ਕੇ ਯੂ ਏਕਤਾ ਸਿੱਧੂਪੁਰ ਜ਼ਿਲ੍ਹਾ ਲੁਧਿਆਣਾ ਦਾ ਕਾਫਲਾ ਜ਼ੀਰਾ ਮੋਰਚੇ ਵਿੱਚ ਸ਼ਿਰਕਤ ਕਰਨ ਲਈ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜ਼ੀਰਾ ਵਿਖੇ ਲੋਕ ਸ਼ਰਾਬ ਫੈਕਟਰੀ ਦੇ ਗੰਦੇ ਪਾਣੀ ਤੇ ਸੁਆਹ ਨਾਲ ਮਰ ਰਹੇ ਹਨ, ਪਰ ਸਰਕਾਰ ਕਾਰਪੋਰੇਟ ਘਰਾਣਿਆਂ ਨਾਲ ਯਾਰੀ ਨਿਭਾਅ ਰਹੀ ਹੈ ਅਤੇ ਸਰਕਾਰ ਲੋਕਾਂ ਦੇ ਹੱਕਾਂ ਤੇ ਜਾਨ ਦੀ ਰੱਖਿਆ ਕਰਨ ਲਈ ਹੁੰਦੀ ਹੈ ਨਾ ਕਿ ਕਾਰਪੋਰੇਟ ਘਰਾਣਿਆਂ ਨਾਲ ਯਾਰੀਆਂ ਨਿਭਾਉਣ ਲਈ। ਸੁਪਿੰਦਰ ਸਿੰਘ ਬੱਗਾ ਨੇ ਕਿਹਾ ਕਿ ਪੰਜਾਬ ਵਾਸੀ ਬਦਲਾਅ ਇਸ ਲਈ ਨਹੀਂ ਲੈ ਕੇ ਆਏ ਸੀ ਕਿ ਸਰਕਾਰ ਮਨੁੱਖੀ ਜ਼ਿੰਦਗੀਆਂ ਦਾ ਕਾਰਪੋਰੇਟ ਘਰਾਣੇ ਨਾਲ ਮਿਲ ਕੇ ਘਾਣ ਕਰੇ ਤੇ ਲੋਕਾਂ ਨੂੰ ਮਰਦੇ ਛੱਡ ਦੀਪ ਮਲਹੋਤਰਾ ਨੂੰ ਬਚਾਉਣ ਲਈ ਸਰਕਾਰ ਕੰਮ ਕਰੇ ਜੋ ਕਿ ਸਰਕਾਰ ਵੱਲੋਂ ਸ਼ਰੇਆਮ ਕੀਤਾ ਜਾ ਰਿਹਾ ਹੈ।

ਇਸ ਮੌਕੇ ਉਨ੍ਹਾ ਨਾਲ ਗੁਰਦੀਪ ਸਿੰਘ ਬਰਮਾਂ, ਭਿੰਦਰ ਸਿੰਘ, ਦਲਬੀਰ ਸਿੰਘ ਕੋਟ, ਅਮਨਦੀਪ ਸਿੰਘ, ਬਹਾਦਰ ਸਿੰਘ, ਜਗਰੂਪ ਸਿੰਘ, ਅਮੋਲਕ ਸਿੰਘ, ਸਾਧੂ ਸਿੰਘ, ਸੋਹਣ ਸਿੰਘ, ਹਰਵਿੰਦਰ ਸਿੰਘ, ਬਲਿਹਾਰ ਸਿੰਘ, ਗੁਰਸੇਵਕ ਸਿੰਘ, ਹਰਮਨਜੋਤ ਸਿੰਘ, ਮਨਵੀਰ ਸਿੰਘ, ਰਘੁਵੀਰ ਸਿੰਘ ਕੁੱਬੇ, ਰਣਜੀਤ ਸਿੰਘ, ਤੇਜਿੰਦਰ ਸਿੰਘ, ਸੁਖਦੇਵ ਸਿੰਘ, ਜਸਬੀਰ ਸਿੰਘ ਪੂੰਨੀਆ, ਯਾਦਵਿੰਦਰ ਸਿੰਘ, ਹਰਨੇਕ ਸਿੰਘ, ਮਨਫੂਲ ਸਿੰਘ ਆਦਿ ਕਿਸਾਨ ਹਾਜ਼ਰ ਸਨ।

# ਪੰਜਾਬ ਪੁਲਸ ਸੂਬੇ ਨੂੰ ਸੁਰੱਖਿਅਤ ਬਣਾਉਣ ਲਈ ਵਚਨਬੱਧ : ਯਾਦਵ

**ਚੰਡੀਗੜ੍ਹ, (ਗੁਰਜੀਤ ਬਿੱਲਾ) :** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਅੱਜ ਸੂਬੇ ਵਿੱਚ ਜ਼ਮੀਨੀ ਪੱਧਰ 'ਤੇ ਕਾਨੂੰਨ ਵਿਵਸਥਾ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਵਰਚੂਅਲ ਮੀਟਿੰਗ ਨੂੰ ਸੰਬੋਧਨ ਕੀਤਾ। ਪੰਜਾਬ ਦੇ ਸਾਰੇ ਅੱਠ ਰੇਂਜ ਆਈ.ਜੀ./ਡੀ.ਆਈ.ਜੀ., 28 ਸੀ.ਪੀਜ਼/ਐਸ.ਐਸ.ਪੀਜ਼, 117 ਡਿਪਟੀ ਸੁਪਰਡੈਂਟ ਆਫ ਪੁਲਸ (ਡੀ.ਐਸ.ਪੀਜ਼) ਅਤੇ 413 ਸਟੇਸ਼ਨ ਹਾਊਸ ਅਫਸਰਾਂ (ਐਸ.ਐਚ.ਓਜ਼) ਨੂੰ ਸੰਬੋਧਨ ਕਰਦਿਆਂ ਡੀ ਜੀ ਪੀ ਨੇ ਉਨ੍ਹਾਂ ਨੂੰ ਨਸ਼ਿਆਂ ਅਤੇ ਗੈਂਗਸਟਰਾਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੇ ਨਾਲ ਇੰਸਪੈਕਟਰ ਜਨਰਲ ਆਫ ਪੁਲਸ (ਆਈ.ਜੀ.ਪੀ.) ਹੈੱਡਕੁਆਰਟਰ ਸੁਖਚੈਨ ਸਿੰਘ ਗਿੱਲ ਵੀ ਸਨ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਅੱਤਵਾਦੀਆਂ ਅਤੇ ਗੈਂਗਸਟਰਾਂ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਨੂੰ ਅਪਣਾਇਆ ਹੈ, ਇਸ ਲਈ ਉਨ੍ਹਾਂ ਨੇ ਜ਼ਿਲ੍ਹਾ ਪੁਲਸ ਮੁਖੀਆਂ ਨੂੰ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਪ੍ਰਭਾਵਸ਼ਾਲੀ ਕਾਨੂੰਨ ਦੀ ਵਰਤੋਂ ਕਰਨ ਅਤੇ ਅੱਤਵਾਦੀ ਗਤੀਵਿਧੀਆਂ ਵਿੱਚ ਗੈਰਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਯੂ ਏ ਪੀ ਏ) ਦੀ ਵਰਤੋਂ ਕਰਨ ਲਈ ਕਿਹਾ।

ਡੀ ਜੀ ਪੀ ਨੇ ਉਨ੍ਹਾਂ ਨੂੰ ਹਰ ਪੁਲਸ ਸਟੇਸ਼ਨ ਪੱਧਰ 'ਤੇ ਨਸ਼ਿਆਂ ਦੇ ਹੌਟਸਪੌਟਸ ਦੀ ਸ਼ਨਾਖਤ ਕਰਨ ਅਤੇ ਸੂਬੇ 'ਚੋਂ ਇਸ ਖਤਰੇ ਨੂੰ ਜੜ੍ਹੋਂ ਪੁੱਟਣ ਲਈ ਫਾਰਮਾਸਿਊਟੀਕਲ ਡਰੱਗਜ਼ 'ਤੇ ਵਿਸ਼ੇਸ਼ ਧਿਆਨ ਦੇਣ ਲਈ ਵੀ ਕਿਹਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਨਸ਼ਿਆਂ ਦੇ ਮਾਮਲੇ ਵਿੱਚ ਢਿੱਲ ਵਰਤਣ ਦੀ ਸੂਰਤ ਵਿੱਚ ਸੰਬੰਧਤ ਐਸ.ਐਚ.ਓ. ਜ਼ਿੰਮੇਵਾਰ ਹੋਵੇਗਾ। ਪੁਲਸਿੰਗ ਵਿੱਚ ਪੇਸ਼ੇਵਰਤਾ ਲਿਆਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਡੀ ਜੀ ਪੀ ਨੇ ਫੀਲਡ ਅਫਸਰਾਂ ਨੂੰ ਛੋਟੇ-ਮੋਟੇ ਆਈ ਪੀ ਸੀ ਕੇਸ ਦਰਜ ਕਰਨ, ਰੋਕਥਾਮ ਕਾਰਵਾਈਆਂ ਕਰਨ, ਹਿਸਟਰੀ ਸ਼ੀਟਾਂ ਖੋਲ੍ਹਣ, ਤਕਨੀਕੀ ਜਾਣਕਾਰੀ ਦੀ ਵਰਤੋਂ ਕਰਕੇ ਕੇਸਾਂ ਨੂੰ ਹੱਲ ਕਰਨ ਅਤੇ ਜ਼ਮਾਨਤ 'ਤੇ ਗਏ ਅਪਰਾਧੀਆਂ 'ਤੇ ਨਜ਼ਰ ਰੱਖਣ ਲਈ ਕਿਹਾ। ਉਨ੍ਹਾਂ ਨੇ ਫੀਲਡ ਡਿਊਟੀ 'ਤੇ ਤਾਇਨਾਤ ਸਾਰੇ ਪੁਲਸ ਮੁਲਾਜ਼ਮਾਂ ਨੂੰ ਕਿਹਾ ਕਿ ਉਹ ਆਮ ਜਨਤਾ ਦੇ ਵੱਧ ਤੋਂ ਵੱਧ ਸੰਪਰਕ ਵਿੱਚ ਰਹਿਣ ਅਤੇ ਨਾਗਰਿਕਾਂ ਦੀਆਂ ਕਾਲਾਂ ਸੁਣ ਕੇ, ਜਨਤਕ ਮੀਟਿੰਗਾਂ ਕਰਕੇ, ਯੂਥ ਕਲੱਬਾਂ ਵਿੱਚ ਸ਼ਾਮਲ ਕਰਕੇ ਉਨ੍ਹਾਂ ਨਾਲ ਮਿੱਤਰਤਾ ਵਾਲੇ ਸੰਬੰਧ ਬਣਾਉਣ।

## ਲੁਧਿਆਣਾ ਨਗਰ ਨਿਗਮ ਦੇ ਕੌਂਸਲਰ ਸਮਰਥਕਾਂ ਸਮੇਤ 'ਆਪ' 'ਚ ਸ਼ਾਮਲ



**ਚੰਡੀਗੜ੍ਹ, (ਗੁਰਜੀਤ ਬਿੱਲਾ) :** ਲੁਧਿਆਣਾ ਨਗਰ ਨਿਗਮ ਵਿੱਚ ਆਮ ਆਦਮੀ ਪਾਰਟੀ ਨੇ ਕਾਂਗਰਸ ਨੂੰ ਵੱਡਾ ਝਟਕਾ ਦਿੱਤਾ ਹੈ। ਮੰਗਲਵਾਰ ਨੂੰ ਲੁਧਿਆਣਾ ਦੇ ਵਾਰਡ ਨੰਬਰ 38 ਦੇ ਕੌਂਸਲਰ ਕੁਲਦੀਪ ਸਿੰਘ ਧਨੇਸਰ (ਬਿੰਟਾ) ਅੱਧੇ ਦਰਜਨ ਸਮਰਥਕਾਂ ਸਮੇਤ ਕਾਂਗਰਸ ਛੱਡ ਕੇ 'ਆਪ' ਵਿੱਚ ਸ਼ਾਮਲ ਹੋ ਗਏ। ਚੰਡੀਗੜ੍ਹ ਸਥਿਤ ਪਾਰਟੀ ਮੁੱਖ ਦਫਤਰ ਵਿਖੇ 'ਆਪ' ਪੰਜਾਬ ਦੇ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਅਤੇ ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਸਾਰੇ ਆਗੂਆਂ ਨੂੰ ਰਸਮੀ ਤੌਰ 'ਤੇ ਪਾਰਟੀ 'ਚ ਸ਼ਾਮਲ ਕੀਤਾ ਗਿਆ। ਕੁਲਦੀਪ ਸਿੰਘ ਧਨੇਸਰ ਦੇ ਨਾਲ ਉਨ੍ਹਾਂ ਦੇ ਸਾਥੀ ਧਰਮਿੰਦਰ ਸਿੰਘ ਸਰਾਂ, ਮਨੀ ਰਾਮ ਭਗਤ ਅਤੇ ਈਸ਼ੂ ਤਿਗਰਾ (ਯੂਥ ਕਾਂਗਰਸ) ਅਤੇ ਕਈ ਹੋਰ ਆਗੂ ਵੀ 'ਆਪ' ਵਿੱਚ ਸ਼ਾਮਲ ਹੋ ਗਏ। ਇਸ ਮੌਕੇ ਆਮ ਆਦਮੀ ਪਾਰਟੀ ਦੇ ਪ੍ਰਿੰਸ ਜੌਹਰ (ਇੰਚਾਰਜ, ਵਾਰਡ ਨੰ. 36) ਅਤੇ ਰਵੀ ਟੰਡਨ (ਪ੍ਰਧਾਨ, ਵਾਰਡ ਨੰ. 47) ਵੀ ਹਾਜ਼ਰ ਸਨ। ਇਸ ਮੌਕੇ ਸਮੂਹ ਆਗੂਆਂ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਭਲਾਈ ਲਈ ਲਗਾਤਾਰ ਇਤਿਹਾਸਕ ਫੈਸਲੇ ਲੈ ਰਹੀ ਹੈ। ਮਾਨ ਸਰਕਾਰ ਦੇ ਕੰਮਾਂ ਕਾਰਨ ਪੰਜਾਬ ਦੇ ਲੋਕਾਂ ਵਿੱਚ ਇੱਕ ਆਸ ਦੀ ਕਿਰਨ ਜਾਗੀ ਹੈ ਅਤੇ ਆਪਣੇ ਕੰਮ ਦੀ ਬਦੌਲਤ ਵਿਧਾਨ ਸਭਾ ਵਾਂਗ ਨਗਰ ਨਿਗਮ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਵੱਡੀ ਜਿੱਤ ਦਰਜ ਕਰੇਗੀ।

## ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਜੀਂਦ ਮਹਾਂ ਰੈਲੀ ਦੀਆਂ ਤਿਆਰੀਆਂ ਸ਼ੁਰੂ

**ਚੰਡੀਗੜ੍ਹ ( ਨਵਾਂ ਜ਼ਮਾਨਾ ਸਰਵਿਸ )** ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕੇਂਦਰੀ ਭਾਜਪਾ ਸਰਕਾਰ ਵਿਰੁੱਧ ਦੇਸ਼ ਵਿਆਪੀ ਅੰਦੋਲਨ ਦੇ ਅੰਗ ਵਜੋਂ 26 ਜਨਵਰੀ ਨੂੰ ਉੱਤਰੀ ਭਾਰਤ ਦੇ 6 ਸੂਬਿਆਂ ਦੇ ਕਿਸਾਨਾਂ ਦੀ ਜੀਂਦ (ਹਰਿਆਣਾ) ਵਿਖੇ ਕੀਤੀ ਜਾ ਰਹੀ ਮਹਾਂ ਰੈਲੀ ਦੀ ਮੁਕੰਮਲ ਕਾਮਯਾਬੀ ਲਈ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਜੋਰਦਾਰ ਤਿਆਰੀ ਮੁਹਿੰਮ ਵਿੱਢ ਦਿੱਤੀ ਗਈ ਹੈ। ਜਥੇਬੰਦੀ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਇਸ ਮੁਹਿੰਮ ਦੀ ਠੋਸ ਵਿਉਂਤਬੰਦੀ ਬੀਤੇ ਦਿਨ ਬਰਨਾਲਾ ਵਿਖੇ ਜੋਗਿੰਦਰ ਸਿੰਘ ਉਗਰਾਹਾਂ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਉਲੀਕੀ ਗਈ ਹੈ। ਇਸ ਵਿਉਂਤ ਮੁਤਾਬਕ 12 ਜਨਵਰੀ ਨੂੰ ਸਰਗਰਮ ਔਰਤਾਂ ਦੀ ਸੂਬਾ ਪੱਧਰੀ ਤਿਆਰੀ ਮੀਟਿੰਗ ਤਰਕਸੀਲ ਭਵਨ ਬਰਨਾਲਾ ਵਿਖੇ ਕੀਤੀ ਜਾਵੇਗੀ। 14 ਜਨਵਰੀ ਨੂੰ ਸੰਗਰੂਰ, 15 ਨੂੰ ਮਲੇਰਕੋਟਲਾ ਤੇ ਲੁਧਿਆਣਾ, 16 ਨੂੰ ਮੋਗਾ, ਬਰਨਾਲਾ, ਪਟਿਆਲਾ, ਫਾਜ਼ਿਲਕਾ ਤੇ ਫਰੀਦਕੋਟ,18 ਨੂੰ ਮਾਨਸਾ ਜ਼ਿਲ੍ਹਿਆਂ ਦੀਆਂ ਜ਼ਿਲ੍ਹਾ ਪੱਧਰੀ ਮੀਟਿੰਗਾਂ ਕੀਤੀਆਂ ਜਾਣਗੀਆਂ। ਬਾਕੀ ਜ਼ਿਲ੍ਹਿਆਂ ਦੀਆਂ ਮੀਟਿੰਗਾਂ ਦੀਆਂ ਮਿਤੀਆਂ ਬਾਰੇ ਵੀ ਉਨ੍ਹਾਂ ਵੱਲੋਂ ਜਲਦੀ ਫੈਸਲੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਦੇਸ ਵਿਆਪੀ ਅੰਦੋਲਨ ਦੀਆਂ ਮੁੱਖ ਮੰਗਾਂ ਵਿੱਚ ਸਾਰੀਆਂ ਫਸਲਾਂ ਦੀ ਲਾਭਕਾਰੀ ਐੱਮ ਐੱਸ ਪੀ 'ਤੇ ਮੁਕੰਮਲ ਖਰੀਦ ਦੀ ਕਾਨੂੰਨੀ ਗਰੰਟੀ ਕਰਾਉਣ, ਲਖੀਮਪੁਰ ਖੀਰੀ ਕਤਲ ਕਾਂਡ ਸੰਬੰਧੀ ਪੂਰਾ ਇਨਸਾਫ ਲੈਣ, ਬਿਜਲੀ ਬਿੱਲ 2021 ਰੱਦ ਕਰਾਉਣ, ਕਿਸਾਨਾਂ ਤੇ ਖੇਤ ਮਜਦੂਰਾਂ ਸਿਰ ਚੜ੍ਹੇ ਕਰਜਿਆਂ ਦਾ ਖਾਤਮਾ, 60 ਸਾਲ ਤੋਂ ਉੱਪਰ ਹਰ ਕਿਸਾਨ ਤੇ ਖੇਤ ਮਜਦੂਰ ਸਮੇਤ ਔਰਤਾਂ ਨੂੰ ਬੁਢਾਪਾ ਪੈਨਸ਼ਨ, ਫਸਲਾਂ ਦੀ ਤਬਾਹੀ ਦੇ ਪੂਰੇ ਮੁਆਵਜੇ ਦੀ ਗਰੰਟੀ ਵਾਲਾ ਫਸਲੀ ਬੀਮਾ ਚਾਲੂ ਕਰਾਉਣ, ਦਿੱਲੀ ਅੰਦੋਲਨ ਸਮੇਂ ਮੜ੍ਹੇ ਸਾਰੇ ਪੁਲਸ ਕੇਸਾਂ ਦੀ ਵਾਪਸੀ ਅਤੇ ਇਸ ਅੰਦੋਲਨ ਦੌਰਾਨ ਸ਼ਹੀਦ ਹੋਏ ਸਾਰੇ ਦੇ ਸਾਰੇ ਕਿਸਾਨਾਂ ਮਜਦੂਰਾਂ ਦੇ ਵਾਰਸਾਂ ਨੂੰ ਢੁੱਕਵਾਂ ਮੁਆਵਜਾ ਦਿਵਾਉਣਾ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਮੀਟਿੰਗ ਵਿੱਚ ਇੱਕ ਹੋਰ ਅਹਿਮ ਫੈਸਲੇ ਰਾਹੀਂ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਜਸਵਿੰਦਰ ਸਿੰਘ ਲੌਂਗੋਵਾਲ ਵੱਲੋਂ ਲਗਾਤਾਰ ਕੀਤੀਆਂ ਜਾ ਰਹੀਆਂ ਦੁਫੇੜਬਾਜ ਤੇ ਫੁੱਟਪਾਊ ਕਾਰਵਾਈਆਂ ਕਾਰਨ ਉਸਦੀ ਮੁੱਢਲੀ ਮੈਂਬਰਸ਼ਿਪ ਖਾਰਜ ਕੀਤੀ ਗਈ ਹੈ। ਜ਼ਿਕਰਯੋਗ ਹੈ ਕਿ ਬਾਕਾਇਦਾ ਸੂਬਾ ਕਮੇਟੀ ਦੇ ਫੈਸਲਿਆਂ ਮੁਤਾਬਕ ਉਸਨੂੰ ਜਥੇਬੰਦੀ ਵਿਰੋਧੀ ਕਾਰਵਾਈਆਂ ਬੰਦ ਕਰਨ ਦੀਆਂ ਬਾਰ ਬਾਰ ਚਿਤਾਵਨੀਆਂ ਦੇਣ ਦੇ ਬਾਵਜੂਦ ਉਹ ਨਹੀਂ ਰੁਕੇ ਸਗੋਂ ਵਧੇਰੇ ਤੇਜੀ ਫੜਦੇ ਗਏ। ਜਿਸ ਕਾਰਨ ਉਨ੍ਹਾਂ ਨੂੰ ਮੁੱਢਲੀ ਮੈਂਬਰਸ਼ਿਪ ਤੋਂ ਖਾਰਜ ਕਰਨਾ ਪਿਆ ਹੈ। ਸੂਬਾ ਕਮੇਟੀ ਵੱਲੋਂ ਜਥੇਬੰਦੀ ਨਾਲ ਜੁੜੇ ਸਮੂਹ ਕਿਸਾਨਾਂ ਮਜਦੂਰਾਂ ਔਰਤਾਂ ਨੌਜਵਾਨਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਲੌਂਗੋਵਾਲ ਭ੍ਰਿਸ਼ਟਾਚਾਰ ਦੇ ਦੋਸ਼ੀ ਸਾਬਤ ਹੋ ਚੁੱਕੇ ਉਸਦੇ ਮੁੱਠੀ ਭਰ ਹਮਾਇਤੀਆਂ ਦੇ ਬੇਬੁਨਿਆਦ ਭੰਡੀ ਪ੍ਰਚਾਰ ਨੂੰ ਦਰਕਿਨਾਰ ਕਰਦਿਆਂ ਕਾਰਪੋਰੇਟ ਪੱਖੀ ਲੁਟੇਰੀਆਂ ਹਕੂਮਤਾਂ ਵਿਰੁੱਧ ਉਲੀਕੇ ਹੋਏ ਸੰਘਰਸ਼ ਪ੍ਰੋਗਰਾਮਾਂ ਨੂੰ ਕਾਮਯਾਬ ਕਰਨ ਲਈ ਜੀ ਜਾਨ ਨਾਲ ਜੁਟ ਜਾਣ।

## ਨਗਰ ਨਿਗਮ ਪੈਟਰੋਲਿੰਗ ਟੀਮ ਨੇ ਦੁਕਾਨਾਂ ਤੋਂ 25 ਕਿਲੋ ਸਿੰਗਲ ਯੂਜ਼ ਪਲਾਸਟਿਕ ਕੀਤਾ ਜ਼ਬਤ



**ਹੁਸ਼ਿਆਰਪੁਰ, (ਓ ਪੀ ਰਾਣਾ )** ਡਿਪਟੀ ਕਮਿਸ਼ਨਰ-ਕਮ-ਕਮਿਸ਼ਨਰ ਨਗਰ ਨਿਗਮ ਹੁਸ਼ਿਆਰਪੁਰ ਕੋਮਲ ਮਿੱਤਲ ਦੇ ਨਿਰਦੇਸ਼ਾਂ 'ਤੇ ਸ਼ਹਿਰ ਵਿਚ ਸਿੰਗਲ ਯੂਜ਼ ਪਲਾਸਟਿਕ ਦੀ ਰੋਕਥਾਮ ਲਈ ਗਠਿਤ ਕੀਤੀ ਗਈ ਪੈਟਰੋਲਿੰਗ ਟੀਮ ਵਲੋਂ ਅੱਜ ਅਚਨਚੇਤ ਚੈਕਿੰਗ ਕਰਦੇ ਹੋਏ ਸਬਜ਼ੀ ਮੰਡੀ ਤੇ ਖਾਨਪੁਰੀ ਗੇਟ ਵਿਖੇ ਦੁਕਾਨਾਂ ਤੋਂ 25 ਕਿਲੋ ਪਲਾਸਟਿਕ ਦੇ ਲਿਫਾਫੇ ਅਤੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਵਿਚ ਲਿਆਉਣ ਵਾਲੀ ਸਮੱਗਰੀ ਜ਼ਬਤ ਕੀਤੀ ਹੈ। ਕਮਿਸ਼ਨਰ ਨਗਰ ਨਿਗਮ ਨੇ ਦੱਸਿਆ ਕਿ ਨਗਰ ਨਿਗਮ ਦੀ ਪੈਟਰੋਲਿੰਗ ਟੀਮ ਰੋਜ਼ਾਨਾ ਸ਼ਹਿਰ ਵਿਚ ਅਚਨਚੇਤ ਚੈਕਿੰਗ ਕਰਕੇ ਸਿੰਗਲ ਯੂਜ਼ ਪਲਾਸਟਿਕ ਦੀਆਂ ਵਸਤੂਆਂ ਨੂੰ ਮੌਕੇ 'ਤੇ ਜ਼ਬਤ ਕਰੇਗੀ। ਉਨ੍ਹਾਂ ਕਿਹਾ ਕਿ ਫਿਰ ਵੀ ਜੇਕਰ ਲੋਕਾਂ ਨੇ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਕੀਤੀ, ਤਾਂ ਉਨ੍ਹਾਂ ਦਾ ਸਾਮਾਨ ਜ਼ਬਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਭਾਰੀ ਜ਼ੁਰਮਾਨਾ ਵੀ ਕੀਤਾ ਜਾਵੇਗਾ।

ਇਸ ਮੌਕੇ ਸਹਾਇਕ ਕਮਿਸ਼ਨਰ ਸੰਤੀਪ ਤਿਵਾੜੀ, ਸਕੱਤਰ ਜਸਵਿੰਦਰ ਸਿੰਘ, ਚੀਫ ਸੈਨੇਟਰੀ ਇੰਸਪੈਕਟਰ ਸਰਬਜੀਤ ਸਿੰਘ, ਸੈਨੇਟਰੀ ਇੰਸਪੈਕਟਰ ਗੁਰਵਿੰਦਰ ਸਿੰਘ, ਸੈਨੇਟਰੀ ਸੁਪਰਵਾਈਜ਼ਰ ਕਰਨਜੋਤ ਆਦੀਆ ਤੇ ਨਰਾਇਣ ਗੁਪਤਾ ਵੀ ਮੌਜੂਦ ਸਨ।

ਕਮਿਸ਼ਨਰ ਨਗਰ ਨਿਗਮ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਲਈ ਸੂਬੇ ਵਿਚ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ 'ਤੇ ਪਾਬੰਦੀ ਲਗਾਈ ਗਈ ਹੈ, ਪਰੰਤੂ ਫ਼ਿਰ ਵੀ ਕਈ ਦੁਕਾਨਦਾਰ ਤੇ ਰੇਹੜੀ, ਫੜੀ ਵਾਲਿਆਂ ਵਲੋਂ ਸਾਮਾਨ ਦੀ ਵਿਕਰੀ ਕਰਨ ਲਈ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਕੀਤੀ ਜਾਂਦੀ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਆਪਣਾ ਫਰਜ਼ ਸਮਝਦੇ ਹੋਏ ਸ਼ਹਿਰ ਨੂੰ ਸੁੰਦਰ ਤੇ ਵਾਤਾਵਰਣ ਨੂੰ ਸਾਫ-ਸੁਥਰਾ ਰੱਖਣ ਲਈ ਸਿੰਗਲ ਯੂਜ਼ ਪਲਾਸਟਿਕ ਤੇ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾ ਕਰਨ ਅਤੇ ਆਉਣ ਵਾਲੀ ਪੀੜ੍ਹ ਨੂੰ ਇਕ ਸਵੱਛ ਤੇ ਸਿਹਤਮੰਦ ਵਾਤਾਵਰਣ ਵਿਰਾਸਤ ਵਿਚ ਦੇਣ।

## ਸਿਵਲ ਸਰਜਨ ਵੱਲੋਂ ਸਿਹਤ ਕੇਂਦਰਾਂ ਤੇ ਵੱਖ-ਵੱਖ ਨੈਸ਼ਨਲ ਪ੍ਰੋਗਰਾਮਾਂ ਦਾ ਰੀਵਿਊ



**ਜਲੰਧਰ -(ਸੈਲੀ ਐਲਬਰਟ )-** ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜਬੂਤ ਕਰਨ ਲਈ ਸਿਵਲ ਸਰਜਨ ਡਾ. ਰਮਨ ਸ਼ਰਮਾ ਵੱਲੋਂ ਮੰਗਲਵਾਰ ਨੂੰ ਦਫ਼ਤਰ ਸਿਵਲ ਸਰਜਨ ਵਿਖੇ ਸਿਹਤ ਪ੍ਰੋਗਰਾਮ ਅਫਸਰਾਂ ਅਤੇ ਜ਼ਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨਾਲ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਿਵਲ ਸਰਜਨ ਡਾ. ਰਮਨ ਸ਼ਰਮਾ ਵੱਲੋਂ ਜ਼ਿਲ੍ਹੇ ਵਿੱਚ ਆਮ ਆਦਮੀ ਕਲੀਨਿਕਾਂ ਦੀ ਤਰਜ 'ਤੇ ਬਣ ਰਹੇ ਸਿਹਤ ਕੇਂਦਰਾਂ ਅਤੇ ਸਿਹਤ ਸੇਵਾਵਾਂ ਜਨ-ਜਨ ਤੱਕ ਪਹੁੰਚਾਉਣ ਲਈ ਚੱਲ ਰਹੇ ਵੱਖ-ਵੱਖ ਨੈਸ਼ਨਲ ਪ੍ਰੋਗਰਾਮਾਂ ਦਾ ਰੀਵਿਊ ਕੀਤਾ ਗਿਆ। ਇਨ੍ਹਾਂ ਸਿਹਤ ਪ੍ਰੋਗਰਾਮਾਂ ਸੰਬੰਧੀ ਲੋੜੀਂਦੀ ਰਿਪੋਰਟਿੰਗ ਸਮੇਂ ਸਿਰ ਜ਼ਿਲ੍ਹਾ ਹੈਡਕਵਾਰਟਰ ਨੂੰ ਭੇਜਣਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ । ਸਿਵਲ ਸਰਜਨ ਡਾ. ਰਮਨ ਸ਼ਰਮਾ ਵੱਲੋਂ ਦੱਸਿਆ ਗਿਆ ਕਿ ਦਸੰਬਰ ਮਹੀਨਾ ਸਿਹਤ ਸੰਸਥਾਵਾਂ ਵਿੱਚ ਸਾਫ਼-ਸਫਾਈ ਦੁਰੱਸਤ ਰੱਖਣ ਲਈ ਨਿਰਧਾਰਤ ਕੀਤਾ ਗਿਆ ਸੀ । ਇਸ ਸਬੰਧ ਵਿੱਚ ਸਿਵਲ ਸਰਜਨ ਦਫ਼ਤਰ ਦੇ ਪ੍ਰੋਗਰਾਮ ਅਫ਼ਸਰਾਂ ਵੱਲੋਂ ਮਹੀਨਾ ਦਸੰਬਰ ਵਿੱਚ ਜ਼ਿਲ੍ਹੇ ਦੇ ਸਿਹਤ ਕੇਂਦਰਾਂ ਵਿੱਚ ਦੌਰਾ ਕੀਤਾ ਗਿਆ। ਸੀ.ਐਚ.ਸੀ. ਸ਼ਾਹਕੋਟ ਨੂੰ ਸਾਫ਼-ਸਫਾਈ ਵਿੱਚ ਸਭ ਤੋਂ ਉੱਤਮ ਪਾਏ ਜਾਣ 'ਤੇ ਐਸ.ਐਮ.ਓ. ਸ਼ਾਹਕੋਟ ਡਾ. ਦਵਿੰਦਰ ਪਾਲ ਸਿੰਘ ਨੂੰ ਮੀਟਿੰਗ ਦੌਰਾਨ ਸਨਮਾਨਤ ਕੀਤਾ ਗਿਆ । ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਰਮਨ ਗੁਪਤਾ ਵੱਲੋਂ ਸਮੂਹ ਐਸ.ਐਮ.ਓ. ਨੂੰ ਹਦਾਇਤ ਕਰਦਿਆਂ ਕਿਹਾ ਗਿਆ ਕਿ ਮਾਤ੍ਰੀ ਮੌਤ ਦਰ ਘਟਾਉਣ ਲਈ ਹਰ ਯੋਗ ਉਪਰਾਲਾ ਕੀਤਾ ਜਾਵੇ ਅਤੇ ਜੱਚਾ-ਬੱਚਾ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਕਰਨ ਲਈ ਬਲਾਕ ਪੱਧਰ 'ਤੇ ਏ.ਐਨ.ਐਮ. ਨਾਲ ਮਹੀਨੇ ਵਿੱਚ ਦੋ ਵਾਰ ਅਤੇ ਕਮਿਊਨਿਟੀ ਹੈਲਥ ਅਫ਼ਸਰਜ਼ ਨਾਲ ਮਹੀਨੇ ਵਿੱਚ ਇਕ ਵਾਰ ਰੀਵਿਊ ਮੀਟਿੰਗ ਕੀਤੀ ਜਾਵੇ ਅਤੇ ਜ਼ਿਲ੍ਹਾ ਹੈੱਡ ਕਵਾਰਟਰ 'ਤੇ ਰਿਪੋਰਟ ਭੇਜੀ ਜਾਵੇ। ਉਨ੍ਹਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਸਾਲ-2021 ਵਿੱਚ ਦਸੰਬਰ ਮਹੀਨੇ ਤੱਕ 6523 ਸੰਸਥਾਗਤ ਜਣੇਪੇ ਹੋਏ ਸਨ, ਸਾਲ 2022 ਵਿੱਚ ਦਸੰਬਰ ਮਹੀਨੇ ਤੱਕ ਸੰਸਥਾਗਤ ਜਣੇਪਿਆਂ ਦੀ ਗਿਣਤੀ ਵੱਧ ਕੇ 7636 ਹੋ ਗਈ ਹੈ । ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਰਾਕੇਸ਼ ਚੋਪੜਾ ਵੱਲੋਂ ਦੱਸਿਆ ਗਿਆ ਕਿ ਸਰਕਾਰ ਵੱਲੋਂ ਟੈਂਪਰੇਚਰ ਲੋਗਰ ਉਪਲੱਬਧ ਕਰਵਾਏ ਗਏ ਹਨ, ਜ਼ਿਲ੍ਹੇ ਵਿੱਚ 56 ਕੋਲਡ ਚੇਨ ਪੁਆਇੰਟ ਹਨ, ਹਰ ਕੋਲਡ ਚੇਨ ਪੁਆਇੰਟ ਤੇ ਟੈਂਪਰੇਚਰ ਲੋਗਰ ਲਗਾਏ ਜਾਣਗੇ, ਜਿਸ ਨਾਲ ਬੱਚਿਆਂ ਨੂੰ ਲਗਾਉਣ ਵਾਲੀ ਵੈਕਸੀਨ ਦੇ ਸਹੀ ਟੈਂਪਰੇਚਰ ਦੀ ਜਾਣਕਾਰੀ ਮਿਲਦੀ ਰਹੇਗੀ ਅਤੇ ਵੈਕਸੀਨ ਦੇ ਰੱਖ-ਰਖਾਵ ਨੂੰ ਹੋਰ ਬਿਹਤਰ ਕਰਨ ਵਿੱਚ ਮਦਦ ਮਿਲੇਗੀ। ਸਿਵਲ ਸਰਜਨ ਡਾ. ਰਮਨ ਸ਼ਰਮਾ ਵੱਲੋਂ ਕਿਹਾ ਗਿਆ ਕਿ ਸਿਹਤ ਵਿਭਾਗ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਹਦਾਇਤ ਕਰਦਿਆਂ ਕਿਹਾ ਕਿ ਸਿਹਤ ਸੰਸਥਾਵਾਂ 'ਚ ਇਲਾਜ ਲਈ ਆਉਣ ਵਾਲੇ ਬਜੁਰਗਾਂ, ਗਰਭਵਤੀ ਔਰਤਾਂ ਅਤੇ ਗੰਭੀਰ ਬਿਮਾਰੀਆਂ ਨਾਲ ਪੀੜਤ ਮਰੀਜਾਂ ਨਾਲ ਸਟਾਫ ਵੱਲੋਂ ਹਮਦਰਦੀ ਭਰਿਆ ਵਤੀਰਾ ਅਪਣਾਉਂਦੇ ਹੋਏ ਪਹਿਲ ਦੇ ਆਧਾਰ 'ਤੇ ਸਿਹਤ ਸੁਵਿਧਾ ਦਿੱਤੀ ਜਾਵੇ। । ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਪਹਿਲਾਂ ਤੋਂ ਹੀ ਸਥਾਪਤ ਕੰਟਰੋਲ ਰੂਮ ਦੇ ਨੰਬਰ 0181-5007725 'ਤੇ ਡਾਇਲ ਕਰਕੇ ਲੋਕਾਂ ਵੱਲੋਂ ਹੋਰ ਸਿਹਤ ਸੇਵਾਵਾਂ ਦੇ ਨਾਲ-ਨਾਲ ਜੱਚਾ-ਬੱਚਾ ਸਿਹਤ ਸੇਵਾਵਾਂ ਸੰਬੰਧੀ ਜਾਣਕਾਰੀ ਲਈ ਜਾ ਰਹੀ ਹੈ ਅਤੇ ਸਿਹਤ ਵਿਭਾਗ ਵੱਲੋਂ ਲੋਕਾਂ ਦੀਆਂ ਸਿਹਤ ਸੰਬੰਧੀ ਸਮੱਸਿਆਵਾਂ ਨੂੰ ਸੁਣ ਕੇ ਉਨ੍ਹਾਂ ਨੂੰ ਯੋਗ ਸਲਾਹ ਦਿੱਤੀ ਜਾ ਰਹੀ ਹੈ।

## ਇੰਟਰਨੈਸ਼ਨਲ ਸ਼ੇਰ-ਏ-ਪੰਜਾਬ ਸਪੋਰਟਸ ਐਂਡ ਕਲਚਰਲ ਸੁਸਾਇਟੀ ਨੇ ਬਿਰਧ ਆਸ਼ਰਮ ਸਪਰੋੜ 'ਚ ਆਸ਼ਰਿਤਾਂ ਨਾਲ ਮਨਾਈ ਲੋਹੜੀ



**ਫਗਵਾੜਾ (ਡਾ. ਰਮਨ, ਢੱਡਾ)** ਇੰਟਰਨੈਸ਼ਨਲ ਸ਼ੇਰ-ਏ-ਪੰਜਾਬ ਸਪੋਰਟਸ ਐਂਡ ਕਲਚਰਲ ਸੁਸਾਇਟੀ ਰਜਿ. ਫਗਵਾੜਾ ਵੱਲੋਂ ਹਰ ਸਾਲ ਦੀ ਤਰ੍ਹਾਂ ਲੋਹੜੀ ਦਾ ਤਿਉਹਾਰ ਗੁਰੂ ਨਾਨਕ ਮਿਸ਼ਨ ਨੇਤਰਹੀਣ ਬਿਰਧ ਆਸ਼ਰਮ ਸਪਰੋੜ ਵਿਖੇ ਸੁਸਾਇਟੀ ਦੇ ਪ੍ਰਧਾਨ ਗੀਤ ਪ੍ਰੀਤ ਪਾਲ ਸਿੰਘ ਦੀ ਅਗਵਾਈ ਹੇਠ ਮਨਾਇਆ ਗਿਆ। ਸਮਾਗਮ 'ਚ ਬਤੌਰ ਮੁੱਖ ਮਹਿਮਾਨ ਸਮਾਜ ਸੇਵਕ ਰਵਿੰਦਰ ਸਿੰਘ ਰਾਜੋਵਾਲੀਆ ਅਤੇ ਰਣਜੀਤ ਸਿੰਘ ਆਦਮਪੁਰ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਆਸ਼ਰਮ ਦੇ ਵਸਨੀਕਾਂ ਨੂੰ ਮੂੰਗਫਲੀ, ਰਿਓੜੀ, ਗੱਚਕ ਤੋਂ ਇਲਾਵਾ ਮਿਠਾਈ ਤੇ ਹੋਰ ਖਾਣ-ਪੀਣ ਦੀ ਸਮੱਗਰੀ ਭੇਟ ਕੀਤੀ ਗਈ। ਮੁੱਖ ਮਹਿਮਾਨਾਂ ਨੇ ਜਥੇਬੰਦੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਸਾਨੂੰ ਆਪਣੀਆਂ ਖੁਸ਼ੀਆਂ ਸਮਾਜ ਦੇ ਬੇਸਹਾਰਾ, ਮਜਬੂਰ ਤੇ ਲਾਚਾਰ ਲੋਕਾਂ ਨਾਲ ਜ਼ਰੂਰ ਸਾਂਝੀਆਂ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਉਹ ਆਪਣੇ ਆਪ ਨੂੰ ਇਸ ਸਮਾਜ ਤੋਂ ਵੱਖਰਾ ਮਹਿਸੂਸ ਨਾ ਕਰਨ। ਪ੍ਰਧਾਨ ਗੀਤ ਪ੍ਰੀਤ ਪਾਲ ਸਿੰਘ ਨੇ ਦੱਸਿਆ ਕਿ ਹਰ ਸਾਲ ਉਨ੍ਹਾਂ ਦੀ ਸੁਸਾਇਟੀ ਬਿਰਧ ਆਸ਼ਰਮ ਵਿਖੇ ਲੋਹੜੀ ਅਤੇ ਦੀਵਾਲੀ ਮਨਾਉਂਦੀ ਹੈ ਜਿਸ ਦਾ ਮਕਸਦ ਸਿਰਫ ਇਹੋ ਹੈ ਕਿ ਇੱਥੋਂ ਦੇ ਵਸਨੀਕਾਂ ਨੂੰ ਵੀ ਤਿਉਹਾਰਾਂ ਦੀ ਖੁਸ਼ੀ 'ਚ ਸ਼ਾਮਲ ਕੀਤਾ ਜਾਵੇ। ਉਨ੍ਹਾਂ ਨੂੰ ਖੁਸ਼ੀ ਦੇ ਕੇ ਸੁਸਾਇਟੀ ਦੇ ਹਰੇਕ ਮੈਂਬਰ ਤੇ ਸਹਿਯੋਗੀ ਨੂੰ ਆਤਮਿਕ ਖੁਸ਼ੀ ਮਹਿਸੂਸ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਦੇ ਸਮਾਗਮ 'ਚ ਗਿਆਨ ਚੰਦ ਚੌਕੜੀਆ, ਰਾਜਵਿੰਦਰ ਸਿੰਘ ਗਰੀਸ, ਬਲਵਿੰਦਰ ਸਿੰਘ (ਜੇ.ਈ.) ਪਲਾਹੀ, ਸਟੇਜ ਕਲਾਕਾਰ ਨੀਲਮ ਹਾਂਡਾ, ਅਮਰੀਕ ਸਿੰਘ ਖੁਰਮਪੁਰ ਤੇ ਐਡਵੋਕੇਟ ਦਿਨੇਸ਼ ਲਖਨਪਾਲ, ਸਲਵਿੰਦਰ ਸਿੰਘ ਜੱਸੀ ਦਾ ਵਿਸ਼ੇਸ਼ ਸਹਿਯੋਗ ਰਿਹਾ। ਜਿਸ ਦੇ ਲਈ ਉਹ ਸਾਰਿਆਂ ਦੇ ਤਹਿ ਦਿਲੋਂ ਧੰਨਵਾਦੀ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਜੋ ਵੀ ਲੋੜਵੰਦ ਬੱਚਾ, ਬਜ਼ੁਰਗ ਜਾਂ ਬੇਸਹਾਰਾ ਹੋਵੇ ਤਾਂ ਸੁਸਾਇਟੀ ਸਮੇਂ-ਸਮੇਂ ਸਿਰ ਉਨ੍ਹਾਂ ਦੀ ਮਦਦ ਕਰਦੀ ਹੈ। ਉਨ੍ਹਾਂ ਆਸ਼ਰਮ ਨੂੰ ਵਿਸ਼ਵਾਸ ਦੁਆਇਆ ਕਿ ਕਿਸੇ ਵੀ ਤਰ੍ਹਾਂ ਦੀ ਜ਼ਰੂਰਤ ਮਹਿਸੂਸ ਹੋਵੇ ਤਾਂ ਸੁਸਾਇਟੀ ਨੂੰ ਦੱਸਿਆ ਜਾਵੇ ਤਾਂ ਜੋ ਜ਼ਰੂਰਤ ਪੂਰੀ ਕਰਨ ਦਾ ਪ੍ਰਬੰਧ ਕੀਤਾ ਜਾ ਸਕੇ। ਆਸ਼ਰਮ ਦੇ ਮੈਨੇਜਰ ਮੁਖਤਿਆਰ ਸਿੰਘ ਨੇ ਸੁਸਾਇਟੀ ਦੇ ਸਮੂਹ ਮੈਂਬਰਾਂ ਅਤੇ ਪਤਵੰਤਿਆਂ ਦਾ ਇਸ ਉਪਰਾਲੇ ਲਈ ਧੰਨਵਾਦ ਕੀਤਾ ਅਤੇ ਸੁਸਾਇਟੀ ਮੈਂਬਰਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ।

ਸਟੇਜ ਸਕੱਤਰ ਦੀ ਸੇਵਾ ਸਲਵਿੰਦਰ ਸਿੰਘ ਜੱਸੀ ਵਲੋਂ ਨਿਭਾਈ ਗਈ। ਇਸ ਮੌਕੇ ਪਰਵੀਨ ਕੁਮਾਰ, ਮਨੋਜ ਕੁਮਾਰ ਭਗਤ, ਉਂਕਾਰ ਸਿੰਘ, ਮੋਤੀ ਗਰੀਸ, ਅਨੀਕੇਤ ਭਗਤ ਆਦਿ ਤੋਂ ਇਲਾਵਾ ਮਨਜੀਤ ਕੌਰ, ਸੋਨੀਆ ਚੌਕੜੀਆ, ਰਵਜੋਤ ਸਿੰਘ ਗਿਰਨ ਤੇ ਹੋਰ ਪਤਵੰਤੇ ਹਾਜ਼ਰ ਸਨ।

## ਗਰਭਵਤੀਆਂ ਲਈ ਡਾਕਟਰੀ ਜਾਂਚ ਦੇ ਨਾਲ ਪੌਸ਼ਟਿਕ ਆਹਾਰ ਵੀ ਜ਼ਰੂਰੀ : ਡਾ. ਕਮਲਜੀਤ ਕੌਰ



**ਬਿਲਗਾ (ਵਿਜੇ ਕੁਮਾਰ ਬਿਲਗਾ) :** ਪ੍ਰਧਾਨ ਮੰਤਰੀ ਸੁਰੱਖਿਆ ਮਾਤ੍ਰਤਵ ਅਭਿਆਨ ਤਹਿਤ ਪੀ ਐਚ ਸੀ ਬਿਲਗਾ ਵਿਖੇ ਦੂਜੀ ਅਤੇ ਤਿਮਾਹੀ ਵਾਲੀਆਂ ਗਰਭਵਤੀ ਔਰਤਾਂ ਦੀ ਜਾਂਚ ਕਰਨ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ ਜਿਸ ਵਿਚ ਡਾ. ਅਮਨਪ੍ਰੀਤ ਕੌਰ ਸੀ ਐਚ ਓ ਨੇ ਔਰਤਾਂ ਦੀ ਡਾਕਟਰੀ ਜਾਂਚ ਕੀਤੀ। ਇਸ ਮੌਕੇ ਡਾ. ਕਮਲਜੀਤ ਕੌਰ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਪੀ ਐਚ ਸੀ ਬਿਲਗਾ ਨੇ ਕਿਹਾ ਕਿ ਗਰਭਵਤੀ ਔਰਤਾਂ ਲਈ ਡਾਕਟਰੀ ਜਾਂਚ ਦੇ ਨਾਲ ਨਾਲ ਪੌਸ਼ਟਿਕ ਆਹਾਰ ਜਿਵੇਂ ਕਿ ਹਰੀਆਂ ਪੱਤੇਦਾਰ ਸਬਜ਼ੀਆਂ, ਫਲ , ਆਇਓਡੀਨ ਯੁਕਤ ਨਮਕ, ਦੁੱਧ, ਆਂਡੇ, ਦਹੀਂ ਅਤੇ ਪਨੀਰ ਵੀ ਜ਼ਰੂਰੀ ਹੈ, ਜਿਸ ਦੀ ਵਰਤੋਂ ਨਾਲ ਜਣੇਪੇ ਸਮੇਂ ਜੱਚਾ ਬੱਚਾ ਦੋਵੇਂ ਤੰਦਰੁਸਤ ਰਹਿੰਦੇ ਹਨ। ਸਰਕਾਰ ਵੱਲੋਂ ਮੁਹੱਈਆ ਮੁਫਤ ਇਲਾਜ ਸਹੂਲਤਾਂ ਸਿਹਤ ਸੇਵਾਵਾਂ ਅਤੇ ਸਕੀਮਾਂ ਦਾ ਲੋਕ ਵੱਧ ਤੋਂ ਵੱਧ ਲਾਭ ਲੈਣ। ਮੈਡਮ ਕੇਤਨ ਪ੍ਰਕਾਸ਼ ਬੀ ਈ ਈ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਹਰੇਕ ਮਹੀਨੇ ਦੀ 9 ਤਰੀਕ ਨੂੰ ਦੂਜੀ ਅਤੇ ਤਿਮਾਹੀ ਗਰਭਵਤੀ ਔਰਤਾਂ ਦੀ ਡਾਕਟਰੀ ਜਾਂਚ ਪੀ ਐਚ ਸੀ ਬਿਲਗਾ ਵਿਖੇ ਕੀਤੀ ਜਾਂਦੀ ਹੈ। ਆਸ਼ਾ ਵਰਕਰ ਅਤੇ ਮਲਟੀਪਰਪਜ਼ ਹੈਲਥ ਵਰਕਰ ਫੀਮੇਲ ਵੱਲੋਂ ਆਪਣੇ ਖੇਤਰ ਦੀਆਂ ਔਰਤਾਂ ਨੂੰ ਜਾਂਚ ਲਈ ਲਿਆਇਆ ਜਾਂਦਾ ਹੈ। ਇਸ ਮੌਕੇ ਏ ਐਨ ਐਮ ਨੇਹਾ, ਏ ਐਨ ਐਮ ਗਗਨ ਵਰਮਾ,ਐਲ ਐਚ ਵੀ ਚੰਦਾ, ਐਲ ਐਚ ਵੀ ਭੁਪਿੰਦਰ ਕੌਰ ਅਤੇ ਹੋਰ ਸਟਾਫ ਹਾਜ਼ਰ ਸੀ।

## ਦਰਬਾਰ ਨੂਰ-ਏ-ਖੁਦਾ ਬਾਬਾ ਮੰਗੂ ਸ਼ਾਹ ਸਾਹਨੀ ਵਿਖੇ ਸਲਾਨਾ ਗਿਆਰਵੀਂ ਉਰਸ 30 ਤੇ 31 ਨੂੰ



**ਫਗਵਾੜਾ (ਡਾ. ਰਮਨ, ਢੱਡਾ) :** ਧੰਨ ਧੰਨ ਨੂਰ-ਏ-ਖੁਦਾ ਦਰਬਾਰ ਬਾਬਾ ਮੰਗੂ ਸ਼ਾਹ ਪਿੰਡ ਸਾਹਨੀ ਵਿਖੇ ਹਰ ਸਾਲ ਦੀ ਤਰ੍ਹਾਂ ਸਾਲਾਨਾ ਗਿਆਰ੍ਹਵੀਂ ਉਰਸ 30 ਅਤੇ 31 ਜਨਵਰੀ ਨੂੰ ਗੱਦੀਨਸ਼ੀਨ ਸਾਈਂ ਕਰਨੈਲ ਸ਼ਾਹ ਦੀ ਅਗਵਾਈ ਹੇਠ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਸਾਈਂ ਕਰਨੈਲ ਸ਼ਾਹ ਨੇ ਪਿੰਡ ਦੇ ਪਤਵੰਤਿਆਂ ਨਾਲ ਮੀਟਿੰਗ ਕਰਨ ਉਪਰੰਤ ਦੱਸਿਆ ਕਿ ਪਹਿਲੇ ਦਿਨ 30 ਜਨਵਰੀ ਨੂੰ ਸ਼ਾਮ ਸਮੇਂ ਚਿਰਾਗ਼ ਅਤੇ ਰਾਤ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਜਾਵੇਗੀ। ਦੂਸਰੇ ਦਿਨ ਮੰਗਲਵਾਰ 31 ਜਨਵਰੀ ਨੂੰ ਸਵੇਰੇ 10 ਵਜੇ ਨਿਸ਼ਾਨ ਸਾਹਿਬ ਅਤੇ ਚਾਦਰ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਵੇਗੀ ਅਤੇ ਦੁਪਹਿਰ 1 ਵਜੇ ਸੰਗਤਾਂ 'ਚ ਕੜ੍ਹੀ ਦਾ ਪ੍ਰਸ਼ਾਦ ਵੰਡਿਆ ਜਾਵੇਗਾ। ਰਾਤ ਨੂੰ ਮਹਿਫਿਲ-ਏ-ਕੱਵਾਲ ਸਜਾਈ ਜਾਵੇਗੀ ਜਿਸ ਵਿੱਚ ਨਾਮਵਰ ਕੱਵਾਲ ਸੂਫੀਆਨਾ ਕਲਾਮ ਪੇਸ਼ ਕਰਨਗੇ। ਇਸ ਮੌਕੇ ਸਰਪੰਚ ਰਾਮਪਾਲ ਸਾਹਨੀ, ਮੈਂਬਰ ਪੰਚਾਇਤ ਹਰਨੇਕ ਸਿੰਘ, ਚੂੰਨੀ ਰਾਮ ਨਿੱਕਾ ਪੰਚ, ਜਰਨੈਲ ਸਿੰਘ, ਮੇਜਰ ਸਿੰਘ, ਊਸ਼ਾ ਰਾਣੀ, ਪਰਮਜੀਤ ਕੌਰ ਤੋਂ ਇਲਾਵਾ ਅਮਰੀਕ ਸਿੰਘ ਮੀਕਾ, ਲਸ਼ਕਰੀ ਰਾਮ, ਪ੍ਰੇਮਨਾਥ, ਨਿਰਮਲ ਸਿੰਘ ਚੱਕ ਹਕੀਮ, ਜੋਵਨਜੀਤ, ਅਵੀ, ਬਾਬਾ ਧੰਨਾ ਜੀ, ਤੀਰਥ ਸਿੰਘ, ਬੱਬੂ ਲੱਖਪੁਰ, ਸੇਵਾ ਰਾਮ, ਅਰਸ਼ਿਤ, ਅਮਿਤ, ਸੰਜੀਵ ਕੁਮਾਰ, ਅਰਵਿੰਦ ਪਾਠਕ, ਕੁਲਵੀਰ ਸਿੰਘ, ਇੰਦਰਜੀਤ, ਹਨੀ ਕੋਸ਼ਲ, ਲਛਮਣ ਸਾਹਨੀ, ਸੁਰਿੰਦਰ ਸਿੰਘ, ਡੋਰੀ ਲਾਲ, ਦੀਪ ਸਿੰਘ, ਕਮਲਜੀਤ ਪ੍ਰੇਮਪੁਰ, ਰਾਜੂ ਢੋਲੀ, ਗੁਰਪ੍ਰੀਤ ਗੋਪੀ, ਸੂਬਾ ਸਾਹਨੀ, ਪਰਵੀਨ ਸਾਹਨੀ, ਰਾਜਾ ਸਾਹਨੀ, ਪਰਮਿੰਦਰ ਸਿੰਘ, ਸੁਖਦੇਵ ਸਿੰਘ, ਦੇਵੀ ਪ੍ਰਕਾਸ਼ ਨੰਬਰਦਾਰ, ਓਮ ਪ੍ਰਕਾਸ਼, ਰਣਜੀਤ ਸਿੰਘ ਕਾਹਲੋਂ ਆਦਿ ਵੀ ਹਾਜ਼ਰ ਸਨ।

## ਵਿਸ਼ਵ ਹਿੰਦੀ ਦਿਵਸ ਮੌਕੇ ਵਿਸ਼ੇਸ਼ ਲੈਕਚਰ ਕਰਵਾਇਆ

**ਫਗਵਾੜਾ (ਡਾ. ਰਮਨ)-** ਜੀ.ਐਨ.ਬੀ.ਐਲ.ਰਾਮਗੜ੍ਹੀਆ ਕਾਲਜ ਫਾਰ ਵੂਮੈਨ,ਫਗਵਾੜਾ ਦੇ ਹਿੰਦੀ ਵਿਭਾਗ ਵੱਲੋਂ, ਪ੍ਰਧਾਨ ਰਾਮਗੜ੍ਹੀਆ ਐਜੂਕੇਸਨਲ ਕੌਂਸਲ, ਫਗਵਾੜਾ ਸ੍ਰੀਮਤੀ ਮਨਪ੍ਰੀਤ ਕੌਰ ਭੋਗਲ ਦੀ ਅਗਵਾਈ ਹੇਠ "ਹਿੰਦੀ ਭਾਸ਼ਾ ਦਾ ਪਿਛੋਕੜ ਅਤੇ ਮੌਜੂਦਾ ਸੰਦਰਭ" ਵਿਸ਼ੇ 'ਤੇ ਵਰਚੁਅਲ ਪਲੇਟਫਾਰਮ ਰਾਹੀਂ ਪ੍ਰਭਾਵਸ਼ਾਲੀ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ਮੁੱਖ ਬੁਲਾਰੇ ਡਾ: ਪਾਨ ਸਿੰਘ, ਮੁਖੀ, ਹਿੰਦੀ ਵਿਭਾਗ, ਹਿਮਾਚਲ ਪ੍ਰਦੇਸ਼ ਯੂਨੀਵਰਸਿਟੀ, ਸ਼ਿਮਲਾ ਨੇ ਹਿੰਦੀ ਭਾਸ਼ਾ ਦੇ ਇਤਿਹਾਸ ਬਾਰੇ ਵਿਸਥਾਰਪੂਰਵਕ ਚਾਨਣਾ ਪਾਉਂਦਿਆਂ ਹਾਜਰੀਨ ਨੂੰ ਮੌਜੂਦਾ ਸਮੇਂ ਵਿੱਚ ਇਸ ਵਿੱਚ ਮੌਜੂਦ ਸੰਭਾਵਨਾਵਾਂ ਤੋਂ ਜਾਣੂ ਕਰਵਾਇਆ। ਆਪਣੇ ਲੈਕਚਰ ਵਿੱਚ ਉਨ੍ਹਾਂ ਨੇ ਸਾਰੇ ਸਰੋਤਿਆਂ ਨੂੰ ਹਿੰਦੀ ਭਾਸ਼ਾ ਦੀ ਵ੍ਵਿ ਭਰ ਵਿੱਚ ਵਿਆਪਕ ਪ੍ਰਸਿੱਧੀ ਅਤੇ ਸਵੀਕਾਰਤਾ ਬਾਰੇ ਜਾਣੂ ਕਰਵਾਇਆ। ਡਾ: ਪਾਨ ਸਿੰਘ ਨੇ ਦੱਸਿਆ ਕਿ ਵਿਸ਼ਵ ਦੀ 130 ਕਰੋੜ ਤੋਂ ਵੱਧ ਆਬਾਦੀ ਨੇ ਹਿੰਦੀ ਭਾਸ਼ਾ ਨੂੰ ਆਪਸੀ ਸੰਚਾਰ ਦੇ ਮਾਧਿਅਮ ਵਜੋਂ ਅਪਣਾ ਲਿਆ ਹੈ। ਹਿੰਦੀ ਹੀ ਇੱਕ ਅਜਿਹੀ ਭਾਸ਼ਾ ਹੈ ਜੋ ਦੇਸ਼ ਦੇ ਕਿਸੇ ਵੀ ਖਿੱਤੇ ਨਾਲ ਸਬੰਧਤ ਸਾਰੇ ਲੋਕਾਂ ਨੂੰ ਇੱਕ ਦੂਜੇ ਨਾਲ ਜੋੜੀ ਰੱਖਦੀ ਹੈ।

## ਕੰਢੀ ਸੰਘਰਸ਼ ਕਮੇਟੀ ਨੇ ਇਲਾਕੇ ਦੀਆਂ ਸਮੱਸਿਆਵਾਂ ਸੰਬੰਧੀ ਡਿਪਟੀ ਸਪੀਕਰ ਨੂੰ ਦਿੱਤਾ ਮੰਗ ਪੱਤਰ



**ਮਾਹਿਲਪੁਰ (ਸਫਰੀ)-** ਕੰਢੀ ਸੰਘਰਸ਼ ਕਮੇਟੀ ਪੰਜਾਬ ਵਲੋਂ ਗੜ੍ਹਸ਼ੰਕਰ-ਨੰਗਲ ਰੋਡ ਨੂੰ ਜਲਦ ਬਣਾਉਣ, ਕੰਢੀ ਨਹਿਰ ਨੂੰ ਪੂਰਾ ਕਰਕੇ ਨਹਿਰ ਵਿਚ ਪਾਣੀ ਛੱਡਣ, ਝੂਠੇ ਕੇਸ ਵਾਪਿਸ ਲੈਣ ਅਤੇ ਕੰਢੀ ਖੇਤਰ ਦੀਆਂ ਹੋਰ ਸਮੱਸਿਆਵਾਂ ਨੂੰ ਹੱਲ ਕਰਵਾਉਣ ਲਈ ਅੱਜ ਗੜ੍ਹਸ਼ੰਕਰ ਵਿਖੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੂੰ ਦਰਸ਼ਨ ਸਿੰਘ ਮੱਟੂ ਸੂਬਾਈ ਕਨਵੀਨਰ ਦੀ ਅਗਵਾਈ ਵਿੱਚ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਦਰਸ਼ਨ ਸਿੰਘ ਮੱਟੂ ਨੇ ਦੱਸਿਆ ਕਿ ਪਿਛਲੇ ਕਾਫੀ ਸਮੇਂ ਤੋਂ ਗੜ੍ਹਸ਼ੰਕਰ-ਨੰਗਲ ਰੋਡ ਦੀ ਖਸਤਾ ਹਾਲ ਹੋਣ ਦੇ ਕਾਰਨ ਲੋਕਾਂ ਨੂੰ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਸ ਦੇ ਨਾਲ ਹੀ ਕੰਢੀ ਨਹਿਰ ਦੀ ਖਸਤਾ ਹਾਲਤ ਲੋਕਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਕੰਢੀ ਖੇਤਰ ਦੀਆਂ ਬਾਕੀ ਸਮੱਸਿਆਵਾਂ ਨੂੰ ਵੀ ਜਲਦ ਹੱਲ ਕੀਤਾ ਜਾਵੇ ਤਾਂਕਿ ਲੋਕਾਂ ਨੂੰ ਰਾਹਤ ਮਿਲ ਸਕੇ। ਇਸ ਮੌਕੇ ਡਿਪਟੀ ਸਪੀਕਰ ਪੰਜਾਬ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਇਲਾਕੇ ਦੀਆਂ ਸਾਰੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਜਲਦ ਹੱਲ ਕੀਤਾ ਜਾਵੇਗਾ। ਇਸ ਮੌਕੇ ਸ਼ੇਰ ਜੰਗ ਬਹਾਦਰ ਸਿੰਘ, ਜੋਗਿੰਦਰ ਸਿੰਘ ਥਾਂਦੀ, ਗੋਪਾਲ ਸਿੰਘ ਥਾਂਦੀ, ਜੁਝਾਰ ਸਿੰਘ ਮੱਟੂ ਸਰਪੰਚ, ਜਰਨੈਲ ਸਿੰਘ, ਸਰਬਜੀਤ ਸਿੰਘ ਸ਼ਾਹਪੁਰ, ਪਰਮਜੀਤ ਕੌਰ, ਮੋਹਨ ਸਿੰਘ, ਨਿਰਮਲ ਸਿੰਘ, ਅਮਰਜੀਤ ਸਿੰਘ, ਗੁਰਚਰਨ ਸਿੰਘ, ਕੁਲਦੀਪ ਸਿੰਘ, ਅਵਤਾਰ ਸਿੰਘ, ਤਰਸੇਮ ਸਿੰਘ, ਹੁਸ਼ਿਆਰ ਸਿੰਘ ਗੋਲਡੀ, ਗੁਰਮੀਤ ਸਿੰਘ, ਤਰਸੇਮ ਲਾਲ, ਬਲਵਿੰਦਰ ਸਿੰਘ, ਚਰਨਜੀਤ ਸਿੰਘ, ਜਗਦੀਸ਼ ਚੰਦ ਆਦਿ ਹਾਜਰ ਸਨ।

## ਏਸ਼ੀਆ ਫੋਕ ਫੈਸਟੀਵਲ 'ਚ ਪੰਜਾਬ ਦੀ ਨੁਮਾਇੰਦਗੀ ਕਰਨਗੇ ਸੇਂਟ ਸੋਲਜਰ ਦੇ ਵਿਦਿਆਰਥੀ



**ਜਲੰਧਰ, (ਇਕਬਾਲ ਸਿੰਘ ਉੱਭੀ):** ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੀ ਨਿਊ ਡਿਫੈਂਸ ਕਲੋਨੀ, ਜਲੰਧਰ ਕੈਂਟ ਬ੍ਰਾਂਚ ਦੇ ਵਿਦਿਆਰਥੀਆਂ ਨੇ ਡਾਂਸ ਸਪੋਰਟਸ ਕੌਂਸਲ ਆਫ਼ ਇੰਸਟੀਚਿਊਸ਼ਨਜ਼ ਵੱਲੋਂ ਕਰਵਾਏ ਗਏ 9ਵੇਂ ਨੈਸ਼ਨਲ ਡਾਂਸ ਐਂਡ ਸਪੋਰਟਸ ਚੈਂਪੀਅਨਸ਼ਿਪ ਫੈਸਟੀਵਲ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਏਸ਼ੀਆ ਫੋਕ ਡਾਂਸ ਕੱਪ ਵਿਚ ਆਪਣੀ ਥਾਂ ਬਣਾਈ। ਵਿਦਿਆਰਥੀਆਂ ਦਾ ਸਨਮਾਨ ਕਰਦਿਆਂ ਵਾਈਸ ਚੇਅਰਪਰਸਨ ਸ੍ਰੀਮਤੀ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਨੂੰ ਏਸ਼ੀਆ ਕੱਪ ਜਿੱਤ ਕੇ ਵਿਸ਼ਵ ਕੱਪ ਵਿੱਚ ਆਪਣੀ ਥਾਂ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਬਬੀਤਾ ਸ਼ਰਮਾ ਨੇ ਦੱਸਿਆ ਕਿ ਮਹਾਰਾਸ਼ਟਰ, ਗੁਜਰਾਤ, ਰਾਜਸਥਾਨ, ਪੰਜਾਬ ਆਦਿ ਤੋਂ 82 ਟੀਮਾਂ ਨੇ ਭਾਗ ਲਿਆ, ਜਿਨ੍ਹਾਂ 'ਚੋਂ ਮੋਹਿਤ, ਕੁਮੁਦ, ਕੁਲਦੀਪ, ਪਲਕ, ਰਿਸ਼ਿਕਾ, ਅਰਸ਼ਦੀਪ, ਪ੍ਰਿਅੰਕਾ, ਲਖਦੀਪ, ਵਿਵੇਕ, ਮਿਸ਼ਿਤਾ ਆਦਿ ਨੇ ਭੰਗੜਾ ਪੇਸ਼ ਕਰਕੇ ਦੂਜਾ ਸਥਾਨ ਹਾਸਲ ਕੀਤਾ। ਕੋਰੀਓਗ੍ਰਾਫਰ ਸੰਜੀਵ ਲੱਕੀ ਨੇ ਦੱਸਿਆ ਕਿ ਅਗਲਾ ਕਦਮ ਮਈ 2023 ਵਿੱਚ ਨੇਪਾਲ ਵਿੱਚ ਹੋਣ ਵਾਲਾ ਏਸ਼ੀਆ ਫੋਕ ਕੱਪ ਹੈ ਜਿਸ ਵਿੱਚ ਵੱਖ-ਵੱਖ ਦੇਸ਼ਾਂ ਦੀਆਂ ਟੀਮਾਂ ਹਿੱਸਾ ਲੈਣਗੀਆਂ ਅਤੇ ਸੇਂਟ ਸੋਲਜਰ ਦੇ ਵਿਦਿਆਰਥੀ ਪੰਜਾਬ ਦੀ ਨੁਮਾਇੰਦਗੀ ਕਰਨਗੇ। ਵਿਦਿਆਰਥੀਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਮੈਨੇਜਮੈਂਟ ਦਾ ਧੰਨਵਾਦ ਕੀਤਾ।

## ਅਫਸਰਸ਼ਾਹੀ ਦੇ ਦਬਾਅ ਹੇਠ ਭ੍ਰਿਸ਼ਟਾਚਾਰ ਨੂੰ ਛੋਟ ਨਾ ਦੇਵੇ ਮਾਨ ਸਰਕਾਰ : ਲਿਬਰੇਸ਼ਨ

**ਚੰਡੀਗੜ੍ਹ, (ਨ ਜ਼ ਸ) :** ਭ੍ਰਿਸ਼ਟਾਚਾਰ 'ਚ ਗ੍ਰਿਫਤਾਰ ਕੀਤੇ ਗਏ ਅਪਣੇ ਭਾਈਵਾਲਾਂ ਦੇ ਪੱਖ 'ਚ ਪੰਜਾਬ ਦੇ ਆਈ ਏ ਐਸ ਤੇ ਪੀ ਸੀ ਐਸ ਅਫਸਰਾਂ ਵੱਲੋਂ ਚਲਾਈ ਜਾ ਰਹੀ ਦਬਾਅ ਮੁਹਿੰਮ ਦੀ ਸਖਤ ਆਲੋਚਨਾ ਕਰਦਿਆਂ ਸੀ ਪੀ ਆਈ (ਐਮ ਐਲ) ਲਿਬਰੇਸ਼ਨ ਦਾ ਕਹਿਣਾ ਹੈ ਕਿ ਅਫਸਰਸ਼ਾਹੀ ਦੇ ਇਸ ਨਜਾਇਜ਼ ਦਬਾਅ ਅੱਗੇ ਝੁਕ ਕੇ ਮਾਨ ਸਰਕਾਰ ਨੂੰ ਆਪਣੀ ਪੁਜ਼ੀਸ਼ਨ ਹੋਰ ਹਾਸੋਹੀਣੀ ਬਣਾਉਣ ਦੀ ਬਜਾਏ, ਜਨਤਾ ਦੇ ਧਨ ਨੂੰ ਦੋਵੇਂ ਹੱਥੀਂ ਲੁੱਟਣ ਦੀ ਵਾਲੇ ਦੋਸ਼ੀ ਅਫਸਰਾਂ ਤੇ ਮੁਲਾਜ਼ਮਾਂ ਨੂੰ ਢੁੱਕਵੀਂ ਸਜ਼ਾ ਦਿਵਾਉਣ ਦੀ ਗਾਰੰਟੀ ਕਰਨੀ ਚਾਹੀਦੀ ਹੈ। ਪਾਰਟੀ ਦੇ ਸੂਬਾਈ ਬੁਲਾਰੇ ਵੱਲੋਂ ਇਸ ਬਾਰੇ ਇਥੋਂ ਜਾਰੀ ਬਿਆਨ 'ਚ ਕਿਹਾ ਗਿਆ ਹੈ ਕਿ ਬਾਦਲ - ਬੀ ਜੇ ਪੀ ਤੇ ਕਾਂਗਰਸ ਦੀਆਂ ਸਰਕਾਰਾਂ ਦੌਰਾਨ ਅਫਸਰਸ਼ਾਹੀ ਦੇ ਵੱਡੇ ਹਿੱਸੇ ਨੇ ਸੱਤਾਧਾਰੀ ਲੀਡਰਾਂ ਨਾਲ ਮਿਲ ਕੇ ਅੰਨ੍ਹਾ ਭ੍ਰਿਸ਼ਟਾਚਾਰ ਕੀਤਾ ਹੈ। ਸੰਜੇ ਪੋਪਲੀ ਤੋਂ ਲੈ ਕੇ ਸਰਵੇਸ਼ ਕੌਸ਼ਲ, ਕੇ ਬੀ ਐਸ ਸਿੱਧੂ ਤੇ ਪੰਨੂ ਵਰਗੇ ਆਈ ਏ ਐਸ ਅਫਸਰ ਅਤੇ ਸਰਨਜੀਤ ਸਿੰਘ ਢਿੱਲੋਂ , ਜਨਮੇਜਾ ਸਿੰਘ ਸੇਖੋਂ, ਸਾਧੂ ਸਿੰਘ ਧਰਮਸੋਤ, ਭਾਰਤ ਭੂਸ਼ਨ ਆਸ਼ੂ ਵਰਗੇ ਮੰਤਰੀ ਪਹਿਲਾਂ ਹੀ ਕੇਸਾਂ ਤੇ ਪੜਤਾਲਾਂ ਦਾ ਸਾਹਮਣਾ ਕਰ ਰਹੇ ਹਨ। ਪਾਰਟੀ ਦਾ ਕਹਿਣਾ ਹੈ ਕਿ ਕਾਨੂੰਨ ਦੀ ਪਰਿਭਾਸ਼ਾ ਮੁਤਾਬਕ ਜਨਤਾ ਦੇ ਇਹ ਨੌਕਰ, ਅਮਲ ਵਿੱਚ ਸਭ ਦੇ ਮਾਲਕ ਅਤੇ ਸਥਾਈ ਸਰਕਾਰ ਬਣੇ ਹੋਏ ਹਨ, ਜੋ ਆਪਣੇ ਆਪ ਨੂੰ ਕਿਸੇ ਵੀ ਜਵਾਬਦੇਹੀ ਤੋਂ ਉਪਰ ਸਮਝਦੇ ਹਨ। ਦਰਅਸਲ ਇਨ੍ਹਾਂ ਨੂੰ ਕਿਸੇ ਨੀਲਮਾ ਜਾਂ ਨਰਿੰਦਰ ਸਿੰਘ ਦੇ ਗ੍ਰਿਫਤਾਰ ਕੀਤੇ ਜਾਣ ਦਾ ਦੁੱਖ ਨਹੀਂ, ਬਲਕਿ ਆਪਣੀ ਵਾਰੀ ਆ ਜਾਣ ਦੀ ਚਿੰਤਾ ਹੈ। ਸੂਬਾ ਸਰਕਾਰ ਉਤੇ ਦਬਾਅ ਬਣਾ ਕੇ ਇਹ ਆਪਣੇ ਬਚਾਅ ਲਈ ਵਿਜੀਲੈਂਸ ਦੀ ਕਾਰਵਾਈ ਇਥੇ ਹੀ ਠੱਪ ਕਰਵਾਉਣਾ ਚਾਹੁੰਦੇ ਹਨ। ਦੂਜੇ ਪਾਸੇ ਮੁੱਖ ਮੰਤਰੀ ਮਾਨ ਦੇ ਅੱਜ ਦੇ ਬਿਆਨ ਤੋਂ ਸਾਫ ਹੈ ਕਿ ਉਹ ਇਸ ਮਾਮਲੇ 'ਚ ਸਪਸ਼ਟ ਤੌਰ 'ਤੇ ਪੈਰ ਪਿੱਛੇ ਖਿੱਚ ਰਹੇ ਹਨ। ਪਰ ਉਨ੍ਹਾਂ ਨੂੰ ਚੇਤੇ ਰੱਖਣਾ ਚਾਹੀਦਾ ਹੈ ਕਿ ਲਤੀਫਪੁਰੇ ਤੇ ਜ਼ੀਰਾ ਵੱਲ ਉਨ੍ਹਾਂ ਦੇ ਲੋਕ ਵਿਰੋਧੀ ਅਤੇ ਭੂ ਮਾਫੀਆ - ਕਾਰਪੋਰੇਟ ਪੱਖੀ ਕਾਰਵਾਈਆਂ ਕਾਰਨ ਉਨ੍ਹਾਂ ਦੀ ਸਰਕਾਰ ਦੀ ਸਥਿਤੀ ਪਹਿਲਾਂ ਹੀ ਪਾਣੀਓਂ ਪਤਲੀ ਹੋਈ ਪਈ ਹੈ ਤੇ ਹੁਣ ਭ੍ਰਿਸ਼ਟਾਚਾਰ ਵਿਰੁੱਧ ਕਾਰਵਾਈ ਰੋਕਣ ਦੇ ਸਿੱਟੇ ਵਜੋਂ ਉਨ੍ਹਾਂ ਦੀ ਭਰੋਸੇਯੋਗਤਾ ਬਿਲਕੁਲ ਖਤਮ ਹੋ ਕੇ ਰਹਿ ਜਾਵੇਗੀ। ਬਿਆਨ 'ਚ ਇਹ ਵੀ ਮੰਗ ਕੀਤੀ ਗਈ ਹੈ ਕਿ ਭ੍ਰਿਸ਼ਟਾਚਾਰ ਦੇ ਦੋਸ਼ਾਂ ਵਿੱਚ ਵਜ਼ਾਰਤ ਵਿੱਚੋਂ ਹਟਾਏ ਗਏ ਮੰਤਰੀ ਫੌਜਾ ਸਿੰਘ ਸਰਾਰੀ ਨੂੰ ਪਾਰਟੀ ਵਿੱਚੋਂ ਕੱਢਿਆ ਤੇ ਗ੍ਰਿਫਤਾਰ ਕੀਤਾ ਜਾਵੇ ਅਤੇ ਉਸ ਨੂੰ ਸਜ਼ਾ ਦਿਵਾਉਣ ਨੂੰ ਯਕੀਨੀ ਬਣਾਇਆ ਜਾਵੇ, ਕਿਉਂਕਿ ਪਹਿਲਾਂ ਵਿਜੇ ਸਿੰਗਲਾ ਦੇ ਮਾਮਲੇ ਵਿੱਚ ਵੀ ਭ੍ਰਿਸ਼ਟਾਚਾਰ ਖਿਲਾਫ ਆਮ ਆਦਮੀ ਪਾਰਟੀ ਦੇ ਜ਼ੀਰੋ ਟਾਲਰੈਂਸ ਦੇ ਦਾਅਵੇ ਦਾ ਹਾਲੇ ਕੋਈ ਵੀ ਨਤੀਜਾ ਸਾਹਮਣੇ ਨਹੀਂ ਆਇਆ। ਲਿਬਰੇਸ਼ਨ ਨੇ ਪੰਜਾਬ ਦੀ ਜਨਤਾ, ਮਜ਼ਦੂਰ ਕਿਸਾਨ ਜਥੇਬੰਦੀਆਂ ਅਤੇ ਲੋਕ ਹਿੱਤੂ ਮੀਡੀਆ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਭ੍ਰਿਸ਼ਟ ਲੀਡਰਾਂ, ਅਫਸਰਾਂ ਤੇ ਦਲਾਲਾਂ ਖਿਲਾਫ ਸਖਤ ਕਾਰਵਾਈ ਅਤੇ ਭ੍ਰਿਸ਼ਟਾਚਾਰ ਦੇ ਜ਼ਰੀਏ ਜਨਤਾ ਦਾ ਧਨ ਲੁੱਟ ਕੇ ਬਣਾਈਆਂ ਇਨ੍ਹਾਂ ਦੀਆਂ ਚੱਲ ਤੇ ਅਚੱਲ ਸੰਪਤੀਆਂ ਜ਼ਬਤ ਕਰਨ ਲਈ ਮਾਨ ਸਰਕਾਰ ਉਤੇ ਜ਼ੋਰਦਾਰ ਦਬਾਅ ਪਾਉਣ।

## ਡੀ ਸੀ ਨੇ ਸੀਨੀਅਰ ਸਿਟੀਜ਼ਨ ਹੋਮ 'ਚ ਬਜ਼ੁਰਗਾਂ ਨੂੰ ਲੋਹੜੀ ਦੀ ਦਿੱਤੀ ਮੁਬਾਰਕਬਾਦ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ) :** ਡਿਪਟੀ ਕਮਿਸ਼ਨਰ ਰੂਪਨਗਰ ਡਾ. ਪ੍ਰੀਤੀ ਯਾਦਵ ਨੇ ਮਾਤਾ ਸੱਤਿਆ ਦੇਵੀ ਮੈਮੋਰੀਅਲ ਸੀਨੀਅਰ ਸਿਟੀਜ਼ਨ ਹੋਮ ਸ੍ਰੀ ਚਮਕੌਰ ਸਾਹਿਬ ਦਾ ਦੌਰਾ ਕਰਕੇ ਬਜ਼ੁਰਗਾਂ ਨੂੰ ਮਿਲੇ ਤੇ ਉਨ੍ਹਾਂ ਨੂੰ ਲੋਹੜੀ ਦੀ ਮੁਬਾਰਕਬਾਦ ਦਿੱਤੀ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਬਜ਼ੁਰਗਾਂ ਲਈ ਜ਼ਰੂਰੀ ਸਮਾਨ ਅਤੇ ਰਾਸ਼ਨ ਦੀ ਵੰਡ ਕੀਤੀ ਗਈ। ਸੀਨੀਅਰ ਸਿਟੀਜ਼ਨ ਹੋਮ ਵਿਖੇ ਰਹਿ ਰਹੇ ਬਜ਼ੁਰਗਾਂ ਨੇ ਡਿਪਟੀ ਕਮਿਸ਼ਨਰ ਦਾ ਧੰਨਵਾਦ ਕੀਤਾ ਕਿ ਉਹ ਅਕਸਰ ਸਾਡਾ ਹਾਲ ਚਾਲ ਪੁੱਛਣ ਅਤੇ ਵਧੀਆ ਪ੍ਰਬੰਧਾਂ ਨੂੰ ਯਕੀਨੀ ਕਰਨ ਲਈ ਇੱਥੇ ਆਉਂਦੇ ਰਹਿੰਦੇ ਹਨ ਜਿਸ ਨਾਲ ਉਨ੍ਹਾਂ ਨੂੰ ਖੁਸ਼ੀ ਵੀ ਮਿਲਦੀ ਹੈ ਅਤੇ ਆਪਣੇਪਨ ਦਾ ਇਹ ਅਹਿਸਾਸ ਵੀ ਹੁੰਦਾ ਹੈ। ਇਸ ਮੌਕੇ ਸਹਾਇਕ ਕਮਿਸ਼ਨਰ ਦੀਪਾਂਕਰ ਗਰਗ ਅਤੇ ਪ੍ਰਬੰਧਕ ਪ੍ਰੋ.ਅਰ ਸੀ ਢੰਡ,ਕੈਪਟਨ ਹਰਪਾਲ ਸਿੰਘ ਹਾਜ਼ਰ ਸਨ।



# ਲਤੀਫ਼ਪੁਰਾ ਮਾਮਲਾ : ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਨੇ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਸਾਹਮਣੇ ਪੱਖ ਰੱਖਿਆ



**ਜਲੰਧਰ-(ਸ਼ੈਲੀ ਐਲਬਰਟ )-** : ਸਥਾਨਕ ਲਤੀਫ਼ਪੁਰਾ ਵਿਖੇ ਮਕਾਨਾਂ ਨੂੰ ਢਾਹੇ ਜਾਣ ਦੇ ਮਾਮਲੇ ਵਿੱਚ ਪੰਜਾਬ ਸਰਕਾਰ ਦੇ ਸੀਨੀਅਰ ਅਧਿਕਾਰੀਆਂ ਨੇ ਨਵੀਂ ਦਿੱਲੀ ਵਿਖੇ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਸਾਹਮਣੇ ਪੇਸ਼ ਹੋ ਕੇ ਪੱਖ ਰੱਖਦਿਆਂ ਮਾਮਲੇ ਨਾਲ ਸਬੰਧਿਤ ਰਿਕਾਰਡ ਅਤੇ ਦਸਤਾਵੇਜ਼ ਕਮਿਸ਼ਨ ਨੂੰ ਦਿਖਾਏ। ਕਮਿਸ਼ਨ ਵਿਖੇ ਸਥਾਨਕ ਸਰਕਾਰ ਵਿਭਾਗ ਦੇ ਪ੍ਰਮੁੱਖ ਸਕੱਤਰ ਵਿਵੇਕ ਪ੍ਰਤਾਪ ਸਿੰਘ, ਜਲੰਧਰ ਦੇ ਪੁਲਸ ਕਮਿਸ਼ਨਰ ਡਾ.ਐਸ. ਭੂਪਥੀ, ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ, ਡਿਪਟੀ ਕਮਿਸ਼ਨਰ ਪੁਲਸ ਜਗਮੋਹਨ ਸਿੰਘ ਅਤੇ ਜਲੰਧਰ ਇੰਪਰੂਵਮੈਂਟ ਟਰੱਸਟ ਦੇ ਅਧਿਕਾਰੀਆਂ ਨੇ ਲੋੜੀਂਦਾ ਰਿਕਾਰਡ ਦਿਖਾਇਆ। ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਵਿਜੈ ਸਾਂਪਲਾ ਵਲੋਂ ਵਿਵਾਦਤ ਜ਼ਮੀਨ ਅਤੇ ਮਕਾਨ ਢਾਹੇ ਜਾਣ ਸਬੰਧੀ ਜਾਣਕਾਰੀ ਹਾਸਿਲ ਕੀਤੀ ਗਈ। । ਜ਼ਿਕਰਯੋਗ ਹੈ ਕਿ ਕਮਿਸ਼ਨ ਵਲੋਂ ਜਿਨ੍ਹਾਂ ਪਰਵਾਰਾਂ ਦੇ ਮਕਾਨ ਢਾਹੇ ਗਏ ਹਨ ਉਨ੍ਹਾਂ ਦੇ ਮੁੜ ਵਸੇਬੇ ਸਬੰਧੀ ਵੀ ਪੁੱਛਿਆ ਗਿਆ ਜਿਸ 'ਤੇ ਅਧਿਕਾਰੀਆਂ ਨੇ ਵਿਸਥਾਰ ਨਾਲ ਜਾਣਕਾਰੀ ਮੁਹੱਈਆ ਕਰਵਾਈ । ਇੰਪਰੂਵਮੈਂਟ ਟਰੱਸਟ ਦੇ ਅਧਿਕਾਰੀਆਂ ਨੇ ਕਮਿਸ਼ਨ ਨੂੰ ਇਹ ਵੀ ਦੱਸਿਆ ਕਿ ਟਰੱਸਟ ਵਲੋਂ ਪਹਿਲਾਂ ਹੀ ਅਜਿਹੇ ਪਰਿਵਾਰਾਂ ਨੂੰ ਦੋ ਬੀ.ਐਚ.ਕੇ. ਫਲੈਟ ਦੇਣ ਦੀ ਤਜਵੀਜ਼ ਰੱਖੀ ਗਈ ਹੈ।

ਕਮਿਸ਼ਨ ਨੂੰ ਇਹ ਵੀ ਦੱਸਿਆ ਕਿ ਸਥਾਨਕ ਸਰਕਾਰ ਵਿਭਾਗ ਵਲੋਂ ਮੁੜ ਵਸੇਬੇ ਦੀ ਮੰਗ ਕਰ ਰਹੇ ਪਰਿਵਾਰਾਂ ਦੇ ਦਾਅਵਿਆਂ ਦੀ ਜਾਂਚ ਕਰਨ ਲਈ ਕਮੇਟੀ ਦਾ ਗਠਨ ਵੀ ਕੀਤਾ ਜਾ ਚੁੱਕਾ ਹੈ। ਜ਼ਿਕਰਯੋਗ ਹੈ ਕਿ ਕੌਮੀ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਵਿਜੇ ਸਾਂਪਲਾ ਵਲੋਂ ਬੀਤੇ ਦਿਨੀਂ ਲਤੀਫ਼ਪੁਰਾ ਦਾ ਦੌਰਾ ਕਰਕੇ ਪਰਵਾਰਾਂ ਨੂੰ ਮਿਲਿਆ ਗਿਆ ਸੀ ਅਤੇ ਪੰਜਾਬ ਸਰਕਾਰ ਦੇ ਅਧਿਕਾਰੀਆਂ ਨੂੰ 10 ਜਨਵਰੀ ਨੂੰ ਕਮਿਸ਼ਨ ਸਾਹਮਣੇ ਪੇਸ਼ ਹੋਣ ਲਈ ਕਿਹਾ ਗਿਆ ਸੀ।।

# ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੀ ਸੂਬਾਈ ਕਨਵੈਨਸ਼ਨ 14 ਨੂੰ : ਰਾਣਾ, ਬਾਸੀ



**ਜਲੰਧਰ (ਰਾਜੇਸ਼ ਥਾਪਾ)** ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ਼ ਫੈਡਰੇਸ਼ਨ ਦੀ ਅੱਠ ਦਸੰਬਰ ਨੂੰ ਤਾਲਕਟੋਰਾ ਸਟੇਡੀਅਮ ਦਿੱਲੀ ਵਿਖੇ ਹੋਈ ਕੌਮੀ ਕਨਵੈਨਸ਼ਨ ਦੇ ਦਿੱਤੇ ਗਏ ਸੱਦੇ ਅਨੁਸਾਰ ਪੰਜਾਬ ਦੀਆਂ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸ਼ਨ ਨਾਲ ਸਬੰਧਤ ਫੈਡਰੇਸ਼ਨਾਂ ਅਤੇ ਕੇਂਦਰੀ ਮੁਲਾਜਮਾਂ ਦੀਆਂ ਜਥੇਬੰਦੀਆਂ ਦੀ ਸਾਂਝੀ ਕਨਵੈਨਸ਼ਨ 14 ਜਨਵਰੀ 2023 ਨੂੰ ਭਕਨਾ ਭਵਨ ਚੰਡੀਗੜ੍ਹ ਵਿਖੇ ਹੋ ਰਹੀ ਹੈ। ਇਸ 'ਚ ਸ਼ਮੂਲੀਅਤ ਕਰਨ ਬਾਰੇ ਬਿਆਨ ਜਾਰੀ ਕਰਦਿਆਂ ਪ.ਸ.ਸ.ਫ.ਦੇ ਸੂਬਾ ਪ੍ਰਧਾਨ ਅਤੇ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸ਼ਨ ਦੇ ਕੌਮੀ ਵਾਈਸ ਪ੍ਰਧਾਨ ਸਤੀਸ਼ ਰਾਣਾ, ਸੂਬਾ ਜਨਰਲ ਸਕੱਤਰ ਅਤੇ ਕੌਮੀ ਕਮੇਟੀ ਮੈਂਬਰ ਤੀਰਥ ਸਿੰਘ ਬਾਸੀ, ਸੂਬਾ ਸੀਨੀਅਰ ਮੀਤ ਪ੍ਰਧਾਨ ਅਤੇ ਕੌਮੀ ਕਮੇਟੀ ਮੈਂਬਰ ਕਰਮਜੀਤ ਸਿੰਘ ਬੀਹਲਾ, ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਅਤੇ ਪ੍ਰੈੱਸ ਸਕੱਤਰ ਇੰਦਰਜੀਤ ਸਿੰਘ ਵਿਰਦੀ ਨੇ ਦੱਸਿਆ ਕਿ ਦੇਸ ਭਰ ਦੇ ਕੇਂਦਰੀ ਮੁਲਾਜਮਾਂ ਅਤੇ ਰਾਜ ਸਰਕਾਰਾਂ ਦੇ ਮੁਲਾਜਮਾਂ ਦੀ ਸਰਬ ਸਾਂਝੀਆਂ ਮੰਗਾਂ ਨੂੰ ਮਨਵਾਉਣ ਅਤੇ ਲਾਗੂ ਕਰਵਾਉਣ ਲਈ ਪੂਰੇ ਦੇਸ ਵਿੱਚ ਸੰਘਰਸ਼ ਨੂੰ ਲਾਮਬੰਦ ਕਰਨ ਲਈ ਅੱਠ ਦਸੰਬਰ ਨੂੰ ਤਾਲਕਟੋਰਾ ਸਟੇਡੀਅਮ ਦਿੱਲੀ ਵਿਖੇ ਕੌਮੀ ਕਨਵੈਨਸਨ ਕਰਕੇ ਰਾਜਾਂ ਵਿੱਚ ਸੂਬਾਈ ਕਨਵੈਨਸ਼ਨਾਂ ਕਰਕੇ ਅਗਲੇ ਸੰਘਰਸ਼ਾਂ ਦੀ ਲਾਮਬੰਦੀ ਕਰਨ ਦੇ ਦਿੱਤੇ ਗਏ ਸੱਦੇ ਅਨੁਸਾਰ ਹੀ ਪੰਜਾਬ ਦੇ ਸੂਬਾਈ ਮੁਲਾਜ਼ਮਾਂ ਅਤੇ ਕੇਂਦਰੀ ਮੁਲਾਜਮਾਂ ਦੀ ਸਾਂਝੀ ਕਨਵੈਨਸਨ 14 ਜਨਵਰੀ ਨੂੰ ਭਕਨਾ ਭਵਨ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਹੈ। ਕਨਵੈਨਸ਼ਨ ਨਾਲ ਸੰਬੰਧਿਤ ਹਰ ਪ੍ਰਕਾਰ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਕਨਵੈਨਸਨ ਵਿੱਚ ਵਿਚਾਰੇ ਜਾਣ ਵਾਲੇ ਅਤੇ ਦੇਸ ਪੱਧਰੀ ਸੰਘਰਸਾਂ ਦੀ ਪਿੱਠ ਭੂਮੀ ਤਿਆਰ ਕਰਨ ਲਈ ਮੁੱਦਿਆਂ ਦਾ ਜਿਕਰ ਕਰਦਿਆਂ ਆਗੂਆਂ ਨੇ ਕਿਹਾ ਕਿ ਪੀ.ਐਫ.ਆਰ.ਡੀ.ਏ.ਐਕਟ ਰੱਦ ਕਰਵਾਉਣ ਅਤੇ ਨਵੀਂ ਪੈਨਸ਼ਨ ਸਕੀਮ ਨੂੰ ਰੱਦ ਕਰਵਾ ਕੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਵਾਉਣ, ਵੱਖ-ਵੱਖ ਸਕੀਮਾਂ ਮਾਣ ਭੱਤਾ, ਆਊਟ ਹੋਰਸ, ਡੇਲੀਵੇਜ ਮੁਲਾਜਮਾਂ ਨੂੰ ਰੈਗੂਲਰ ਕਰਵਾਉਣ ਲਈ, ਕੇਂਦਰ ਅਤੇ ਰਾਜ ਸਰਕਾਰ ਦੀਆਂ ਖਾਲੀ ਆਸਾਮੀਆਂ ਨੂੰ ਤੁਰੰਤ ਭਰਵਾਉਣ ਲਈ, ਅੱਠਵੇਂ ਕੇਂਦਰੀ ਤਨਖਾਹ ਕਮਿਸਨ ਦਾ ਗਠਨ ਕਰਵਾਉਣ ਲਈ, ਜਬਤ ਕੀਤੇ ਡੀ ਏ ਦੇ ਬਕਾਏ ਅਤੇ ਡੀ ਆਰ ਜਾਰੀ ਕਰਵਾਉਣ ਲਈ, ਨਵੇਂ ਰੈਗੂਲਰ ਰੋਜਗਾਰ ਦੇਣ 'ਤੇ ਲਗਾਈਆਂ ਪਾਬੰਦੀਆਂ ਖਤਮ ਕਰਵਾਉਣ ਲਈ, ਲੋਕਤੰਤਰਿਕ ਟਰੇਡ ਯੂਨੀਅਨ ਅਧਿਕਾਰਾਂ ਨੂੰ ਯਕੀਨੀ ਬਣਾਉਣ ਲਈ ਆਦਿ ਮੰਗਾਂ ਨੂੰ ਲੈ ਕਿ ਪੰਜਾਬ ਦੇ ਮੁਲਾਜਮਾਂ ਅਤੇ ਕੇਂਦਰ ਸਰਕਾਰ ਦੇ ਮੁਲਾਜਮਾਂ ਦੀ ਸਾਂਝੀ ਕਨਵੈਨਸ਼ਨ ਕਰਨ ਉਪਰੰਤ ਅਗਲੇ ਸੰਘਰਸ਼ਾਂ ਦੀ ਰੂਪ ਰੇਖਾ ਦਾ ਐਲਾਨ ਕੀਤਾ ਜਾਵੇਗਾ। ਆਗੂਆਂ ਨੇ ਦੱਸਿਆ ਕਿ 14 ਜਨਵਰੀ ਦੀ ਸੂਬਾਈ ਕਨਵੈਨਸਨ ਨੂੰ ਸੰਬੋਧਨ ਕਰਨ ਲਈ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸਨ ਦੇ ਕੌਮੀ ਪ੍ਰਧਾਨ ਸਾਥੀ ਸੁਭਾਸ ਲਾਂਬਾ ਜੀ ਵਿਸੇਸ ਤੌਰ 'ਤੇ ਪੁੱਜ ਰਹੇ ਹਨ। ਪ.ਸ.ਸ.ਫ. 1406-22ਬੀ, ਚੰਡੀਗੜ੍ਹ ਦੇ ਆਗੂਆਂ ਨੇ ਦੱਸਿਆ ਕਿ ਸੂਬਾਈ ਕਨਵੈਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਜਿਲ੍ਹਾਵਾਰ ਸਾਥੀਆਂ ਨੂੰ ਸ਼ਾਮਲ ਕਰਵਾਉਣ ਲਈ ਕੋਟਾ ਵੰਡ ਕਰ ਦਿੱਤੀ ਗਈ ਹੈ। ਸੂਬਾਈ ਆਗੂਆਂ ਨੇ ਪ.ਸ.ਸ.ਫ.ਦੇ ਜਿਲ੍ਹਾ ਪ੍ਰਧਾਨਾਂ ਅਤੇ ਜਨਰਲ ਸਕੱਤਰਾਂ ਨੂੰ ਕਨਵੈਨਸ਼ਨ ਵਿੱਚ ਆਪਣੇ ਆਪਣੇ ਜਿਲ੍ਹੇ ਦੀ ਲੱਗੇ ਕੋਟੇ ਅਨੁਸਾਰ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਦੀ ਪੁਰਜ਼ੋਰ ਅਪੀਲ ਕੀਤੀ।

# ਅਰਨੇਜਾ ਪਰਵਾਰ ਨੇ ਦਿੱਤੀਆਂ ਵਰਦੀਆਂ ਤੇ ਸਕੂਲ ਨੂੰ 10,000/- ਰੁਪਏ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—** ਅਰਨੇਜਾ ਪਰਵਾਰ ਵੱਲੋਂ ਜੇ.ਐਸ.ਐਸ ਆਸ਼ਾ ਕਿਰਨ ਸਪੈਸ਼ਲ ਸਕੂਲ ਜਹਾਨ ਖੇਲਾਂ ਦਾ ਦੌਰਾ ਕੀਤਾ ਗਿਆ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ੍ਰੀਮਤੀ ਗੁਰਦੀਪ ਕੌਰ ਅਰਨੇਜਾ ਨੇ ਆਪਣੇ ਪਤੀ ਸਵ: ਅਵਤਾਰ ਸਿੰਘ ਅਰਨੇਜਾ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਟ ਕੀਤੀ ਅਤੇ ਚੌਥੇ ਦਰਜੇ ਦੇ ਸਾਰੇ ਕਰਮਚਾਰੀਆਂ ਨੂੰ ਗਰਮ ਕੱਪੜੇ ਭੇਟ ਕੀਤੇ। ਲੋੜਵੰਦ ਵਿਦਿਆਰਥੀਆਂ ਨੂੰ ਸਕੂਲ ਦੀਆਂ ਵਰਦੀਆਂ ਭੇਟ ਕੀਤੀਆਂ ਅਤੇ ਸਾਰੇ ਵਿਦਿਆਰਥੀਆਂ ਨੂੰ ਰਿਫਰੈਸ਼ਮੈਂਟ ਦਿੱਤੀ। ਇਸ ਮੌਕੇ ਉਨ੍ਹਾਂ ਦੇ ਪੁੱਤਰ ਹਰਵਿੰਦਰ ਸਿੰਘ ਅਰਨੇਜਾ ਨੇ ਆਸ਼ਾਦੀਪ ਵੈੱਲਫੇਅਰ ਸੁਸਾਇਟੀ ਦੇ ਸਕੱਤਰ ਹਰਬੰਸ ਸਿੰਘ ਨੂੰ ਸਪੈਸ਼ਲ ਬੱਚਿਆਂ ਦੀ ਭਲਾਈ ਲਈ 10 ਹਜ਼ਾਰ ਰੁਪਏ ਦਾ ਚੈੱਕ ਭੇਟ ਕੀਤਾ। ਖਜ਼ਾਨਚੀ ਹਰੀਸ਼ ਠਾਕੁਰ ਨੇ ਸਵਰਗੀ ਅਵਤਾਰ ਸਿੰਘ ਅਰਨੇਜਾ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਅਵਤਾਰ ਸਿੰਘ ਅਰਨੇਜਾ ਆਸ਼ਾਦੀਪ ਵੈੱਲਫੇਅਰ ਸੁਸਾਇਟੀ ਦੇ ਬਾਨੀ ਮੈਂਬਰ ਸਨ, ਉਨ੍ਹਾਂ ਨੇ ਸਪੈਸ਼ਲ ਬੱਚਿਆਂ ਦੀ ਭਲਾਈ ਲਈ ਬਹੁਤ ਹੀ ਸ਼ਲਾਘਾਯੋਗ ਕੰਮ ਕੀਤੇ ਹਨ। ਅਸੀਂ ਖੁਸ਼ ਹਾਂ ਕਿ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਪ੍ਰੇਰਿਤ ਹੋ ਕੇ ਉਨ੍ਹਾਂ ਦਾ ਪਰਵਾਰ ਅਜੇ ਵੀ ਸਾਡੇ ਨਾਲ ਜੁੜਿਆ ਹੋਇਆ ਹੈ। ਇਸ ਮੌਕੇ ਉਨ੍ਹਾਂ ਦੇ ਪੋਤਰੇ ਭਾਨੂ ਅਵਤਾਰ ਸਿੰਘ ਅਰਨੇਜਾ ਵੀ ਹਾਜ਼ਰ ਸਨ। ਇਸ ਮੌਕੇ ਸੈਕਟਰੀ ਹਰਬੰਸ ਸਿੰਘ ਅਤੇ ਸਾਰੇ ਸਟਾਫ਼ ਮੈਂਬਰਾਂ ਨੇ ਅਰਨੇਜਾ ਪਰਵਾਰ ਦਾ ਧੰਨਵਾਦ ਕੀਤਾ।

# ਪੰਜਾਬ ਕਲਾ ਮੰਚ ਨੇ ਮੁੰਡੀਆਂ 'ਚ 43 ਨਵ-ਜੰਮੀਆਂ ਧੀਆਂ ਦੀ ਲੋਹੜੀ ਮਨਾਈ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)** : ਪੰਜਾਬ ਕਲਾ ਮੰਚ ਰਜਿ: ਸਟੇਟ ਐਵਾਰਡ ਸ੍ਰੀ ਚਮਕੌਰ ਸਾਹਿਬ ਵੱਲੋਂ ਗਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਸਰਕਾਰੀ ਪ੍ਰਾਇਮਰੀ ਸਕੂਲ ਮੁੰਡੀਆਂ ਵਿਖੇ 21 ਪਿੰਡਾਂ ਦੀਆਂ 43 ਨਵ-ਜੰਮੀਆਂ ਧੀਆਂ ਦੀ ਲੋਹੜੀ ਮਨਾਈ ਗਈ। ਲੋਹੜੀ ਦੀ ਰਸਮ ਸਵਰਨ ਸਿੰਘ ਸੈਣੀ ਵੱਲੋਂ ਅਰਦਾਸ ਕਰਨ ਉਪਰੰਤ ਕੀਤੀ ਗਈ। ਜਦਕਿ ਲੋਹੜੀ ਵੰਡਣ ਦੀ ਰਸਮ ਸਰਪੰਚ ਸੋਮ ਸਿੰਘ ਵੱਲੋਂ ਨਿਭਾਈ ਗਈ, ਉਪਰੰਤ ਸਮੂਹ ਨਵ-ਜੰਮੀਆਂ ਧੀਆਂ ਦੀਆਂ ਮਤਾਵਾਂ ਅਤੇ ਪਤਵੰਤੇ ਸੱਜਣਾਂ ਆਦਿ ਨੇ ਲੋਹੜੀ 'ਚ ਤਿਲ ਪਾ ਕੇ ਮੱਥਾ ਟੇਕਿਆ ਤੇ ਸਟੇਜ ਦਾ ਉਦਘਾਟਨ ਸੁਰਿੰਦਰ ਸਿੰਘ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਹਰਪਾਲ ਸਿੰਘ ਸੰਧੂਆਂ ਵੱਲੋਂ ਧਾਰਮਿਕ ਕਵਿਤਾ ਪੇਸ਼ ਕਰਕੇ ਕੀਤੀ ਗਈ। ਇਸ ਮੌਕੇ ਵੱਖ ਵੱਖ ਸਰਕਾਰੀ ਪ੍ਰਾਇਮਰੀ ਸਕੂਲ ਦੇ ਬੱਚਿਆਂ ਵੱਲੋਂ ਐਕਸ਼ਨ ਸੌਂਗ, ਨਾਟਕ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਗਈਆਂ। ਕੀਮਾ ਮਲਕੀ ਸਤਿੰਦਰ ਕੌਰ ਪਾਰਟੀ ਚੰਡੀਗੜ੍ਹ ਵੱਲੋਂ ਪੇਸ਼ ਕੀਤਾ ਗਿਆ। ਵੱਖ-ਵੱਖ ਆਏ ਮਹਿਮਾਨਾਂ ਨੇ ਆਪਣੇ-ਆਪਣੇ ਭਾਸ਼ਣਾਂ 'ਚ ਲੋਹੜੀ ਦੀ ਮਹੱਤਤਾ ਸਮਾਜ 'ਚ ਧੀਆਂ ਪੁੱਤਰ ਨੂੰ ਬਰਾਬਰ ਦਾ ਦਰਜਾ ਦਿੰਦਿਆਂ ਅਤੇ ਮਾਂ ਬਾਪ ਦੀ ਸੋਚ ਨੂੰ ਬਦਲਣ ਲਈ 2006 ਤੋਂ ਧੀਆਂ ਦੀ ਲੋਹੜੀ ਮਨਾ ਕੇ ਪੰਜਾਬ ਕਲਾ ਮੰਚ ਦੇ ਉਪਰਾਲੇ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਨਵ-ਜੰਮੀਆਂ ਧੀਆਂ ਨੂੰ ਸੂਟ, ਟਰਾਫੀ ਅਤੇ ਡੱਬਿਆਂ ਨਾਲ ਸਨਮਾਨਤ ਕੀਤਾ ਗਿਆ ਅਤੇ ਵੱਖ ਵੱਖ ਵਿਭਾਗਾਂ 'ਚ ਵਧੀਆ ਸੇਵਾਵਾਂ ਨਿਭਾਉਣ ਵਾਲੀਆਂ ਤਿੰਨ ਸ਼ਖਸੀਅਤਾਂ ਨੂੰ ਪ੍ਰਸੰਸਾ-ਪੱਤਰ ਅਤੇ ਸਨਮਾਨ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਡਾਕਟਰ ਚਰਨਜੀਤ ਸਿੰਘ, ਡਾ. ਗੋਬਿੰਦ ਟੰਡਨ ਐਸ ਐਮ ਓ ਚਮਕੌਰ ਸਾਹਿਬ, ਅਮਨਦੀਪ ਕੌਰ ਸੰਧੂਆਂ ਚੇਅਰਪਰਸਨ, ਬਲਜੀਤ ਕੌਰ ਸਮਾਣਾ ਕਲਾਂ ਚੇਅਰਪਰਸਨ ਮੋਰਿੰਡਾ, ਸਾਬਕਾ ਕੌਂਸਲਰ ਸੁਖਵਿੰਦਰ ਕੌਰ ਗਿੱਲ ਮੋਰਿੰਡਾ, ਸਾਬਕਾ ਪ੍ਰਿੰਸੀਪਲ ਅਮਰਜੀਤ ਸਿੰਘ ਕੰਗ, ਪ੍ਰੋ. ਆਰ ਸੀ ਢੰਡ, ਕਰਨਲ ਜੋਗਿੰਦਰ ਸਿੰਘ ਰੋਪੜ, ਚਰਨ ਸਿੰਘ ਮੁੰਡੀਆਂ, ਕੈਪਟਨ ਰਾਜੇਸ ਕੁਮਾਰ ਟੋਲ ਪਲਾਜ਼ਾ ਝੱਲੀਆਂ, ਡਾ. ਸੁਦੇਸ਼ ਸ਼ਰਮਾ, ਡਾ. ਰਾਜਪਾਲ ਸਿੰਘ, ਬੀ ਈ ਓ ਰਵਿੰਦਰਪਾਲ ਸਿੰਘ, ਜ਼ਿਲ੍ਹਾ ਕੁਆਰਡੀਨੇਟ ਰਵਿੰਦਰ ਸਿੰਘ ਰੱਬੀ, ਲਖਵਿੰਦਰ ਸਿੰਘ ਸੈਣੀ, ਪ੍ਰਧਾਨ ਕੁਲਜਿੰਦਰਜੀਤ ਸਿੰਘ ਬੰਬਰ, ਗਿਆਨ ਸਿੰਘ ਸੱਲੋਮਾਜਰਾ ਹਾਜ਼ਰ ਸਨ।

# ਆਤਮਾ ਮੈਨੇਜਮੈਂਟ ਕਮੇਟੀ ਦੀ ਮੀਟਿੰਗ 'ਚ ਅਲਾਇਡ ਵਿਭਾਗਾਂ ਦੇ ਅਧਿਕਾਰੀਆ ਤੇ ਅਗਾਂਹਵਧੂ ਕਿਸਾਨਾਂ ਕੀਤੀ ਸ਼ਿਰਕਤ



**ਕੁਰਾਲੀ** (ਮੋਹਨ ਅਗਰਵਾਲ)—ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਜ਼ਿਲ੍ਹਾ ਐਸ ਏ ਐਸ ਨਗਰ ਵੱਲੋਂ ਡਿਪਟੀ ਕਮਿਸ਼ਨਰ ਅਮਿਤ ਤਲਵਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੁੱਖ ਖੇਤੀਬਾੜੀ ਅਫਸਰ ਡਾ.ਗੁਰਬਚਨ ਸਿੰਘ ਦੀ ਅਗਵਾਈ ਹੇਠ ਡਾ.ਬਲਜਿੰਦਰ ਸਿੰਘ ਜ਼ਿਲ੍ਹਾ ਸਿਖਲਾਈ ਅਫਸਰ ਵੱਲੋਂ ਆਤਮਾ ਸਕੀਮ ਅਧੀਨ ਆਤਮਾ ਮੈਨੇਜਮੈਂਟ ਕਮੇਟੀ ਦੀ ਮੀਟਿੰਗ ਕਰਵਾਈ ਗਈ। ਇਸ ਮੀਟਿੰਗ ਵਿੱਚ ਅਲਾਇਡ ਵਿਭਾਗਾਂ ਦੇ ਵੱਖ-ਵੱਖ ਅਧਿਕਾਰੀਆ ਅਤੇ ਜ਼ਿਲ੍ਹੇ ਦੇ ਅਗਾਂਹਵਧੂ ਕਿਸਾਨਾਂ ਨੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਆਤਮਾ ਸਕੀਮ ਅਧੀਨ ਸਾਲ 2022-23 ਦੌਰਾਨ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਅਤੇ ਸਾਲ 2023-24 ਦੇ ਦੌਰਾਨ ਕੀਤੀ ਜਾਣ ਵਾਲੀਆ ਗਤੀਵਿਧੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਡਾ. ਜਗਦੀਸ਼ ਸਿੰਘ ਡਿਪਟੀ ਡਾਇਰੈਕਟਰ ਬਾਗਬਾਨੀ ਨੇ ਦੱਸਿਆ ਕਿ ਸਾਲ 2022-23 ਦੌਰਾਨ ਆਤਮਾ ਸਕੀਮ ਅਧੀਨ ਘਰੇਲੂ ਬਗੀਚੀ, ਮਸ਼ਰੂਮ ਦੀ ਟ੍ਰੇਨਿੰਗ ਅਤੇ ਪ੍ਰਦਰਸ਼ਨੀ ਪਲਾਂਟ ਕਿਸਾਨਾਂ ਨੂੰ ਦਿੱਤੇ ਗਏ ਹਨ ਅਤੇ ਉਨ੍ਹਾਂ ਨੇ ਇਹ ਵੀ ਦੱਸਿਆ ਕਿ ਕਿਸਾਨਾਂ ਦੀ ਮੰਗ ਅਨੁਸਾਰ ਸਾਲ 2023-24 ਦੌਰਾਨ ਵਧੀਆ ਕਿਸਮ ਦੇ ਫਲਦਾਰ ਬੂਟੇ ਵੀ ਦਿੱਤੇ ਜਾਣਗੇ। ਭੁਪਿੰਦਰ ਸਿੰਘ ਪ੍ਰੋਜੈਕਟ ਡਾਇਰੈਕਟਰ ਆਤਮਾ ਨੇ ਦੱਸਿਆ ਕਿ ਨੈਸ਼ਨਲ ਮੈਡੀਸ਼ਨਲ ਪਲਾਂਟ ਬੋਰਡ ਤੋਂ ਕਿਸਾਨਾਂ ਨੂੰ ਮੈਡੀਸ਼ਨ ਪਲਾਂਟ ਦੀ ਟ੍ਰੇਨਿੰਗ ਦਿੱਤੀ ਜਾਵੇਗੀ ਅਤੇ ਸ੍ਰੀਮਤੀ ਸ਼ਿਖਾ ਸਿੰਗਲਾ ਡੀ.ਪੀ.ਡੀ. ਪ੍ਰੋਜੈਕਟ ਡਾਇਰੈਕਟਰ ਆਤਮਾ ਨੇ ਕਿਸਾਨਾਂ ਅਤੇ ਅਲਾਇਡ ਵਿਭਾਗਾਂ ਤੋਂ ਆਏ ਅਧਿਕਾਰੀਆਂ ਨੂੰ ਸਾਲ 2022-23 ਦੌਰਾਨ ਕੀਤੇ ਗਏ ਕੰਮਾਂ ਅਤੇ ਸਾਲ 2023-24 ਦੌਰਾਨ ਵਾਲੇ ਕੀਤੇ ਜਾਣ ਵਾਲੇ ਕੰਮਾਂ ਬਾਰੇ ਵਿਸਥਾਰ ਨਾਲ ਵਿਚਾਰ ਵਟਾਂਦਰਾ ਕੀਤਾ। ਡਾ. ਨਾਰੰਗ ਸੀਨੀਅਰ ਪਸ਼ੂ ਪਾਲਣ ਅਫਸਰ ਨੇ ਦੱਸਿਆ ਕਿ ਪਟਿਆਲਾ ਵਿਖੇ ਤਿੰਨ ਦਿਨਾਂ ਦੀ ਬੱਕਰੀ ਪਾਲਣ ਦੀ ਟ੍ਰੇਨਿੰਗ ਦੇਣ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਅਤੇ ਉਹਨਾ ਵੱਲੋਂ ਆਤਮਾ ਸਕੀਮ ਅਧੀਨ ਚਾਹਵਾਨ ਕਿਸਾਨਾਂ ਨੂੰ ਬੱਕਰੀ ਪਾਲਣ ਦੀ ਟ੍ਰੇਨਿੰਗ ਕਰਵਾਈ ਜਾਵੇਗੀ। ਕਸ਼ਮੀਰ ਸਿੰਘ ਡੇਅਰੀ ਇੰਸਪੈਕਟਰ ਨੇ ਦੱਸਿਆ ਕਿ 10 ਕਿਸਾਨਾਂ ਨੂੰ ਦੁੱਧ ਤੋਂ ਬਨਣ ਵਾਲੇ ਉਤਪਾਦਾਂ ਦੀ ਟ੍ਰੇਨਿੰਗ ਕਰਵਾਈ ਜਾਵੇਗੀ । ਕਿਸਾਨ ਬਲਜਿੰਦਰ ਸਿੰਘ ਵੱਲੋ ਆਤਮਾ ਸਕੀਮ ਅਧੀਨ ਡੇਅਰੀ ਵਿਭਾਗ ਦੇ ਸਹਿਯੋਗ ਨਾਲ ਸਾਇਲਜ ਦੀਆਂ ਗੱਠਾਂ ਦੀਆਂ ਪ੍ਰਦਰਸ਼ਨੀਆਂ ਦੇਣ ਬਾਰੇ ਕਿਹਾ। ਡਾ. ਅਨਿਲ ਕੁਮਾਰ ਬਾਨਾ ਭੂਮੀ ਰੱਖਿਆ ਅਫਸਰ ਨੇ ਆਪਣੇ ਵਿਭਾਗ ਵਿੱਚ ਚੱਲ ਰਹੀਆਂ ਸਕੀਮਾਂ ਜਿਵੇਂ ਕਿ ਸੈਲਫ ਹੈਲਪ ਗਰੁੱਪ, ਟੋਬਿਆਂ ਦਾ ਰੱਖ ਰਖਾਵ , ਵਾਟਰ ਸੈਡ ਮੈਨੇਜਮੈਂਟ ਅਤੇ ਸੀਡ ਪ੍ਰੋਡੈਕਸ਼ਨ ਬਾਰੇ ਕਮੇਟੀ ਮੈਂਬਰਾਂ ਅਤੇ ਕਿਸਾਨਾਂ ਨੂੰ ਜਾਣੂੰ ਕਰਵਾਇਆ। ਕਿਸਾਨ ਰਾਜਵੀਰ ਸਿੰਘ ਨੇ ਕਿਹਾ ਕਿ ਸਾਡੇ ਪਿੰਡ ਦੇ ਟੋਬੇ ਦਾ ਦੌਰਾ ਕਰਕੇ ਇਹਨਾਂ ਟੋਬਿਆਂ ਦੇ ਪਾਨੀ ਨੂੰ ਸਿੰਚਾਈ ਲਈ ਵਰਤਣ ਬਾਰੇ ਮੁਕੰਮਲ ਜਾਣਕਾਰੀ ਦਿੱਤੀ ਜਾਵੇ। ਡਾ. ਹਰਮੀਤ ਕੌਰ ਕੇ.ਵੀ .ਕੇ. ਨੇ ਦੱਸਿਆ ਕਿ ਆਤਮਾ ਸਕੀਮ ਦੇ ਸਹਿਯੋਗ ਨਾਲ ਖੁੰਬਾਂ ਦੀ 5 ਤੋਂ 7 ਦਿਨਾਂ ਦੀ ਟ੍ਰੇਨਿੰਗ ਅਤੇ ਐਕਸਪੋਜਰ ਵਿਜਟ ਕਰਵਾਈ ਜਾਵੇਗੀ ਅਤੇ ਨੀਲ ਹੀ ਬੀਬੀਆਂ ਦੇ ਸੈਲਫ ਹੈਲਪ ਗਰੁੱਪ ਨੂੰ ਮਸ਼ਰੂਮ ਕਲਟੀਵੇਸ਼ਨ ਅਤੇ ਪ੍ਰੋਸੈਸਿੰਗ ਦੀ ਟ੍ਰੇਨਿੰਗ ਦਿੱਤੀ ਜਾਵੇਗੀ। ਸ੍ਰੀਮਤੀ ਹਰਦੀਪ ਕੌਰ ਸੀਨੀਅਰ ਮੱਛੀ ਪਾਲਣ ਅਫਸਰ ਅਤੇ ਮਿਸ ਜਗਦੀਪ ਕੌਰ ਨੇ ਆਪਣੇ ਵਿਭਾਗ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ । ਸਾਲ 2023-24 ਵਿੱਚ ਕਰਨ ਵਾਲੇ ਕੰਮਾਂ ਦਾ ਐਕਸ਼ਨ ਪਲੈਨ ਵੀ ਦਿੱਤਾ ਗਿਆ। ਇਸ ਮੌਕੇ ਵਿਭਾਗ ਦੇ ਅਧਿਕਾਰੀ ਅਤੇ ਕਿਸਾਨ ਹਾਜਰ ਸਨ।

# ਇੱਕੋ ਰਾਤ 'ਚ ਚਾਰ ਮੱਝਾਂ ਚੋਰੀ



**ਫਿਲੌਰ (ਨਿਰਮਲ)**- ਫਿਲੌਰ ਦੇ ਨਜਦੀਕ ਪਿੰਡ ਬਕਾਪੁਰ ਵਿਖੇ ਬੀਤੀ ਰਾਤ ਇਕ ਖੂਹ ਤੋਂ ਚੋਰ ਬੰਨੀਆਂ ਹੋਈਆਂ ਚਾਰ ਮੱਝਾਂ ਚੋਰੀ ਕਰਕੇ ਲੈ ਗਏ। ਮਾਲਕ ਕਲਦੀਪ ਸਿੰਘ ਨੇ ਦੱਸਿਆ ਕਿ ਜਦੋਂ ਮੈਂ ਸਵੇਰੇ ਪੰਜ-ਛੇ ਵਜੇਂ ਦੇ ਕਰੀਬ ਆਪਣੇ ਖੂਹ 'ਤੇ ਗਿਆ ਤਾਂ ਦੇਖਿਆ ਕਿ ਉਸ ਦੇ ਪਸ਼ੂ ਖੁਰਲੀ 'ਤੇ ਨਹੀਂ ਸੀ ਅਤੇ ਕੰਧ ਤੋੜ ਕੇ ਪਿਛਲੇ ਪਾਸੇ ਦੀ ਪਸ਼ੂ ਚੋਰੀ ਕਰਕੇ ਲੈ ਗਏ। ਮਾਲਕ ਕੁਲਦੀਪ ਸਿੰਘ ਨੇ ਅੱਗੇ ਦੱਸਿਆ ਕਿ ਖੂਹ ਤੋਂ ਪੰਜ ਸਾਲ ਪਹਿਲਾਂ ਵੀ ਮੱਝਾਂ ਚੋਰੀ ਹੋਈਆ ਸੀ। ਚੋਰਾਂ ਦੇ ਹੌਂਸਲੇ ਇਨੇ ਬੁਲੰਦ ਹਨ ਕਿ ਕਿਸੇ ਡਰ ਭੈਅ ਤੋਂ ਚੋਰੀ ਨੂੰ ਅੰਜਾਮ ਸਰੇਆਮ ਦਿੰਦੇ ਹਨ। ਕੁਲਦੀਪ ਦਾ ਕਹਿਣਾ ਹੈ ਕਿ ਮੈਂ ਪਸ਼ੂਆਂ ਦੀ ਸੇਵਾ ਕਰਕੇ ਦੁੱਧ ਪਾ ਕੇ ਘਰ ਦਾ ਗੁਜਾਰਾ ਕਰਦਾ ਹਾਂ ਮੇਰਾ ਚਾਰ ਸਾਢੇ ਲੱਖ ਦਾ ਨੁਕਸਾਨ ਹੋ ਗਿਆ। ਪਿੰਡ ਦੇ ਲੰਬੜਦਾਰ ਅਵਤਾਰ ਸਿੰਘ ਨੇ ਦੱਸਿਆ ਕਿ ਮੇਰਾ ਖੂਹ ਵੀ ਇਨ੍ਹਾਂ ਦੇ ਖੂਹ ਦੇ ਨਾਲ ਹੈ ਅਤੇ ਚੋਰਾਂ ਨੇ ਬੜੀ ਸਾਵਧਾਨੀ ਨਾਲ ਪਸ਼ੂ ਖੋਲ 'ਤੇ ਨਾਲ ਦੇ ਖੂਹਿਆ ਵਾਲਿਆਂ ਨੂੰ ਵਿੜਕ ਵੀ ਨਹੀਂ ਆਣ ਦਿੱਤੀ ਅਤੇ ਪਸ਼ੂ ਖੋਲ ਕੇ ਕਾਫੀ ਦੂਰ ਤੱਕ ਤੋਰ ਕੇ ਲੈ ਕੇ ਗਏ। ਸਵੇਰੇ ਜਦੋਂ ਪੁਲਸ ਨੂੰ ਇਤਲਾਹ ਦਿੱਤੀ ਗਈ ਫਿਲੌਰ ਪੁਲਸ ਦੇ ਏ.ਐਸ.ਆਈ ਰਜਿੰਦਰ ਨੇ ਖੂਹ ਦੇ ਮਾਲਕ ਦੇ ਬਿਆਨ ਨੋਟ ਕਰ ਲਏ ਅਤੇ ਤਫਦੀਸ ਕਰਦਿਆਂ ਹੋਇਆਂ ਦੱਸਿਆ ਕਿ ਅਸੀਂ ਸੜਕ 'ਤੇ ਬਣੇ ਹੋਏ ਘਰਾਂ 'ਤੇ ਲੱਗੇ ਹੋਏ ਸੀ.ਸੀ.ਟੀ.ਵੀ ਕੈਮਰੇ ਵੀ ਚੈਕ ਕੀਤੇ ਜਾਣਗੇ ਤਾਂ ਜੋ ਚੋਰਾਂ ਜਲਦ ਤੋਂ ਜਲਦ ਕਾਬੂ ਕੀਤਾ ਜਾ ਸਕੇ। ਪਰਿਵਾਰ ਮੈਂਬਰਾਂ ਨੇ ਪ੍ਰਸਾਸਨ ਕੋਲੋਂ ਮੰਗ ਕੀਤੀ ਹੈ ਕਿ ਸਾਡੀਆਂ ਮੱਝਾਂ ਚੋਰੀ ਕਰਨ ਵਾਲੇ ਚੋਰਾਂ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ।

# ਡੀ ਟੀ ਐੱਫ ਵੱਲੋਂ ਗੁਰੂ ਰਵਿਦਾਸ ਗੁਰਪੁਰਬ ਕਾਰਨ ਮੁਕਾਬਲਾ ਪ੍ਰੀਖਿਆਵਾਂ ਅੱਗੇ ਪਾਉਣ ਦੀ ਮੰਗ



**ਹੁਸ਼ਿਆਰਪੁਰ,, (ਬਲਵੀਰ ਸਿੰਘ ਸੈਣੀ)—** ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ (ਡੀ.ਟੀ.ਐੱਫ.) ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮੁਕੇਸ਼ ਕੁਮਾਰ, ਵਿੱਤ ਸਕੱਤਰ ਅਸ਼ਵਨੀ ਅਵਸਥੀ, ਜ਼ਿਲ੍ਹਾ ਪ੍ਰਧਾਨ ਸੁਖਦੇਵ ਡਾਨਸੀਵਾਲ, ਇੰਦਰ ਸੁਖਦੀਪ ਸਿੰਘ ਓਢਰਾ ਅਤੇ ਮਨਜੀਤ ਸਿੰਘ ਦਸੂਹਾ ਆਦਿ ਆਗੂਆਂ ਨੇ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ (ਐੱਸ.ਸੀ.ਈ.ਆਰ.ਟੀ.) ਨੂੰ ਮੰਗ ਪੱਤਰ ਭੇਜਦੇ ਹੋਏ ਧਿਆਨ ਵਿੱਚ ਲਿਆਂਦਾ ਕਿ ਨੈਸ਼ਨਲ ਮੀਨਜ਼ ਕਮ ਮੈਰਿਟ ਸਕਾਲਰਸ਼ਿਪ (ਐੱਨ.ਐੱਮ.ਐੱਮ.ਐੱਸ.) ਅਤੇ ਪੰਜਾਬ ਰਾਜ ਟੈਲੇਂਟ ਖੋਜ਼ ਪ੍ਰੀਖਿਆ (ਪੀ.ਐੱਸ.ਟੀ.ਐੱਸ.ਈ.) ਦੀ ਪ੍ਰੀਖਿਆ ਉਨ੍ਹਾਂ ਦੇ ਦਫ਼ਤਰ ਵੱਲੋਂ ਮਿਤੀ 5 ਫ਼ਰਵਰੀ 2023 ਨੂੰ ਲੈਣੀ ਤੈਅ ਕੀਤੀ ਗਈ ਹੈ, ਜਿਸ ਦਿਨ ਕਿ ਸ਼੍ਰੀ ਗੁਰੂ ਰਵੀਦਾਸ ਜੀ ਦਾ ਜਨਮ ਦਿਹਾੜਾ ਵੀ ਹੈ। ਜਨਮ ਦਿਹਾੜੇ ਨਾਲ਼ ਸਬੰਧਿਤ ਸਮਾਗਮਾਂ ਵਿੱਚ ਵੱਡੀ ਗਿਣਤੀ ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਵੱਲੋਂ ਆਪਣੀ ਧਾਰਮਿਕ ਆਸਥਾ ਨੂੰ ਮੁੱਖ ਰੱਖਦੇ ਹੋਏ ਹਿੱਸਾ ਲਏ ਜਾਣ ਦੇ ਮੱਦੇਨਜ਼ਰ ਜਥੇਬੰਦੀ ਨੇ ਇਹਨਾਂ ਪ੍ਰੀਖਿਆਵਾਂ ਦੀ ਮਿਤੀ ਨੂੰ ਤਬਦੀਲ ਕਰਦਿਆਂ 12 ਫ਼ਰਵਰੀ 2023 ਕਰਨ ਦੀ ਮੰਗ ਕੀਤੀ ਹੈ ਅਤੇ ਮਿਤੀ ਨਾ ਬਦਲਣ 'ਤੇ ਜੱਥੇਬੰਦੀ ਵਲੋਂ ਤਿੱਖਾ ਸੰਘਰਸ਼ ਛੇੜਨ ਦਾ ਐਲਾਨ ਕੀਤਾ ਹੈ। ਉਨ੍ਹਾਂ ਇਹ ਮੰਗ ਵੀ ਕੀਤੀ ਕਿ ਸਰਦੀ ਦੀਆਂ ਛੁੱਟੀਆਂ ਵਿੱਚ ਹੋਏ ਵਾਧੇ ਕਾਰਨ ਰਜਿਸਟਰੇਸ਼ਨ ਪੂਰੀ ਕਰਨ ਵਿੱਚ ਦਰਪੇਸ਼ ਸਮੱਸਿਆ ਦੇ ਮੱਦੇਨਜ਼ਰ ਐੱਨ.ਐੱਮ.ਐੱਮ.ਐੱਸ. ਅਤੇ ਪੀ.ਐੱਸ.ਟੀ.ਐੱਸ.ਈ. 2022-23 ਲਈ ਅੱਠਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਦੀ ਰਜਿਸਟਰੇਸ਼ਨ ਪ੍ਰਕ੍ਰਿਆ ਮੁਕੰਮਲ ਕਰਨ ਦੀ ਆਖਿਰੀ ਮਿਤੀ 10 ਜਨਵਰੀ 2023 ਵਿੱਚ ਵੀ ਇੱਕ ਹਫ਼ਤੇ ਦਾ ਵਾਧਾ ਕੀਤਾ ਜਾਵੇ।

ਇਸ ਮੌਕੇ ਰੇਸ਼ਮ ਸਿੰਘ ਧੁੱਗਾ, ਮਨਜੀਤ ਸਿੰਘ ਬਾਬਾ, ਬਲਜੀਤ ਸਿੰਘ ਮਹਿਮੋਵਾਲ, ਨੰਦ ਰਾਮ, ਅਸ਼ਨੀ ਕੁਮਾਰ, ਸਤਪਾਲ ਕਲੇਰ, ਜਰਨੈਲ ਸਿੰਘ, ਸੋਹਣ ਸਿੰਘ, ਰਜਿੰਦਰ ਹੇਜਮਾਂ, ਹਰਿੰਦਰ ਸਿੰਘ, ਰਾਕੇਸ਼ ਬੱਗਾ, ਬਲਕਾਰ ਸਿੰਘ ਪੁਰੀਕਾ, ਪ੍ਰਵੀਨ ਸ਼ੇਰਪੁਰ, ਸੋਮਪਾਲ, ਵਰਿੰਦਰ ਸੈਣੀ, ਰਾਕੇਸ਼ ਕੁਮਾਰ, ਦੀਪਕ ਮਲਹੋਤਰਾ, ਹੀਰਾ ਲਾਲ, ਅਜਮੇਰ ਸਿੰਘ ਅਤੇ ਗੁਰਜਿੰਦਰ ਸਿੰਘ ਮੰਝਪੁਰ ਆਦਿ ਆਗੂ ਵੀ ਹਾਜ਼ਰ ਸਨ।

# ਵਿਦਿਆਰਥੀਆਂ ਨੂੰ ਪ੍ਰਿੰਟਿਡ ਮੈਟੀਰੀਅਲ ਮੁਹੱਈਆ ਕਰਵਾਉਣ ਲਈ ਤਿੰਨ ਕਰੋੜ ਪੱਚੀ ਲੱਖ ਦੀ ਗ੍ਰਾਂਟ ਜਾਰੀ : ਹਰਜੋਤ ਸਿੰਘ ਬੈਂਸ

**ਚੰਡੀਗੜ੍ਹ, (ਗੁਰਜੀਤ ਬਿੱਲਾ)** : ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਲਾਨਾ ਪ੍ਰੀਖਿਆਵਾਂ ਦੇ ਮੱਦੇਨਜ਼ਰ ਸ਼ੁਰੂ ਕੀਤੀ ਗਈ ਮੁਹਿੰਮ "ਮਿਸ਼ਨ 100% ਗਿਵ ਯੂਅਰ ਬੈਸਟ" ਰਾਹੀਂ ਸਰਵੋਤਮ ਨਤੀਜੇ ਹਾਸਲ ਕਰਨ ਲਈ ਰਾਜ ਦੇ ਸਮੂਹ ਸਕੂਲਾਂ ਵਿੱਚ ਅੱਠਵੀਂ ਅਤੇ ਦਸਵੀਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਸਾਲਾਨਾ ਪ੍ਰੀਖਿਆਵਾਂ ਦੀ ਤਿਆਰੀ ਵਾਸਤੇ ਫੋਟੋਸਟੇਟ ਅਤੇ ਪ੍ਰਿੰਟਿਡ ਮੈਟੀਰੀਅਲ ਮੁਹੱਈਆ ਕਰਵਾਉਣ ਵਾਸਤੇ ਤਿੰਨ ਕਰੋੜ ਪੱਚੀ ਲੱਖ ਅਠਾਨਵੇਂ ਹਜ਼ਾਰ ਪੰਜ ਸੌ ਚਾਰ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਅੱਠਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਪ੍ਰਤੀ ਵਿਦਿਆਰਥੀ 72 ਰੁਪਏ ਅਤੇ ਦਸਵੀਂ ਜਮਾਤ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ 90 ਰੁਪਏ ਪ੍ਰਤੀ ਵਿਦਿਆਰਥੀ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਹਰੇਕ ਜ਼ਿਲ੍ਹੇ ਨੂੰ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਰਾਸ਼ੀ ਜਾਰੀ ਕਰ ਦਿੱਤੀ ਗਈ ਹੈ। ਬੈਂਸ ਅਨੁਸਾਰ ਇਸ ਰਾਸ਼ੀ ਨਾਲ ਵਿਦਿਆਰਥੀ ਆਪਣੀ ਜ਼ਰੂਰਤ ਅਨੁਸਾਰ ਫੋਟੋਸਟੇਟ ਜਾਂ ਹੋਰ ਸਿੱਖਣ ਸਹਾਇਕ ਸਮੱਗਰੀ ਦੀ ਖਰੀਦ ਕਰ ਸਕਦੇ ਹਨ।

**ਕਿਹੜੇ ਜ਼ਿਲ੍ਹੇ ਨੂੰ ਕਿੰਨੀ ਗਰਾਂਟ ਮਿਲੀ**

ਇਸ ਗ੍ਰਾਂਟ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਨੂੰ 26.38944 ਲੱਖ, ਬਰਨਾਲਾ ਨੂੰ 7.0767 ਲੱਖ, ਬਠਿੰਡਾ ਨੂੰ 18.04032 ਲੱਖ, ਫਰੀਦਕੋਟ ਨੂੰ 7.9867 ਲੱਖ, ਫਤਿਹਗੜ੍ਹ ਸਾਹਿਬ ਨੂੰ 6.5421 ਲੱਖ, ਫਾਜ਼ਿਲਕਾ ਨੂੰ 19.16298 ਲੱਖ, ਫ਼ਿਰੋਜ਼ਪੁਰ ਨੂੰ 12.2192 ਲੱਖ, ਗੁਰਦਾਸਪੁਰ ਨੂੰ 20.13318 ਲੱਖ, ਹੁਸ਼ਿਆਰਪੁਰ ਨੂੰ 17.76906 ਲੱਖ, ਜਲੰਧਰ ਨੂੰ 20.71746 ਲੱਖ, ਕਪੂਰਥਲਾ ਨੂੰ 7.90722 ਲੱਖ, ਲੁਧਿਆਣਾ ਨੂੰ 32.67072 ਲੱਖ, ਮਲੇਰਕੋਟਲਾ ਨੂੰ 4.15926 ਲੱਖ, ਮਾਨਸਾ ਨੂੰ 11.61 ਲੱਖ, ਮੋਗਾ ਨੂੰ 11.87406 ਲੱਖ, ਸ੍ਰੀ ਮੁਕਤਸਰ ਸਾਹਿਬ ਨੂੰ 13.06098 ਲੱਖ, ਪਠਾਨਕੋਟ ਨੂੰ 7.44912 ਲੱਖ, ਪਟਿਆਲਾ ਨੂੰ 23.80014 ਲੱਖ, ਰੂਪਨਗਰ ਨੂੰ 8.2935 ਲੱਖ, ਐਸ ਬੀ ਐਸ ਨਗਰ ਨੂੰ 6.60924 ਲੱਖ, ਸੰਗਰੂਰ ਨੂੰ 15.0489 ਲੱਖ, ਐਸ ਏ ਐਸ ਨਗਰ ਨੂੰ 11.96244 ਲੱਖ ਅਤੇ ਤਰਨਤਾਰਨ ਨੂੰ 15.5142 ਲੱਖ ਰੁਪਏ ਜਾਰੀ ਹੋਏ ਹਨ।

ਇਸ ਤਰ੍ਹਾਂ ਜ਼ਿਲ੍ਹੇ ਵਾਰ ਤਿੰਨ ਕਰੋੜ ਪੱਚੀ ਲੱਖ ਅਠਾਨਵੇਂ ਹਜ਼ਾਰ ਪੰਜ ਸੌ ਚਾਰ ਰੁਪਏ ਜਾਰੀ ਕੀਤੇ ਗਏ ਹਨ।

# ਅਜ਼ਾਦ ਕਿਸਾਨ ਕਮੇਟੀ ਦੋਆਬਾ ਵੱਲੋਂ ਟਰੈਕਟਰ ਮਾਰਚ 26 ਨੂੰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—** ਅਜ਼ਾਦ ਕਿਸਾਨ ਕਮੇਟੀ ਦੋਆਬਾ ਪੰਜਾਬ ਦੀ ਸੂਬਾ ਕਮੇਟੀ ਅਤੇ ਸਰਗਰਮ ਵਰਕਰਾਂ ਦੀ ਇਕ ਮੀਟਿੰਗ ਰਾਜਪੁਰ ਭਾਈਆਂ ਵਿਖੇ ਹੋਈ। ਇਸ ਮੀਟਿੰਗ ਵਿੱਚ ਕਈ ਅਹਿਮ ਮਸਲੇ ਵਿਚਾਰੇ ਗਏ। ਜਥੇਬੰਦੀ ਦੇ ਜਨਰਲ ਸਕੱਤਰ ਹਰਬੰਸ ਸਿੰਘ ਸੰਘਾ ਨੇ ਦੱਸਿਆ ਕਿ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜਥੇਬੰਦੀ ਦੇ ਨਾਮ ਵਿੱਚ ਤਬਦੀਲੀ ਕੀਤੀ ਜਾਵੇ, ਜਥੇਬੰਦੀ ਦਾ ਨਾਂਅ ਕਿਸਾਨ ਕਮੇਟੀ ਦੋਆਬਾ ਪੰਜਾਬ ਹੋਵੇਗਾ। ਜਥੇਬੰਦੀ ਦਾ ਲੋਗੋ ਵੀ ਬਦਲਣ ਦਾ ਫੈਸਲਾ ਕੀਤਾ ਗਿਆ। ਹੁਣ ਲੋਗੋ ਵਿੱਚ ਸਰਕਲ ਵਿੱਚ ਜਥੇਬੰਦੀ ਦਾ ਨਾਂਅ ਅਤੇ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਦੀ ਅਕਰੀਤੀ ਹੋਵੇਗੀ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਸਾਰੇ ਭਾਰਤ ਵਿੱਚ 26 ਜਨਵਰੀ 2023 ਨੂੰ ਟਰੈਕਟਰ ਮਾਰਚ ਕੀਤੇ ਜਾਣੇ ਹਨ।

ਕਿਸਾਨ ਕਮੇਟੀ ਦੋਆਬਾ ਪੰਜਾਬ ਵੀ ਟਰੈਕਟਰ ਮਾਰਚ ਕਰੇਗੀ, ਇਹ ਮਾਰਚ ਅਤੋਵਾਲ ਅੱਡੇ ਚੋਂ ਚੱਲ ਕੇ ਹੁਸ਼ਿਆਰਪੁਰ ਸ਼ਹਿਰ ਦੇ ਬਜ਼ਾਰਾਂ ਵਿੱਚ ਦੀ ਹੁੰਦਾ ਹੋਇਆ ਮਿਨੀ ਸੈਕਟਰੀਏਟ ਪਹੁੰਚ ਕੇ ਡੀ.ਸੀ. ਨੂੰ ਮੰਗ-ਪੱਤਰ ਦੇ ਕੇ ਸਮਾਪਤ ਹੋਵੇਗਾ। ਕੁਝ ਸਾਥੀ ਜ਼ੀਂਦ ਹਰਿਆਣਾ ਵਿਖੇ ਹੋਣ ਵਾਲੀ ਮਹਾਂਪੰਚਾਇਤ ਵਿੱਚ ਸਾਮਲ ਹੋਣ ਲਈ ਜਾਣਗੇ। ਮੀਟਿੰਗ ਵਿੱਚ ਜਥੇਬੰਦੀ ਦੀ ਮੈਂਬਰਸ਼ਿਪ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ 'ਤੇ ਜਥੇਬੰਦੀ ਦੇ ਸੰਵਿਧਾਨ ਅਤੇ ਪ੍ਰੋਗਰਾਮ ਦੇ ਖਰੜੇ 'ਤੇ ਵਿਚਾਰ ਕੀਤਾ ਗਿਆ ਅਤੇ ਇਸ ਦੀਆਂ ਕਾਪੀਆਂ ਸਾਰੇ ਮੈਂਬਰਾਂ ਨੂੰ ਦਿੱਤੀਆਂ ਗਈਆਂ।

# ਆਸ ਸੁਸਾਇਟੀ ਨੇ ਬੱਚਿਆਂ ਨੂੰ ਲਿਖਣ ਸਮਗਰੀ ਵੰਡੀ



**ਬਹਿਰਾਮ (ਅਵਤਾਰ ਕਲੇਰ)** ਆਸ ਸੋਸ਼ਲ ਵੈਲਫੇਅਰ ਸੁਸਾਇਟੀ ਪੰਜਾਬ ਦੀ ਬੰਗਾ ਇਕਾਈ ਦੀ ਪ੍ਰਧਾਨ ਬਲਦੀਸ਼ ਕੌਰ ਬੰਗਾ ਦੀ ਯੋਗ ਅਗਵਾਈ ਵਿੱਚ ਪਿੰਡ ਭਰੋਮਜਾਰਾ ਵਿਖੇ ਕਾਂਸ਼ੀ ਰਾਮ ਲਾਇਬ੍ਰੇਰੀ ਵਿਖੇ ਪੜ੍ਹ ਰਹੇ ਬੱਚਿਆਂ ਨੂੰ ਲਿਖਣ ਸਮੱਗਰੀ ਵੰਡੀ। ਇੱਥੇ ਪਹੁੰਚਣ 'ਤੇ ਬੱਚਿਆਂ ਅਤੇ ਲਾਇਬ੍ਰੇਰੀ ਦੇ ਮੁੱਖ ਪ੍ਰਬੰਧਕ ਸੋਮਨਾਥ ਸਿੰਘ ਨੇ ਪ੍ਰਧਾਨ ਬਲਦੀਸ਼ ਕੌਰ ਬੰਗਾ ਦਾ ਸਵਾਗਤ ਕੀਤਾ। ਬੱਚਿਆਂ ਨੇ ਦੇਸ਼ ਪ੍ਰੇਮ , ਸ਼ਹੀਦੀ ਸਾਹਿਬਜਾਦੇ ਅਤੇ ਹੋਰ ਵਿਸ਼ਿਆਂ ਤੇ ਕਵਿਤਾਵਾਂ ਪੇਸ਼ ਕੀਤੀਆਂ। ਇਸ ਮੌਕੇ ਪ੍ਰਧਾਨ ਬਲਦੀਸ਼ ਕੌਰ ਬੰਗਾ ਨੇ ਬੱਚਿਆਂ ਨੂੰ ਲਿਖਣ ਸਮੱਗਰੀ ਜਿਸ ਵਿੱਚ ਕਾਪੀਆਂ ਅਤੇ ਪੈਨਸਲਾਂ ਆਦਿ ਸ਼ਾਮਲ ਸਨ ਵੰਡੀ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਉਹ ਬੱਚਿਆਂ ਨੂੰ ਪੜ੍ਹਾਈ ਦੀ ਸਮੱਗਰੀ ਦੇ ਨਾਲ ਨਾਲ ਹੋਰ ਸਹਾਇਤਾ ਵੀ ਪ੍ਰਦਾਨ ਕਰਨਗੇ।

ਮੁੱਖ ਪ੍ਰਬੰਧਕ ਸੋਮਨਾਥ ਸਿੰਘ ਨੇ ਬਲਦੀਸ਼ ਕੌਰ ਨੂੰ ਲਾਇਬ੍ਰੇਰੀ ਵਲੋਂ 'ਚਮਚਾ ਯੁੱਗ' ਦੀਆਂ 5 ਕਿਤਾਬਾਂ ਦਾ ਸੈੱਟ ਭੇਟ ਕੀਤਾ। ਇਸ ਮੌਕੇ ਸੁੱਖਜੀਤ ਕੌਰ ਪ੍ਰੂਨੀਆਂ, ਟੀਚਰ ਕਮਲ, ਮੀਡੀਆ ਇੰਚਾਰਜ ਨਵਕਾਂਤ ਭਰੋਮਜਾਰਾ ਅਤੇ ਬੱਚੇ ਹਾਜਰ ਸਨ। ਸਟੇਜ ਸਕੱਤਰ ਦੀ ਭੂਮਿਕਾ ਨਵਕਾਂਤ ਭਰੋਮਜਾਰਾ ਵਲੋਂ ਬਾਖੂਬੀ ਨਿਭਾਈ ਗਈ।

# ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀਆਂ ਚੋਣਾਂ 20 ਨੂੰ

**ਮੋਹਾਲੀ+ ( ਗੁਰਜੀਤ ਬਿੱਲਾ ):** ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀਆਂ ਚੋਣਾਂ 20 ਜਨਵਰੀ ਨੂੰ ਕਰਵਾਉਣ ਲਈ ਤਿੰਨ ਮੈਂਬਰੀ ਚੋਣ ਕਮਿਸ਼ਨ ਦਾ ਐਲਾਨ ਕਰ ਦਿੱਤਾ ਗਿਆ। ਪੰਜਾਬ ਸਕੂਲ ਸਿੱਖਿਆ ਬੋਰਡ ਕਰਮਚਾਰੀ ਐਸੋਸੀਏਸ਼ਨ ਦੀ ਇਕ ਵਿਸ਼ੇਸ ਮੀਟਿੰਗ ਬਲਜਿੰਦਰ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਹੋਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਰਮਚਾਰੀ ਐਸੋਸੀਏਸ਼ਨ ਦੇ ਜਨਰਲ ਸਕੱਤਰ ਸੁਖਚੈਨ ਸਿੰਘ ਸੈਣੀ ਨੇ ਦੱਸਿਆ ਕਿ ਜੱਥੇਬੰਦੀਆਂ ਦੀਆਂ ਸਾਲਾਨਾ ਚੋਣਾਂ 20 ਜਨਵਰੀ ਨੂੰ ਕਰਵਾਈਆਂ ਜਾਣਗੀਆਂ ਜਿਸ ਵਿੱਚ ਸਿੱਖਿਆ ਬੋਰਡ ਦੇ ਮੁੱਖ ਦਫ਼ਤਰ ਅਤੇ ਖ਼ੇਤਰੀ ਦਫ਼ਤਰਾਂ ਵਿੱਚ ਤਾਇਨਾਤ ਸਮੂਹ ਬੋਰਡ ਕਰਮਚਾਰੀ ਇਨ੍ਹਾਂ ਚੋਣਾਂ ਵਿੱਚ ਹਿੱਸਾ ਲੈਣਗੇ। ਸੈਣੀ ਨੇ ਦੱਸਿਆ ਕਿ 20 ਜਨਵਰੀ ਨੂੰ ਹੋਣ ਵਾਲੀਆਂ ਇਨਾਂ ਚੋਣਾਂ ਲਈ ਬਣਾਏ ਤਿੰਨ ਮੈਂਬਰੀ ਚੋਣ ਕਮਿਸ਼ਨ ਵਿੱਚ ਅਜੀਤਪਾਲ ਸਿੰਘ, ਸੁਪਰਡੰਟ ਪਰੀਖਿਆ ਸ਼ਾਖਾ ਦਸਵੀਂ ਬਤੌਰ ਮੁੱਖ ਚੋਣ ਕਮਿਸ਼ਨਰ ਡਿਊਟੀਆਂ ਨਿਭਾਉਣਗੇ ਅਤੇ ਬਾਕੀ ਟੀਮ ਵਿੱਚ ਗੁਰਦੀਪ ਸਿੰਘ, ਸੀਨੀਅਰ ਸਹਾਇਕ, ਲੇਖਾ ਸ਼ਾਖਾ ਅਤੇ ਗੁਲਾਬ ਚੰਦ, ਸੀਨੀਅਰ ਸਹਾਇਕ,ਟੈਕਨੀਕਲ ਵਿੰਗ ਸ਼ਾਮਲ ਹਨ। ਚੋਣ ਕਮਿਸ਼ਨ ਨੂੰ ਆਪਣੀ ਲੋੜ ਮੁਤਾਬਿਕ ਸਿੱਖਿਆ ਬੋਰਡ ਦੇ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਨੂੰ ਚੋਣਾਂ ਵਿੱਚ ਕਮਿਸ਼ਨ ਦਾ ਸਹਿਯੋਗ ਕਰਨ ਲਈ ਨਾਮਜ਼ਦ ਕਰਨ ਦਾ ਅਧਿਕਾਰ ਦਿੱਤਾ ਗਿਆ ਹੈ। ਇਸ ਚੋਣ ਕਮਿਸ਼ਨ ਦਾ ਐਲਾਨ ਸਰਬਸੰਮਤੀ ਨਾਲ ਕੀਤਾ ਗਿਆ ਹੈ। ਇਨਾਂ ਚੋਣਾਂ ਸਬੰਧੀ ਚੋਣ ਪ੍ਰਕਿਰਿਆ ਦਾ ਕਾਰਜ ਚੋਣ ਕਮਿਸ਼ਨ ਵੱਲੋਂ ਆਪਣੇ ਪੱਧਰ 'ਤੇ ਐਲਾਨ ਕੀਤਾ ਜਾਵੇਗਾ ਅਤੇ ਇਸ ਗੱਲ ਦਾ ਪੂਰਾ ਧਿਆਨ ਰੱਖਿਆ ਜਾਵੇਗਾ ਕਿ ਇਸ ਚੋਣ ਪ੍ਰਕਿਰਿਆ ਦਾ ਦਫ਼ਤਰੀ ਕੰਮ-ਕਾਜ ਤੇ ਕੋਈ ਪ੍ਰਭਾਵ ਨਾ ਪਵੇ। ਉਨਾਂ ਦੱਸਿਆ ਕਿ ਕਰਮਚਾਰੀ ਐਸੋਸੀਏਸ਼ਨ ਦੀਆਂ ਚੋਣਾਂ ਤੱਕ ਮੌਜੂਦਾ ਜੱਥੇਬੰਦੀ ਪਹਿਲਾਂ ਦੀ ਤਰ੍ਹਾਂ ਕੰਮ ਕਰਦੀ ਰਹੇਗੀ।

# ਲੱਖਪੁਰ ਵਿਖੇ ਸਜਾਇਆ ਵਿਸ਼ਾਲ ਨਗਰ ਕੀਰਤਨ



**ਫਗਵਾੜਾ (ਡਾ. ਰਮਨ,ਢੱਡਾ)** : ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਪਿੰਡ ਲੱਖਪੁਰ ਦੇ ਗੁਰਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਲੋਕਲ ਕਮੇਟੀ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਏ ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਹੈੱਡ ਗ੍ਰੰਥੀ ਭਾਈ ਅੰਮ੍ਰਿਤਪਾਲ ਸਿੰਘ ਲੱਖਪੁਰ ਨੇ ਸਰਬੱਤ ਦੇ ਭਲੇ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਇਸ ਨਗਰ ਕੀਰਤਨ ਦਾ ਸਮੂਹ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਨਾਲ ਥਾਂ-ਥਾਂ 'ਤੇ ਭਰਵਾਂ ਸਵਾਗਤ ਕੀਤਾ ਗਿਆ। ਸੰਗਤਾਂ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਸੁੰਦਰ ਪਾਲਕੀ ਅੱਗੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਵੱਖ ਵੱਖ ਧਾਰਮਿਕ ਅਸਥਾਨਾਂ ਦੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਜਿੱਥੇ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਗੁਰੂ ਗ੍ਰੰਥ ਸਾਹਿਬ ਨੂੰ ਰੁਮਾਲੇ ਭੇਟ ਕੀਤੇ ਗਏ , ਉੱਥੇ ਹੀ ਪੰਜ ਪਿਆਰਿਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਭੇਟ ਕੀਤੇ ਗਏ। ਇਸ ਦੌਰਾਨ ਜਥੇਦਾਰ ਰਣਜੀਤ ਸਿੰਘ ਧੁੱਗਾ ਕਲਾਂ ਵਾਲਿਆਂ ਦੇ ਪੰਥਕ ਢਾਡੀ ਜਥੇ ਨੇ ਵੱਖ ਵੱਖ ਪੜਾਵਾਂ ਉੱਪਰ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਦੀ ਸੇਵਾ ਵਿੱਚ ਫਲ ਫਰੂਟ, ਚਾਹ ਪਕੌੜੇ ਅਤੇ ਜਲ ਦੀ ਸੇਵਾ ਅਤੁੱਟ ਵਰਤਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਵੀ ਹਾਜ਼ਰ ਸਨ।

# ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਬ੍ਰਾਂਚ ਦੀ ਮੀਟਿੰਗ ਹੋਈ

## ਸਰਕਾਰ ਖੁਦ ਆਪ ਪੇਂਡੂ ਜਲ ਘਰਾਂ ਨੂੰ ਚਲਾਉਣ ਦੀ ਜ਼ਿੰਮੇਵਾਰੀ ਨਿਭਾਵੇ : ਫ਼ਲੀਆਂਵਾਲਾ



**ਜਲਾਲਾਬਾਦ, (ਜੀਤ ਕੁਮਾਰ)** ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੀ ਮੀਟਿੰਗ ਵਾਟਰ ਸਪਲਾਈ ਦਫਤਰ ਗੁੰਮਾਨੀਵਾਲਾ ਵਿਖੇ ਬ੍ਰਾਂਚ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਦੀ ਅਗਵਾਈ ਹੇਠ ਸੰਪੰਨ ਹੋਈ, ਜਿਸ ਵਿਚ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਵਿਸ਼ੇਸ਼ ਤੌਰ 'ਤੇ ਪੁੱਜੇ, ਜਦਕਿ ਹੋਰਨਾਂ ਤੋਂ ਇਲਾਵਾ ਦਫਤਰੀ ਸਟਾਫ਼ ਸਬ ਕਮੇਟੀ ਪੰਜਾਬ ਦੇ ਪ੍ਰਚਾਰ ਸਕੱਤਰ ਸੁਖਚੈਨ ਸਿੰਘ ਸੋਢੀ, ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਸਿੰਘ ਨੂਰ ਸਮੰਦ, ਖ਼ਜ਼ਾਨਚੀ ਕੁੰਦਨ ਸਿੰਘ, ਬ੍ਰਾਂਚ ਜਨਰਲ ਸਕੱਤਰ ਸਤਪਾਲ ਕੋਟੂਵਾਲਾ ਸਹਿਤ ਵੱਡੀ ਗਿਣਤੀ ਵਿਚ ਵਰਕਰਾਂ ਨੇ ਹਿੱਸਾ ਲਿਆ।

ਮੀਟਿੰਗ 'ਚ ਲੋਕਲ ਪੱਧਰ 'ਤੇ ਵਰਕਰਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰ ਵਟਾਂਦਰਾ ਕਰਨ ਉਪਰੰਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਸਾਲਾਂਬੱਧੀ ਅਰਸ਼ੇ ਤੋਂ ਸੇਵਾਵਾਂ ਨਿਭਾਅ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਸਬੰਧਤ ਵਿਭਾਗ 'ਚ ਬਿਨਾਂ ਭੇਦਭਾਵ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਲਈ ਸੂਬਾ ਕਮੇਟੀ ਵੱਲੋਂ ਕੀਤੇ ਜਾ ਰਹੇ ਸੰਘਰਸ਼ ਤਹਿਤ ਭਵਿੱਖ ਵਿੱਚ ਉਲੀਕੇ ਜਾਣ ਵਾਲੇ ਸੰਘਰਸ਼ ਪ੍ਰੋਗਰਾਮ ਨੂੰ ਬ੍ਰਾਂਚ ਜਲਾਲਾਬਾਦ ਦੇ ਵਰਕਰਾਂ ਵੱਲੋਂ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ।

ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਕਿਹਾ ਕਿ ਜਲ ਸਪਲਾਈ ਮਹਿਕਮੇ 'ਚ ਇਕ ਵਰਕਰ ਦੇ ਰੂਪ ਵਿਚ ਪਹਿਲਾਂ ਕਾਮਿਆਂ ਨੂੰ ਭਰਤੀ ਕੀਤਾ ਗਿਆ ਸੀ, ਜਿਨ੍ਹਾਂ ਨੂੰ ਵਿਭਾਗੀ ਅਧਿਕਾਰੀਆਂ ਵੱਲੋਂ ਸਾਲ 2008 ਤੋਂ ਬਾਅਦ ਧੱਕੇ ਨਾਲ ਇਨਲਿਸਟਮੈਂਟ ਬਣਾ ਦਿੱਤਾ ਗਿਆ, ਪਰ ਇਹ ਕਾਮੇ ਲਗਾਤਾਰ ਇਕ ਵਰਕਰ ਦੇ ਰੂਪ 'ਚ ਵਿਭਾਗ 'ਚ ਪੇਂਡੂ ਜਲ ਸਪਲਾਈ ਸਕੀਮਾਂ ਤੇ ਦਫਤਰਾਂ ਵਿਚ ਵੱਖ-ਵੱਖ ਪੋਸਟਾਂ ਤੇ ਰੈਗੂਲਰ ਮੁਲਾਜ਼ਮਾਂ ਦੀ ਤਰ੍ਹਾਂ ਹੀ ਸੇਵਾਵਾਂ ਨਿਭਾਅ ਰਹੇ ਹਨ, ਇਸ ਲਈ ਉਕਤ ਇਨਲਿਸਟਮੈਂਟ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਪਿਛਲੇ ਲੰਮੇ ਸਮੇਂ ਦੇ ਤਜਰਬੇ ਦੇ ਅਧਾਰ ਤੇ ਵਿਭਾਗ 'ਚ ਸ਼ਾਮਲ ਕਰਕੇ ਰੈਗੂਲਰ ਕੀਤਾ ਜਾਵੇ।

ਬ੍ਰਾਂਚ ਪ੍ਰਧਾਨ ਗੁਰਮੀਤ ਸਿੰਘ ਆਲਮਕੇ ਮੰਗ ਕੀਤੀ ਕਿ ਪੇਂਡੂ ਜਲ ਸਪਲਾਈ ਸਕੀਮਾਂ ਦਾ ਪੰਚਾਇਤੀਕਰਨ/ਨਿੱਜੀਕਰਨ ਦੀਆਂ ਨੀਤੀਆਂ ਨੂੰ ਤੁਰੰਤ ਰੱਦ ਕੀਤਾ ਜਾਵੇ ਤਾਂ ਸਰਕਾਰ ਖੁਦ ਆਪ ਵਾਟਰ ਸਪਲਾਈ ਸਕੀਮਾਂ ਨੂੰ ਚਲਾਉਣ ਦੀ ਜ਼ਿੰਮੇਵਾਰੀ ਸੰਭਾਲੇ, ਕਿਉਂਕਿ ਵਾਟਰ ਸਪਲਾਈ ਸਕੀਮਾਂ ਜੋ ਪਹਿਲਾਂ ਪੰਚਾਇਤਾਂ ਨੂੰ ਹੈਂਡਓਵਰ ਕੀਤੀਆਂ ਗਈਆਂ ਸਨ, ਉਨ੍ਹਾਂ ਵਿਚੋਂ ਜ਼ਿਆਦਾਤਰ ਜਲ ਸਪਲਾਈ ਸਕੀਮਾਂ ਲਗਭਗ ਸਫ਼ੈਦ ਹਾਥੀ ਸਾਬਤ ਹੋ ਰਹੀਆਂ ਹਨ। ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਸਿੰਘ ਨੂਰ ਸਮੰਦ ਤੇ ਦਫਤਰੀ ਸਬ ਕਮੇਟੀ ਦੇ ਆਗੂ ਸੁਖਚੈਨ ਸਿੰਘ ਸੋਢੀ ਨੇ ਕਿਹਾ ਕਿ ਜ਼ਿਲ੍ਹਾ ਫ਼ਾਜ਼ਿਲਕਾ 'ਚ ਪਿੰਡ ਘੱਟਿਆਂਵਾਲਾ ਅਤੇ ਪੱਤਰੇਵਾਲਾ ਵਿਖੇ ਨਹਿਰੀ ਸਪਲਾਈ ਲਈ ਜੋ ਵੱਡੇ ਪ੍ਰੋਜੈਕਟ ਲਗਾਉਣ ਦਾ ਸਮਝੌਤਾ ਵੱਡੀਆਂ ਕੰਪਨੀਆਂ ਨਾਲ ਕੀਤਾ ਗਿਆ ਹੈ ਤੇ ਜ਼ਿਲ੍ਹੇ ਦੇ ਲਗਭਗ ਸਾਰੇ ਪਿੰਡਾਂ ਨੂੰ ਨਹਿਰੀ ਪਾਣੀ ਸਪਲਾਈ ਕਰਨ ਦੇ ਦਾਅਵੇ ਕੀਤੇ ਜਾ ਰਹੇ ਹਨ, ਇਹ ਪ੍ਰੋਜੈਕਟ ਤਿਆਰ ਹੋਣ ਨਾਲ ਪਿੰਡਾਂ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ ਨੂੰ ਚਲਾਉਣ ਦਾ ਪ੍ਰਬੰਧ ਵੀ ਨਿੱਜੀ ਹੱਥਾਂ ਵਿਚ ਚਲਾ ਜਾਵੇਗਾ ਹੈ, ਜਿਸ ਨਾਲ ਲੋਕਾਂ ਨੂੰ ਮਹਿੰਗੇ ਮੁੱਲ ਵਿਚ ਪਾਣੀ ਮਿਲੇਗਾ ਉਥੇ ਹੀ ਵਿਭਾਗ 'ਚ ਕੰਮ ਕਰਦੇ ਕਾਮਿਆਂ ਦਾ ਕੱਚਾ-ਪਿੱਲਾ ਰੁਜ਼ਗਾਰ ਖੋਹਣ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ, ਜਿਸ ਨੂੰ ਜਥੇਬੰਦੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ ਤੇ ਜਥੇਬੰਦੀ ਵਲੋਂ ਇਸ ਪ੍ਰਤੀ ਲੋਕ ਨੂੰ ਲਾਮਬੰਦ ਕਰਕੇ ਵੱਡੇ ਪੱਧਰ 'ਤੇ ਸੰਘਰਸ਼ ਵਿੱਢਿਆ ਜਾਵੇਗਾ।

# 'ਸਾਂਝਾ ਮਜ਼ਦੂਰ ਮੋਰਚਾ' ਕਰੇਗਾ ਬਠਿੰਡਾ ਸ਼ਹਿਰੀ ਦੇ ਵਿਧਾਇਕ ਦੇ ਘਰ ਵੱਲ ਰੋਸ ਮਾਰਚ

## ਅੱਕੇ ਪੇਂਡੂ ਮਜ਼ਦੂਰ ਪਿੰਡੋ-ਪਿੰਡ ਛੇੜਨਗੇ ਪਰਦਾ ਫਾਸ਼ ਮੁਹਿੰਮ



**ਬਠਿੰਡਾ (ਪੱਤਰ ਪ੍ਰੇਰਕ)**-'ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝਾ ਮੋਰਚਾ' 9 ਫਰਵਰੀ ਨੂੰ 'ਮੁੱਖ ਮੰਤਰੀ ਹਾਜ਼ਰ ਹੋ' ਮੁਹਿੰਮ ਤਹਿਤ ਬਠਿੰਡਾ ਸ਼ਹਿਰ ਦੇ ਵਿਧਾਇਕ ਜਗਰੂਪ ਸਿੰਘ ਗਿੱਲ ਦੇ ਘਰ ਵੱਲ ਵਿਸ਼ਾਲ ਰੋਸ ਮਾਰਚ ਕਰਕੇ ਮੁੱਖ ਮੰਤਰੀ ਤੋਂ ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ ਨੂੰ ਮੀਟਿੰਗ ਦਾ ਸਮਾਂ ਦੇਣ ਤੇ ਕਿਰਤੀ ਮੰਗਾਂ ਦਾ ਸਨਮਾਨਜਨਕ ਨਿਪਟਾਰਾ ਕਰਨ ਦੀ ਮੰਗ ਕਰੇਗਾ। ਇਹ ਰੋਸ ਮਾਰਚ ਮੁੱਖ ਮੰਤਰੀ ਭਗਵੰਤ ਮਾਨ ਦੀ ਦਲਿਤ ਵਿਰੋਧੀ ਮਾਨਸਿਕਤਾ ਤੇ ਬੇਜ਼ਮੀਨੇ-ਸਾਧਨਹੀਣ ਪੇਂਡੂ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਉਨ੍ਹਾਂ ਦੀ ਮੁਜਰਮਾਨਾ ਅਣਦੇਖੀ ਖਿਲਾਫ਼ ਕੀਤਾ ਜਾ ਰਿਹਾ ਹੈ।

ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾਈ ਆਗੂ ਪ੍ਰਿਤਪਾਲ ਸਿੰਘ ਰਾਮਪੁਰਾ ਦੀ ਪ੍ਰਧਾਨਗੀ ਹੇਠ ਹੋਈ ਮਜ਼ਦੂਰ ਮੋਰਚੇ 'ਚ ਸ਼ਾਮਲ ਬਠਿੰਡਾ ਜ਼ਿਲ੍ਹੇ ਦੀਆਂ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਵਿੱਤ ਸਕੱਤਰ ਸਾਥੀ ਮਹੀਪਾਲ ਨੇ ਦਿੱਤੀ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਹੈ ਕਿ ਸੂਬਾ ਸਰਕਾਰ ਤੇ ਮੁੱਖ ਮੰਤਰੀ ਦੀ ਕਿਰਤੀ ਦੋਖੀ ਪਹੁੰਚ ਖਿਲਾਫ਼ 15 ਤੋਂ 31 ਜਨਵਰੀ ਤੱਕ ਪਿੰਡਾਂ ਅੰਦਰ ਮੀਟਿੰਗਾਂ, ਰੈਲੀਆਂ, ਮੁਜ਼ਾਹਰੇ, ਮਸ਼ਾਲ ਮਾਰਚ, ਝੰਡਾ ਮਾਰਚ ਆਦਿ ਕਰਕੇ ਜ਼ੋਰਦਾਰ ਪਰਦਾਫਾਸ਼ ਮੁਹਿੰਮ ਚਲਾਈ ਜਾਵੇਗੀ।

ਮੀਟਿੰਗ ਵੱਲੋਂ ਪਾਣੀ ਨੂੰ ਪਲੀਤ ਕਰਨ ਵਾਲੀ ਸ਼ਰਾਬ ਫੈਕਟਰੀ ਬੰਦ ਕਰਾਉਣ ਲਈ ਚੱਲ ਰਹੇ ਸਰਬ ਸਾਂਝੇ ਲੋਕ ਘੋਲ, ਲਤੀਫ਼ਪੁਰਾ ਦੇ ਉਜਾੜ ਦਿੱਤੇ ਗਏ ਪਰਵਾਰਾਂ ਦੇ ਮੁੜ ਵਸੇਬੇ ਲਈ ਚੱਲ ਰਹੇ ਸੰਘਰਸ਼ ਅਤੇ ਹੋਰ ਸੰਘਰਸ਼ਸ਼ੀਲ ਵਰਗਾਂ ਦੇ ਨਿਆਂਸੰਗਤ ਘੋਲਾਂ ਦਾ ਡਟਵਾਂ ਸਮਰਥਨ ਕਰਨ ਦਾ ਐਲਾਨ ਕੀਤਾ ਗਿਆ ਹੈ।

ਮੀਟਿੰਗ ਨੂੰ ਮਜ਼ਦੂਰ ਆਗੂਆਂ ਜੋਰਾ ਸਿੰਘ ਨਸਰਾਲੀ (ਪੰਜਾਬ ਖੇਤ ਮਜ਼ਦੂਰ ਯੂਨੀਅਨ) ਪ੍ਰਕਾਸ਼ ਸਿੰਘ ਨੰਦਗੜ੍ਹ (ਦਿਹਾਤੀ ਮਜ਼ਦੂਰ ਸਭਾ), ਹਰਵਿੰਦਰ ਸਿੰਘ ਸੇਮਾ (ਮਜ਼ਦੂਰ ਮੁਕਤੀ ਮੋਰਚਾ ਪੰਜਾਬ) ਕੁਲਵੰਤ ਸਿੰਘ ਸੇਲਬਰਾ (ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ) ਸੁਖਪਾਲ ਸਿੰਘ ਖਿਆਲੀ ਵਾਲਾ (ਪੇਂਡੂ ਮਜ਼ਦੂਰ ਯੂਨੀਅਨ ਪੰਜਾਬ), ਅਮੀ ਲਾਲ (ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ), ਸੁਰਜੀਤ ਸਿੰਘ ਸਰਦਾਰਗੜ੍ਹ (ਪੰਜਾਬ ਖੇਤ ਮਜ਼ਦੂਰ ਸਭਾ) ਨੇ ਸੰਬੋਧਨ ਕੀਤਾ।

## ਕਾਤਰਾਂ

### ਰਾਜਵਿੰਦਰ ਕੌਰ ਦੇ ਆਏ 6.5 ਬੈਂਡ

**ਭਗਤਾ ਭਾਈਕਾ (ਰਾਜੀਵ ਗੋਇਲ)** ਫਲਾਈ ਐਬਰੌਡ ਆਈਲੈਟਸ ਤੇ ਇਮੀਗ੍ਰੇਸ਼ਨ ਸੈਂਟਰ ਦੇ ਮੈਨੇਜਿੰਗ ਡਾਇਰੈਕਟਰ ਲਾਟ ਸਾਹਿਬ ਜਲਾਲ ਨੇ ਦੱਸਿਆ ਕਿ ਰਾਜਵਿੰਦਰ ਕੌਰ ਪੁੱਤਰੀ ਸੁਰਜੀਤ ਸਿੰਘ ਵਾਸੀ ਭਗਤਾ ਭਾਈ ਕਾ ਨੇ 6.5 ਬੈਂਡ ਹਾਸਲ ਕਰਕੇ ਸੰਸਥਾ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ।

ਸੰਚਾਲਕ ਨੇ ਦੱਸਿਆ ਕਿ ਅਸੀਂ ਬੱਚੇ ਦੇ ਸਾਰੇ ਡਾਕੂਮੈਂਟ ਦੀ ਪੂਰੀ ਤਰ੍ਹਾਂ ਪੜਤਾਲ ਕਰਨ ਉਪਰੰਤ ਹੀ ਫਾਈਲ ਨੂੰ ਤਿਆਰ ਕੀਤਾ ਜਾਂਦਾ ਹੈ, ਕਿਉਂਕਿ ਇੱਕ ਵਾਰ ਰਿਜੈਕਟ ਹੋਇਆ ਵੀਜ਼ਾ ਬੱਚੇ ਦੇ ਭਵਿੱਖ ਵਿੱਚ ਉਲਝਣ ਖੜੀ ਕਰ ਸਕਦਾ ਹੈ।

### ਵੱਡੀ ਮਾਤਰਾ 'ਚ ਚੂਰਾ ਪੋਸਤ ਸਮੇਤ ਕਾਬੂ

**ਮਲੋਟ, (ਗੁਰਮੀਤ ਸਿੰਘ ਮੱਕੜ)**:-ਪੁਲਸ ਨੇ ਵੱਡੀ ਮਾਤਰਾ ਵਿਚ ਚੂਰਾ ਪੋਸਤ ਸਮੇਤ ਇੱਕ ਨੌਜਵਾਨ ਨੂੰ ਕਾਬੂ ਕੀਤਾ ਹੈ।

ਪੁਲਸ ਪਾਰਟੀ ਗਸ਼ਤ ਦੇ ਦੌਰਾਨ ਪਿੰਡ ਲੰਬੀ ਸੀ ਤਾਂ ਡੱਬਵਾਲੀ ਵੱਲੋਂ ਇੱਕ ਨੌਜਵਾਨ ਮਲਕੀਤ ਸਿੰਘ ਵਾਸੀ ਕੰਦੂਖੇੜਾ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਆ ਰਿਹਾ ਸੀ ਜੋ ਪੁਲਸ ਪਾਰਟੀ ਨੂੰ ਦੇਖ ਕੇ ਪਿੱਛੇ ਮੁੜਣ ਲੱਗਾ ਤਾਂ ਪੁਲਸ ਪਾਰਟੀ ਵਲੋਂ ਉਸਨੂੰ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ ਅਤੇ ਮੋਟਰਸਾਈਕਲ 'ਤੇ ਰੱਖੇ ਗੱਟੇ ਦੀ ਤਲਾਸ਼ੀ ਲੈਣ ਉਪਰੰਤ ਉਸ ਵਿਚੋਂ 5 ਕਿਲੋਂ ਚੂਰਾ ਪੋਸਤ ਬਰਾਮਦ ਕਰ ਲਿਆ। ਪੁਲਸ ਨੇ ਉਕਤ ਨੌਜਵਾਨ 'ਤੇ ਮੁਕੱਦਮਾ ਨੰ.05 ਧਾਰਾ 15ਬੀ/61/85 ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਆਈਲੈਟਸ ਸੈਂਟਰਾਂ ਤੇ ਇਮੀਗ੍ਰੇਸ਼ਨ ਏਜੰਟਾਂ ਨੂੰ ਚੇਤਾਵਨੀ

**ਧਰਮਕੋਟ (ਗੁਰਦੀਪ ਸਿੰਘ ਭੁੱਲਰ)** ਪੰਜਾਬ ਸਰਕਾਰ ਵੱਲੋਂ ਆਈਲੈਟਸ ਸੈਂਟਰਾਂ ਤੇ ਇਮੀਗ੍ਰੇਸ਼ਨ ਏਜੰਟਾਂ ਨੂੰ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਉਹ ਹਰ ਮਹੀਨੇ ਦੇ ਪਹਿਲੇ ਹਫ਼ਤੇ ਆਪਣੀ ਮਹੀਨਾਵਾਰ ਰਿਪੋਰਟ ਡੀ ਸੀ ਦਫ਼ਤਰਾਂ ਵਿੱਚ ਜਮ੍ਹਾਂ ਕਰਾਉਣ ਵਿੱਚ ਅਸਫ਼ਲ ਰਹਿੰਦੇ ਹਨ ਤਾਂ ਉਨ੍ਹਾਂ 'ਤੇ ਕਾਰਵਾਈ ਕੀਤੀ ਜਾਵੇਗੀ। ਜਿਹੜੇ ਆਈਲੈਟਸ ਸੈਂਟਰ ਤੇ ਇਮੀਗ੍ਰੇਸ਼ਨ ਏਜੰਟ ਸਰਕਾਰ ਦੇ ਹੁਕਮਾਂ ਦੀ ਪਾਲਣਾ ਨਹੀਂ ਕਰਨਗੇ, ਉਨ੍ਹਾਂ ਦਾ ਲਾਇਸੈਂਸ ਖਤਮ ਹੋ ਜਾਵੇਗਾ। ਇਸ ਤੋਂ ਇਲਾਵਾ ਬਿਨਾਂ ਲਾਇਸੈਂਸ ਤੋਂ ਚੱਲ ਰਹੇ ਸੈਂਟਰਾਂ ਖ਼ਿਲਾਫ਼ ਵੀ ਕੇਸ ਦਰਜ ਕੀਤਾ ਜਾਵੇਗਾ। ਜ਼ਿਲ੍ਹਿਆਂ ਦੇ ਡੀ ਸੀ ਅਫ਼ਸਰਾਂ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਆਈਲੈਟਸ ਸੈਂਟਰਾਂ ਤੇ ਇਮੀਗ੍ਰੇਸ਼ਨ ਏਜੰਟਾਂ ਨੂੰ ਨੋਟਿਸ ਭੇਜਣ, ਜੋ ਸਰਕਾਰੀ ਹੁਕਮਾਂ ਦੀ ਪਾਲਣਾ ਨਹੀਂ ਕਰਦੇ। ਜੇਕਰ ਉਹ ਜਵਾਬ ਨਹੀਂ ਦਿੰਦੇ ਤਾਂ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦਾ ਲਾਇਸੈਂਸ ਰੱਦ ਕਰ ਦੇਵੇਗਾ।

### ਨਜਾਇਜ਼ ਮਾਈਨਿੰਗ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਮਮਦੋਟ (ਜਸਬੀਰ ਸਿੰਘ ਕੰਬੋਜ)** ਜ਼ਿਲ੍ਹਾ ਫ਼ਿਰੋਜ਼ਪੁਰ ਅਧੀਨ ਆਉਂਦੇ ਪੁਲਸ ਥਾਣਾ ਲੱਖੋ ਕੇ ਬਹਿਰਾਮ ਦੀ ਪੁਲਸ ਵੱਲੋਂ ਰੇਤਾ ਦੀ ਨਜਾਇਜ਼ ਮਾਈਨਿੰਗ ਕਰਨ ਵਾਲੇ ਦੋ ਭਰਾਵਾਂ ਖਿਲਾਫ਼ ਮੁਕੱਦਮਾ ਦਰਜ ਕੀਤਾ ਗਿਆ ਹੈ। ਪੁਲਸ ਥਾਣਾ ਲੱਖੋ ਕੇ ਬਹਿਰਾਮ ਦੇ ਥਾਣਾ ਮੁਖੀ ਬਚਨ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਹੁਕਮਾਂ ਤੇ ਨਜਾਇਜ਼ ਮਾਇਨਿੰਗ ਕਰਨ ਵਾਲਿਆਂ ਖਿਲਾਫ਼ ਅਰੰਭੀ ਮੁਹਿੰਮ ਤਹਿਤ ਉਪ ਮੰਡਲ ਅਫ਼ਸਰ ਕਮ ਸਹਾਇਕ ਜ਼ਿਲ੍ਹਾ ਮਾਈਨਿੰਗ ਅਫ਼ਸਰ ਵੱਲੋਂ ਸ਼ਿਕਾਇਤ ਮਿਲੀ ਸੀ ਕਿ ਉਨ੍ਹਾਂ ਵੱਲੋਂ ਕੀਤੀ ਚੈਕਿੰਗ ਦੌਰਾਨ ਰੇਤ ਦੀ ਨਜਾਇਜ਼ ਨਿਕਾਸੀ ਅਤੇ ਮਿੱਟੀ ਦੇ ਨਿਸ਼ਾਨ ਪਾਏ ਗਏ ਹਨ, ਜਿਸ ਦੇ ਤਹਿਤ ਹਰਜਿੰਦਰ ਸਿੰਘ ਤੇ ਧਰਮਿੰਦਰ ਸਿੰਘ ਉਰਫ਼ ਲੱਡੂ ਪੁੱਤਰਾਨ ਖਾਨਾ ਸਿੰਘ ਵਾਸੀ ਹਾਮਦ ਖਿਲਾਫ ਮੁਕੱਦਮਾ ਦਰਜ ਕਰ ਦਿੱਤਾ ਗਿਆ ਹੈ।

### ਟੱਕਰ 'ਚ ਸਾਈਕਲ ਸਵਾਰ ਦੋ ਦੀ ਮੌਤ

**ਮਲੋਟ, (ਗੁਰਮੀਤ ਸਿੰਘ ਮੱਕੜ)** ਥਾਣਾ ਕਬਰਵਾਲਾ ਪੁਲਸ ਨੇ ਕਾਰ ਅਤੇ ਸਾਈਕਲ ਦੀ ਟੱਕਰ 'ਚ ਸਾਈਕਲ ਸਵਾਰ ਦੀ ਮੌਤ ਹੋ ਜਾਣ 'ਤੇ ਕਾਰ ਚਾਲਕ ਵਿਰੁੱਧ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿਚ ਸੁਖਵਿੰਦਰ ਕੌਰ ਵਾਸੀ ਕੋਟਭਾਈ ਨੇ ਦੱਸਿਆ ਕਿ ਉਹ ਆਪਣੇ ਪਿਤਾ ਨੂੰ ਮਿਲਣ ਜਾ ਰਹੀ ਸੀ ਤਾਂ ਜਦੋਂ ਉਸਦਾ ਪਿਤਾ ਗੁਰਪ੍ਰੀਤਮ ਸਿੰਘ ਆਪਣੇ ਸਾਈਕਲ 'ਤੇ ਸਵਾਰ ਹੋ ਕੇ ਜਦੋਂ ਪਿੰਡ ਗੁਰੂਸਰ ਤੋਂ ਕਬਰਵਾਲਾ ਨੂੰ ਜੀ.ਟੀ. ਰੋਡ ਕਰਾਸ ਕਰਨ ਲੱਗਾ ਤਾਂ ਇੱਕ ਤੇਜ਼ ਰਫ਼ਤਾਰ ਕਾਰ ਸਵਿਫ਼ਟ ਜਿਸ ਨੂੰ ਨਰਿੰਦਰ ਸਿੰਘ ਵਾਸੀ ਅਬੋਹਰ ਚਲਾ ਰਿਹਾ ਸੀ ਨੇ ਉਸਦੇ ਪਿਤਾ ਨੂੰ ਟੱਕਰ ਮਾਰੀ, ਜਿਸ 'ਤੇ ਉਸਦਾ ਪਿਤਾ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ ਜੋ ਕਿ ਜੇਰੇ ਇਲਾਜ ਸੀ, ਜਿਸਦੀ ਮੌਤ ਹੋ ਗਈ ਹੈ।

ਪੁਲਸ ਨੇ ਬਿਆਨਾਂ ਦੇ ਆਧਾਰ 'ਤੇ ਕਾਰ ਚਾਲਕ ਵਿਰੁੱਧ ਮੁਕੱਦਮਾ ਨੰ.09 ਧਾਰਾ 279,304ਏ, 427 ਆਈ.ਪੀ.ਸੀ. ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਧੀਆਂ ਅੱਜ ਹਰ ਖੇਤਰ 'ਚ ਮੋਹਰੀ : ਡਾ. ਔਂਜਲਾ



**ਤਪਾ/ਰੂੜੇਕੇ ਕਲਾਂ, (ਰਜਿੰਦਰ ਬਰਾੜ, ਰਾਕੇਸ਼ ਨੀਟਾ)**-ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਤੇ ਸਿਵਲ ਸਰਜਨ ਬਰਨਾਲਾ ਡਾ ਜਸਬੀਰ ਸਿੰਘ ਔਲਖ ਦੇ ਦਿਸ਼ਾ ਨਿਰਦੇਸ਼, ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਪਰਵੇਸ਼ ਕੁਮਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਧਨੌਲਾ ਡਾ. ਸਤਵੰਤ ਸਿੰਘ ਔਜਲਾ ਦੀ ਅਗਵਾਈ ਹੇਠ ਹੈਲਥ ਅਤੇ ਵੈੱਲਨੈੱਸ ਸੈਂਟਰ ਪਿੰਡ ਰੂੜੇਕੇ ਕਲਾਂ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਜੀਆ ਵਿਖੇ ਪੀਐਨਡੀਟੀ ਐਕਟ ਅਤੇ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਤਹਿਤ ਜਾਗਰੂਕਤਾ ਦੇ ਉਦੇਸ਼ ਨਾਲ 'ਧੀਆਂ ਦੀ ਲੋਹੜੀ' ਪ੍ਰੋਗਰਾਮ ਕਰਾਇਆ ਗਿਆ।

ਸਮਾਗਮ ਵਿਚ ਐੱਸਐਮਓ ਡਾ. ਸਤਵੰਤ ਸਿੰਘ ਔਜਲਾ, ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਕੁਲਦੀਪ ਸਿੰਘ ਮਾਨ, ਬਲਾਕ ਐਕਸਟੈਂਸ਼ਨ ਐਜੂਕੇਟਰ ਬਲਰਾਜ ਸਿੰਘ, ਹੈਲਥ ਇੰਸਪੈਕਟਰ ਰਣਜੀਵ ਕੁਮਾਰ, ਲਖਵਿੰਦਰ ਸਿੰਘ, ਪ੍ਰਿੰਸੀਪਲ ਸ.ਸੀ.ਸੈ.ਸਕੂਲ ਰਾਜੀਆ ਪਰਮਿੰਦਰ ਕੌਰ, ਸਰਪੰਚ ਮਨਜਿੰਦਰ ਸਿੰਘ ਸੀ ਐਚ ਓ ਗੁਰਪ੍ਰੀਤ ਕੌਰ ਨੇ ਦੱਸਿਆ ਕਿ ਸਿਹਤ ਤੇ ਪਰਵਾਰ ਭਲਾਈ ਵਿਭਾਗ ਵਲੋਂ ਇਹ ਪ੍ਰੋਗਰਾਮ ਕਰਾਉਣ ਦਾ ਮਕਸਦ ਸਮਾਜ 'ਚ ਧੀਆਂ ਪ੍ਰਤੀ ਲੋਕਾਂ ਦੀ ਸੋਚ ਨੂੰ ਬਦਲਣ ਤੇ ਧੀਆਂ ਨੂੰ ਵੀ ਪੁੱਤਰਾਂ ਦੀ ਤਰ੍ਹਾਂ ਬਰਾਬਰੀ ਤੇ ਸਾਰੀਆਂ ਸਹੂਲਤਾਂ ਦੇਣ ਦਾ ਸੁਨੇਹਾ ਦੇਣਾ ਹੈ।

ਬੁਲਾਰਿਆਂ ਨੇ ਪੀ.ਐਨ.ਡੀ.ਟੀ. ਐਕਟ ਬਾਰੇ ਦੱਸਿਆ ਕਿ ਗਰਭ 'ਚ ਪਲ ਰਹੇ ਬੱਚੇ ਦਾ ਲਿੰਗ ਪਤਾ ਕਰਨ ਤੇ ਭਰੂਣ ਹੱਤਿਆ ਕਰਨਾ ਸਜ਼ਾਯੋਗ ਅਪਰਾਧ ਹੈ। ਉਨ੍ਹਾਂ ਇਸ ਮੌਕੇ ਕਿਹਾ ਕਿ ਦੁਨੀਆਂ ਭਰ ਵਿਚ ਲੜਕੀਆਂ ਹਰ ਖੇਤਰ ਵਿੱਚ ਮੋਹਰੀ ਹੋ ਕੇ ਸਮਾਜ ਉਸਾਰੂ ਭੂਮਿਕਾ ਅਦਾ ਕਰ ਰਹੀਆਂ ਹਨ। ਇਸ ਮੌਕੇ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਬਾਲੜੀ ਰੱਖਿਆ ਯੋਜਨਾ, ਜਨਨੀ ਸੁਰੱਖਿਆ ਯੋਜਨਾ, ਪੰਘੂੜਾ ਯੋਜਨਾ, ਪੰਜ ਸਾਲ ਤੱਕ ਦੀਆਂ ਲੜਕੀਆਂ ਦਾ ਮੁਫ਼ਤ ਇਲਾਜ ਤੇ ਹੋਰ ਸੁਵਿਧਾਵਾਂ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਨਵਜੰਮੀਆਂ ਧੀਆਂ ਨੂੰ ਸੂਟ, ਰਿਊੜੀਆਂ-ਮੂੰਗਫ਼ਲੀਆਂ ਵੰਡੀਆਂ ਗਈਆਂ।

ਇਸ ਮੌਕੇ ਪਿੰਡ ਦੇ ਸਰਪੰਚ ਸੋਨੀ ਸਿੰਘ, ਸਿਹਤ ਕਰਮਚਾਰੀ ਗੁਰਮੀਤ ਸਿੰਘ, ਬੂਟਾ ਸਿੰਘ ਮਨਦੀਪ ਕੌਰ, ਗੁਰਮੀਤ ਕੌਰ, ਪਿੰਡ ਦੀਆਂ ਆਸ਼ਾ ਵਰਕਰਾਂ ਤੇ ਹੋਰ ਲੋਕ ਮੌਜੂਦ ਸਨ।

# ਪਾਰਲੀਮੈਂਟ ਮਾਰਚ 'ਚ ਨਰੇਗਾ ਮਜ਼ਦੂਰ ਵੱਡੀ ਗਿਣਤੀ 'ਚ ਲੈਣਗੇ ਭਾਗ : ਜਗਸੀਰ ਖੋਸਾ

**ਮੋਗਾ (ਅਮਰਜੀਤ ਬੱਬਰੀ)**-ਨਰੇਗਾ ਮਜ਼ਦੂਰਾਂ ਵੱਲੋਂ 20 ਜਨਵਰੀ ਨੂੰ ਕੀਤੇ ਜਾ ਰਹੇ ਪਾਰਲੀਮੈਂਟ ਮਾਰਚ ਵਿੱਚ ਪੰਜਾਬ ਦੇ ਨਰੇਗਾ ਮਜ਼ਦੂਰ ਵੱਡੀ ਗਿਣਤੀ ਵਿੱਚ ਭਾਗ ਲੈਣਗੇ। ਇਸ ਗੱਲ ਦੀ ਜਾਣਕਾਰੀ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੇ ਜਨਰਲ ਸਕੱਤਰ ਜਗਸੀਰ ਖੋਸਾ ਨੇ ਦਿੱਤੀ।

ਉਨ੍ਹਾਂ ਅੱਗੇ ਕਿਹਾ ਕਿ ਏਟਕ ਦੇ ਝੰਡੇ ਥੱਲੇ ਦੇਸ ਭਰ ਦੇ ਨਰੇਗਾ ਮਜ਼ਦੂਰ 20 ਜਨਵਰੀ ਨੂੰ ਨਰੇਗਾ ਮਜ਼ਦੂਰਾਂ ਦੀਆਂ ਮੰਗਾਂ ਅਤੇ ਮਸਲਿਆਂ ਨੂੰ ਹੱਲ ਕਰਾਉਣ ਲਈ ਪਾਰਲੀਮੈਂਟ ਮਾਰਚ ਅਤੇ ਕਨਵੈਨਸ਼ਨ ਕਰ ਰਹੇ ਹਨ। ਸਾਥੀ ਕਸ਼ਮੀਰ ਸਿੰਘ ਗਦਾਈਆ ਦੀ ਪ੍ਰਧਾਨਗੀ ਹੇਠ ਹੋਈ ਸਟੇਟ ਕਮੇਟੀ ਦੀ ਮੀਟਿੰਗ ਦੇ ਫੈਸਲਿਆਂ ਮੁਤਾਬਕ ਮੋਗਾ, ਮੁਕਤਸਰ, ਫ਼ਰੀਦਕੋਟ, ਬਰਨਾਲਾ, ਪਟਿਆਲਾ, ਅੰਮ੍ਰਿਤਸਰ, ਤਰਨਤਾਰਨ, ਫ਼ਾਜ਼ਿਲਕਾ ਆਦਿ ਜ਼ਿਲ੍ਹਿਆਂ ਵਿਚੋਂ ਨਰੇਗਾ ਮਜ਼ਦੂਰ ਇਸ ਮਾਰਚ ਵਿੱਚ ਹਿੱਸਾ ਲੈਣਗੇ। ਜਗਸੀਰ ਖੋਸਾ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀ ਨਰੇਗਾ ਮਜ਼ਦੂਰਾਂ ਪ੍ਰਤੀ ਬੇਰੁਖੀ ਦਾ ਪਤਾ ਇਸ ਗੱਲ ਤੋਂ ਲੱਗਦਾ ਹੈ ਕਿ ਪੰਜਾਬ ਵਿੱਚ 13 ਲੱਖ ਦੇ ਕਰੀਬ ਐਕਟਿਵ ਜਾਬ ਕਾਰਡ ਹਨ ਤੇ ਚਾਲੂ ਵਿੱਤੀ ਸਾਲ ਦੇ ਲਗਭਗ 10 ਮਹੀਨੇ ਬੀਤ ਰਹੇ ਹਨ, ਪਰ ਹਾਲੇ ਤੱਕ ਪੰਜਾਬ ਵਿੱਚ ਸਿਰਫ 8 ਹਜ਼ਾਰ ਦੇ ਲਗਭਗ ਹੀ ਜਾਬ ਕਾਰਡਾਂ ਤੇ 100 ਦਿਨ ਕੰਮ ਦਿੱਤਾ ਗਿਆ ਹੈ, ਜੋ 1 ਪ੍ਰਤੀਸ਼ਤ ਵੀ ਨਹੀਂ ਬਣਦਾ। ਨਰੇਗਾ ਮਜ਼ਦੂਰਾਂ ਨੂੰ ਕੰਮ ਵਾਲੀ ਜਗ੍ਹਾ 'ਤੇ ਫਸਟ ਏਡ ਬਾਕਸ, ਸਾਫ਼ ਪੀਣ ਵਾਲੇ ਪਾਣੀ ਅਤੇ ਛਾਂ ਆਦਿ ਦੀਆਂ ਸਹੂਲਤਾਂ ਵੀ ਨਾਮਾਤਰ ਹੀ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਰੇਗਾ ਮਜ਼ਦੂਰਾਂ ਨੂੰ ਮੰਗਣ ਦੇ ਬਾਵਜੂਦ ਕੰਮ ਦੀਆਂ ਅਰਜ਼ੀਆਂ ਦੀਆਂ ਰਸੀਦਾਂ ਨਹੀਂ ਦਿੱਤੀਆਂ ਜਾ ਰਹੀਆਂ, ਜਿਸ ਕਾਰਨ ਉਨ੍ਹਾਂ ਨੂੰ ਕੰਮ ਜਾਂ ਬੇਰੁਜ਼ਗਾਰੀ ਦੀ ਕਾਨੂੰਨੀ ਗਾਰੰਟੀ ਨਹੀਂ ਮਿਲ ਰਹੀ। ਇਨ੍ਹਾਂ ਬੇਨਿਯਮੀਆਂ ਵਿਰੁੱਧ ਮਜ਼ਦੂਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਦਾ ਪ੍ਰਗਟਾਵਾ ਆਉਣ ਵਾਲੇ ਸਮੇਂ ਵਿੱਚ ਨਰੇਗਾ ਮਜ਼ਦੂਰ ਕਰਨਗੇ। ਮੀਟਿੰਗ ਵਿੱਚ ਇਹ ਵੀ ਫ਼ੈਸਲਾ ਕੀਤਾ ਗਿਆ ਕਿ ਨਰੇਗਾ ਨੂੰ ਬਿਨਾਂ ਰਾਜਨੀਤਕ ਦਬਾਅ ਦੇ ਪਾਰਦਰਸੀ ਤਰੀਕੇ ਨਾਲ ਚਲਾਉਣ, ਕੰਮ ਦਿਨਾਂ ਦੀ ਗਾਰੰਟੀ 200 ਦਿਨ ਕਰਨ, ਦਿਹਾੜੀ ਰੇਟ 700 ਰੁਪਏ, ਮੇਟਾਂ ਨੂੰ ਸਕਿਲਡ ਲੇਬਰ ਦੀ ਵੇਜ ਲਾਗੂ ਕਰਾਉਣ ਲਈ ਸੰਘਰਸ਼ ਤੇਜ਼ ਕੀਤਾ ਜਾਵੇਗਾ।

# ਅਸੀਜਾ ਦੀ ਅਗਵਾਈ 'ਚ ਮੁੱਖ ਮੰਤਰੀ ਦਾ ਪੁਤਲਾ ਫੂਕਿਆ

**ਮਲੋਟ, ਲੰਬੀ, (ਓਮ ਪ੍ਰਕਾਸ਼ ਸੇਖੂ)** : ਪੂਰੇ ਪੰਜਾਬ ਵਿੱਚ ਉੱਚ ਪੱਧਰ ਦੇ ਪ੍ਰਸ਼ਾਸਨਿਕ ਅਧਿਕਾਰੀ ਆਈ ਪੀ ਐਸ,ਪੀ ਸੀ ਐਸ ਵੱਲੋਂ ਹੜਤਾਲ 'ਤੇ ਜਾਣ ਕਾਰਨ ਆਮ ਜਨਤਾ ਨੂੰ ਹੋਰ ਖੱਜਲ ਖੁਆਰੀ ਤੋਂ ਜਾਣੂ ਕਰਾਉਣ ਲਈ ਭਾਰਤੀ ਜਨਤਾ ਪਾਰਟੀ ਦੇ ਪ੍ਰਧਾਨ ਅਸ਼ਵਨੀ ਕੁਮਾਰ ਸ਼ਰਮਾ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਵੱਲੋਂ ਜ਼ਿਲ੍ਹਾ ਪ੍ਰਧਾਨ ਸਤੀਸ਼ ਕੁਮਾਰ ਅਸੀਜਾ ਦੀ ਅਗਵਾਈ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਪ੍ਰਧਾਨ ਸਤੀਸ਼ ਕੁਮਾਰ ਅਸੀਜਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਅਫ਼ਸਰਾਂ ਦੇ ਝਗੜੇ ਵਿੱਚ ਆਮ ਜਨਤਾ ਦੀ ਖੱਜਲ-ਖੁਆਰੀ ਹੋਈ ਹੈ। ਅੱਜ ਦਾ ਇਹ ਪ੍ਰੋਗਰਾਮ ਪੰਜਾਬ ਸਰਕਾਰ ਨੂੰ ਕੁੰਭਕਰਨੀ ਨੀਂਦ ਤੋਂ ਜਗਾਉਣਾ ਹੈ ਤਾਂ ਜੋ ਉਨ੍ਹਾਂ ਨੂੰ ਪੰਜਾਬ ਦੇ ਆਮ ਲੋਕਾਂ ਦੀਆਂ ਮੁਸ਼ਕਲਾਂ ਦਾ ਪਤਾ ਲੱਗ ਸਕੇ। ਇਸ ਮੌਕੇ ਸੁਭਾਸ਼ ਗੂੰਬਰ ਰਵਿੰਦਰ ਕੁਮਾਰ ਬਾਂਸਲ, ਗੁਰਸੇਵਕ ਸਿੰਘ ਸੇਖੋਂ, ਅੰਗਰੇਜ ਸਿੰਘ ਊੜਾਗ, ਕਾਰਜ ਸਿੰਘ ਵਿਰਕ, ਸੁਸ਼ੀਲ ਗਰੋਵਰ, ਅਸ਼ੋਕ ਗਾਬਾ, ਗੁਰਬੀਰ ਸਿੰਘ ਸੰਧੂ ਹਾਜ਼ਰ ਸਨ। ਭਾਜਪਾ ਕਾਰਕੁੰਨਾਂ ਨੇ ਮਾਨ ਦਾ ਪੁਤਲਾ ਫੂਕਿਆ।

# ਆਕਸਫੋਰਡ ਦੇ ਦੋ ਵਿਦਿਆਰਥੀਆਂ ਨੇ ਸਾਇੰਸ ਖੇਤਰ 'ਚ ਮਾਰੀਆਂ ਮੱਲਾਂ




**ਭਗਤਾ ਭਾਈ ਕਾ, (ਰਾਜੀਵ ਗੋਇਲ)** ਸੈਸ਼ਨ 2022-2023 ਲਈ ਆਕਸਫੋਰਡ ਸਕੂਲ ਦੀ ਵਿਦਿਆਰਥਣ ਗੁਰਨੂਰ ਕੌਰ ਪੁੱਤਰੀ ਹਰਮਨਦੀਪ ਸਿੰਘ, ਕਲਾਸ ਅੱਠਵੀਂ, ਵਾਸੀ ਕੋਠਾ ਗੁਰੂ ਕਾ ਤੇ ਸੱਤਵੀਂ ਕਲਾਸ ਦਾ ਵਿਦਿਆਰਥੀ ਤਰਨਵੀਰ ਸ਼ਰਮਾ ਪੁੱਤਰ ਕੁਲਦੀਪ ਸ਼ਰਮਾ, ਵਾਸੀ ਕੋਠਾ ਗੁਰੂ ਕਾ ਦੀ ਚੋਣ ਹੋਈ ਹੈ। ਇਨ੍ਹਾਂ ਵਿਦਿਆਰਥੀਆਂ ਨੇ ਆਪਣੇ ਪ੍ਰੋਜੈਕਟ ਦੀ ਥਿਊਰੀ ਨੂੰ ਆਨਲਾਈਨ ਹੀ ਇਸ ਸੰਸਥਾ ਨੂੰ ਜਮ੍ਹਾਂ ਕਰਾਇਆ ਸੀ।

'ਅਟਲ ਟਿੰਕਰਿੰਗ ਲੈਬ' ਦੇ ਇੰਚਾਰਜ ਸ੍ਰੀ ਹਰੀਸ਼ਰਨ ਅਗਰਵਾਲ ਨੇ ਵਧੇਰੇ ਵਿਸਥਾਰ ਨਾਲ ਦੱਸਿਆ ਕਿ ਗੁਰਨੂਰ ਕੌਰ ਨੇ 'ਡਿਜ਼ੀਟਲ ਕੁਇਨ ਸਰਟਿੰਗ ਮਸ਼ੀਨ' ਦਾ ਪ੍ਰੋਜੈਕਟ ਤਿਆਰ ਕਰਨਾ ਹੈ ਤੇ ਤਰਨਵੀਰ ਸ਼ਰਮਾ ਨੇ ਸਮਾਰਟ ਆਈ.ਆਰ.ਸਵਿੱਚ ਦਾ ਪ੍ਰੋਜੈਕਟ ਤਿਆਰ ਕਰਨਾ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਪ੍ਰੋਜੈਕਟ ਸਰਕਾਰ ਵੱਲੋਂ ਦਿੱਤੀ ਮਿਤੀ ਅਨੁਸਾਰ ਬਠਿੰਡਾ ਵਿਖੇ ਡਿਸਪਲੇਅ ਕੀਤੇ ਜਾਣਗੇ।

ਵਰਣਨਯੋਗ ਹੈ ਕਿ ਦਿੱਲੀ ਦੀ ਇਸ ਸੰਸਥਾ ਵੱਲੋਂ 10,000-10,000 ਰੁਪਏ ਵੀ ਇਨ੍ਹਾਂ ਦੋਹਾਂ ਵਿਦਿਆਰਥੀਆਂ ਨੂੰ ਦਿੱਤੇ ਜਾਣਗੇ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਬਾਕੀ ਵਿਦਿਆਰਥੀਆਂ ਨੂੰ ਵੀ ਇਨ੍ਹਾਂ ਤੋਂ ਪ੍ਰੇਰਣਾ ਲੈਣ ਲਈ ਪ੍ਰੇਰਿਤ ਕੀਤਾ ਤੇ ਲੈਬ ਇੰਚਾਰਜ ਨੂੰ ਵੀ ਵਧਾਈ ਦਿੱਤੀ।

ਇਸ ਸਮੇਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ' (ਵਾਈਸ ਚੇਅਰਮੈਨ) ਵੀ ਮੌਜੂਦ ਸਨ।

# ਛੋਟੇ ਉਦਮੀਆਂ ਤੇ ਸਵੈ-ਸਹਾਇਤਾ ਗਰੁੱਪਾਂ ਨੂੰ ਸਬਸਿਡੀ ਅਧਾਰਤ ਸਕੀਮਾਂ ਬਾਰੇ ਕੀਤਾ ਜਾਗਰੂਕ

**ਬਰਨਾਲਾ, (ਰਜਿੰਦਰ ਬਰਾੜ, ਗੁਰਪ੍ਰੀਤ ਸਿੰਘ)**-ਪੰਜਾਬ ਐਗਰੋ ਫੂਡ ਕਾਰਪੋਰੇਸ਼ਨ ਲਿਮਟਿਡ ਪੰਜਾਬ ਵੱਲੋਂ ਪੀਐਮਐਫਐਮਈ ਸਕੀਮ ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਛੋਟੇ ਉਦਮੀਆਂ ਅਤੇ ਸਵੈ ਸਹਾਇਤਾ ਗਰੁੱਪਾਂ ਆਦਿ ਲਈ ਜਾਗਰੂਕਤਾ ਸੈਮੀਨਾਰ ਕਰਾਇਆ ਗਿਆ। ਇਹ ਸੈਮੀਨਾਰ ਜ਼ਿਲ੍ਹਾ ਉਦਯੋਗ ਕੇਂਦਰ ਬਰਨਾਲਾ ਦੇ ਸਹਿਯੋਗ ਨਾਲ ਕਰਾਇਆ ਗਿਆ। ਇਸ ਮੌਕੇ ਜਨਰਲ ਮੈਨੇਜਰ ਪੰਜਾਬ ਐਗਰੋ ਰਾਜੇਸ਼ ਤੁਲੀ ਨੇ ਫੂਡ ਪ੍ਰੋਸੈਸਿੰਗ ਯੂਨਿਟਾਂ ਵਾਸਤੇ ਅਤੇ ਉਤਪਾਦ ਦੀ ਮਾਰਕੀਟਿੰਗ ਵਾਸਤੇ ਸਬਸਿਡੀ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਵੱਖ-ਵੱਖ ਤਰ੍ਹਾਂ ਦੇ ਉਤਪਾਦਾਂ ਦੀ ਪ੍ਰੋਸੈਸਿੰਗ 'ਤੇ 35 ਫੀਸਦੀ ਤੱਕ ਦੀ ਸਬਸਿਡੀ ਅਤੇ ਮਾਰਕੀਟਿੰਗ ਆਦਿ 'ਤੇ 50 ਫੀਸਦੀ ਤੱਕ ਦੀ ਸਬਸਿਡੀ ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਜ਼ਿਲ੍ਹਾ ਉਦਯੋਗ ਕੇਂਦਰ ਵੱਲੋਂ ਪ੍ਰਧਾਨ ਮੰਤਰੀ ਰੋਜ਼ਗਾਰ ਸਿਰਜਨ ਪ੍ਰੋਗਰਾਮ ਅਧੀਨ ਸਰਕਾਰ ਵੱਲੋਂ ਸਵੈ ਰੋਜ਼ਗਾਰ ਸਥਾਪਿਤ ਕਰਨ ਬਾਰੇ ਦੱਸਿਆ ਗਿਆ।

ਮੈਨੂਫੈਕਚਰਿੰਗ ਯੂਨਿਟ ਲਈ 50 ਲੱਖ ਰੁਪਏ ਤੱਕ ਦਾ ਕਰਜ਼ਾ ਅਤੇ ਰਿਪੇਅਰ ਜਾਂ ਸਰਵਿਸ ਲਈ 20 ਲੱਖ ਰੁਪਏ ਦਾ ਕਰਜ਼ਾ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਸ਼ਹਿਰੀ 'ਚ 15 ਜਾਂ 25 ਫ਼ੀਸਦੀ ਅਤੇ ਪੇਂਡੂ ਖੇਤਰ 'ਚ 25 ਤੋਂ 35 ਫੀਸਦੀ ਤੱਕ ਦੀ ਸਬਸਿਡੀ ਵੀ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਹਰ ਜ਼ਿਲ੍ਹੇ 'ਚ ਰਿਸੋਰਸ ਪਰਸਨ ਹਨ, ਜਿਨ੍ਹਾਂ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਜੀਐਮ ਡੀਆਈਸੀ ਰਾਹੀਂ ਪੰਜਾਬ ਐਗਰੋ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ। ਇਸ ਮੌਕੇ ਲੀਡ ਬੈਂਕ ਮੈਨੇਜਰ ਮਹਿੰਦਰਪਾਲ ਗਰਗ, ਡਿਪਟੀ ਡਾਇਰੈਕਟਰ ਬਾਗਬਾਨੀ ਮਲਕੀਤ ਸਿੰਘ ਤੋਂ ਇਲਾਵਾ ਵੱਖ-ਵੱਖ ਅਧਿਕਾਰੀ, ਬੈਂਕਿੰਗ ਸਟਾਫ਼, ਸਵੈ ਸਹਾਇਤਾ ਗਰੁੱਪ, ਕਿਸਾਨ ਔਰਤਾਂ ਤੇ ਛੋਟੇ ਉਦਮੀ ਹਾਜ਼ਰ ਸਨ।

# ਬਿਜਲੀ ਦੇ ਕੱਟਾਂ ਕਾਰਨ ਇੰਡਸਟਰੀ ਤੇ ਦੁਕਾਨਦਾਰਾਂ ਦਾ ਹੋ ਰਿਹਾ ਨੁਕਸਾਨ

**ਮੱਖੂ, (ਰਛਪਾਲ ਸਿੰਘ ਸੰਧੂ)** ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨਾਲ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਸਨ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਪੰਜਾਬ ਵਾਸੀਆਂ ਨੂੰ 24 ਘੰਟੇ ਬਿਜਲੀ ਦੀ ਸਪਲਾਈ ਨਿਰਵਿਘਨ ਦਿੱਤੀ ਜਾਵੇਗੀ। ਪਰ ਹੁਣ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਸਿਰਫ਼ 9 ਮਹੀਨੇ ਹੀ ਹੋਏ ਹਨ ਕਿ ਪੰਜਾਬ ਵਿੱਚ ਬਿਜਲੀ ਦੇ ਲੱਗ ਰਹੇ ਕੱਟਾਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਵੱਡੇ-ਵੱਡੇ ਦਾਅਵਿਆਂ ਦੇ ਪੋਲ ਖੋਲ੍ਹ ਕੇ ਰੱਖ ਦਿੱਤੇ ਹਨ। ਕੜਾਕੇ ਦੀ ਪੈ ਰਹੀ ਠੰਢ ਦੇ ਬਾਵਜੂਦ ਵੀ ਪਾਵਰਕਾਮ ਵੱਲੋਂ ਰੋਜ਼ਾਨਾ ਹੀ ਬਿਜਲੀ ਦੇ ਅਨਐਲਾਨੇ ਕੱਟ ਲਾਏ ਜਾ ਰਹੇ ਹਨ। ਬਿਜਲੀ ਦੇ ਲੱਗ ਰਹੇ ਅਨਐਲਾਨੇ ਕੱਟਾਂ ਕਾਰਨ ਸ਼ਹਿਰ ਅਤੇ ਇਲਾਕਾ ਨਿਵਾਸੀ ਸੋਚਣ ਲਈ ਮਜਬੂਰ ਹਨ ਕਿ ਜੇ ਸਰਦੀ ਦੇ ਮੌਸਮ ਵਿਚ ਇਸ ਤਰ੍ਹਾਂ ਬਿਜਲੀ ਦੇ ਕੱਟ ਲੱਗ ਰਹੇ ਹਨ ਤਾਂ ਆਉਣ ਵਾਲੀਆਂ ਗਰਮੀਆਂ ਵਿੱਚ ਸ਼ਹਿਰਾਂ ਅਤੇ ਪਿੰਡਾਂ ਵਿੱਚ ਬਿਜਲੀ ਦੀ ਸਪਲਾਈ ਦਾ ਕੀ ਹਾਲ ਹੋਵੇਗਾ।

ਇੰਡਸਟਰੀ ਵਾਲਿਆਂ ਤੇ ਦੁਕਾਨਦਾਰਾਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਬਿਜਲੀ ਦੀ ਸਪਲਾਈ ਨਿਰਵਿਘਨ ਦਿੱਤੀ ਜਾਵੇ ਤਾਂ ਜੁ ਕਾਰੋਬਾਰ ਦੇ ਹੋ ਰਹੇ ਨੁਕਸਾਨ ਤੋਂ ਬਚਾਅ ਹੋ ਸਕੇ।

# ਨੈਨੋ-ਯੂਰੀਆ ਕਿਸਾਨਾਂ ਨੂੰ ਧੱਕੇ ਨਾਲ ਵੇਚਣਾ ਬੰਦ ਕੀਤਾ ਜਾਵੇ : ਕੁੱਲ ਹਿੰਦ ਕਿਸਾਨ ਸਭਾ



**ਦੋਰਾਹਾ, (ਪ.ਪ)** ਕੁੱਲ ਹਿੰਦ ਕਿਸਾਨ ਸਭਾ (1936) ਜ਼ਿਲ੍ਹਾ ਲੁਧਿਆਣਾ ਦੀ ਮੀਟਿੰਗ ਕੀਤੀ ਗਈ। ਜ਼ਿਲ੍ਹਾ ਕਾਰਜਕਾਰੀ ਪ੍ਰਧਾਨ ਜਸਵੀਰ ਝੱਜ, ਜਨਰਲ ਸਕੱਤਰ ਚਮਕੌਰ ਸਿੰਘ ਬਰਮੀ, ਮੀਤ ਪ੍ਰਧੀਨ ਜੰਗ ਸਿੰਘ ਸਿਰਥਲਾ ਤੇ ਵਿੱਤ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਦੱਸਿਆ ਕਿ ਸਰਕਾਰਾਂ ਕਿਸਾਨਾਂ ਨੂੰ ਲੁੱਟਣ ਦੇ ਨਿੱਤ ਨਵੇਂ ਰਾਹ ਕੱਢ ਲੈਂਦੀਆਂ ਹਨ। ਪਿਛਲੇ ਸਮੇਂ ਤੋਂ ਨੈਨੋ-ਤਰਲ ਯੂਰੀਆ ਧੱਕੇ ਨਾਲ ਵੇਚਿਆ ਜਾ ਰਿਹਾ ਹੈ, ਜਿਸ ਨੂੰ ਵਰਤਣ ਲਈ ਪੀ.ਏ.ਯੂ. (ਪੰਜਾਬ ਖੇਤੀਬਾੜੀ ਯੂਨੀਵਰਸਿਟੀ) ਲੁਧਿਆਣਾ ਵੀ ਸਿਫ਼ਾਰਸ਼ ਨਹੀਂ ਕਰਦੀ। ਜਦੋਂ ਖੇਤੀ ਮਾਹਿਰ ਹੀ ਕ੍ਰਭਕੋ ਦੁਆਰਾ ਬਣਾਈ ਤੇ ਇਫਕੋ ਰਾਹੀਂ ਧੱਕੇ ਨਾਲ ਵੇਚੇ ਜਾਂਦੇ ਨੈਨੋ-ਤਰਲ ਯੂਰੀਆ ਖਾਦ ਦੀ ਵਰਤੋਂ ਲਈ ਸਿਫ਼ਾਰਸ਼ ਨਹੀਂ ਕਰਦੇ ਤਾਂ ਸਿੱਧ ਹੋ ਜਾਂਦਾ ਹੈ ਕਿ ਇਹ ਕਿਸਾਨਾਂ ਦੀ ਸਿੱਧੀ ਲੁੱਟ ਹੈ। ਕਿਸਾਨ ਨੂੰ ਇਸ ਦੀ ਵਰਤੋਂ ਲਾਭ ਹਾਨੀ ਆਦਿ ਬਾਰੇ ਜਾਗਰੂਕ ਹੀ ਨਹੀਂ ਕੀਤਾ ਗਿਆ ਹੈ। ਪਹਿਲਾਂ ਡਾਈ ਖਾਦ ਨਾਲ ਤੇ ਹੁਣ ਯੂਰੀਆ ਖਾਦ ਨਾਲ ਖਾਦ ਵਿਕਰੇਤਾ ਧੱਕੇ ਨਾਲ ਵੇਚ ਰਹੇ ਹਨ।

ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਲੁਧਿਆਣਾ ਨੇ ਮੰਗ ਕੀਤੀ ਕਿ ਜੇਕਰ ਕਿਸਾਨਾਂ ਨਾਲ ਇਹ ਧੱਕੇਸ਼ਾਹੀ ਬੰਦ ਨਾ ਕੀਤੀ ਤਾਂ ਇਸ ਵਿਰੁੱਧ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰ ਸਰਕਾਰ ਹੋਵੇਗੀ। ਮੀਟਿੰਗ ਵਿੱਚ ਤਤਕਾਲੀ ਮੁੱਦੇ ਜਿਵੇਂ ਕਿ ਪਿਛਲੇ ਸਾਲਾਂ ਤੋਂ ਅਵਾਰਾ ਡੰਗਰਾਂ ਦੁਆਰਾ ਹੁੰਦੇ ਫ਼ਸਲਾਂ ਦੇ ਉਜਾੜੇ ਦਾ ਖਮਿਆਜ਼ਾ ਕਿਸਾਨ ਹੀ ਨਹੀਂ, ਆਮ ਲੋਕ ਵੀ ਭੁਗਤ ਰਹੇ ਹਨ। ਸੜਕਾਂ ਆਦਿ 'ਤੇ ਆਵਾਰਾ ਪਸ਼ੂ, ਹਾਦਸਿਆਂ ਦਾ ਕਾਰਨ ਬਣਦੇ ਹਨ, ਜਿਸ ਨਾਲ ਲੋਕਾਂ ਦੇ ਜਾਨ-ਮਾਲ ਦਾ ਨੁਕਸਾਨ ਹੋ ਰਿਹਾ ਹੈ। ਪਿਛਲੇ ਸਾਲਾਂ ਤੋਂ ਆਵਾਰਾ ਪਸ਼ੂਆਂ ਦੀ ਸਾਂਭ ਲਈ ਲਿਆ ਜਾਂਦਾ 'ਗਊ ਸੈਸ' ਕਿੱਥੇ ਜਾ ਰਿਹਾ ਹੈ, ਸਰਕਾਰ ਕੋਈ ਜਵਾਬ ਨਹੀਂ ਦੇ ਰਹੀ।

ਅੰਤ ਹਾਜ਼ਰੀਨ ਸਰਬਸੰਮਤੀ ਨਾਲ ਨੇ ਜੀਰਾ ਵਿਖੇ ਲੱਗੇ ਮਾਲਬਰੋਜ਼ ਸ਼ਰਾਬ ਫੈਕਟਰੀ ਪਿੰਡ ਮਨਸੂਰ ਵਾਲ ਕਲਾਂ ਨੂੰ ਬੰਦ ਕਰਾਉਣ ਲਈ ਵਿੱਢੇ ਸੰਘਰਸ਼ ਦੀ ਹਮਾਇਤ ਵਿੱਚ ਲੁਧਿਆਣਾ ਜ਼ਿਲ੍ਹੇ ਤੋਂ 16 ਜਨਵਰੀ ਨੂੰ ਭਰਵੀਂ ਸ਼ਮੂਲੀਅਤ ਦਾ ਐਲਾਨ ਕੀਤਾ। ਇਸ ਸਮੇਂ ਉੱਕਤ ਦੇ ਨਾਲ ਕੇਵਲ ਸਿੰਘ ਮਜ਼ਾਲੀਆਂ, ਮੋਹਣ ਸਿੰਘ ਕੋਠਾਲਾ, ਮਨੀ ਰੌਲ, ਪਰਮਜੀਤ ਸਿੰਘ ਦੁੱਗਰੀ, ਸਾਬਕਾ ਸਰਪੰਚ ਗੁਰਨਾਮ ਸਿੰਘ ਬਹਾਦਰਕੇ, ਅਮਨਜੀਤ ਸਿੰਘ ਸਿੱਧਵਾਂ, ਨਛੱਤਰ ਸਿੰਘ ਪੰਧੇਰਖੇੜੀ ਤੇ ਤਰਲੋਚਨ ਝਾਂਡੇ ਆਦਿ ਹਾਜ਼ਰ ਸਨ।

# ਭਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ ਅੱਜ



**ਮੋਗਾ (ਅਮਰਜੀਤ ਬੱਬਰੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ ਦੀ ਪ੍ਰਧਾਨਗੀ ਹੇਠ ਹੋਈ। ਆਗੂਆਂ ਨੇ ਦੱਸਿਆ ਕਿ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ 12 ਜਨਵਰੀ ਨੂੰ ਤਰਕਸ਼ੀਲ ਭਵਨ ਬਰਨਾਲਾ ਵਿਖੇ 11 ਵਜੇ ਔਰਤਾਂ ਦੀ ਸਿੱਖਿਆ ਮੀਟਿੰਗ ਸੱਦੀ ਗਈ ਹੈ, ਜਿਸ ਵਿੱਚ ਔਰਤਾਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ। ਉਨ੍ਹਾਂ ਇਹ ਵੀ ਦੱਸਿਆ ਕਿ 26 ਜਨਵਰੀ ਨੂੰ ਜੀਂਦ ਹਰਿਆਣਾ ਵਿਖੇ ਕਿਸਾਨ ਮੋਰਚੇ ਵੱਲੋਂ ਉਤਰੀ ਭਾਰਤ ਦੀਆਂ ਸਟੇਟਾਂ ਦਾ ਵੱਡਾ ਇਕੱਠ ਕੀਤਾ ਜਾ ਰਿਹਾ ਹੈ। ਉਸ ਵਿੱਚ ਮੋਗਾ ਜ਼ਿਲ੍ਹੇ ਨਾਲ ਸਬੰਧਤ ਕਿਸਾਨ ਨੌਜਵਾਨ ਤੇ ਔਰਤਾਂ ਵੱਡੀ ਗਿਣਤੀ ਵਿੱਚ ਪਹੁੰਚਣਗੇ ਤੇ ਉਨ੍ਹਾਂ ਦੀ ਤਿਆਰੀ ਲਈ ਪਿੰਡ-ਪਿੰਡ ਰੈਲੀਆਂ ਕੀਤੀਆਂ ਜਾਣਗੀਆਂ। ਮੀਟਿੰਗ ਵਿਚ ਇਹ ਵੀ ਫੈਸਲਾ ਕੀਤਾ ਗਿਆ ਕਿ ਪਿੰਡ ਕੋਕਰੀ ਕਲਾਂ ਵਿਖੇ ਕਿਸਾਨ ਭਗਵਾਨ ਸਿੰਘ ਤੇ ਗੁਰਦੇਵ ਸਿੰਘ ਦਾ ਪਰਵਾਰ ਜੋ 1947 ਵਿੱਚ ਪਾਕਿਸਤਾਨ ਤੋਂ ਉਜੜ ਕੇ ਆਇਆ ਸੀ, ਉਨ੍ਹਾਂ ਤੋਂ ਮਕਾਨ ਖਾਲੀ ਕਰਾਉਣ ਲਈ ਤਰਸੇਮ ਸਿੰਘ ਸਰਨਾ ਅਤੇ ਪ੍ਰਸ਼ਾਸਨ ਵੱਲੋਂ ਪੂਰਾ ਜ਼ੋਰ ਲਾਇਆ ਜਾ ਰਿਹਾ ਹੈ। ਉਨ੍ਹਾਂ ਦੇ ਮਕਾਨ 'ਤੇ ਧੱਕੇ ਨਾਲ ਕੀਤੇ ਜਾ ਰਹੇ ਕਾਰਜ ਨੂੰ ਰੋਕਣ ਲਈ ਜ਼ਿਲ੍ਹਾ ਕਮੇਟੀ ਮੋਗਾ ਵੱਲੋਂ ਕਿਸਾਨਾਂ ਨੂੰ ਵੱਡੀ ਗਿਣਤੀ ਵਿੱਚ 11 ਜਨਵਰੀ ਨੂੰ ਪਹੁੰਚਣ ਦਾ ਸੱਦਾ ਦਿੱਤਾ ਗਿਆ।

ਮੀਟਿੰਗ ਵਿਚ ਗੁਰਚਰਨ ਸਿੰਘ ਰਾਮਾ ਗੁਰਮੀਤ ਸਿੰਘ ਕਿਸ਼ਨਪੁਰਾ, ਹਰਿਮੰਦਰ ਸਿੰਘ ਦੇ ਬੂਟਾ ਸਿੰਘ ਭਾਗੀਕੇ, ਅਜੀਤ ਸਿੰਘ ਡੇਮਰੂ, ਗੁਰਦੇਵ ਸਿੰਘ ਕਿਸ਼ਨਪੁਰਾ ਕਲਾਂ ਤੇ ਜਸਵਿੰਦਰ ਸਿੰਘ ਸ਼ਾਮਲ ਹੋਏ।

# ਜਵੈਲਰਜ਼ 'ਤੇ ਕਾਤਲਾਨਾ ਹਮਲਾ ਕਰਕੇ ਲੁੱਟਣ ਵਾਲੇ ਸਮਾਨ ਸਮੇਤ ਕਾਬੂ



**ਤਪਾ ਮੰਡੀ (ਅਰੁਣ ਗੋਇਲ)** ਕੁੱਝ ਦਿਨ ਪਹਿਲਾਂ ਸਕੂਲ ਰੋਡ 'ਤੇ ਜਵੈਲਰਜ਼ ਦੀ ਦੁਕਾਨ 'ਤੇ ਕਾਤਲਾਨਾ ਹਮਲਾ ਕਰਕੇ ਸੋਨੇ ਦੇ ਗਹਿਣੇ ਲੁੱਟਣ ਵਾਲੇ ਲੁਟੇਰਿਆਂ ਨੂੰ ਪੁਲਸ ਨੇ ਗਹਿਣਿਆਂ ਸਮੇਤ ਕਾਬੂ ਕਰਕੇ ਵੱਡੀ ਸਫ਼ਲਤਾ ਪ੍ਰਾਪਤ ਕਰ ਲਈ ਹੈ।

ਡੀ.ਐਸ.ਪੀ ਰਵਿੰਦਰ ਸਿੰਘ ਰੰਧਾਵਾ ਨੇ ਦੱਸਿਆ ਕਿ ਐਸ.ਐਸ.ਪੀ ਸ੍ਰੀ ਸੰਦੀਪ ਮਲਿਕ ਦੇ ਨਿਰਦੇਸ਼ਾਂ 'ਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ਼ ਕਾਰਵਾਈ ਕਰਨ ਦੇ ਆਦੇਸ਼ਾਂ ਕਿ ਸੰਦੀਪ ਕੁਮਾਰ ਉਰਫ਼ ਸੋਨੂੰ ਪੁੱਤਰ ਦੇਵ ਰਾਜ ਸਕੂਲ ਰੋਡ 'ਤੇ ਸਥਿਤ ਜਵੈਲਰਜ਼ 'ਤੇ ਹਮਲਾ ਕਰਨ ਵਾਲੇ ਲੁਟੇਰੇ ਰੇਲਵੇ ਸਟੇਸ਼ਨ ਰਾਮਪੁਰਾ ਫੂਲ 'ਤੇ ਬੈਠੇ ਕੋਈ ਹੋਰ ਯੋਜਨਾ ਬਣਾ ਰਹੇ ਹਨ, ਜੇ ਕਾਬੂ ਕੀਤੇ ਜਾਣ ਤਾਂ ਕਾਬੂ ਆ ਸਕਦੇ ਹਨ।

ਗ੍ਰਿਫ਼ਤਾਰ ਕਰਨ ਵਾਲੀ ਪੁਲਸ ਪਾਰਟੀ, ਜਿਸ ਵਿੱਚ ਸੀ.ਆਈ ਏ ਸਟਾਫ਼ ਦੇ ਇੰਚਾਰਜ ਇੰਸ. ਬਲਜੀਤ ਸਿੰਘ, ਐਸ.ਐਚ.ਓ ਨਿਰਮਲਜੀਤ ਸਿੰਘ ਸੰਧੂ, ਚੌਂਕੀ ਇੰਚਾਰਜ ਗੁਰਪਾਲ ਸਿੰਘ ਦੀ ਅਗਵਾਈ 'ਚ ਪੁਲਸ ਪਾਰਟੀ ਨੇ ਤੁਰੰਤ ਹਰਕਤ 'ਚ ਆ ਕੇ ਲੁਟੇਰਿਆਂ ਨੂੰ ਕਾਬੂ ਕਰ ਲਿਆ ਹੈ, ਜਿਨ੍ਹਾਂ ਦੀ ਪਛਾਣ ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਪ੍ਰਗਟ ਸਿੰਘ ਤੇ ਸ਼ਨਪ੍ਰੀਤ ਸਿੰਘ ਉਰਫ਼ ਸ਼ਨੀ ਪੁੱਤਰ ਗੁਰਵਿੰਦਰ ਸਿੰਘ ਵਾਸੀਆਨ ਬੁਰਜ ਮਾਨਸ਼ਾਹੀਆਂ ਵਜੋਂ ਹੋਈ ਹੈ।

ਸੰਦੀਪ ਕੁਮਾਰ ਦੇ ਬਿਆਨਾਂ ਤੇ ਨਾਮਾਲੂਮ ਵਿਅਕਤੀਆਂ ਖਿਲਾਫ਼ ਵੱਖ-ਵੱਖ ਧਾਰਾਵਾਂ ਹੇਠ ਮਾਮਲਾ ਦਰਜ ਕੀਤਾ ਗਿਆ ਸੀ। ਪੁਲਸ ਨੇ ਲੁਟੇਰਿਆਂ ਤੋਂ ਸੋਨੇ ਚਾਂਦੀ ਦੇ ਲੁਟਿਆਂ ਸਮਾਨ ਤੇ ਸਿਰ 'ਚ ਮਾਰਨ ਵਾਲੀ ਹਥੌੜੀ ਸਮੇਤ ਘਟਨਾ ਸਮੇਂ ਵਰਤਿਆ ਮੋਟਰਸਾਇਕਲ ਵੀ ਬਰਾਮਦ ਕਰ ਲਿਆ ਹੈ। ਲੁਟੇਰਿਆਂ ਨੂੰ ਅਦਾਲਤ 'ਚ ਪੇਸ਼ ਕਰਕੇ ਹੋਰ ਪੁੱਛਗਿੱਛ ਕੀਤੀ ਜਾਵੇਗੀ ਤੇ ਹੋਰ ਵੱਡੇ ਖੁਲਾਸੇ ਹੋਣ ਦੀ ਸੰਭਾਵਨਾ ਹੈ। ਵਾਰਦਾਤ ਕਰਨ ਤੋਂ ਬਾਅਦ ਲੁਟੇਰੇ ਦਿੱਲੀ ਚਲੇ ਗਏ। ਪੁਲਸ ਨੇ ਦਿੱਲੀ ਵਿਖੇ ਵੀ ਛਾਪਾਮਾਰੀ ਕੀਤੀ, ਪਰ ਨਹੀਂ ਮਿਲੇ। ਇਹ ਲੁਟੇਰੇ ਨਸ਼ਾ ਕਰਨ ਦੇ ਆਦੀ ਹਨ। ਦੱਸਣਯੋਗ ਹੈ ਕਿ ਵਪਾਰ ਮੰਡਲ ਵੱਲੋਂ ਵੀ ਇਨ੍ਹਾਂ ਲੁਟੇਰਿਆਂ ਨੂੰ ਫੜਨ ਲਈ ਲਗਾਤਾਰ ਦਬਾਅ ਪਾਇਆ ਜਾ ਰਿਹਾ ਸੀ, ਜਿਸ 'ਤੇ ਵਪਾਰ ਮੰਡਲ ਨੇ ਪੁਲਸ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਰੀਡਰ ਡੀ.ਐਸ.ਪੀ ਬਲਜਿੰਦਰ ਸਿੰਘ, ਹਵਾਲਦਾਰ ਗੁਰਪਿਆਰ ਸਿੰਘ, ਧਰਮਿੰਦਰ ਸਿੰਘ ਆਦਿ ਪੁਲਸ ਮੁਲਾਜ਼ਮ ਹਾਜ਼ਰ ਸਨ।

# ਡੀ ਸੀ ਨੇ ਸ਼ਹਿਰ ਨਿਵਾਸੀਆਂ ਨੂੰ ਲੋਹੜੀ ਤੇ ਮਾਘੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ

**ਸੰਗਰੂਰ (ਪ੍ਰਵੀਨ ਸਿੰਘ)**-ਸਮਾਜ ਸੇਵੀ ਸੰਸਥਾ ਸਹਾਰਾ ਫਾਊਂਡੇਸ਼ਨ ਦੇ ਮੈਂਬਰਾਂ ਨੇ ਸਰਬਜੀਤ ਸਿੰਘ ਰੇਖੀ ਚੇਅਰਮੈਨ ਦੀ ਅਗਵਾਈ ਵਿੱਚ ਜਤਿੰਦਰ ਜੋਰਾਵਾਲ ਆਈ ਏ ਐਸ ਡਿਪਟੀ ਕਮਿਸ਼ਨਰ ਸੰਗਰੂਰ ਨਾਲ ਮੁਲਾਕਾਤ ਕੀਤੀ।

ਇਸ ਵਫਦ ਵਿੱਚ ਡਾ. ਦਿਨੇਸ਼ ਗਰੋਵਰ ਡਾਇਰੈਕਟਰ ਮੈਡੀਕਲ ਵਿੰਗ, ਅਸ਼ੋਕ ਕੁਮਾਰ ਸਕੱਤਰ, ਸੁਰਿੰਦਰ ਪਾਲ ਸਿੰਘ ਸਿਦਕੀ ਕੋਆਰਡੀਨੇਟਰ, ਨਰਿੰਦਰ ਸਿੰਘ ਕਨਵੀਨਰ ਜਨ ਸੇਵਾ ਅਭਿਆਨ, ਗੁਰਤੇਜ ਖੇਤਲਾ ਮੀਡੀਆ ਇੰਚਾਰਜ, ਡਾ. ਸੁਮਿੰਦਰ ਸਿੰਘ, ਅਭਿਨੰਦਨ ਚੌਹਾਨ, ਜਤਿਨ ਗਰੋਵਰ ਆਦਿ ਸ਼ਾਮਲ ਸਨ। ਰੇਖੀ ਨੇ ਸਹਾਰਾ ਵੱਲੋਂ ਚਲਾਈ ਜਾ ਰਹੀ ਜਨ ਸੇਵਾ ਅਭਿਆਨ ਅਧੀਨ ਲੋੜਵੰਦਾਂ ਨੂੰ ਦਿੱਤੇ ਜਾ ਰਹੇ ਕੰਬਲ, ਰਜਾਈਆਂ ਅਤੇ ਖ਼ੂਨ ਦਾਨ ਅਭਿਆਨ , ਜ਼ਿਲ੍ਹਾ ਪ੍ਰਸ਼ਾਸਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਮੇਂ ਸਮੇਂ 'ਤੇ ਕੀਤੀਆਂ ਜਾ ਰਹੀਆਂ ਸਮਾਜਿਕ ਅਤੇ ਸਿਹਤ ਖੇਤਰ ਦੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ। ਸੁਰਿੰਦਰ ਪਾਲ ਸਿੰਘ ਸਿਦਕੀ ਨੇ ਜੋਰਾਵਾਲ ਨੂੰ ਲੋਹੜੀ ਦੇ ਤਿਉਹਾਰ ਅਤੇ ਮਾਘੀ ਦੀ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੰਦੇ ਹੋਏ ਉਨ੍ਹਾ ਦੀ ਸਿਹਤ ਤੰਦਰੁਸਤੀ ਅਤੇ ਚੜ੍ਹਦੀ ਕਲਾ ਦੀ ਕਾਮਨਾ ਕੀਤੀ। ਡਿਪਟੀ ਕਮਿਸ਼ਨਰ ਨੇ ਸ਼ਹਿਰ ਨਿਵਾਸੀਆਂ ਨੂੰ ਲੋਹੜੀ ਤੇ ਮਾਘੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਸਹਾਰਾ ਦੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਵੱਲੋਂ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ।

ਇਸ ਮੌਕੇ ਸਹਾਰਾ ਫਾਊਂਡੇਸ਼ਨ ਵੱਲੋਂ ਤਿਆਰ ਕੀਤੇ ਕੈਲੰਡਰ ਦਾ ਦੂਸਰਾ ਭਾਗ ਡਿਪਟੀ ਕਮਿਸ਼ਨਰ ਨੇ ਰਿਲੀਜ਼ ਕੀਤਾ। ਚੇਅਰਮੈਨ ਨੇ ਦੱਸਿਆ ਕੈਲੰਡਰ ਦੇ ਦੂਸਰੇ ਭਾਗ ਵਿੱਚ ਐਮਰਜੈਂਸੀ ਸਰਵਿਸ ਨੰਬਰ, ਪੁਲਸ ਪ੍ਰਸ਼ਾਸਨ, ਜ਼ਿਲ੍ਹਾ ਪ੍ਰਸ਼ਾਸਨ, ਸਿਹਤ, ਸਿੱਖਿਆ ਵਿਭਾਗ, ਟਰਾਂਸਪੋਰਟ, ਰਾਜਨੀਤਕ ਆਗੂ, ਸਮਾਜਿਕ ਸੰਸਥਾਵਾਂ, ਮੈਰਿਜ ਪੈਲੇਸ, ਨਾਮਾਨਿਗਾਰਾਂ ਆਦਿ ਦੇ ਨੰਬਰ ਪ੍ਰਕਾਸ਼ਿਤ ਕੀਤੇ ਗਏ ਹਨ।

# ਘੱਟ ਗਿਣਤੀ ਵਿਦਿਆਰਥੀਆਂ ਦੇ ਵਜ਼ੀਫ਼ੇ ਬੰਦ ਕਰਨ 'ਤੇ ਭਾਜਪਾ ਦਾ ਚਿਹਰਾ ਹੋਇਆ ਬੇਨਕਾਬ : ਇਕੋਲਾਹਾ, ਗਿੱਲ



**ਲੌਂਗੋਵਾਲ, (ਕੁਲਦੀਪ ਅੱਤਰੀ/ਪ੍ਰਦੀਪ ਸੱਪਲ)** ਸਕੂਲਾਂ ਵਿੱਚ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਪੜ੍ਹਦੇ ਘੱਟ ਗਿਣਤੀਆਂ ਨਾਲ ਸਬੰਧਤ ਵਿਦਿਆਰਥੀਆਂ ਦੇ ਵਜ਼ੀਫ਼ੇ ਬੰਦ ਕਰਨ ਨਾਲ ਕੇਂਦਰ ਸਰਕਾਰ ਦੀ ਘੱਟ ਗਿਣਤੀਆਂ ਖਿਲਾਫ਼ ਨੀਅਤ ਤੇ ਨੀਤੀ ਸਪੱਸ਼ਟ ਹੋਣ ਨਾਲ ਭਾਜਪਾ ਦਾ ਦਾ ਚਿਹਰਾ ਬੇਨਕਾਬ ਹੋਇਆ ਹੈ।

ਆਲ ਇੰਡੀਆ ਸੰਯੁਕਤ ਕਿਸਾਨ ਸਭਾ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਕਰਨੈਲ ਸਿੰਘ ਇਕੋਲਾਹਾ ਤੇ ਯੂਨਾਈਟਡ ਟਰੇਡ ਯੂਨੀਅਨ ਕਾਂਗਰਸ ਦੇ ਸੂਬਾ ਪ੍ਰਧਾਨ ਹਰਜਿੰਦਰ ਸਿੰਘ ਗਿੱਲ ਨੇ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਸਕੂਲਾਂ ਵਿੱਚ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਪੜ੍ਹਦੇ ਘੱਟ ਗਿਣਤੀਆਂ ਨਾਲ ਸਬੰਧਤ ਵਿਦਿਆਰਥੀਆਂ ਦੇ ਬੰਦ ਕੀਤੇ ਵਜ਼ੀਫ਼ੇ ਤੁਰੰਤ ਬਹਾਲ ਕੀਤੇ ਜਾਣ ਨਹੀਂ ਤਾਂ ਅਸੀਂ ਸੰਘਰਸ਼ ਵਿੱਢਣ ਲਈ ਮਜਬੂਰ ਹੋਵਾਂਗੇ। ਕਾਮਰੇਡ ਇਕੋਲਾਹਾ ਤੇ ਗਿੱਲ ਨੇ ਕਿਹਾ ਕਿ ਸਾਲ 2022-23 ਤੋਂ ਪਹਿਲੀ ਜਮਾਤ ਤੋਂ ਦਸਵੀਂ ਜਮਾਤ ਤੱਕ ਦੇ ਘੱਟ ਗਿਣਤੀਆਂ (ਸਿੱਖ, ਬੋਧੀ, ਮੁਸਲਿਮ, ਇਸਾਈ, ਪਾਰਸੀ, ਜੈਨ ਅਦਿ) ਨਾਲ ਸਬੰਧਤ ਵਿਦਿਆਰਥੀਆਂ ਨੂੰ ਮਿਲਣ ਵਾਲੇ ਵਜ਼ੀਫ਼ੇ ਵਿੱਚੋਂ ਪਹਿਲੀ ਤੋਂ ਅੱਠਵੀਂ ਜਮਾਤ ਤੱਕ ਦੇ ਘੱਟ ਗਿਣਤੀਆਂ ਨਾਲ਼ ਸਬੰਧਤ ਵਿਦਿਆਰਥੀਆਂ ਦੇ ਵਜ਼ੀਫ਼ੇ ਨੂੰ ਬੰਦ ਕਰ ਦਿੱਤਾ ਗਿਆ ਹੈ, ਜੋ ਭਾਜਪਾ ਸਰਕਾਰ ਦੀ ਘੱਟ ਗਿਣਤੀਆਂ ਵਿਰੋਧੀ ਫਾਸ਼ੀਵਾਦੀ ਵਿਚਾਰਧਾਰਾ ਤਹਿਤ ਕੀਤਾ ਗਿਆ ਹੈ। ਇਸ ਤੋਂ ਇਲਾਵਾ ਨਵੀਂ ਸਿੱਖਿਆ ਨੀਤੀ-2020 ਵਿੱਚ ਵੀ ਵਿਦਿਆਰਥੀਆਂ ਨੂੰ ਵਜ਼ੀਫ਼ੇ ਦੇਣ ਦਾ ਕੋਈ ਵੀ ਜ਼ਿਕਰ ਨਹੀਂ ਹੈ, ਜਿਹੜਾ ਕਿ ਸਿੱਖਿਆ ਨੂੰ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਕਰਨ ਅਤੇ ਨਿੱਜੀਕਰਨ ਵੱਲੋਂ ਲੈ ਕੇ ਜਾਣ ਦਾ ਏਜੰਡਾ ਹੈ। ਇਸ ਨਾਲ ਪਹਿਲਾਂ ਤੋਂ ਹੀ ਸਿੱਖਿਆ ਖੇਤਰ ਵਿੱਚ ਪਛੜੀਆਂ ਹੋਈਆਂ ਸ਼੍ਰੇਣੀਆਂ ਹੋਰ ਪਛੜ ਜਾਣ ਦਾ ਖਤਰਾ ਬਣ ਗਿਆ ਹੈ।

ਉਨ੍ਹਾਂ ਕੇਂਦਰ ਸਰਕਾਰ ਤੋਂ ਪਹਿਲੀ ਤੋਂ ਅੱਠਵੀਂ ਜਮਾਤ ਦੇ ਅਨੁਸੂਚਿਤ ਜਾਤੀਆਂ ਤੇ ਪਛੜੀਆਂ ਸ੍ਰੇਣੀਆਂ ਦੇ ਵਿਦਿਆਰਥੀਆਂ, ਪਹਿਲੀ ਤੋਂ ਬਾਰਵੀਂ ਜਮਾਤ ਦੇ ਜਨਰਲ ਵਰਗ ਦੇ ਕਮਜ਼ੋਰ ਆਰਥਿਕਤਾ ਵਾਲੇ ਵਿਦਿਆਰਥੀਆਂ ਲਈ ਵੀ ਵਿਸ਼ੇਸ਼ ਵਜ਼ੀਫ਼ੇ, ਵਜ਼ੀਫ਼ਾ ਅਪਲਾਈ ਕਰਨ ਦੀ ਪ੍ਰਕਿਰਿਆ ਅਸਾਨ ਕਰਨ, ਆਮਦਨ ਤੇ ਜਾਤੀ ਸਰਟੀਫ਼ਿਕੇਟ ਦੀ ਥਾਂ ਪੁਰਾਣਾ ਸਵੈ ਘੋਸ਼ਣਾ ਵਾਲਾ ਚਲਨ ਬਹਾਲ ਕਰਨ ਦੀ ਮੰਗ ਕੀਤੀ ਹੈ ਤਾਂ ਜੁ ਇਨ੍ਹਾਂ ਸ੍ਰੇਣੀਆਂ ਨਾਲ ਸਬੰਧਤ ਵਿਦਿਆਰਥੀਆਂ ਨੂੰ ਸਿੱਖਿਆ ਹਾਸਲ ਕਰਨ ਵਿੱਚ ਆਰਥਿਕ ਸਹਾਇਤਾ ਮਿਲ ਸਕੇ ਤੇ ਉਹ ਆਪਣੀ ਸਿੱਖਿਆ ਪੂਰੀ ਕਰਕੇ ਦੇਸ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾ ਸਕਣ।

12-Jan-2023-page-11-Majha.qxd 1/11/2023 10:49 PM Page 1



## ਸਾਬਕਾ ਸੈਨਿਕ ਸੰਘਰਸ਼ ਕਮੇਟੀ ਦੇ ਆਗੂ ਧਰਨੇ 'ਤੇ ਬੈਠੇ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਇਥੋਂ ਨਜ਼ਦੀਕ ਗੁਰਦਾਸਪੁਰ-ਕਲਾਨੌਰ-ਡੇਰਾ ਬਾਬਾ ਨਾਨਕ ਰੋਡ ਉਪਰ ਪਿੰਡ ਖਹਿਰਾ ਕੋਟਲੀ ਵਿਖੇ ਬਣਾਏ ਜਾਣ ਵਾਲੇ ਟੋਲ ਪਲਾਜ਼ੇ ਦੀ ਤਜਵੀਜ਼ ਨੂੰ ਰੱਦ ਕਰਵਾਉਣ ਵਿਰੁੱਧ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਟੋਲ ਪਲਾਜ਼ਾ ਵਿਰੋਧੀ ਸੰਘਰਸ਼ ਕਮੇਟੀ ਖਹਿਰਾ ਕੋਟਲੀ ਵੱਲੋਂ ਲਗਾਇਆ ਧਰਨਾ ਅੱਜ ਨੌਵੇਂ ਦਿਨ ਵਿੱਚ ਦਾਖਲ ਹੋ ਗਿਆ ਹੈ। ਸੰਘਰਸ਼ ਕਮੇਟੀ ਵਲੋਂ ਉਲੀਕੇ ਪ੍ਰੋਗਰਾਮ ਅਨੁਸਾਰ ਅੱਜ ਨੌਵੇਂ ਦਿਨ ਸਾਬਕਾ ਸੈਨਿਕ ਸਘੰਰਸ਼ ਕਮੇਟੀ ਵੱਲੋਂ ਐੱਸ. ਪੀ. ਗੋਸਲ, ਅਜੈਬ ਸਿੰਘ ਅਤੇ ਪ੍ਰੇਮ ਸਿੰਘ ਸੂਬੇਦਾਰ ਦੀ ਅਗਵਾਈ ਵਿੱਚ ਧਰਨਾ ਲਗਾਇਆ ਗਿਆ। ਧਰਨੇ ਵਿੱਚ ਸਾਥੀ ਐੱਸ. ਪੀ. ਸਿੰਘ ਗੋਸਲ, ਪ੍ਰੇਮ ਸਿੰਘ ਸੂਬੇਦਾਰ, ਗੁੱਜਰ ਸਿੰਘ ਸੂਬੇਦਾਰ, ਅਜੈਬ ਸਿੰਘ ਸੂਬੇਦਾਰ, ਲਖਬੀਰ ਸਿੰਘ, ਹਰਪ੍ਰੀਤ ਸਿੰਘ, ਜਗਦੀਸ਼ ਸਿੰਘ ਬਲਾਕ ਪ੍ਰਧਾਨ ਕਲਾਨੌਰ, ਰਤਨ ਸਿੰਘ ਗੋਸਲ, ਸੁੱਚਾ ਸਿੰਘ ਸੂਬੇਦਾਰ ਨੜਾਂਵਾਲੀ, ਸਲਵਿੰਦਰ ਸਿੰਘ, ਧਰਮ ਸਿੰਘ, ਦਰਸ਼ਨ ਸਿੰਘ, ਮਨਜੀਤ ਸਿੰਘ ਚਾਹਲ, ਰਣਜੀਤ ਸਿੰਘ ਸਲੋ ਚਾਹਲ, ਬਲਦੇਵ ਸਿੰਘ ਬਟਾਲਾ, ਸ਼ੰਗਾਰਾ ਸਿੰਘ ਭਾਗੋਵਾਲੀਆ, ਬਲਵਿੰਦਰ ਸਿੰਘ ਧੁੱਪਸੜੀ ਬਟਾਲਾ, ਖਾਲੀਦ ਮਸੀਹ ਲੱਧਰ ਬਟਾਲਾ, ਪ੍ਰਧਾਨ ਨਾਇਬ ਸੂਬੇਦਾਰ ਬਲਵੀਰ ਸਿੰਘ ਦੇਹੜ, ਗੁਰਬਚਨ ਸਿੰਘ ਸ਼ਾਹਪੁਰ ਅਤੇ ਕਸ਼ਮੀਰ ਸਿੰਘ ਸ਼ਾਮਲ ਹੋਏ। ਅੱਜ ਦੇ ਧਰਨਾਕਾਰੀਆਂ ਨੂੰ ਹਾਰ ਪਾ ਕੇ ਸਨਮਾਨਿਤ ਕਰਨ ਵਾਲਿਆਂ ਵਿੱਚ ਪੰਜਾਬ ਕਿਸਾਨ ਯੂਨੀਅਨ ਵੱਲੋਂ ਜਰਨੈਲ ਸਿੰਘ ਸਪਰਾਵਾਂ ਕੋਠੀ, ਬੀ. ਕੇ. ਯੂ. ਉਗਰਾਹਾਂ ਵੱਲੋਂ ਗੁਰਮੁੱਖ ਸਿੰਘ ਖੈਹਰਾ ਬਲਾਕ ਪ੍ਰਧਾਨ ਕਲਾਨੌਰ, ਅਜੀਤ ਸਿੰਘ ਮੀਤ ਪ੍ਰਧਾਨ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਵੱਲੋਂ ਸਰਬਜੀਤ ਸਿੰਘ ਰਾਊਵਾਲ, ਕਿਰਤੀ ਕਿਸਾਨ ਯੂਨੀਅਨ ਵੱਲੋਂ ਪਲਵਿੰਦਰ ਸਿੰਘ ਕਿਲਾ ਨੱਥੂ ਸਿੰਘ, ਜਮਹੂਰੀ ਕਿਸਾਨ ਸਭਾ ਵੱਲੋਂ ਬਲਕਾਰ ਸਿੰਘ ਨੜਾਂਵਾਲੀ ਤੇ ਇੰਦਰਜੀਤ ਸਿੰਘ ਗੋਸਲ, ਟਰਾਂਸਪੋਰਟ ਯੂਨੀਅਨ ਕਲਾਨੌਰ ਵੱਲੋਂ ਬਲਵੀਰ ਸਿੰਘ ਤੇ ਕੁਲਦੀਪ ਸਿੰਘ ਤੋਂ ਇਲਾਵਾ ਪ੍ਰਗਟ ਸਿੰਘ ਖੈਹਰਾ, ਨਾਜਰ ਸਿੰਘ ਖੈਹਰਾ, ਹਰਬੰਸ ਸਿੰਘ ਸਪਰਾਵਾਂ ਕੋਠੀ ਆਦਿ ਕਿਸਾਨ ਹਾਜ਼ਰ ਸਨ।

## ਲੋਹੇ ਦੀਆਂ ਪਲੇਟਾਂ ਚੋਰੀ ਕਰਦਾ ਕਾਬੂ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਥਾਣਾ ਦੀਨਾਨਗਰ ਅਧੀਨ ਪੈਂਦੇ ਪਿੰਡ ਸਿੱਧੂਪੁਰ ਵਿੱਚ ਇੱਕ ਵਿਅਕਤੀ ਨੂੰ ਲੋਹੇ ਦੀਆਂ ਪਲੇਟਾਂ ਚੋਰੀ ਕਰਦੇ ਹੋਏ ਕਾਬੂ ਕੀਤਾ ਗਿਆ ਜਦਕਿ ਦੂਜਾ ਚੋਰ ਭੱਜਣ ਵਿੱਚ ਕਾਮਯਾਬ ਹੋ ਗਿਆ। ਫੜੇ ਗਏ ਚੋਰ ਨੂੰ ਪੁਲਸ ਹਵਾਲੇ ਕਰ ਦਿੱਤਾ ਗਿਆ ਹੈ। ਦੋਵਾਂ ਚੋਰਾਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

ਗੁਰਜੀਤ ਸਿੰਘ ਪੁੱਤਰ ਜਨਕ ਰਾਜ ਵਾਸੀ ਸਿੱਧੂਪੁਰ ਨੇ ਦੱਸਿਆ ਕਿ ਉਹ ਆਪਣੀ ਧੁੱਸੀ ਨੇੜੇ ਜ਼ਮੀਨ ਵਿੱਚ ਨਵਾਂ ਕਰੱਸ਼ਰ ਲਗਵਾ ਰਿਹਾ ਹੈ, ਜਿਸ ਦਾ ਕੰਮ ਫਿਲਹਾਲ ਚੱਲ ਰਿਹਾ ਹੈ। ਉਹ ਆਪਣੇ ਡਰਾਈਵਰ ਮੰਗਲ ਸਿੰਘ ਨਾਲ ਦੁਪਹਿਰ 2.30 ਵਜੇ ਮੋਟਰਸਾਈਕਲ 'ਤੇ ਕਰੱਸ਼ਰ ਵੱਲ ਗਿਆ ਤਾਂ ਦੇਖਿਆ ਕਿ ਮੁਲਜ਼ਮ ਮੋਟਰਸਾਈਕਲ 'ਤੇ ਲੋਹੇ ਦੀਆਂ ਪਲੇਟਾਂ ਲੈ ਕੇ ਧੁੱਸੀ ਵੱਲ ਜਾਣ ਦੀ ਕੋਸ਼ਿਸ਼ ਕਰ ਰਹੇ ਸਨ। ਉਨ੍ਹਾਂ ਨੂੰ ਰੋਕਣ 'ਤੇ ਮੁਲਜ਼ਮ ਰਿੰਕੂ ਸਿੰਘ ਮੌਕੇ ਤੋਂ ਫਰਾਰ ਹੋ ਗਿਆ, ਜਦੋਂਕਿ ਉਨ੍ਹਾਂ ਕੁਲਵੰਤ ਸਿੰਘ ਨੂੰ ਕਾਬੂ ਕਰ ਲਿਆ। ਬਾਅਦ ਵਿੱਚ ਮੁਲਜ਼ਮ ਨੂੰ ਪੁਲਸ ਹਵਾਲੇ ਕਰ ਦਿੱਤਾ ਗਿਆ।

## ਇੱਕੋ ਰਾਤ 'ਚ ਸੱਤ ਮੋਟਰਾਂ ਚੋਰੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਪੁਲਸ ਥਾਣਾ ਬਹਿਰਾਮਪੁਰ ਨੇ ਮੋਟਰ ਚੋਰੀ ਕਰਨ ਵਾਲੇ ਚੋਰਾਂ ਖਿਲਾਫ ਕੇਸ ਦਰਜ ਕਰ ਲਿਆ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਪੀੜਤ ਜੁਗਲ ਕਿਸ਼ੋਰ ਨੇ ਦੱਸਿਆ ਕਿ ਰੋਜ਼ਾਨਾ ਦੀ ਤਰ੍ਹਾਂ ਉਹ ਸ਼ਾਮ ਨੂੰ ਆਪਣਾ ਟਿਊਬਵੈੱਲ ਬੰਦ ਕਰਕੇ ਚਲਾ ਗਿਆ। ਜਦੋਂ ਸਵੇਰੇ ਆ ਕੇ ਦੇਖਿਆ ਤਾਂ ਮੋਟਰ ਦੇ ਕਮਰੇ ਦੇ ਦਰਵਾਜ਼ੇ ਦਾ ਤਾਲਾ ਟੁੱਟਿਆ ਹੋਇਆ ਸੀ ਅਤੇ ਅੰਦਰੋਂ ਚੋਰ ਮੋਟਰ ਚੋਰੀ ਕਰ ਕੇ ਲੈ ਗਏ ਸਨ। ਇਸੇ ਤਰ੍ਹਾਂ ਪਿੰਡ ਰਾਏਪੁਰ ਦੇ ਮਨਮੋਹਨ ਕਾਂਤ, ਰਾਜੇਸ਼ ਕੁਮਾਰ, ਕੁਲਦੀਪ ਸਿੰਘ ਜਗਦੀਸ਼ ਰਾਜ, ਰਮੇਸ਼ ਕੁਮਾਰ, ਸੁਰੇਸ਼ ਕੁਮਾਰ ਦੀਆਂ ਮੋਟਰਾਂ ਵੀ ਚੋਰੀ ਹੋ ਗਈਆਂ। ਪਿੰਡ ਪਸਿਆਲ ਦੇ ਜਸਵਿੰਦਰ ਸਿੰਘ ਨੇ ਦੱਸਿਆ ਕਿ ਚੋਰਾਂ ਨੇ ਉਸ ਦੀ ਮੋਟਰ 'ਤੇ ਲੱਗੇ ਟਰਾਂਸਫਾਰਮਰ 'ਚੋਂ ਤੇਲ ਚੋਰੀ ਕਰ ਲਿਆ ਹੈ।

## ਚਾਈਨਾ ਡੋਰ ਦੇ 43 ਗੱਟੂਆਂ ਸਮੇਤ ਇਕ ਗ੍ਰਿਫਤਾਰ, ਦੂਜਾ ਫਰਾਰ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਥਾਣਾ ਦੀਨਾਨਗਰ ਦੀ ਪੁਲਸ ਨੇ ਮੁਹੱਲਾ ਬੇਰੀਆਂ ਦੇ ਇੱਕ ਘਰ 'ਤੇ ਛਾਪਾ ਮਾਰ ਕੇ ਚਾਈਨਾ ਡੋਰ ਦੇ 43 ਗੱਟੂਆਂ ਸਣੇ ਮੁਲਜ਼ਮ ਨੂੰ ਗ੍ਰਿਫਤਾਰ ਕੀਤਾ ਹੈ, ਹਾਲਾਂਕਿ ਦੂਜਾ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਿਆ। ਏਐੱਸਆਈ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਨਾਲ ਲਾਈਟਾਂ ਵਾਲੇ ਚੌਕ ਵਿਖੇ ਮੌਜੂਦ ਸਨ। ਇਸੇ ਦੌਰਾਨ ਨਗਰ ਕੌਂਸਲ ਦੀਨਾਨਗਰ ਦੇ ਜੂਨੀਅਰ ਸਹਾਇਕ ਤਰੁਣ ਮਹਾਜਨ ਦੀ ਸੂਚਨਾ 'ਤੇ ਮੁਲਜ਼ਮ ਗਿਸ਼ੂ ਵਾਸੀ ਬੇਰੀਆਂ ਮੁਹੱਲਾ ਦੀਨਾਨਗਰ ਦੇ ਘਰ ਛਾਪਾ ਮਾਰਿਆ ਗਿਆ। ਇਸ ਦੌਰਾਨ ਮੁਲਜ਼ਮ ਗਿਸ਼ੂ ਅਤੇ ਅਤੁਲ ਸੈਣੀ ਬੋਰੀ ਚੁੱਕ ਕੇ ਘਰ ਤੋਂ ਬਾਹਰ ਗਲੀ ਵੱਲ ਆਉਂਦੇ ਦੇਖੇ ਗਏ। ਪੁਲਸ ਪਾਰਟੀ ਨੂੰ ਦੇਖ ਕੇ ਗਿਸ਼ੂ ਮੌਕੇ ਤੋਂ ਫਰਾਰ ਹੋ ਗਿਆ, ਜਦਕਿ ਅਤੁਲ ਨੂੰ ਕਾਬੂ ਕਰ ਲਿਆ ਗਿਆ। ਮੁਲਜ਼ਮਾਂ ਕੋਲੋਂ ਮੌਕੇ 'ਤੇ ਪਾਬੰਦੀਸ਼ੁਦਾ ਚਾਈਨਾ ਡੋਰ ਦੇ 43 ਗੱਟੂ ਬਰਾਮਦ ਕੀਤੇ ਗਏ।

## ਏਟਕ ਵੱਲੋਂ ਨਵੇਂ ਵਰ੍ਹੇ ਦਾ ਕੈਲੰਡਰ ਰਿਲੀਜ਼



ਤਰਨਤਾਰਨ (ਨਜ਼ਸ)-ਬਿਜਲੀ ਕਾਮਿਆਂ ਦੀ ਸੰਘਰਸ਼ਸ਼ੀਲ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਨੇ ਅੱਜ ਪਾਵਰਕੌਮ ਦੇ ਸਥਾਨਕ ਸਰਕਲ ਦਫਤਰ ਵਿੱਚ ਸਾਲ 2023 ਦਾ ਕੈਲੰਡਰ ਰਿਲੀਜ਼ ਕੀਤਾ। ਇਸ ਮੌਕੇ ਇਕੱਤਰ ਹੋਏ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕੇ ਪਾਵਰ ਮੈਨੇਜਮੈਂਟ ਮੁਲਾਜ਼ਮ ਮਸਲਿਆਂ ਨੂੰ ਜਾਣਬੁੱਝ ਕੇ ਅਣਗੌਲਿਆਂ ਕਰ ਰਹੀ ਹੈ ਜਿਸ ਦੇ ਚਲਦਿਆਂ ਮੁਲਾਜ਼ਮ ਵਰਗ ਸੰਘਰਸ਼ਾਂ ਲਈ ਮਜਬੂਰ ਹੋ ਰਿਹਾ ਹੈ ਕਿਉਂਕਿ ਪਾਵਰ ਮੈਨੇਜਮੈਂਟ 22 ਨਵੰਬਰ ਦੀ ਮੀਟਿੰਗ ਵਿੱਚ ਮੰਨੀਆਂ ਹੋਈਆਂ ਵਾਜਿਬ ਮੰਗਾਂ ਲਾਗੂ ਕਰਨ ਦੀ ਬਜਾਏ ਟਾਲਮਟੋਲ ਕਰ ਰਹੀ ਹੈ ਜਿਸ ਦਾ ਸੰਘਰਸ਼ਾਂ ਦੇ ਬਲਬੂਤੇ ਮੂੰਹਤੋੜ ਜਵਾਬ ਦਿੱਤਾ ਜਾਵੇਗਾ। ਇਸ ਮੌਕੇ ਜਥੇਬੰਦੀ ਦੀ ਸਰਕਲ ਪ੍ਰਧਾਨ ਬਲਜਿੰਦਰ ਕੌਰ ਡਿਆਲ, ਸਰਕਲ ਸਕੱਤਰ ਪੂਰਨ ਦਾਸ, ਡਵੀਜ਼ਨ ਸਕੱਤਰ ਲਖਵਿੰਦਰ ਸਿੰਘ ਬਹਿਲਾ ਤੋਂ ਇਲਾਵਾ ਜ਼ੋਨ ਆਗੂ ਕੁਲਵਿੰਦਰ ਸਿੰਘ ਬਾਗੜੀਆ ਅਤੇ ਪੈਨਸ਼ਨਰ ਯੂਨੀਅਨ ਦੇ ਸਰਕਲ ਸਕੱਤਰ ਨਰਿੰਦਰ ਸਿੰਘ ਬੇਦੀ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ 29 ਜਨਵਰੀ ਨੂੰ ਪੰਜਾਬ ਸਰਕਾਰ ਦੀ ਮੁਲਾਜ਼ਮ ਵਿਰੋਧੀ ਨੀਤੀ ਅਤੇ ਤਾਨਾਸ਼ਾਹ ਰਵੱਈਏ ਖਿਲਾਫ ਪੰਜਾਬ ਸੁਬਾਰਡੀਨੇਟ ਸਰਵਿਸ ਫੈਡਰੇਸ਼ਨ ਦੇ ਸੂਬਾ ਪੱਧਰੀ ਸੱਦੇ 'ਤੇ ਕੀਤੀ ਜਾ ਰਹੀ ਸੰਗਰੂਰ ਰੈਲੀ ਵਿੱਚ ਹੁੰਮ-ਹੁੰਮਾ ਕੇ ਪਹੁੰਚਣ ਦਾ ਸਮੂਹ ਮੁਲਾਜ਼ਮ ਵਰਗ ਨੂੰ ਸੱਦਾ ਦਿੱਤਾ।

## ਪੀ ਸੀ ਐੱਸ ਅਧਿਕਾਰੀਆਂ ਦੀ ਸਮੂਹਿਕ ਛੁੱਟੀ ਕਾਰਨ ਲੋਕ ਹੋ ਰਹੇ ਖੱਜਲ-ਖੁਆਰ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਬੀਤੇ ਦਿਨੀਂ ਵਿਜੀਲੈਂਸ ਵਿਭਾਗ ਵੱਲੋਂ ਪੀਸੀਐੱਸ ਅਧਿਕਾਰੀਆਂ ਨੂੰ ਗ੍ਰਿਫਤਾਰ ਕਰਨ ਦੇ ਵਿਰੋਧ 'ਚ ਪੀਸੀਐੱਸ ਅਧਿਕਾਰੀਆਂ ਵੱਲੋਂ ਸਮੂਹਿਕ ਛੁੱਟੀ 'ਤੇ ਜਾਣ ਦਾ ਫੈਸਲਾ ਕੀਤਾ ਗਿਆ ਸੀ, ਜਿਸ ਕਾਰਨ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਪਰੋਕਤ ਅਧਿਕਾਰੀਆਂ ਦੇ ਹੜਤਾਲ 'ਤੇ ਜਾਣ ਦਾ ਅਸਰ ਸਬ-ਡਵੀਜ਼ਨ ਭਿੱਖੀਵਿੰਡ ਦੇ ਤਹਿਸੀਲ ਕੰਪਲੈਕਸ 'ਚ ਵੀ ਦੇਖਣ ਨੂੰ ਮਿਲ ਰਿਹਾ ਹੈ। ਇੱਥੇ ਕੰਮਕਾਜ ਦੇ ਸਿਲਸਿਲੇ ਵਿੱਚ ਆ ਰਹੇ ਲੋਕ ਖਾਲੀ ਕੁਰਸੀਆਂ ਦੇਖ ਕੇ ਘਰ ਵਾਪਸ ਪਰਤ ਰਹੇ ਹਨ। ਵਰਣਨਯੋਗ ਹੈ ਕਿ ਮਾਲ ਵਿਭਾਗ ਦੇ ਅਧਿਕਾਰੀਆਂ ਵੱਲੋਂ ਵੀ ਹੜਤਾਲ ਨੂੰ ਸਮਰਥਨ ਦਿੱਤਾ ਗਿਆ ਹੈ। ਸਬ-ਡਵੀਜ਼ਨ ਦਫਤਰ ਭਿੱਖੀਵਿੰਡ ਵਿਖੇ ਤਹਿਸੀਲਦਾਰ ਸਰਬਜੀਤ ਸਿੰਘ ਥਿੰਦ ਤੇ ਨਾਇਬ ਤਹਿਸੀਲਦਾਰ ਜਸਵਿੰਦਰ ਸਿੰਘ ਸਮੇਤ ਐੱਸਡੀਐੱਮ ਆਦਿ ਅਧਿਕਾਰੀਆਂ ਦੀਆਂ ਕੁਰਸੀਆਂ ਖਾਲੀ ਹੋਣ ਕਾਰਨ ਰਜਿਸਟਰੀਆਂ, ਮੈਰਿਜ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਡਰਾਈਵਿੰਗ ਲਾਇਸੰਸ ਆਦਿ ਕੰਮ ਬੰਦ ਹੋ ਚੁੱਕੇ ਹਨ, ਜਿਸ ਕਾਰਨ ਲੋਕਾਂ 'ਚ ਸਰਕਾਰ ਖ਼ਿਲਾਫ ਗੁੱਸੇ ਦੀ ਲਹਿਰ ਦੇਖਣ ਨੂੰ ਮਿਲ ਰਹੀ ਹੈ। ਇਸ ਸਬੰਧੀ ਕਸ਼ਮੀਰ ਸਿੰਘ ਪੁੱਤਰ ਜਗਤ ਸਿੰਘ ਵਾਸੀ ਫਤਿਹਪੁਰ ਨਵਾਂ ਪਿੰਡ ਨੇ ਕਿਹਾ ਕਿ ਮੁਲਾਜ਼ਮਾਂ ਵੱਲੋਂ ਕੀਤੀ ਗਈ ਹੜਤਾਲ ਕਾਰਨ ਤਹਿਸੀਲ ਦਫਤਰਾਂ ਦੇ ਸਮੂਹ ਕੰਮਕਾਰ ਠੱਪ ਹੋ ਗਏ ਹਨ, ਜਿਸ ਕਾਰਨ ਆਮ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਮੌਕੇ ਉਨ੍ਹਾਂ ਮੰਗ ਕੀਤੀ ਕਿ ਲੋਕਾਂ ਦੀ ਖੱਜਲ-ਖੁਆਰੀ ਨੂੰ ਧਿਆਨ ਵਿੱਚ ਰੱਖਦੇ ਹੋਏ ਅਫਸਰਸ਼ਾਹੀ ਤੇ ਸਰਕਾਰ ਨੂੰ ਤਾਲਮੇਲ ਬਣਾਉਣਾ ਚਾਹੀਦਾ ਹੈ। ਜ਼ਿਕਰਯੋਗ ਹੈ ਕਿ ਪੀਸੀਐੱਸ ਅਧਿਕਾਰੀਆਂ ਦੀ ਹੜਤਾਲ ਨੂੰ ਲੈ ਕੇ ਪੰਜਾਬ ਸਰਕਾਰ ਸਖਤ ਹੋ ਗਈ ਹੈ, ਜਿਸ ਦੇ ਚੱਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜਤਾਲ 'ਤੇ ਗਏ ਸਾਰੇ ਕਰਮਚਾਰੀਆਂ ਨੂੰ ਤੁਰੰਤ ਕੰਮ 'ਤੇ ਪਰਤਣ ਦੇ ਆਦੇਸ਼ ਦਿੱਤੇ ਹਨ। ਹੜਤਾਲ ਨੂੰ ਗੈਰ-ਕਾਨੂੰਨੀ ਕਰਾਰ ਦਿੰਦਿਆਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਕਿਹਾ ਕਿ ਹੜਤਾਲ ਕਾਰਨ ਸਰਕਾਰੀ ਕੰਮਕਾਜ ਵਿੱਚ ਵਿਘਨ ਪੈ ਰਿਹਾ ਹੈ, ਜਿਸ ਦਾ ਖਮਿਆਜ਼ਾ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਮੁੱਖ ਮੰਤਰੀ ਨੇ ਹੜਤਾਲ 'ਤੇ ਗਏ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਉਹ ਆਪਣੇ ਦਫਤਰਾਂ 'ਚ ਨਾ ਪਰਤੇ ਤਾਂ ਉਨ੍ਹਾਂ 'ਤੇ 'ਨੋ ਵਰਕ ਨੋ ਪੇਅ' ਨਿਯਮ ਲਾਗੂ ਕਰਨ ਦੇ ਨਾਲ-ਨਾਲ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।

## ਸ਼ਰਾਬ/ਲਾਹਣ ਦੀ ਬਰਾਮਦਗੀ ਤਹਿਤ ਵੱਖ-ਵੱਖ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਧਾਰੀਵਾਲ ਪੁਲਸ ਦੇ ਏਐੱਸਆਈ ਹਰਭਜਨ ਚੰਦ ਨੇ ਮਾੜੇ ਅਨਸਰਾਂ ਦੀ ਤਲਾਸ਼ ਵਿਚ ਦੌਰਾਨੇ ਗਸ਼ਤ ਮੁਖਬਰ ਖਾਸ ਦੀ ਇਤਲਾਹ 'ਤੇ ਟੀ ਪੁਆਇੰਟ ਸੋਹਲ ਤੋਂ ਰਵੀ ਕੁਮਾਰ ਪੁੱਤਰ ਸਰਦੂਲ ਮਸੀਹ ਵਾਸੀ ਸੋਹਲ ਪਾਸੋਂ 12 ਬੋਤਲਾਂ ਸ਼ਰਾਬ ਬਰਾਮਦ ਕਰਕੇ ਆਬਕਾਰੀ ਐਕਟ ਅਧੀਨ ਮੁਕੱਦਮਾ ਦਰਜ ਕਰਕੇ ਗ੍ਰਿਫਤਾਰ ਕਰ ਲਿਆ ਹੈ ਜਦਕਿ ਦੂਜੇ ਮਾਮਲੇ ਵਿਚ ਥਾਣਾ ਭੈਣੀ ਮੀਆਂ ਖਾਂ ਪੁਲਸ ਦੇ ਏਐੱਸਆਈ ਤੀਰਥ ਰਾਮ ਨੇ ਦਰਿਆ ਬਿਆਸ ਕੰਢੇ ਪਿੰਡ ਮੋਚਪੁਰ ਨੇੜੇ ਸਰਕੰਡਿਆਂ ਵਿਚੋ 18 ਤਰਪਾਲਾਂ ਵਿਚ ਪਈ 3600 ਕਿਲੋ ਲਾਹਣ ਬਰਾਮਦ ਕਰਕੇ ਨਾਮਾਲੂਮ ਵਿਅਕਤੀਆਂ ਖਿਲਾਫ ਮਾਲਮਾ ਦਰਜ ਕੀਤਾ ਗਿਆ। ਤੀਸਰੇ ਮਾਮਲੇ ਵਿਚ ਥਾਣਾ ਭੈਣੀ ਮੀਆਂ ਖਾਂ ਦੇ ਏਐੱਸਆਈ ਰਾਕੇਸ਼ ਕੁਮਾਰ ਨੇ ਸਮੇਤ ਪੁਲਸ ਪਾਰਟੀ ਦੌਰਾਨੇ ਗਸ਼ਤ ਮੁਖਬਰ ਖਾਸ ਦੀ ਇਤਲਾਹ 'ਤੇ ਪਿੰਡ ਮੋਚਪੁਰ ਨੇੜੇ ਦਰਿਆ ਬਿਆਸ ਕੰਢੇ 5 ਕੈਨ ਪਲਾਸਟਿਕ ਬਰਾਮਦ ਕਰਕੇ 131-250 ਐੱਮਐੱਲ ਨਜਾਇਜ਼ ਸ਼ਰਾਬ ਬਰਾਮਦ ਕਰਕੇ ਨਾਮਾਲੂਮ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ।

## ਦੁਕਾਨ ਤੋਂ ਟਰੱਕ ਦੇ 19 ਟਾਇਰ ਚੋਰੀ

**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਵਿਚ ਲਗਾਤਾਰ ਚੋਰੀਆਂ ਹੋ ਰਹੀਆਂ ਹਨ ਅਤੇ ਪੁਲਸ ਪ੍ਰਸ਼ਾਸਨ ਸੁਸਤ ਨਜ਼ਰ ਆ ਰਿਹਾ ਹੈ। ਅੱਜ ਸਵੇਰੇ ਚੋਰਾਂ ਵਲੋਂ ਇਕ ਟਾਇਰਾਂ ਦੀ ਦੁਕਾਨ ਤੋਂ ਟਾਇਰ ਚੋਰੀ ਕੀਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੁਕਾਨ ਤੇ ਕੰਮ ਕਰਦੇ ਲੜਕੇ ਗੁਰਮੇਜ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਟਰੱਕਾਂ ਦੇ ਟਾਇਰਾਂ ਦੀ ਦੁਕਾਨ ਹੈ ਜੋ ਕਿ ਗੁਰਦਾਸਪੁਰ ਤੋਂ ਦੀਨਾਨਗਰ ਰੋਡ 'ਤੇ ਸਥਿਤ ਹੈ। ਉਨ੍ਹਾਂ ਕਿਹਾ ਕਿ ਸਾਡੀ ਦੁਕਾਨ 'ਤੇ ਚੋਰਾਂ ਵੱਲੋਂ ਕਰੀਬ ਟਰੱਕ ਦੇ 19 ਟਾਇਰ ਚੋਰੀ ਕੀਤੇ ਗਏ ਹਨ ਜਿਨ੍ਹਾਂ ਦੀ ਕੀਮਤ ਕਰੀਬ 6 ਲੱਖ ਹੈ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਨੂੰ ਸਖਤੀ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਿਚ ਲਗਾਤਾਰ ਚੋਰੀਆਂ ਹੋ ਰਹੀਆਂ ਹਨ ਪਰ ਪੁਲਸ ਪ੍ਰਸ਼ਾਸਨ ਸੁਸਤ ਨਜ਼ਰ ਆ ਰਿਹਾ ਹੈ।

## ਕੁਲਵਿੰਦਰ ਸਿੰਘ ਗਿੱਲ ਨੂੰ ਸ਼ਰਧਾਂਜਲੀਆਂ ਭੇਟ



ਮਜੀਠਾ (ਸੋਇਮ ਆਨੰਦ)-ਮਜੀਠਾ ਤੋਂ ਸੀਨੀਅਰ ਪੱਤਰਕਾਰ ਅਤੇ ਸਾਂਝੀਵਾਲਤਾ ਪੱਤਰਕਾਰ ਯੂਨੀਅਨ ਪੰਜਾਬ ਦੇ ਚੇਅਰਮੈਨ ਜਸਪਾਲ ਸਿੰਘ ਗਿੱਲ ਮਜੀਠਾ ਅਤੇ ਐੱਸਡੀਓ ਨਗਰ ਨਿਗਮ ਅੰਮ੍ਰਿਤਸਰ ਰਵਿੰਦਰ ਸਿੰਘ ਗਿੱਲ ਦੇ ਭਰਾ ਏਐੱਸਆਈ ਕੁਲਵਿੰਦਰ ਸਿੰਘ ਗਿੱਲ ਮਜੀਠਾ ਜੋ ਬੀਤੇ ਦਿਨੀਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿੰਦਿਆਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਦੀ ਆਤਮਿਕ ਸ਼ਾਂਤੀ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨਾਂ ਦੇ ਗ੍ਰਹਿ ਗੁਰੂ ਅਮਰਦਾਸ ਐਵਿਨਿਊ ਗੁਮਟਾਲਾ ਬਾਈਪਾਸ ਅੰਮ੍ਰਿਤਸਰ ਵਿਖੇ ਪਾਉਣ ਉਪਰੰਤ ਕੀਰਤਨ ਅਤੇ ਅੰਤਿਮ ਅਰਦਾਸ ਗੁਰਦਵਾਰਾ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗੁਮਟਾਲਾ ਬਾਈਪਾਸ ਅਜੀਤ ਇਨਕਲੇਵ ਵਿਖੇ ਹੋਈ। ਇਸ ਮੌਕੇ ਰਾਗੀ ਜਥਿਆਂ ਨੇ ਵੈਰਾਗਮਈ ਕੀਰਤਨ ਰਾਹੀਂ ਹਾਜ਼ਰੀਆਂ ਭਰੀਆਂ। ਅੰਤਿਮ ਅਰਦਾਸ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਲਖਬੀਰ ਸਿੰਘ ਗਿੱਲ, ਸਿਆਸੀ ਸਕੱਤਰ ਬਿਕਰਮ ਸਿੰਘ ਮਜੀਠੀਆ, ਆਮ ਆਦਮੀ ਪਾਰਟੀ ਵੱਲੋਂ ਗੁਰਭੇਜ ਸਿੰਘ ਸਿੱਧੂ ਸੂਬਾ ਜੋਇੰਟ ਸੈਕਟਰੀ, ਕਾਂਗਰਸ ਪਾਰਟੀ ਵੱਲੋਂ ਭਗਵੰਤਪਾਲ ਸਿੰਘ ਸੱਚਰ ਪ੍ਰਧਾਨ ਜ਼ਿਲ੍ਹਾ ਦਿਹਾਤੀ ਅੰਮ੍ਰਿਤਸਰ, ਸੁੱਖ ਔਜਲਾ ਭਰਾ ਐੱਮਪੀ ਗੁਰਜੀਤ ਸਿੰਘ ਔਜਲਾ, ਪ੍ਰਮਜੀਤ ਸਿੰਘ ਪੰਮਾ ਭਾਰਤੀ ਜਨਤਾ ਪਾਰਟੀ, ਸ਼੍ਰੋਮਣੀ ਅਕਾਲੀ ਦਲ ਟਕਸਾਲੀ ਦੇ ਸੀਨੀਅਰ ਆਗੂ ਤੇ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਡਾ: ਮਨਜੀਤ ਸਿੰਘ ਭੋਮਾ, ਸ਼੍ਰੋਮਣੀ ਅਕਾਲੀ ਦਲ ਮਾਨ ਦੇ ਸੀਨੀਅਰ ਆਗੂ ਕੁਲਵੰਤ ਸਿੰਘ ਕੋਟਲਾ, ਅੰਮ੍ਰਿਤਸਰ ਪ੍ਰੈੱਸ ਕਲੱਬ ਦੇ ਨੁਮਾਇੰਦੇ, ਸਾਂਝੀਵਾਲਤਾਂ ਪੱਤਰਕਾਰ ਯੂਨੀਅਨ ਪੰਜਾਬ ਦੇ ਪ੍ਰਧਾਨ ਕੁਲਦੀਪ ਸਿੰਘ ਕਾਹਲੋਂ, ਸੀਨੀਅਰ ਮੀਤ ਪ੍ਰਧਾਨ ਪ੍ਰਿਥੀਪਾਲ ਸਿੰਘ ਸਿੱਧੂ ਅਤੇ ਸਮੁੱਚੀ ਟੀਮ, ਸੋਇਮ ਆਨੰਦ ਡਾਇਰੈਕਟਰ ਸ੍ਰੀ ਸਤਿਗੁਰ ਪਬਲਿਕ ਸਕੂਲ ਮਜੀਠਾ, ਨਗਰ ਕੌਂਸਲ ਮਜੀਠਾ ਦੇ ਸਾਬਕਾ ਪ੍ਰਧਾਨ ਤਰੁਣ ਅਬਰੋਲ, ਸੀਨੀਅਰ ਮੀਤ ਪ੍ਰਧਾਨ ਪ੍ਰਿੰਸ ਨਈਅਰ ਅਤੇ ਸਾਥੀ ਕੌਂਸਲਰ, ਅੰਮ੍ਰਿਤਸਰ ਨਗਰ ਨਿਗਮ ਦੇ ਕੌਂਸਲਰ ਅਤੇ ਅਫਸਰ ਸਹਿਬਾਨ, ਪੰਜਾਬ ਪੁਲਸ ਦੇ ਸੀਨੀਅਰ ਅਫਸਰ ਅਤੇ ਸਾਥੀ ਸਟਾਫ, ਰਣਜੀਤ ਸਿੰਘ ਰਾਣਾ ਭੋਮਾ ਪ੍ਰਧਾਨ ਸਮਾਜ ਸੁਧਾਰ ਸੰਸਥਾ ਪੰਜਾਬ, ਜਸਪਿੰਦਰ ਸਿੰਘ ਕਾਹਲੋਂ ਚੇਅਰਮੈਨ ਸੇਂਟ ਸੋਲਜਰ ਅਲੀਟ ਕਾਨਵੈਂਟ ਸਕੂਲ ਮਜੀਠਾ, ਜੋਗਾ ਸਿੰਘ ਅਠਵਾਲ ਪ੍ਰਧਾਨ ਸੋਸ਼ਲ ਵੈੱਲਫੇਅਰ ਸੁਸਾਇਟੀ ਮਜੀਠਾ, ਲਖਬੀਰ ਸਿੰਘ ਗਿੱਲ, ਨਵਦੀਪ ਸਿੰਘ ਸੋਨਾ, ਰਾਜਬੱਬਲ ਪ੍ਰੀਤ ਸਿੰਘ, ਲਾਲੀ ਹਰੀਆਂ, ਸਰਪੰਚ ਮੱਖਣ ਸਿੰਘ ਹਰੀਆਂ, ਪ੍ਰਭਦਿਆਲ ਸਿੰਘ ਭਲਵਾਨ ਸੇਵਾ ਮੁਕਤ ਏਐੱਸਆਈ, ਰਵਿੰਦਰ ਸਿੰਘ ਵਿੰਦਾ, ਬਿੱਟੂ ਪ੍ਰਧਾਨ, ਖੇਤੀਬਾੜੀ ਅਫਸਰ ਅਮਰਦੀਪ ਸਿੰਘ ਗਿੱਲ, ਮਜੀਠਾ ਹਲਕੇ ਤੋਂ ਵੱਡੀ ਗਿਣਤੀ ਵਿੱਚ ਪੰਚ ਸਰਪੰਚ ਤੇ ਮੋਹਤਬਰਾਂ ਤੋਂ ਇਲਾਵਾ ਸਕੇ ਸੰਬੰਧੀ ਹਾਜ਼ਰ ਸਨ। ਇਸ ਤੋਂ ਇਲਾਵਾ ਸੁਖਜਿੰਦਰਰਾਜ ਸਿੰਘ ਲਾਲੀ ਮਜੀਠੀਆ ਸੀਨੀਅਰ ਆਗੂ ਆਮ ਆਦਮੀ ਪਾਰਟੀ ਹਲਕਾ ਮਜੀਠਾ, ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੇ ਵੀ ਪਰਿਵਾਰ ਨਾਲ ਦੁੱਖ ਪ੍ਰਗਟ ਕੀਤਾ।

## ਵਹੀਕਲ ਖਰੀਦਣ ਸਮੇਂ ਜਦੋਂ ਰੋਡ ਟੈਕਸ ਦੇ ਦਿੱਤਾ ਜਾਂਦਾ ਤਾਂ ਫਿਰ ਟੋਲ ਪਲਾਜ਼ੇ ਕਿਉਂ ?



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਇਥੋਂ ਨੇੜੇ ਗੁਰਦਾਸਪੁਰ-ਡੇਰਾ ਬਾਬਾ ਨਾਨਕ ਰੋਡ ਉਪਰ ਪਿੰਡ ਖਹਿਰਾ ਕੋਟਲੀ ਵਿਖੇ ਤਜਵੀਜ਼ਤ ਟੋਲ ਪਲਾਜ਼ੇ ਵਿਰੁੱਧ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਟੋਲ ਪਲਾਜ਼ਾ ਵਿਰੋਧੀ ਸੰਘਰਸ਼ ਕਮੇਟੀ ਖਹਿਰਾ ਕੋਟਲੀ ਵੱਲੋਂ ਲਗਾਏ ਧਰਨੇ ਦੇ ਦਸਵੇਂ ਦਿਨ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਵੀ ਧਰਨੇ 'ਤੇ ਬੈਠੇ। ਧਰਨੇ ਵਿੱਚ ਕਾਮਰੇਡ ਜਗਜੀਤ ਸਿੰਘ ਅਲੂਣਾ ਬਲਾਕ ਸਕੱਤਰ, ਬਲਦੇਵ ਸਿੰਘ, ਬਲਕਾਰ ਸਿੰਘ ਨੜਾਂਵਾਲੀ, ਰਤਨ ਸਿੰਘ ਕਿਲ੍ਹਾ ਨੱਥੂ ਸਿੰਘ ਜ਼ਿਲ੍ਹਾ ਪ੍ਰਧਾਨ ਚੌਕੀਦਾਰ ਯੂਨੀਅਨ, ਡਾਕਟਰ ਅਰਜਿੰਦਰ ਸਿੰਘ, ਦਰਸ਼ਨ ਸਿੰਘ, ਗੁਰਮੀਤ ਸਿੰਘ, ਬਲਕਾਰ ਸਿੰਘ, ਜਤਿੰਦਰ ਸਿੰਘ, ਸੁਖਵਿੰਦਰ ਸਿੰਘ, ਮੱਖਣ ਸਿੰਘ, ਰਣਜੀਤ ਸਿੰਘ, ਬਲਵੀਰ ਸਿੰਘ, ਹਰਜੀਤ ਸਿੰਘ ਬਸੰਤ ਕੋਟ, ਬਲਰਾਮ ਸਿੰਘ, ਜੁਝਾਰ ਸਿੰਘ, ਸ਼ਰਨਪ੍ਰੀਤ ਸਿੰਘ, ਸਤਨਾਮ ਸਿੰਘ, ਹਰਭਜਨ ਸਿੰਘ, ਤਰਸੇਮ ਸਿੰਘ, ਸਤਨਾਮ ਸਿੰਘ ਡੇਰੀਵਾਲ, ਸਤਨਾਮ ਸਿੰਘ ਮੌੜ ਆਦਿ ਸ਼ਾਮਲ ਹੋਏ। ਇਸ ਮੌਕੇ ਧਰਨਾਕਾਰੀਆਂ ਨੂੰ ਕਿਰਤੀ ਕਿਸਾਨ ਯੂਨੀਅਨ ਵੱਲੋਂ ਸਲਵਿੰਦਰ ਸਿੰਘ, ਪੰਜਾਬ ਕਿਸਾਨ ਯੂਨੀਅਨ ਵੱਲੋਂ ਅਸ਼ਵਨੀ ਕੁਮਾਰ ਲੱਖਣ ਕਲਾਂ, ਗੁਰਦੀਪ ਸਿੰਘ ਕਾਮਲਪੁਰ, ਜਮਹੂਰੀ ਕਿਸਾਨ ਸਭਾ ਵੱਲੋਂ ਹਰਜੀਤ ਸਿੰਘ ਕਾਹਲੋਂ ਤੇ ਸਰਦੂਲ ਸਿੰਘ, ਸਾਬਕਾ ਸੈਨਿਕ ਸੰਘਰਸ਼ ਕਮੇਟੀ ਵੱਲੋਂ ਐੱਸ. ਪੀ. ਸਿੰਘ ਗੋਸਲ ਤੇ ਪ੍ਰੇਮ ਸਿੰਘ ਸੂਬੇਦਾਰ, ਅਜਾਇਬ ਸਿੰਘ, ਬੀ. ਕੇ. ਯੂ. ਉਗਰਾਹਾਂ ਵੱਲੋਂ ਗੁਰਮੁਖ ਸਿੰਘ ਖੈਹਰਾ, ਨਾਜਰ ਸਿੰਘ ਟਰਾਂਸਪੋਰਟ ਯੂਨੀਅਨ ਕਲਾਨੌਰ ਵੱਲੋਂ ਬਲਵੀਰ ਸਿੰਘ ਤੇ ਕੁਲਦੀਪ ਸਿੰਘ, ਕ੍ਰਾਂਤੀਕਾਰੀ ਯੂਨੀਅਨ ਵੱਲੋਂ ਜਸਵੰਤ ਸਿੰਘ ਨੇ ਹਾਰ ਪਾ ਹਾਰ ਪਾ ਕੇ ਧਰਨੇ 'ਤੇ ਬਿਠਾਇਆ। ਧਰਨੇ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਟੋਲ ਪਲਾਜ਼ੇ ਦੀ ਸਕੀਮ ਨੂੰ ਰੱਦ ਕਰਵਾਉਣ ਤੱਕ ਧਰਨਾ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਜੋ ਕੋਈ ਵੀ ਵੱਡਾ ਜਾਂ ਛੋਟਾ ਵਹੀਕਲ ਖਰੀਦਦਾ ਹੈ, ਉਸ ਵਲੋਂ ਵਹੀਕਲ ਖਰੀਦਣ ਸਮੇਂ ਹੀ ਰੋਡ ਟੈਕਸ ਸਰਕਾਰ ਨੂੰ ਦੇ ਦਿੱਤਾ ਜਾਂਦਾ ਹੈ ਤਾਂ ਟੋਲ ਪਲਾਜ਼ੇ ਕਿਓਂ ਬਣਾਏ ਜਾਂਦੇ ਹਨ। ਉਨ੍ਹਾਂ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਵਹੀਕਲਾਂ ਦੇ ਦਿੱਤੇ ਇਸ ਰੋਡ ਟੈਕਸ ਨਾਲ ਸਾਡੀਆਂ ਸੜਕਾਂ ਬਣਾਈਆਂ ਜਾਣ। ਇਸੇ ਤਰ੍ਹਾਂ ਹੀ ਜਦੋਂ ਕਿਸਾਨ ਆਪਣੀ ਜਿਨਸ ਵੇਚਦਾ ਹੈ ਤਾਂ ਉਸ ਸਮੇਂ ਵੀ ਮੰਡੀ ਬੋਰਡ ਵਲੋਂ ਅੱਠ ਪ੍ਰਤੀਸ਼ਤ ਕੱਟੇ ਜਾਂਦੇ ਹਨ ਜਿਹੜੇ ਕਿ ਲੋਕ ਭਲਾਈ ਦੇ ਸਾਰੇ ਕੰਮਾਂ ਲਈ ਵਰਤੇ ਜਾਂਦੇ ਹਨ। ਇਸ ਕਰਕੇ ਕਿਸਾਨ ਜਥੇਬੰਦੀਆਂ ਅਤੇ ਸੰਯੁਕਤ ਕਿਸਾਨ ਮੋਰਚੇ ਦੀ ਮੰਗ ਹੈ ਕਿ ਸਾਰੇ ਪੰਜਾਬ ਵਿੱਚੋਂ ਲੱਗੇ ਹੋਏ ਟੋਲ ਪਲਾਜ਼ੇ ਖਤਮ ਕਰ ਦਿੱਤੇ ਜਾਣ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੀ ਕਿਸੇ ਸੜਕ 'ਤੇ ਟੋਲ ਪਲਾਜ਼ਾ ਨਾ ਲਾਇਆ ਜਾਵੇ।

## ਹਰਵਿੰਦਰ ਸਿੰਘ ਮਸਾਣੀਆਂ ਜ਼ਿਲਾ ਸਕੱਤਰ ਨਿਯੁਕਤ

ਗੁਰਦਾਸਪੁਰ (ਜਨਕ ਮਹਾਜਨ)-ਗੁਰਦੁਆਰਾ ਬੋਹੜੀ ਸਾਹਿਬ ਵਿਖੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਮੀਟਿੰਗ ਹੋਈ ਜਿਸ ਵਿਚ ਜ਼ਿਲਾ ਪ੍ਰਧਾਨ ਹਰਦੀਪ ਸਿੰਘ ਵਲੋਂ ਮੀਟਿੰਗ ਏਜੰਡੇ ਦੱਸੇ ਗਏ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਸੀਨੀਅਰ ਮੀਤ ਪ੍ਰਧਾਂਨ ਸਵਿੰਦਰ ਸਿੰਘ ਚੁਤਾਲਾ, ਲਖਵਿੰਦਰ ਸਿੰਘ ਵਰਿਆਮ ਨੇ ਦੱਸਿਆ ਕਿ ਕਿਸਾਨ ਮਜ਼ਦੂਰ ਸੰਘਰਸ ਕਮੇਟੀ ਪੰਜਾਬ ਆਉਣ ਵਾਲੇ ਦਿਨਾਂ ਵਿਚ ਚਲ ਰਹੇ ਸੰਘਰਸ਼ਾਂ ਦੀ ਰੂਪ-ਰੇਖਾ ਨੂੰ ਬਦਲ ਕੇ ਸੂਬਾ ਪੱਧਰੀ ਸੰਘਰਸ਼ ਬਣਾਉਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 15 ਜਨਵਰੀ ਤੱਕ ਸਾਰੇ ਟੋਲ ਪਲਾਜ਼ਾ ਕਰਮਚਾਰੀਆਂ ਦੀ ਤਨਖਾਹ ਉਨ੍ਹਾਂ ਦੇ ਖਾਤਿਆਂ ਵਿਚ ਆਉਣ ਉਪਰੰਤ ਟੋਲ ਪਲਾਜ਼ੇ ਛੱਡੇ ਜਾਣਗੇ। ਅਜਿਹਾ ਨਾ ਹੋਣ ਦੀ ਸੂਰਤ ਵਿਚ ਅਣਮਿਥੇ ਸਮੇਂ ਦੇ ਟੋਲ ਪਲਾਜ਼ਾ ਧਰਨਿਆਂ ਦਾ ਐਲਾਨ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ 26 ਜਨਵਰੀ ਨੂੰ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਫਤਿਹ ਦਿਵਸ ਤੇ ਵੱਡੇ ਇਕੱਠ ਕਰਕੇ ਮਨਾਉਣ ਉਪਰੰਤ ਜ਼ਿਲਾ ਗੁਰਦਾਸਪੁਰ ਵਿਚ 29 ਜਨਵਰੀ ਤੇ ਨੈਸ਼ਨਲ ਹਾਈਵੇ ਅਤੇ ਗੰਨਾ ਮਿੱਲਾਂ ਦੀਆਂ ਧੱਕੇਸ਼ਾਹੀਆਂ ਵਿਰੁੱਧ ਅਣਮਿਥੇ ਸਮੇਂ ਦਾ ਰੇਲ ਰੋਕੂ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਜ਼ਿਲਾ ਕਮੇਟੀ ਦੀ ਸਰਬਸੰਮਤੀ ਨਾਲ ਹਰਵਿੰਦਰ ਸਿੰਘ ਮਸਾਣੀਆਂ ਨੂੰ ਜ਼ਿਲਾ ਸਕੱਤਰ ਦੇ ਅਹੁਦੇ ਤੇ ਨਿਯੁਕਤ ਕੀਤਾ।

## ਬੁਢਾਪਾ ਬੋਝ ਜਾਂ ਸਰਾਪ ਨਹੀਂ ਸਗੋਂ ਵਰਦਾਨ : ਜੋਧਬੀਰ ਸ਼ਰਮਾ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਬੁਢਾਪੇ ਦੀ ਸਭ ਤੋਂ ਵੱਡੀ ਸਮੱਸਿਆ ਆਪਣੇ ਉਦੋਂ ਉਪਜਦੀ ਹੈ ਜਦੋਂ ਬਜ਼ੁਰਗ ਖੁਦ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਕਮਜ਼ੋਰ, ਅਸਮਰੱਥ, ਅਸਹਾਇ, ਨਿਕੰਮਾ ਤੇ ਦੂਸਰਿਆਂ 'ਤੇ ਬੋਝ ਸਮਝਣ ਲੱਗ ਪੈਂਦੇ ਹਨ। ਦਿਲ ਢਾਹ ਬਹਿੰਦੇ ਹਨ। ਉਮਰ, ਹਾਲਾਤ ਅਤੇ ਸਮੇਂ ਨਾਲ ਕਿਸੇ-ਕਿਸੇ ਬਜ਼ੁਰਗ ਨਾਲ ਅਜਿਹਾ ਹੋਣਾ ਸੁਭਾਵਿਕ ਹੈ ਪਰ ਹਰੇਕ ਬਜ਼ੁਰਗ ਐਸਾ ਹੀ ਹੋਵੇ, ਇੰਝ ਨਹੀਂ ਹੁੰਦਾ। ਇਹ ਸਭ ਕੁੱਝ ਕਿਸੇ ਦੀ ਸੋਚ 'ਤੇ ਵੀ ਨਿਰਭਰ ਕਰਦਾ ਹੈ। ਇਹ ਵਿਚਾਰ ਪੈਨਸ਼ਨਰ ਸਾਥੀਆਂ ਨਾਲ ਵਿਚਾਰ-ਵਟਾਂਦਰੇ ਦੌਰਾਨ ਪੈਨਸ਼ਨਰ ਆਗੂ ਜੋਧਬੀਰ ਸ਼ਰਮਾ ਨੇ ਸਾਂਝੇ ਕੀਤੇ । ਉਨ੍ਹਾਂ ਆਖਿਆ ਕਿ ਅਜਿਹੀ ਅਵਸਥਾ ਬਜ਼ੁਰਗਾਂ ਦੀ ਆਪਣੇ-ਆਪ ਨੂੰ ਫਾਲਤੂ ਸਮਝਣ ਕਾਰਨ ਪੈਦਾ ਹੁੰਦੀ ਹੈ ਜੋ ਉਲਝੀ ਤੇ ਉਦਾਸ ਹੁੰਦੀ ਹੈ। ਸਾਨੂੰ ਆਪਣੇ ਤਜਰਬੇ ਅਤੇ ਅਨੁਭਵ ਦਾ ਲਾਭ ਲੈ ਕੇ ਅਜਿਹੀ ਵਿਉਂਤਬੰਦੀ ਕਰਨੀ ਚਾਹੀਦੀ ਹੈ ਕਿ ਬੁਢਾਪਾ ਬੋਝ/ਸਰਾਪ ਨਹੀਂ ਸਗੋਂ ਵਰਦਾਨ ਬਣੇ। ਜਿਹੜੇ ਬਜ਼ੁਰਗ ਕਿਸੇ ਨਾ ਕਿਸੇ ਕਾਰਜ ਵਿੱਚ ਰੁੱਝੇ ਰਹਿੰਦੇ ਹਨ ਉਹ ਸਰੀਰਕ ਅਤੇ ਮਾਨਸਿਕ ਤੌਰ 'ਤੇ ਕਮਜ਼ੋਰ ਹੁੰਦੇ ਹੋਏ ਵੀ ਹੌਸਲਾ ਨਹੀਂ ਹਾਰਦੇ। ਉਨ੍ਹਾਂ ਅੱਗੇ ਆਖਿਆ ਕਿ ਬੁਢਾਪੇ ਵਿੱਚ ਵਧੇਰੇ ਦਵਾਈਆਂ ਲੈਣ ਦੀ ਆਦਤ ਵੀ ਸਾਨੂੰ ਸਰੀਰਕ ਤੇ ਮਾਨਸਿਕ ਰੂਪ ਵਿੱਚ ਕਮਜ਼ੋਰ ਕਰਦੀ ਹੈ। ਪੈਨਸ਼ਨਰ ਕਨਫੈਡਰੇਸ਼ਨ ਦੀ ਪੱਟੀ ਇਕਾਈ ਦੇ ਮੀਤ ਪ੍ਰਧਾਨ ਬਲਵਿੰਦਰ ਕੁਮਾਰ ਕਪੂਰ ਅਤੇ ਜਨਰਲ ਸਕੱਤਰ ਜਗਤਾਰ ਸਿੰਘ ਆਸਲ ਅਨੁਸਾਰ ਨਿਰੋਗ ਅਤੇ ਲੰਮੀ ਉਮਰ ਜਿਊਣ ਲਈ ਉਮਰ ਦੇ ਵਧਣ ਨਾਲ ਬਜ਼ੁਰਗ ਰੋਜ਼ਾਨਾ ਸੈਰ ਕਰਨ ਦੀ ਆਦਤ ਪਾਉਣ, ਦਵਾਈਆਂ ਤੋਂ ਸੰਕੋਚ ਕਰਨ ਅਤੇ ਸਭ ਪ੍ਰਕਾਰ ਦੀ ਜ਼ਿਦ ਛੱਡ ਕੇ ਇਕੱਲੇ ਅਤੇ ਅਲੱਗ ਰਹਿਣ ਦੀ ਥਾਂ ਹਮ-ਉਮਰ ਸਾਥੀਆਂ ਨਾਲ ਹੱਸ ਖੇਡ ਕੇ ਸਮਾਂ ਬਿਤਾਉਣ। ਆਪਣੇ ਆਪ ਨੂੰ ਸਭ ਪ੍ਰਕਾਰ ਦੇ ਨਸ਼ਿਆਂ ਤੋਂ ਮੁਕਤ ਰੱਖ ਕੇ ਪਰਿਵਾਰਕ, ਸਮਾਜਿਕ ਅਤੇ ਰਾਜਨੀਤਕ ਖੇਤਰ ਵਿੱਚ ਯਥਾਸ਼ਕਤੀ ਆਪਣਾ ਰੋਲ ਨਿਭਾਉਣ ਦੇ ਨਾਲ-ਨਾਲ ਧਾਰਮਿਕ ਅਤੇ ਅਧਿਆਤਮਕ ਖੇਤਰ ਵੱਲ ਵੀ ਝੁਕਾਅ ਰੱਖਣ। ਅਸਲ 'ਚ ਸਾਡਾ ਜੀਵਨ ਜ਼ਿਆਦਾਤਰ ਨਿੱਜੀ ਤੇ ਕੁਝ ਹੱਦ ਤੱਕ ਸਾਡੇ ਪਰਿਵਾਰ ਅਤੇ ਸਮਾਜ, ਤੁਹਾਡੀ ਹਿੰਮਤ ਅਤੇ ਸਮੁੱਚੀ ਜੀਵਨ ਵਿਉਂਤਬੰਦੀ ਉੱਪਰ ਨਿਰਭਰ ਕਰਦਾ ਹੈ। ਇਸ ਮੌਕੇ ਹੋਰਨਾ ਤੋਂ ਇਲਾਵਾ ਸਰਪ੍ਰਸਤ ਗੁਰਦਿਆਲ ਸਿੰਘ, ਸੀਨੀਅਰ ਮੀਤ ਪ੍ਰਧਾਨ ਗੋਪਾਲ ਸਿੰਘ, ਖਜ਼ਾਨਚੀ ਚਾਨਣ ਸਿੰਘ, ਦਰਸ਼ਨ ਸਿੰਘ, ਚਰਨ ਸਿੰਘ, ਅਰਜਨ ਸਿੰਘ, ਦਇਆ ਸਿੰਘ, ਕਸ਼ਮੀਰ ਸਿੰਘ ਬੁਰਜ ਅਤੇ ਨਿਰਮਲ ਸਿੰਘ ਬੁਰਜ ਆਦਿ ਹਾਜ਼ਰ ਸਨ।

## 8 ਕਰੋੜ 87 ਲੱਖ 72 ਹਜ਼ਾਰ ਰੁਪਏ ਦੀ ਲਾਗਤ ਨਾਲ ਲਗਾਏ ਜਾਣਗੇ ਤਰਲ ਕੂੜਾ ਪ੍ਰਬੰਧਨ ਦੇ ਪ੍ਰੋਜੈਕਟ: ਡੀਸੀ




ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਜ਼ਿਲ੍ਹਾ ਤਰਨ ਤਾਰਨ ਨੂੰ ਓ. ਡੀ. ਐੱਫ. ਪਲੱਸ ਬਣਾਉਣ ਲਈ ਵੱਖ-ਵੱਖ ਤਰਲ ਕੂੜਾ ਪ੍ਰਬੰਧਨ, ਠੋਸ ਕੂੜਾ ਪ੍ਰਬੰਧਨ ਅਤੇ ਪਲਾਸਟਿਕ ਕੂੜਾ ਪ੍ਰਬੰਧਨ ਦੇ ਪ੍ਰੋਜੈਕਟਾਂ ਨੂੰ ਵੱਖ-ਵੱਖ ਗ੍ਰਾਮ ਪੰਚਾਇਤਾਂ ਵਿੱਚ ਲਾਗੂ ਕਰਨ ਸਬੰਧੀ ਡਿਪਟੀ ਕਮਿਸ਼ਨਰ ਤਰਨਤਾਰਨ ਰਿਸ਼ੀਪਾਲ ਸਿੰਘ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨਤਾਰਨ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਅਤੇ ਸਮੂਹ ਬੀਡੀਪੀ ਓਜ਼ ਨਾਲ ਵਿਸ਼ੇਸ਼ ਮੀਟਿੰਗ ਹੋਈ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਤਰਨਤਾਰਨ ਵਿਖੇ 575 ਗ੍ਰਾਮ ਪੰਚਾਇਤਾਂ ਵਿੱਚ ਸਵੱਛ ਭਾਰਤ ਮਿਸ਼ਨ ਗ੍ਰਾਮੀਣ ਫੇਜ਼-2 ਤਹਿਤ ਓ. ਡੀ. ਐੱਫ. ਸਸਟੈਨੇਬਿਲਟੀ ਅਤੇ ਸੰਪੂਰਨ ਸਵੱਛਤਾ ਨੂੰ ਕਾਇਮ ਕਰਨ ਅਤੇ ਮਾਡਲ ਸ਼੍ਰੇਣੀ ਦੇ ਪਿੰਡ ਬਣਾਉਣ ਅਧੀਨ ਗੰਦੇ ਪਾਣੀ ਦੀ ਨਿਕਾਸੀ ਲਈ ਥਾਪਰ ਮਾਡਲ ਤਹਿਤ ਛੱਪੜਾਂ ਦਾ ਨਿਰਮਾਣ ਅਤੇ ਨਵੀਨੀਕਰਨ, ਪਿੰਡਾਂ ਵਿੱਚ ਸਵੱਛਤਾ ਲਈ ਗਿੱਲੇ-ਸੁੱਕੇ ਕੂੜੇ ਅਤੇ ਪਲਾਸਟਿਕ ਕੂੜੇ ਦੇ ਪ੍ਰਬੰਧਨ ਕਰਨ ਲਈ ਵੱਖ-ਵੱਖ ਪ੍ਰੋਜੈਕਟ ਲਗਾਏ ਜਾਣਗੇ ।

ਉਨ੍ਹਾਂ ਦੱਸਿਆ ਕਿ ਇਸ ਲਈ ਸਵੱਛ ਭਾਰਤ ਮਿਸ਼ਨ ਗ੍ਰਾਮੀਣ ਫੇਜ਼-2 ਤਹਿਤ 70% ਪ੍ਰਤੀਸ਼ਤ ਹਿੱਸਾ, 15ਵੇਂ ਵਿੱਤ ਕਮਿਸ਼ਨ ਵਿੱਚੋਂ 30% ਪ੍ਰਤੀਸ਼ਤ ਹਿੱਸਾ ਅਤੇ ਗੈਪਿੰਗ ਫੰਡ ਮਗਨਰੇਗਾ ਅਤੇ ਹੋਰ ਗ੍ਰਾਮ ਪੰਚਾਇਤ ਫੰਡ ਵਿੱਚੋਂ ਲਏ ਜਾਣਗੇ।

ਡਿਪਟੀ ਕਮਿਸ਼ਨਰ ਵੱਲੋਂ ਸਮੂਹ ਬੀਡੀਪੀ ਓਜ਼ ਸਹਿਬਾਨ ਨੂੰ ਆਪਣੇ ਅਧੀਨ ਆਉਂਦੀਆਂ ਗ੍ਰਾਮ ਪੰਚਾਇਤਾਂ ਨਾਲ ਤਾਲਮੇਲ ਕਰਕੇ ਜਲਦ ਤੋਂ ਜਲਦ ਕਾਰਵਾਈ ਮਤੇ, ਤਖਮੀਨੇ ਅਤੇ ਹੋਰ ਸਬੰਧਤ ਕਾਗਜ਼ਾਤ ਜ਼ਿਲ੍ਹਾ ਸੈਨੀਟੇਸ਼ਨ ਅਫਸਰ, ਤਰਨਤਾਰਨ ਦੇ ਦਫਤਰ ਨੂੰ ਜਮ੍ਹਾ ਕਰਵਾਉਣ ਦੀ ਹਦਾਇਤ ਜਾਰੀ ਕੀਤੀ ਗਈ।

ਓ. ਡੀ. ਐੱਫ. ਸਸਟੈਨੇਬਿਲਟੀ ਨੂੰ ਮੁੱਖ ਰੱਖਦੇ ਹੋਏ ਸੰਪੂਰਨ ਸਵੱਛਤਾ ਦੀ ਸ਼ੁਰੂਆਤ ਕਰਦਿਆਂ ਹੋਇਆਂ ਡਿਪਟੀ ਕਮਿਸ਼ਨਰ ਵੱਲੋਂ ਬਲਾਕ ਪੱਟੀ ਦੀਆਂ 42 ਅਤੇ ਨੌਸ਼ਹਿਰਾ ਪੰਨੂੰਆਂ ਦੀਆਂ 29 ਗ੍ਰਾਮ ਪੰਚਾਇਤਾਂ ਵਿੱਚ 8 ਕਰੋੜ 87 ਲੱਖ 72 ਹਜ਼ਾਰ ਰੁਪਏ ਦੀ ਲਾਗਤ ਨਾਲ ਸਵੱਛ ਭਾਰਤ ਮਿਸ਼ਨ ਗ੍ਰਾਮੀਣ ਫੇਜ਼-2 ਤਹਿਤ ਤਰਲ ਕੂੜਾ ਪ੍ਰਬੰਧਨ ਦੇ ਪ੍ਰੋਜੈਕਟਾਂ ਨੂੰ ਲਾਗੂ ਕਰਨ ਲਈ ਸਬੰਧਤ ਵਿਭਾਗਾਂ ਨੂੰ ਹਦਾਇਤਾਂ ਜਾਰੀ ਕਰ ਦਿੱਤੀਆਂ ਗਈਆਂ ਹਨ ਅਤੇ ਆਉਣ ਵਾਲੇ 6 ਮਹੀਨਿਆਂ ਵਿੱਚ ਇਨ੍ਹਾਂ ਪ੍ਰੋਜੈਕਟਾਂ ਨੂੰ ਮੁਕੰਮਲ ਕਰ ਲਿਆ ਜਾਵੇਗਾ ਅਤੇ ਜ਼ਿਲ੍ਹਾ ਤਰਨਤਾਰਨ ਨੂੰ ਮਾਡਲ ਸ਼੍ਰੇਣੀ ਵਿੱਚ ਪਹਿਲੇ ਸਥਾਨ 'ਤੇ ਲਿਆਉਣ ਲਈ ਜੰਗੀ ਪੱਧਰ 'ਤੇ ਯਤਨ ਕੀਤੇ ਜਾਣਗੇ।

## ਬਾਵਾ ਲਾਲ ਦਿਆਲ ਦੇ ਜਨਮ ਦਿਹਾੜੇ ਸੰਬੰਧੀ ਪ੍ਰਭਾਤ ਫੇਰੀਆਂ ਸ਼ੁਰੂ



ਮਜੀਠਾ (ਸੋਇਮ ਆਨੰਦ)-23 ਜਨਵਰੀ ਨੂੰ ਸ੍ਰੀ ਬਾਵਾ ਲਾਲ ਦਿਆਲ ਦੇ ਪਵਿੱਤਰ ਜਨਮ ਦਿਹਾੜੇ ਸਬੰਧੀ ਮਜੀਠਾ ਵਿਖੇ 9 ਜਨਵਰੀ ਤੋਂ ਵਿਸ਼ਾਲ ਪ੍ਰਭਾਤ ਫੇਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਜੋ ਕਿ 23 ਜਨਵਰੀ ਤੱਕ ਨਿਕਲਣਗੀਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੰਦਿਰ ਕਮੇਟੀ ਦੇ ਚੇਅਰਮੈਨ ਕੁਲਦੀਪ ਕੁਮਾਰ ਨੇ ਦੱਸਿਆ ਕਿ ਸਮੂਹ ਕਮੇਟੀ ਮੈਂਬਰਾਂ ਨੇ ਪ੍ਰਭਾਤ ਫੇਰੀਆਂ ਕੱਢਣ ਤੋਂ ਪਹਿਲਾਂ ਧਿਆਨਪੁਰ ਗੱਦੀਨਸ਼ੀਨ ਮਹਾਰਾਜਾ ਰਾਮ ਸੁੰਦਰ ਦਾਸ ਜੀ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ ਸੀ। ਉਨ੍ਹਾਂ ਦੱਸਿਆ ਕਿ 23 ਜਨਵਰੀ ਨੂੰ ਮਹਾਰਾਜ ਬਾਵਾ ਲਾਲ ਦਿਆਲ ਜੀ ਦਾ 668ਵਾਂ ਜਨਮ ਦਿਹਾੜਾ ਹੈ। 22 ਜਨਵਰੀ ਨੂੰ ਇੱਕ ਵਿਸ਼ਾਲ ਨਗਰ ਕੀਰਤਨ ਵੀ ਮਜੀਠਾ ਵਿਖੇ ਸੁਸ਼ੋਭਿਤ ਕੀਤਾ ਜਾਵੇਗਾ। 23 ਜਨਵਰੀ ਸ਼ਾਮੀ ਸੱਤ ਵਜੇ ਤੋਂ ਧਿਆਨਪੁਰ ਗੱਦੀਨਸ਼ੀਨ ਮਹਾਰਾਜ ਦੀ ਆਗਿਆ ਅਨੁਸਾਰ ਕੀਰਤਨ ਕਰਦੇ ਹੋਏ ਬਾਵਾ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਮੌਕੇ ਲੰਗਰ ਭੰਡਾਰਾ ਵੀ ਅਟੁੱਟ ਵਰਤਾਇਆ ਜਾਵੇਗਾ। ਇਸ ਮੌਕੇ ਚੇਅਰਮੈਨ ਕੁਲਦੀਪ ਕੁਮਾਰ, ਪ੍ਰਧਾਨ ਨਰਿੰਦਰ ਕੁਮਾਰ, ਪੁਜਾਰੀ ਮਨੋਜ ਕੁਮਾਰ, ਸਾਜਨ, ਐਨ. ਕੇ. ਬੱਬਰ, ਰਮੇਸ਼ ਪੁਰੀ, ਮਿੰਟੂ ਨਈਅਰ, ਰਵਿੰਦਰ ਕਪਾਹੀ, ਇੰਦਰਜੀਤ ਸ਼ਰਮਾ, ਵਿਮਲ ਕੁਮਾਰ, ਰਾਜ ਕਿਰਨ ਰਾਜੂ ਅਤੇ ਡਾ. ਬਲਦੇਵ ਸ਼ਰਮਾ ਆਦਿ ਹਾਜ਼ਰ ਸਨ।

## ਟਰੱਸਟ ਵੱਲੋਂ ਬਿਰਧ ਆਸ਼ਰਮ ਜਵੰਦਾ ਕਲਾਂ ਵਿਖੇ ਰਾਸ਼ਨ ਭੇਟ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਨੂੰ ਸਮਰਪਿਤ ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟਰੱਸਟ ਰਜਿ: ਪੱਟੀ ਵੱਲੋਂ ਸੰਗਤ ਦੇ ਸਹਿਯੋਗ ਨਾਲ ਗੁਰੂ ਨਾਨਕ ਬਿਰਧ ਅਤੇ ਅਨਾਥ ਆਸ਼ਰਮ ਪਿੰਡ ਜਵੰਦਾ ਕਲਾਂ ਵਿਖੇ 25000 ਰੁਪਏ ਦੀਆਂ ਰਸਦਾਂ ਗੁਰੂ ਕੇ ਲੰਗਰ ਵਾਸਤੇ ਆਸ਼ਰਮ ਦੇ ਮੁੱਖ ਸੇਵਾਦਾਰ ਬਾਬਾ ਅਰਪਿੰਦਰ ਸਿੰਘ ਨੂੰ ਭੇਟ ਕੀਤੀਆਂ ਗਈਆਂ। ਟਰੱਸਟ ਦੇ ਸਰਪ੍ਰਸਤ ਡਾ. ਰਜਿੰਦਰ ਸਿੰਘ ਅਤੇ ਪ੍ਰਧਾਨ ਗੁਰਮੀਤ ਸਿੰਘ ਨੇ ਦੱਸਿਆ ਕਿ ਇਸ ਆਸ਼ਰਮ ਵਿੱਚ ਅਨਾਥ, ਬੇਸਹਾਰਾ, ਵੱਖ-ਵੱਖ ਰੋਗਾਂ ਨਾਲ ਪੀੜਤ ਲਾਵਾਰਿਸਾਂ ਦੀ ਸਾਂਭ-ਸੰਭਾਲ ਬਾਬਾ ਅਰਪਿੰਦਰ ਸਿੰਘ ਵੱਲੋਂ ਸੰਗਤ ਦੇ ਸਹਿਯੋਗ ਨਾਲ ਕੀਤੀ ਜਾਂਦੀ ਹੈ! ਇਸ ਟਰੱਸਟ ਵੱਲੋਂ ਆਸ਼ਰਮ ਲਈ ਸਮੇਂ-ਸਮੇਂ 'ਤੇ ਸਹਿਯੋਗ ਕੀਤਾ ਜਾਂਦਾ ਹੈ। ਟਰੱਸਟ ਮੁੱਖੀ ਵੱਲੋਂ ਇਲਾਕੇ ਦੀ ਸੰਗਤ ਨੂੰ ਬੇਨਤੀ ਹੈ ਕਿ ਆਪਣੀ ਕਿਰਤ ਕਮਾਈ ਵਿੱਚੋਂ ਜੋ ਤੁਸੀਂ ਦਸਵੰਧ ਕੱਢਦੇ ਹੋ ਉਸ ਵਿੱਚੋਂ ਇਸ ਆਸ਼ਰਮ ਲਈ ਵੀ ਤਿਲ-ਫੁੱਲ ਸਹਿਯੋਗ ਜ਼ਰੂਰ ਕਰਿਆ ਕਰੋ। ਆਸ਼ਰਮ ਦੇ ਮੁੱਖ ਸੇਵਾਦਾਰ ਬਾਬਾ ਅਰਪਿੰਦਰ ਸਿੰਘ ਵੱਲੋਂ ਵੀ ਬਾਬਾ ਦੀਪ ਸਿੰਘ ਜੀ ਚੈਰੀਟੇਬਲ ਟਰੱਸਟ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਟਰੱਸਟ ਦੇ ਸਰਪ੍ਰਸਤ ਡਾ. ਰਜਿੰਦਰ ਸਿੰਘ, ਪ੍ਰਧਾਨ ਗੁਰਮੀਤ ਸਿੰਘ, ਮੀਤ ਪ੍ਰਧਾਨ ਬਲਬੀਰ ਸਿੰਘ, ਸਕੱਤਰ ਹਰਚਰਨ ਸਿੰਘ, ਮੈਂਬਰ ਜਗਜੀਤ ਸਿੰਘ, ਸੁਖਪਾਲ ਸਿੰਘ, ਅਮਨਦੀਪ ਸਿੰਘ ਅਤੇ ਜਗਪਰੀਤ ਸਿੰਘ ਹਾਜ਼ਰ ਸਨ।

## 532 ਗ੍ਰਾਮ ਹੈਰੋਇਨ ਬਰਾਮਦ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਪਾਕਿਸਤਾਨ ਤਸਕਰਾਂ ਵੱਲੋਂ ਭਾਰਤੀ ਖੇਤਰ ਵਿੱਚ ਨਸ਼ੀਲੇ ਪਦਾਰਥ ਭੇਜਣ ਦਾ ਕੰਮ ਲਗਾਤਾਰ ਜਾਰੀ ਹੈ ਜਿਸ ਦੇ ਚਲਦਿਆਂ ਥਾਣਾ ਖੇਮਕਰਨ ਅਧੀਨ ਪੈਂਦੀ ਸੀਮਾ ਚੌਕੀ ਟੀ-ਬੰਥ ਇਲਾਕੇ ਵਿੱਚ ਬੀਐੱਸਐੱਫ ਦੀ 101 ਬਟਾਲੀਅਨ ਦੇ ਜਵਾਨਾਂ ਤੇ ਥਾਣਾ ਖੇਮਕਰਨ ਦੀ ਪੁਲਸ ਵੱਲੋਂ ਚਲਾਏ ਸਾਂਝੇ ਆਪਰੇਸ਼ਨ ਦੌਰਾਨ ਕੰਡਿਆਲੀ ਤਾਰ ਨਜ਼ਦੀਕ ਪਾਕਿ ਤਸਕਰਾਂ ਵੱਲੋਂ ਸੁੱਟੀ ਹੈਰੋਇਨ ਨੂੰ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਖੇਮਕਰਨ ਦੇ ਮੁਖੀ ਐੱਸਐੱਚਓ ਇੰਸਪੈਕਟਰ ਕੰਵਲਜੀਤ ਰਾਇ ਨੇ ਦੱਸਿਆ ਕਿ ਪਾਕਿ ਤਸਕਰਾਂ ਨੇ ਸੋਮਵਾਰ-ਮੰਗਲਵਾਰ ਦੀ ਦਰਮਿਆਨੀ ਰਾਤ ਕੰਡਿਆਲੀ ਤਾਰ ਪਾਰੋਂ ਪਾਕਿ ਵਾਲੀ ਸਾਈਡ ਤੋਂ ਭਾਰਤੀ ਖੇਤਰ ਵਿੱਚ ਕੋਈ ਚੀਜ਼ ਸੁੱਟਣ ਦੀ ਆਵਾਜ਼ ਸੁਣਾਈ ਦਿੱਤੀ, ਜਿਸ 'ਤੇ ਤੁਰੰਤ ਕਾਰਵਾਈ ਕਰਦਿਆਂ ਬੀ. ਐੱਸ. ਐੱਫ. ਤੇ ਖੇਮਕਰਨ ਪੁਲਸ ਵੱਲੋਂ ਚਲਾਏ ਗਏ ਸਾਂਝੇ ਆਪ੍ਰੇਸ਼ਨ ਦੌਰਾਨ ਪੋਸਟ ਬੁੱਧ ਮਹਿੰਦੀਪੁਰ ਦੇ ਨਜ਼ਦੀਕ 532 ਗ੍ਰਾਮ ਹੈਰੋਇਨ ਬਰਾਮਦ ਕੀਤੀ।

ਉਨ੍ਹਾਂ ਦੱਸਿਆ ਕਿ ਇਸ ਸੰਬੰਧ ਵਿੱਚ ਥਾਣਾ ਖੇਮਕਰਨ ਵਿੱਚ ਅਣਪਛਾਤੇ ਸਮੱਗਲਰਾਂ ਦੇ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ।

## ਕਿਸਾਨ-ਮਜ਼ਦੂਰ ਜਥੇਬੰਦੀ ਨੇ ਜ਼ੀਰਾ ਮੋਰਚੇ ਦੇ ਹੱਲ ਲਈ ਘੇਰੇ ਪੰਜਾਬ ਭਰ ਦੇ ਪ੍ਰਦੂਸ਼ਣ ਕੰਟਰੋਲ ਬੋਰਡ ਦਫਤਰ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਸੂਬਾ ਪੱਧਰ 'ਤੇ ਚੱਲ ਰਹੇ ਅੰਦੋਲਨ, ਸਾਂਝੇ ਮੋਰਚੇ ਜ਼ੀਰਾ ਸਮੇਤ 10 ਜ਼ਿਲ੍ਹਿਆਂ ਵਿਚ ਕੜਕਦੀ ਠੰਡ ਵਿਚ ਨਿੱਤ ਦਿਨ ਤਿੱਖੇ ਹੋ ਰਹੇ ਹਨ। ਅੱਜ ਸੂਬਾ ਪੱਧਰੀ ਐਲਾਨ 'ਤੇ ਖਰਾਬ ਮੌਸਮ ਵਿਚ ਧੁੰਦ ਤੇ ਕੋਹਰੇ ਦੇ ਬਾਵਜੂਦ ਸੰਘਰਸ਼ੀ ਕਿਸਾਨਾਂ ਤੇ ਮਜ਼ਦੂਰਾਂ ਨੇ ਸੂਬਾ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ, ਸੂਬਾ ਦਫਤਰ ਸਕੱਤਰ ਗੁਰਬਚਨ ਸਿੰਘ ਚੱਬਾ ਅਤੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਦੀ ਅਗਵਾਈ ਵਿਚ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਲ੍ਹਾ ਅੰਮ੍ਰਿਤਸਰ ਮਾਰਗ ਤੇ ਫੋਕਲ ਪੁਆਇੰਟ ਦੇ ਅੰਦਰ ਸਥਿਤ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਦਫਤਰ ਦਾ ਵੱਡੇ ਪੱਧਰ 'ਤੇ ਘੇਰਾਓ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਕਰਕੇ ਫੈਕਟਰੀਆਂ ਦੁਆਰਾ ਅਣਸੋਧਿਆ ਜ਼ਹਿਰੀਲੇ ਕੈਮੀਕਲਾਂ ਵਾਲਾ ਪਾਣੀ ਲਗਾਤਾਰ ਨਦੀਆਂ, ਬਰਸਾਤੀ ਨਾਲਿਆਂ ਅਤੇ ਧਰਤੀ ਹੇਠ ਪਾ ਕੇ ਪੰਜਾਬ ਦੇ ਦਰਿਆਈ ਤੇ ਧਰਤੀ ਹੇਠਲੇ ਪਾਣੀਆਂ ਨੂੰ ਜ਼ਹਿਰੀਲਾ ਕਰਨ ਦਾ ਗ਼ੈਰ-ਮਾਨਵੀ ਕਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਜ਼ੀਰਾ ਦੀ ਮਾਲਬਰੋਜ਼ ਸ਼ਰਾਬ ਫੈਕਟਰੀ ਸਮੇਤ ਹੋਰ ਫੈਕਟਰੀਆਂ ਵੱਲੋਂ ਕੀਤੇ ਜਾ ਰਹੇ ਜਲਵਾਯੂ ਪ੍ਰਦੂਸ਼ਣ ਦੇ ਮੁੱਦੇ ਨੂੰ ਲੈ ਕੇ ਢਿੱਲੀ ਕਾਰਗੁਜ਼ਾਰੀ ਦਿਖਾਉਣ ਵਾਲਾ ਪ੍ਰਦੂਸ਼ਣ ਕੰਟਰੋਲ ਬੋਰਡ ਆਪਣੇ ਸਿਆਸੀ ਆਕਾਵਾਂ ਨੂੰ ਖੁਸ਼ ਕਰਨ ਲਈ ਧਨਾਢ ਲੋਕਾਂ ਦੇ ਹੱਥਾਂ ਦੀ ਕੱਠਪੁਤਲੀ ਬਣ ਕੇ ਕੰਮ ਕਰ ਰਿਹਾ ਹੈ ਅਤੇ ਇਨ੍ਹਾਂ ਪੈਦਾ ਹੋਏ ਹਾਲਾਤ ਦਾ ਇੱਕ ਵੱਡਾ ਜ਼ਿੰਮੇਵਾਰ ਇਹ ਅਦਾਰਾ ਹੀ ਹੈ। ਉਨ੍ਹਾਂ ਕਿਹਾ ਕਿ ਫੈਕਟਰੀਆਂ ਪਾਣੀ ਦੀ ਬੇਤਹਾਸ਼ਾ ਦੁਰਵਰਤੋਂ ਕਰ ਰਹੀਆਂ ਹਨ ਬਲਕਿ ਇਨ੍ਹਾਂ ਦੀ ਵਜ੍ਹਾ ਨਾਲ ਦੇਸ਼ ਦੇ ਵਡੇ ਦਰਿਆ ਜਿਵੇ ਗੰਗਾ, ਯਮਨਾ, ਸਤਲੁਜ, ਬਿਆਸ ਅੱਜ ਜ਼ਹਿਰੀਲੇ ਪਾਣੀ ਦੇ ਸੋਮੇ ਬਣ ਰਹੇ ਹਨ, ਜਿਸ ਲਈ ਸਾਰੀਆਂ ਸਰਕਾਰਾਂ ਜ਼ਿੰਮੇਵਾਰ ਹਨ। ਉਨ੍ਹਾਂ ਕਿਹਾ ਕਿ ਪਾਣੀ ਦਾ ਪ੍ਰਦੂਸ਼ਣ ਦੇਸ਼ ਪੱਧਰੀ ਮਸਲਾ ਹੈ ਪਰ ਪੰਜਾਬ ਵਿਚਲੀ ਮਾਨ ਸਰਕਾਰ ਧਰਨਾਕਾਰੀਆਂ ਨੂੰ ਜਬਰ ਨਾਲ ਦਬਾਉਣ ਦੀ ਕੋਸ਼ਿਸ਼ ਕਰਕੇ ਕੇਂਦਰ ਤੋਂ ਵੀ ਦੋ ਕਦਮ ਅੱਗੇ ਜਾ ਰਹੀ ਹੈ। ਜ਼ੋਰਦਾਰ ਨਾਹਰੇਬਾਜ਼ੀ ਕਰਦੇ ਮੰਗ ਕੀਤੀ ਗਈ ਕਿ ਧਰਤੀ ਹੇਠ ਖਤਰਨਾਕ ਕੈਮੀਕਲ ਵਾਲਾ ਪਾਣੀ ਪਾਉਣ ਵਾਲੀਆਂ ਫੈਕਟਰੀਆਂ 'ਤੇ ਮਿਸਾਲੀ ਕਾਰਵਾਈ ਕੀਤੀ ਜਾਵੇ। ਅਸੀਂ ਫੈਕਟਰੀ ਵਿਰੋਧੀ ਨਹੀਂ ਪਰ ਪਾਣੀ ਦੂਸ਼ਿਤ ਕਰਨ ਵਾਲੇ ਕਿਸੇ ਵੀ ਅਦਾਰੇ ਖਿਲਾਫ ਕਾਰਵਾਈ ਦੀ ਮੰਗ ਕਰਨਾ ਸਾਡਾ ਫਰਜ਼ ਬਣਦਾ। ਸਰਕਾਰ ਫੈਕਟਰੀਆਂ ਕੋਲੋਂ ਦੂਸ਼ਿਤ ਪਾਣੀ ਨੂੰ ਸੋਧ ਕੇ ਦੁਬਾਰਾ ਵਰਤੋਂ ਵਿਚ ਲਿਆਉਣ ਦੇ ਪ੍ਰੋਗਰਾਮ ਸਖਤੀ ਨਾਲ ਲਾਗੂ ਕਰਵਾਏ ਜਾਣ। ਇਸ ਮੌਕੇ ਜ਼ਿਲ੍ਹਾ ਸਕੱਤਰ ਗੁਰਲਾਲ ਸਿੰਘ ਮਾਨ ਅਤੇ ਕੰਵਰਦਲੀਪ ਸੈਦੋਲੇਹਲ ਨੇ ਕਿਹਾ ਕਿ ਵਾਟਰ ਪਰਵੈਨਸ਼ਨ ਐਕਟ 1974, ਅਤੇ ਏਅਰ ਪਰਵੈਨਸ਼ਨ ਕੰਟਰੋਲ ਐਕਟ 1981 ਮੁਤਾਬਕ ਨਾ ਤਾਂ ਸਰਕਾਰ ਤੇ ਨਾ ਹੀ ਉਸ ਦੇ ਅਦਾਰੇ ਪ੍ਰਦੂਸ਼ਣ ਕੰਟਰੋਲ ਬੋਰਡ ਦੁਆਰਾ ਕੰਮ ਕੀਤਾ ਗਿਆ ਤੇ ਨਾ ਹੀ ਕੀਤਾ ਜਾ ਰਿਹਾ ਹੈ ਜਿਵੇਂ ਐਕਟ ਮੁਤਾਬਕ ਸ਼ਹਿਰ ਸੀਵਰੇਜ ਟਰੀਟਮੈਂਟ ਪਲਾਂਟ ਅਤੇ ਓਹਿਰ ਐਫੂਲੈਂਟ ਟਰੀਟਮੈਂਟ ਪਲਾਂਟ ਲਾਉਣੇ ਲਾਜ਼ਮੀ ਹਨ। ਇਹ ਪਲਾਂਟ ਕਿਤੇ ਵੀ ਵਰਕ ਨਹੀਂ ਕਰ ਰਹੇ। ਇਨਵਾਇਰਮੈਂਟ ਡਿਪਾਰਟਮੈਂਟ ਦੀ ਰਿਪੋਰਟ ਅਨੁਸਾਰ ਅੰਮ੍ਰਿਤਸਰ ਦੀਆਂ ਫੈਕਟਰੀਆਂ ਵੱਲੋਂ ਪਾਣੀ ਅਤੇ ਹਵਾ ਵਿੱਚ ਜ਼ਹਿਰੀਲੀ ਗੈਸ ਜੈਨੋਟੋਕਸਿਕ, ਟਰੈਨੋਜੈਨਿਕ, ਕਾਰਸੀਓਜੈਨਿਕ, ਬਲੈਡਰ ਕੈਂਸਰ, ਅੱਖਾਂ, ਕੰਨ, ਗਲਾ ਅਤੇ ਚਮੜੀ ਰੋਗ ਵਰਗੀਆਂ ਭਿਆਨਕ ਬਿਮਾਰੀਆਂ ਨੂੰ ਜਨਮ ਦੇ ਰਹੇ ਹਨ ਪਰ ਪ੍ਰਦੂਸ਼ਣ ਕੰਟਰੋਲ ਬੋਰਡ ਪੰਜਾਬ ਕਾਰਪੋਰੇਟ ਦੀ ਕਠਪੁਤਲੀ ਬਣ ਕੇ ਇਸ 'ਤੇ ਪਰਦਾ ਪਾਉਣ ਵਿੱਚ ਲੱਗਾ ਹੈ, ਪੰਜਾਬ ਵਿਚ ਖੇਤੀਬਾੜੀ ਅਧਾਰਿਤ ਇੰਡਸਟਰੀ ਲੱਗੇ, ਆਈ. ਟੀ. ਅਧਾਰਿਤ ਰੁਜ਼ਗਾਰ ਦੇਣ ਲਈ ਪ੍ਰਬੰਧ ਕੀਤੇ ਜਾਣ ਤੇ ਅਜਿਹੀ ਇੰਡਸਟਰੀ ਬੰਦ ਕੀਤੀ ਜਾਵੇ ਜਿਸ ਨਾਲ ਪਾਣੀ ਹਵਾ ਖਰਾਬ ਤਾਂ ਪੰਜਾਬ ਦੇ ਹੋਵਣ, ਪਰ ਫਾਇਦਾ ਸਿਰਫ ਕਾਰਪੋਰੇਟ ਨੂੰ ਹੋਵੇ। ਉਨ੍ਹਾਂ ਐੱਨ. ਐੱਚ. ਅਦਾਰੇ ਵੱਲੋਂ ਟੋਲ ਮੋਰਚਿਆਂ ਨੂੰ ਲੈ ਕੇ ਹਾਈਕੋਰਟ ਜਾਣ 'ਤੇ ਬੋਲਦੇ ਕਿਹਾ ਕਿ ਐੱਨ. ਐੱਚ. ਇਕ ਸਰਕਾਰੀ ਅਦਾਰਾ ਹੈ ਸੋ ਸਰਕਾਰ ਖੁਦ ਹੀ ਹਾਈਕੋਰਟ ਵਿਚ ਜਾ ਕੇ ਲੋਕ ਅੰਦੋਲਨ ਦੇ ਖਿਲਾਫ ਸਾਜ਼ਿਸ਼ ਰਚਣ ਦੀ ਕੋਸ਼ਿਸ਼ ਕਰ ਰਹੀ ਹੈ ਅਤੇ ਜੋ ਅਦਾਰੇ ਨੂੰ ਘਾਟਾ ਪੈਣ ਦੀ ਗੱਲ ਕੀਤੀ ਜਾ ਰਹੀ ਹੈ ਅਸਲ ਵਿਚ ਉਹ ਘਾਟਾ ਸਰਕਾਰ ਨੂੰ ਨਾ ਪੈ ਕੇ ਕਾਰਪੋਰੇਟ ਨੂੰ ਹੈ ਔਰ ਇਹ ਪੰਜਾਬੀਆਂ ਦਾ ਖੂਨ ਨਿਚੋੜ ਕੇ ਕਾਰਪੋਰੇਟਾਂ ਨੂੰ ਦਿੱਤਾ ਜਾ ਰਿਹਾ ਹੈ। ਜ਼ਿਲ੍ਹਾ ਸੀ. ਮੀਤ ਪ੍ਰਧਾਨ ਜਰਮਨਜੀਤ ਸਿੰਘ ਬੰਡਾਲਾ, ਕੰਧਾਰ ਸਿੰਘ ਭੋਏਵਾਲ ਅਤੇ ਬਲਦੇਵ ਸਿੰਘ ਬੱਗਾ ਨੇ ਦੱਸਿਆ ਕਿ ਅੱਜ ਮੋਹਾਲੀ ਚੰਡੀਗੜ੍ਹ ਬਾਰਡਰ 'ਤੇ ਬੰਦੀ ਸਿੱਖਾਂ ਦੀ ਰਿਹਾਈ ਅਤੇ ਲਤੀਫਪੁਰਾ ਮੋਰਚੇ ਸਮੇਤ ਪੰਜਾਬ ਵਿਚ ਹੋਰ ਸਾਰੇ ਮੋਰਚਿਆਂ ਦੀ ਹਮਾਇਤ ਦੇ ਮਤੇ ਪਾਸ ਕੀਤੇ ਗਏ ਹਨ । ਇਸ ਮੌਕੇ ਜ਼ਿਲ੍ਹਾ ਆਗੂ ਸਵਿੰਦਰ ਸਿੰਘ ਰੂਪੋਵਾਲੀ, ਕੁਲਜੀਤ ਸਿੰਘ ਘਣੂਪੁਰ, ਕੁਲਵੰਤ ਸਿੰਘ ਕੱਕੜ, ਗੁਰਭੇਜ ਸਿੰਘ ਝੰਡੇ, ਟੇਕ ਸਿੰਘ ਝੰਡੇ, ਸੁਖਦੇਵ ਸਿੰਘ ਕਾਜ਼ੀਕੋਟ, ਗੁਰਦੀਪ ਸਿੰਘ ਹਮਜ਼ਾ, ਮੁਖਤਾਰ ਸਿੰਘ ਭਗਵਾਂ, ਕੰਵਲਜੀਤ ਸਿੰਘ ਵੰਨਚੜੀ, ਦਿਲਬਾਗ ਸਿੰਘ ਖਾਪੜਖੇੜੀ, ਬਲਵਿੰਦਰ ਸਿੰਘ ਕਲੇਰ, ਅੰਗਰੇਜ਼ ਸਿੰਘ, ਗੁਰਲਾਲ ਸਿੰਘ ਕੱਕੜ, ਬੀਬੀ ਗੁਰਜੀਤ ਕੌਰ ਕੋਟਲਾ ਸੁਲਤਾਨ, ਬੀਬੀ ਗਿਆਨ ਕੌਰ, ਬੀਬੀ ਹਰਭਜਨ ਕੌਰ ਅਤੇ ਬੀਬੀ ਸੁਖਵਿੰਦਰ ਕੌਰ ਮੰਡਿਆਲਾ ਆਗੂ ਹਾਜ਼ਰ ਰਹੇ।

12 Jan-Page-12.qxd 1/11/2023 10:50 PM Page 1



# ਮੁੱਖ ਮੰਤਰੀ ਨੇ ਅਤਿ-ਆਧੁਨਿਕ ਬੁੱਤ ਲਾਉਣ ਵਾਲੀ ਪ੍ਰਸਤਾਵਿਤ ਥਾਂ ਦਾ ਲਿਆ ਜਾਇਜ਼ਾ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅਧਿਕਾਰੀਆਂ ਨੂੰ ਇੱਥੇ ਕੌਮਾਂਤਰੀ ਹਵਾਈ ਅੱਡੇ ਨੇੜੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦਾ ਅਤਿ-ਆਧੁਨਿਕ 5ਡੀ ਬੁੱਤ ਲਾਉਣ ਦੇ ਕੰਮ ਵਿੱਚ ਤੇਜ਼ੀ ਲਿਆਉਣ ਲਈ ਕਿਹਾ। ਮੁੱਖ ਮੰਤਰੀ ਨੇ ਉਸ ਪ੍ਰਸਤਾਵਿਤ ਥਾਂ ਵੀ ਜਾਇਜ਼ਾ ਲਿਆ, ਜਿੱਥੇ ਇਹ ਅਤਿ-ਆਧੁਨਿਕ ਬੁੱਤ ਲਾਇਆ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਇਹ ਗੱਲ ਯਕੀਨੀ ਬਣਾਉਣ ਲਈ ਆਖਿਆ ਕਿ ਇਹ ਕੰਮ ਤੈਅ ਸਮੇਂ ਵਿੱਚ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਉਮੀਦ ਪ੍ਰਗਟਾਈ ਕਿ ਇਹ ਬੁੱਤ ਨੌਜਵਾਨ ਪੀੜ੍ਹੀਆਂ ਨੂੰ ਦੇਸ਼ ਦੀ ਨਿਰਸਵਾਰਥ ਸੇਵਾ ਲਈ ਪ੍ਰੇਰਿਤ ਕਰੇਗਾ। ਭਗਵੰਤ ਮਾਨ ਨੇ ਕਿਹਾ ਕਿ ਇਸ ਬੁੱਤ ਰਾਹੀਂ ਸੂਬਾ ਸਰਕਾਰ ਵੱਲੋਂ ਇਸ ਧਰਤੀ ਦੇ ਮਹਾਨ ਸਪੂਤ ਨੂੰ ਢੁਕਵੀਂ ਸ਼ਰਧਾਂਜਲੀ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਵਿਚਾਰਧਾਰਾ ਦੇਸ਼ ਨੂੰ ਦਰਪੇਸ਼ ਸਾਰੀਆਂ ਸਮੱਸਿਆਵਾਂ ਦਾ ਹੱਲ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਹਵਾਈ ਅੱਡੇ ਤੋਂ ਦੇਸ਼ ਤੇ ਵਿਦੇਸ਼ਾਂ ਵਿੱਚ ਸਫ਼ਰ ਕਰਦੇ ਪੰਜਾਬ ਦੇ ਨੌਜਵਾਨਾਂ ਨੂੰ ਸ਼ਹੀਦ ਦੀ ਮਹਾਨ ਵਿਰਾਸਤ ਬਾਰੇ ਜਾਗਰੂਕ ਕਰਨ ਵਿੱਚ ਇਹ ਬੁੱਤ ਅਹਿਮ ਭੂਮਿਕਾ ਨਿਭਾਏਗਾ। ਇਸ ਦੇ ਨਾਲ-ਨਾਲ ਇਹ ਬੁੱਤ ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰਾਖੰਡ, ਜੰਮੂ-ਕਸ਼ਮੀਰ ਅਤੇ ਹੋਰ ਸੂਬਿਆਂ ਦੇ ਯਾਤਰੀਆਂ ਨੂੰ ਵੀ ਇਸ ਨੌਜਵਾਨ ਕੌਮੀ ਨਾਇਕ ਵੱਲੋਂ ਦਿੱਤੇ ਮਹਾਨ ਬਲੀਦਾਨ ਬਾਰੇ ਚੇਤੇ ਕਰਵਾਏਗਾ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਸਮਾਜਿਕ ਬਰਾਬਰੀ, ਫਿਰਕੂ ਸਦਭਾਵਨਾ ਅਤੇ ਭਾਈਚਾਰੇ ਦੇ ਹਾਮੀ ਸਨ। ਭਗਵੰਤ ਮਾਨ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਦਾ ਸੁਪਨਾ ਸਮਾਜ ਨੂੰ ਭ੍ਰਿਸ਼ਟਾਚਾਰ ਤੇ ਬੇਇਨਸਾਫ਼ੀ ਤੋਂ ਮੁਕਤ ਕਰਨਾ ਸੀ। ਉਨ੍ਹਾਂ ਕਿਹਾ ਕਿ ਸਿਰਫ਼ ਅਜਿਹੀ ਵਿਚਾਰਧਾਰਾ ਨਾਲ ਹੀ ਭਾਰਤ ਨੂੰ ਵਿਸ਼ਵ ਦਾ ਮੋਹਰੀ ਮੁਲਕ ਬਣਾਇਆ ਜਾ ਸਕਦਾ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਨੌਜਵਾਨ ਕ੍ਰਾਂਤੀਕਾਰੀ ਭਗਤ ਸਿੰਘ ਨੂੰ ਨਾ ਸਿਰਫ਼ ਇਕ ਨਾਇਕ ਵਜੋਂ ਸਗੋਂ ਉਨ੍ਹਾਂ ਦੇ ਸਮਾਜਵਾਦ ਅਤੇ ਨਾਇਨਸਾਫ਼ੀ ਵਿਰੁੱਧ ਜੂਝਣ ਦੇ ਫਲਸਫ਼ੇ ਕਾਰਨ ਵੀ ਯਾਦ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਨੌਜਵਾਨ ਸ਼ਹੀਦ ਦਾ ਜੀਵਨ ਤੇ ਫਲਸਫ਼ਾ ਹਮੇਸ਼ਾ ਨੌਜਵਾਨ ਪੀੜ੍ਹੀਆਂ ਨੂੰ ਦੇਸ਼ਭਗਤੀ ਦੇ ਜਜ਼ਬੇ ਨਾਲ ਮੁਲਕ ਦੀ ਸੇਵਾ ਕਰਨ ਲਈ ਪ੍ਰੇਰਿਤ ਕਰੇਗਾ। ਭਗਵੰਤ ਮਾਨ ਨੇ ਦੁਹਰਾਇਆ ਕਿ ਸੂਬਾ ਸਰਕਾਰ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ ਅਤੇ ਇਸ ਮਹਾਨ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਡਾਇਰੈਕਟਰ ਸੂਚਨਾ ਤੇ ਲੋਕ ਸੰਪਰਕ ਵਿਭਾਗ ਸੋਨਾਲੀ ਗਿਰਿ, ਮੁੱਖ ਮੰਤਰੀ ਦੇ ਵਧੀਕ ਪ੍ਰਮੁੱਖ ਸਕੱਤਰ ਹਿਮਾਂਸ਼ੂ ਜੈਨ, ਡਿਪਟੀ ਕਮਿਸ਼ਨਰ ਅਮਿਤ ਤਲਵਾੜ, ਸੀਨੀਅਰ ਪੁਲਿਸ ਕਪਤਾਨ ਡਾ. ਸੰਦੀਪ ਗਰਗ ਤੇ ਹੋਰ ਅਧਿਕਾਰੀ ਹਾਜ਼ਰ ਸਨ।

# ਲੋਕ ਗੀਤ ਤੇ ਖਿਡੌਣੇ ਬਣਾਉਣ ਦੇ ਮੁਕਾਬਲਿਆਂ 'ਚ ਵਿਦਿਆਰਥਣਾਂ ਨੇ ਮਾਰੀਆਂ ਮੱਲਾਂ



**ਜਲੰਧਰ -(ਸ਼ੈਲੀ ਐਲਬਰਟ )**- ਓਡੀਸ਼ਾ ਦੇ ਭੁਵਨੇਸ਼ਵਰ ਵਿਖੇ ਰਾਸ਼ਟਰ ਪੱਧਰੀ ਕਲਾ ਉਤਸਵ ਮੁਕਾਬਲਿਆਂ ਦੌਰਾਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨਹਿਰੂ ਗਾਰਡਨ ਦੀਆਂ ਵਿਦਿਆਰਥਣਾਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਤੀਸਰਾ ਸਥਾਨ ਹਾਸਿਲ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਹਨਾਂ ਰਾਸ਼ਟਰ ਪੱਧਰੀ ਮੁਕਾਬਲਿਆਂ ਦੌਰਾਨ ਦੇਸ਼ ਭਰ ਦੇ 38 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ ਸੀ। ਵਧੇਰੇ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਗੁਰਿੰਦਰਜੀਤ ਕੌਰ ਨੇ ਦੱਸਿਆ ਕਿ ਲੋਕ ਗੀਤ ਦੇ ਰਾਸ਼ਟਰ ਪੱਧਰੀ ਮੁਕਾਬਲੇ ਵਿੱਚ ਕੁਮਕੁਮ ਵੱਲੋਂ ਤੀਸਰਾ ਅਤੇ ਖਿਡੌਣੇ ਬਣਾਉਣ ਦੇ ਮੁਕਾਬਲੇ ਵਿੱਚ ਮਹਿਕਪ੍ਰੀਤ ਕੌਰ ਨੇ ਤੀਸਰਾ ਸਥਾਨ ਹਾਸਲ ਕਰਕੇ ਰਾਸ਼ਟਰ ਪੱਧਰ 'ਤੇ ਸਕੂਲ ਦਾ ਨਾਂਅ ਚਮਕਾਇਆ ਹੈ। ਸਕੂਲ ਪਹੁੰਚਣ 'ਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਗੁਰਸ਼ਰਨ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਰਾਜੀਵ ਜੋਸ਼ੀ , ਪ੍ਰਿੰਸੀਪਲ ਦਿਨੇਸ਼ ਵਰਮਾ, ਪ੍ਰਿੰਸੀਪਲ ਗੁਰਿੰਦਰਜੀਤ ਕੌਰ ਵੱਲੋਂ ਹਾਰ ਪਾ ਕੇ ਵਿਦਿਆਰਥਣਾਂ ਦਾ ਸਵਾਗਤ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫਸਰ ਗੁਰਸ਼ਰਨ ਸਿੰਘ ਵੱਲੋਂ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਆਉਣ ਵਾਲੇ ਸਾਲਾਨਾ ਇਮਤਿਹਾਨਾਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ। ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੀਵ ਜੋਸ਼ੀ ਵੱਲੋਂ ਗਾਈਡ ਅਧਿਆਪਕਾਂ ਜੋਤੀ ਗੁੰਬਰ (ਲੈਕਚਰਾਰ) ਅਤੇ ਪੂਜਾ(ਲੈਕਚਰਾਰ) ਨੂੰ ਵੀ ਵਧਾਈਆ ਦਿੱਤੀਆਂ ਗਈਆਂ। ਪ੍ਰਿੰਸੀਪਲ-ਕਮ-ਨੋਡਲ ਅਫਸਰ ਦਿਨੇਸ਼ ਵਰਮਾ ਨੇ ਵਧਾਈ ਦਿੰਦਿਆਂ ਦੱਸਿਆ ਕਿ ਦੋਵੇਂ ਵਿਦਿਆਰਥਣਾਂ 26 ਜਨਵਰੀ ਨੂੰ ਗਣਤੰਤਰ ਦਿਵਸ ਮੌਕੇ ਦਿੱਲੀ ਵਿਖੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੀਆਂ।

ਇਸ ਮੌਕੇ ਲੈਕਚਰਾਰ ਸੁਰਿੰਦਰ ਮੋਹਨ,ਲੈਕਚਰਾਰ ਅਲਕਾ, ਮੀਡੀਆ ਕੋਆਰਡੀਨੇਟਰ ਹਰਜੀਤ ਸਿੰਘ,ਸੁਖਵਿੰਦਰ ਸਿੰਘ ਸਮੇਤ ਸਕੂਲ ਦੇ ਸਮੂਹ ਸਟਾਫ ਵੱਲੋਂ ਜੇਤੂ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੱਤੀ ਗਈ।

# ਲਲਿਤ ਸਕਲਾਨੀ ਨੂੰ ਜ਼ਿਲ੍ਹਾ ਯੋਜਨਾ ਬੋਰਡ ਦਾ ਚੇਅਰਮੈਨ ਬਣਨ 'ਤੇ ਦਿੱਤੀ ਵਧਾਈ




**ਸੁਲਤਾਨਪੁਰ ਲੋਧੀ ( ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)** ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਨਾਲ ਵਿਸ਼ੇਸ਼ ਮੁਲਾਕਾਤ ਕਰਦੇ ਹੋਏ ਕਰਮਜੀਤ ਸਿੰਘ ਕੌੜਾ ਜ਼ਿਲਾ ਕਪੂਰਥਲਾ ਦੇ ਕਿਸਾਨ ਵਿੰਗ ਦੇ ਪ੍ਰਧਾਨ ਅਤੇ ਉਨ੍ਹਾਂ ਨਾਲ ਸੀਨੀਅਰ ਆਗੂ ਮਨਜੀਤ ਸਿੰਘ, ਵਰਿੰਦਰਜੀਤ ਸਿੰਘ, ਸੰਦੀਪ ਸ਼ਰਮਾ ਨੇ ਲਲਿਤ ਸਕਲਾਨੀ ਨੂੰ ਚੇਅਰਮੈਨ ਬਣਨ 'ਤੇ ਵਧਾਈ ਦਿੱਤੀ ਅਤੇ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਆਪਣੇ ਪੁਰਾਣੇ ਅਤੇ ਮਿਹਨਤੀ ਵਰਕਰਾਂ ਦੀ ਕਦਰ ਪਾਉਂਦੇ ਹੋਏ ਉਨ੍ਹਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਦੇ ਕੇ ਨਿਵਾਜਿਆ। ਉਨ੍ਹਾ ਆਮ ਆਦਮੀ ਪਾਰਟੀ ਦੀ ਹਾਈਕਮਾਂਡ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਜਮਹੂਰੀ ਕਿਸਾਨ ਸਭਾ ਦਾ ਤਹਿਸੀਲ ਪੱਧਰੀ ਅਜਲਾਸ 18 ਨੂੰ ਜੰਡਿਆਲਾ ਮੰਜਕੀ ਵਿਖੇ



**ਜਲੰਧਰ (ਰਾਜੇਸ਼ ਥਾਪਾ)** ਜਮਹੂਰੀ ਕਿਸਾਨ ਸਭਾ ਪੰਜਾਬ, ਜ਼ਿਲ੍ਹਾ ਜਲੰਧਰ ਦੀ ਹੰਗਾਮੀ ਮੀਟਿੰਗ ਜ਼ਿਲਾ ਪ੍ਰਧਾਨ ਮਨੋਹਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਜੰਡਿਆਲਾ ਮੰਜਕੀ ਵਿਖੇ ਹੋਈ। ਜ਼ਿਲ੍ਹਾ ਜਨਰਲ ਸਕੱਤਰ ਸੰਤੋਖ ਸਿੰਘ ਬਿਲਗਾ ਨੇ ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਪ੍ਰੈੱਸ ਨੂੰ ਦੱਸਿਆ ਕਿ ਮੀਟਿੰਗ ਵਿੱਚ ਪਿਛਲੇ ਸਮੇਂ ਦੌਰਾਨ ਕੀਤੇ ਗਏ ਸੰਘਰਸ਼ਾਂ ਦਾ ਰਿਵਿਊ ਕੀਤਾ ਗਿਆ ਅਤੇ ਕੀਤੀ ਗਈ ਸ਼ਮੂਲੀਅਤ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਅਤੇ ਭਵਿੱਖੀ ਸੰਘਰਸ਼ਾਂ ਵਿੱਚ ਵੱਧ ਚੜ੍ਹਕੇ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ। ਸਰਬ ਸੰਮਤੀ ਨਾਲ ਮਤਾ ਪਾਸ ਕਰਕੇ ਭਗਵੰਤ ਮਾਨ ਸਰਕਾਰ ਵਲੋਂ ਲਤੀਫਪੁਰਾ (ਜਲੰਧਰ) ਵਿਖੇ ਬੁਲਡੋਜ਼ਰ ਚਲਾ ਕੇ ਲੋਕਾਂ ਨੂੰ ਉਜਾੜ ਕੇ ਬੇਘਰੇ ਕਰਨ ਦੀ ਤਿੱਖੀ ਨਿਖੇਧੀ ਕਰਦੇ ਹੋਏ ਲਤੀਫਪੁਰਾ ਮੁੜ ਵਸੇਬਾ ਸੰਘਰਸ਼ ਕਮੇਟੀ ਵੱਲੋਂ 16 ਜਨਵਰੀ ਦੇ ਕੀਤੇ ਜਾ ਰਹੇ ਐਕਸ਼ਨ ਦੀ ਪੁਰਜ਼ੋਰ ਹਿਮਾਇਤ ਕਰਦੇ ਹੋਏ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ।

ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਜਥੇਬੰਦਕ ਕਾਨਫਰੰਸਾਂ ਦੇ ਉਲੀਕੇ ਗਏ ਪ੍ਰੋਗਰਾਮ ਅਨੁਸਾਰ ਜਮਹੂਰੀ ਕਿਸਾਨ ਸਭਾ ਫਿਲੌਰ ਦਾ ਤਹਿਸੀਲ ਪੱਧਰੀ ਅਜਲਾਸ 18 ਜਨਵਰੀ 2023 ਨੂੰ ਜੰਡਿਆਲਾ ਮੰਜਕੀ ਵਿਖੇ ਕਰਨ ਦਾ ਫੈਸਲਾ ਕੀਤਾ ਗਿਆ ਅਤੇ ਤਹਿਸੀਲ ਪੱਧਰ ਦੇ ਸਮੂਹ ਡੈਲੀਗੇਟ ਸਾਥੀਆਂ ਨੂੰ ਸਮੇਂ ਸਿਰ ਜੰਡਿਆਲਾ ਮੰਜਕੀ ਵਿਖੇ ਪੁੱਜਣ ਦੀ ਅਪੀਲ ਕੀਤੀ।

ਇੱਕ ਵੱਖਰਾ ਮਤਾ ਪਾਸ ਕਰਕੇ 23 ਜਨਵਰੀ ਨੂੰ ਡੀ.ਐੱਸ.ਪੀ.ਦਫਤਰ ਫਿਲੌਰ ਵਿਖੇ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੈ.ਪੀ.ਐੱਮ.ਓ.) ਵਲੋਂ ਦਿੱਤੇ ਜਾ ਰਹੇ ਧਰਨੇ ਵਿੱਚ ਅਤੇ 26 ਜਨਵਰੀ ਦੀ ਜੀਂਦ( ਹਰਿਆਣਾ) ਕਿਸਾਨ ਮਹਾਂ ਪੰਚਾਇਤ ਵਿੱਚ ਭਰਵੀਂ ਸਮੂਲੀਅਤ ਕਰਨ ਦਾ ਫੈਸਲਾ ਵੀ ਕੀਤਾ। ਸਮੂਹ ਆਗੂਆਂ ਨੂੰ ਉਪਰੋਕਤ ਐਕਸਨਾਂ ਦੀ ਕਾਮਯਾਬੀ ਲਈ ਇੱਕ ਜੁੱਟ ਹੋ ਕੇ ਤਿਆਰੀ ਕਰਨ ਦੀ ਅਪੀਲ ਕੀਤੀ।

ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਮਨੋਹਰ ਸਿੰਘ ਗਿੱਲ, ਸੰਤੋਖ ਸਿੰਘ ਬਿਲਗਾ, ਜਸਵਿੰਦਰ ਸਿੰਘ ਢੇਸੀ, ਸਰਬਜੀਤ ਸਿੰਘ ਗਿੱਲ, ਕੁਲਦੀਪ ਸਿੰਘ ਫਿਲੌਰ,ਮੇਜਰ ਰੱਤੂ ਖੁਰਲਾਪੁਰ, ਰਾਮ ਸਿੰਘ ਕੈਂਮਵਾਲ, ਕੁਲਵੰਤ ਸਿੰਘ ਬੇਟੇ ਖਹਿਰਾ, ਸਰਬਜੀਤ ਸਿੰਘ ਸੰਗੋਵਾਲ, ਸ਼ਿੰਗਾਰਾ ਸਿੰਘ ਦੋਸਾਂਝ ਆਦਿ ਸਾਥੀ ਹਾਜ਼ਰ ਹੋਏ।

# ਬਾਬਾ ਲਾਲ ਦਿਆਲ ਦਾ ਜਨਮ ਦਿਨ 23 ਨੂੰ ਮਨਾਇਆ ਜਾਵੇਗਾ



**ਫਿਲੌਰ ( ਬੀ ਐਸ ਕੈਨੈਡੀ)** ਇਥੇ ਬਾਬਾ ਲਾਲ ਦਿਆਲ ਮੰਦਿਰ ਦੇ ਪ੍ਰਧਾਨ ਵਿਕਾਸ ਸ਼ਰਮਾ ਨੇ ਬਾਬਾ ਲਾਲ ਦਿਆਲ ਮਹਾਰਾਜ ਜੀ ਦਾ ਕੈਲੰਡਰ ਜਾਰੀ ਕਰਦੇ ਹੋਏ ਕਿਹਾ ਕਿ ਬਾਬਾ ਲਾਲਾ ਮਹਾਰਾਜ ਜੀ ਦਾ ਜਨਮ ਦਿਨ 23 ਜਨਵਰੀ ਨੂੰ ਮੰਦਿਰ ਵਿਖੇ ਧੂਮ ਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਉਹਨਾਂ ਦੇ ਨਾਲ ਮੰਦਿਰ ਦੇ ਪੰਡਿਤ ਰਾਕੇਸ਼ ਵਸ਼ਿਸ਼ਟ ਸੁਸ਼ੀਲ ਸ਼ਰਮਾ ਸ਼ਾਮ ਚਾਵਲਾ ਦਲਜੀਤ ਆਸ਼ੂ ਕਪੂਰ ਤੋਂ ਇਲਾਵਾ ਸ਼ਹਿਰ ਦੇ ਪਤਵੰਤੇ ਹਾਜ਼ਰ ਸਨ।

# ਸੇਂਟ ਸੋਲਜਰ 'ਚ ਸਮਾਜਕ ਵਿਗਿਆਨ ਦੇ ਮਾਡਲਾਂ ਦੀ ਪ੍ਰਦਰਸ਼ਨੀ




**ਜਲੰਧਰ, : (ਇਕਬਾਲ ਸਿੰਘ ਉੱਭੀ)**- ਸੇਂਟ ਸੋਲਜਰਜ਼ ਇੰਟਰ ਕਾਲਜ, ਫਰੈਂਡਜ਼ ਕਲੋਨੀ ਬ੍ਰਾਂਚ 'ਚ ਵਿਦਿਆਰਥੀਆਂ ਵੱਲੋਂ ਸਮਾਜਿਕ ਵਿਗਿਆਨ ਦੇ ਮਾਡਲ ਤਿਆਰ ਕਰਕੇ 'ਬੈਸਟ ਆਊਟ ਆਫ ਵੇਸਟ' ਪ੍ਰਦਰਸ਼ਨੀ ਲਗਾਈ ਗਈ। ਪ੍ਰਿੰਸੀਪਲ ਮਨਗਿੰਦਰ ਸਿੰਘ ਦੇ ਨਿਰਦੇਸ਼ਾਂ 'ਤੇ ਅੱਠਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਇਸ਼ਿਤਾ, ਅਰਮਾਨਜੀਤ, ਦੀਆ, ਬਬੀਤਾ, ਭਾਵਨਾ, ਰੋਸ਼ਨ, ਨਰਮਦਾ, ਚਾਂਦਨੀ, ਸਪਨਾ, ਕਨਿਕਾ, ਗੀਤਿਕਾ, ਲੱਕੀ, ਮਾਧਵ, ਅਮਨ, ਕ੍ਰਿਸ਼, ਨਿਤਿਨ, ਦਕਸ਼, ਜਤਿਨ, ਪ੍ਰਭਾਲ, ਦਿਵਯਾਂਸ਼ੂ ਆਦਿ ਨੇ ਆਪਣੀ ਕਲਾ ਅਤੇ ਤਿਆਰ ਕੀਤੇ ਮਾਡਲਾਂ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਅਧਿਆਪਕਾਂ ਦੇ ਸਹਿਯੋਗ ਨਾਲ ਵੇਸਟ ਆਈਟਮਾਂ, ਚਾਟ, ਥਰਮਾਕੋਲ, ਮਿੱਟੀ, ਰੰਗਾਂ ਦੀ ਵਰਤੋਂ ਕਰਕੇ ਡਰੋਪ ਸਿੰਚਾਈ, ਰੇਨ ਵਾਟਰ ਹਾਰਵੈਸਟਿੰਗ, ਲਿੰਗ ਅਨੁਪਾਤ, ਫਤਿਹ ਬੁਰਜ ਆਦਿ ਵੱਖ-ਵੱਖ ਆਈਟਮਾਂ ਤਿਆਰ ਕਰਕੇ ਪ੍ਰਦਰਸ਼ਿਤ ਕੀਤੀਆਂ। ਵਿਦਿਆਰਥੀਆਂ ਦੇ ਇਸ ਕੰਮ 'ਤੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਮਾਪਿਆਂ ਨੇ ਉਨ੍ਹਾਂ ਦੇ ਕੰਮ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਮੰਗਿੰਦਰ ਸਿੰਘ ਨੇ ਕਿਹਾ ਕਿ ਇਹ ਮਾਡਲ ਵਿਦਿਆਰਥੀਆਂ ਨੇ ਬਹੁਤ ਹੀ ਵਧੀਆ ਅਤੇ ਮਿਹਨਤ ਨਾਲ ਤਿਆਰ ਕੀਤੇ ਹਨ। ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਦੇ ਕੰਮ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

# ਭਾਰਤ ਜੋੜੋ ਯਾਤਰਾ ਦੇਸ਼ ਭਰ 'ਚ ਦੇ ਰਹੀ ਇੱਕ ਸੂਤਰ 'ਚ ਬੰਨ੍ਹਣ ਦਾ ਸੰਦੇਸ਼ : ਡਾ. ਰਾਜ ਕੁਮਾਰ



**ਹੁਸ਼ਿਆਰਪੁਰ (ਓ ਪੀ ਰਾਣਾ )** ਰਾਹੁਲ ਗਾਂਧੀ ਦੁਆਰਾ ਸ਼ੁਰੂ ਕੀਤੀ ਗਈ ਭਾਰਤ ਜੋੜੋ ਯਾਤਰਾ ਦੇ ਪੰਜਾਬ ਪਹੁੰਚਣ 'ਤੇ ਸਵਾਗਤ ਕਰਨ ਅਤੇ ਵਰਕਰਾਂ ਨੂੰ ਇਸ ਦੇ ਪ੍ਰਤੀ ਲਾਮਬੰਦ ਕਰਨ ਸੰਬੰਧੀ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਉਪ ਨੇਤਾ ਅਤੇ ਹਲਕਾ ਚੱਬੇਵਾਲ ਵਿਧਾਇਕ ਡਾ. ਰਾਜ ਕੁਮਾਰ ਨੇ ਵਰਕਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਰਾਜ ਕੁਮਾਰ ਨੇ ਕਿਹਾ ਕਿ ਭਾਰਤ ਜੋੜੋ ਯਾਤਰਾ ਪੰਜਾਬ ਵਿੱਚ ਪ੍ਰਵੇਸ਼ ਕਰ ਚੁੱਕੀ ਹੈ ਅਤੇ ਦਸੂਹਾ ਪਹੁੰਚਣ ਤੇ ਜਿਲ੍ਹਾ ਹੁਸ਼ਿਆਰਪੁਰ ਵਿੱਚ ਵੱਡੀ ਗਿਣਤੀ ਵਿੱਚ ਵਰਕਰ ਸਵਾਗਤ ਕਰਨ ਜਾਣਗੇ।

ਇਸ ਵਿੱਚ ਚੱਬੇਵਾਲ ਵਿੱਚ ਵੀ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰਾਂ ਅਤੇ ਆਮ ਲੋਕਾਂ ਦਾ ਜੱਥਾ ਯਾਤਰਾ ਵਿੱਚ ਭਾਗ ਲਵੇਗਾ। ਡਾ. ਰਾਜ ਕੁਮਾਰ ਨੇ ਕਿਹਾ ਕਿ ਇਸ ਯਾਤਰਾ ਦੀ ਵੱਡੀ ਸਫਲਤਾ ਨਾਲ ਵਿਰੋਧੀ ਰਾਜਨੀਤਿਕ ਪਾਰਟੀਆਂ ਦੇ ਹੋਸ਼ ਉੱਡੇ ਹੋਏ ਹਨ ਅਤੇ ਉਹ ਕੋਈ ਨਾ ਕੋਈ ਬਹਾਨਾ ਬਣਾ ਕੇ ਯਾਤਰਾ ਦਾ ਵਿਰੋਧ ਕਰਨ ਤੋਂ ਬਾਜ ਨਹੀਂ ਆ ਰਹੇ, ਲੇਕਿਨ ਦੇਸ਼ ਵਾਸੀਆਂ ਤੇ ਇਸ ਯਾਤਰਾ ਦਾ ਵਿਸ਼ੇਸ਼ ਪ੍ਰਭਾਵ ਪੈ ਰਿਹਾ ਹੈ ਕਿਉਂਕਿ, ਗਾਂਧੀ ਪਰਿਵਾਰ ਨੇ ਦੇਸ਼ ਨੂੰ ਅੱਗੇ ਲੈ ਕੇ ਜਾਣ ਅਤੇ ਇਸਦੇ ਵਿਕਾਸ ਦੇ ਲਈ ਹਮੇਸ਼ਾ ਮਿਹਨਤ ਨਾਲ ਕੰਮ ਕੀਤਾ ਹੈ ਅਤੇ ਅੱਜ ਰਾਹੁਲ ਗਾਂਧੀ ਦੀ ਯਾਤਰਾ ਨੇ ਜੋ ਸੰਦੇਸ਼ ਦਿੱਤਾ ਹੈ ਇਸ ਤੋਂ ਇੱਕ ਗੱਲ ਸਾਫ ਹੈ ਕਿ ਕਾਂਗਰਸ ਨੂੰ ਖਤਮ ਕਰਨ ਦਾ ਸੁਪਨਾ ਦੇਖਣ ਵਾਲੇ ਅੱਜ ਯਾਤਰਾਂ ਨੂੰ ਦੰਦਾਂ ਥੱਲੇ ਉਂਗਲੀ ਰੱਖ ਕੇ ਦੇਖ ਰਹੇ ਹਨ।

ਡਾ. ਰਾਜ ਕੁਮਾਰ ਨੇ ਕਾਂਗਰਸੀ ਨੇਤਾਵਾਂ, ਪੰਚਾਂ-ਸਰਪੰਚਾਂ, ਬਲਾਕ ਪ੍ਰਧਾਨਾਂ, ਬਲਾਕ ਸੰਮਤੀ ਮੈਂਬਰਾਂ ਅਤੇ ਕਾਂਗਰਸੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਚੱਬੇਵਾਲ ਵਿੱਚ ਵੱਡੀ ਗਿਣਤੀ ਵਿੱਚ ਯਾਤਰਾਂ ਵਿੱਚ ਸ਼ਾਮਿਲ ਹੋਣ ਦੇ ਲਈ ਕਮਰ ਕੱਸ ਲੈਣ ਅਤੇ ਆਪਣੇ ਸਾਥੀਆਂ ਨੂੰ ਨਾਲ ਲੈ ਕੇ ਯਾਤਰਾਂ ਦਾ ਹਿੱਸਾ ਬਣਨ। ਇਸ ਮੌਕੇ ਤੇ ਡਾ. ਰਾਜ ਕੁਮਾਰ ਨੇ ਡਾ. ਜਤਿੰਦਰ ਕੁਮਾਰ ਦਾ ਇਸ ਮੀਟਿੰਗ ਦੇ ਲਈ ਖਾਸ ਧੰਨਵਾਦ ਕੀਤਾ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਕੀਰਤਨ ਦਰਬਾਰ 14 ਨੂੰ

**ਐੱਸ.ਏ.ਐੱਸ ਨਗਰ : (ਗੁਰਜੀਤ ਬਿੱਲਾ)** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਮਾਈ ਭਾਗੋ ਅਤੇ 40 ਮੁਕਤਿਆਂ ਦੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਕੀਰਤਨ ਦਰਬਾਰ 14 ਜਨਵਰੀ ਨੂੰ ਬੜੀ ਸ਼ਰਧਾ ਭਾਵਨਾ ਕਰਵਾਇਆ ਜਾ ਰਿਹਾ ਹੈ। ਇਸ ਦਿਨ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ । ਇਸ ਉਪਰੰਤ ਸ੍ਰੀ ਦਰਬਾਰ ਸਾਹਿਬ ਅਲਿਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ, ਇੰਟਰਨੈਸ਼ਨਲ ਪੰਥਕ ਢਾਡੀ ਜੱਥੇ, ਅਤੇ ਉੱਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ । ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ।

## ਨੰਗਲ ਸ਼ਹੀਦਾਂ 'ਚ ਨੁੱਕੜ ਨਾਟਕ ਖੇਡਿਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਸਮਾਜ ਪ੍ਰਤੀ ਜ਼ਿੰਮੇਵਾਰੀ ਨੂੰ ਨਿਭਾਉਂਦੇ ਹੋਏ ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਵਿਦਿਆਰਥੀਆਂ ਨੇ ਪਿੰਡ ਨੰਗਲ ਸ਼ਹੀਦਾਂ ਵਿੱਚ ਪਾਣੀ ਬਚਾਓ-ਜੀਵਨ ਬਚਾਓ ਵਿਸ਼ੇ 'ਤੇ ਨੁੱਕੜ ਨਾਟਕ ਪੇਸ਼ ਕੀਤਾ। ਜਿਸ ਵਿੱਚ ਵਿਦਿਆਰਥੀਆਂ ਨੇ ਪਿੰਡ ਵਾਸੀਆਂ ਨੂੰ ਪਾਣੀ ਦੀ ਸੰਭਾਲ ਅਤੇ ਸਾਡੇ ਜੀਵਨ ਵਿੱਚ ਪਾਣੀ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਕਾਲਜ ਪ੍ਰਿੰਸੀਪਲ ਡਾ: ਹਰਿੰਦਰ ਗਿੱਲ ਨੇ ਕਿਹਾ ਕਿ ਰਿਆਤ ਬਾਹਰਾ ਮੈਨੇਜਮੈਂਟ ਕਾਲਜ ਭਵਿੱਖ ਵਿਚ ਹੋਰ ਪਿੰਡਾਂ ਵਿਚ ਵੀ ਅਜਿਹੇ ਸਮਾਗਮ ਜ਼ਰੂਰ ਕਰਵਾਏਗਾ। ਇਸ ਮੌਕੇ ਪਿੰਡ ਵਾਸੀਆਂ ਨੇ ਰਿਆਤ ਬਾਹਰਾ ਮੈਨੇਜਮੈਂਟ ਕਾਲਜ ਦੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਡਾ: ਪਾਰੁਲ ਖੰਨਾ, ਪ੍ਰਿਆ ਰਾਣੀ ਅੰਕਿਤਾ ਤੋਂ ਇਲਾਵਾ ਪਿੰਡ ਵਾਸੀ ਹਾਜ਼ਰ ਸਨ।

## ਕਾਰ ਸਵਾਰ ਨੌਸਰਬਾਜ 45 ਹਜ਼ਾਰ ਲੁੱਟ ਕੇ ਫਰਾਰ

**ਫਗਵਾੜਾ ( ਇੰਦਰਜੀਤ ਸਿੰਘ ਮਠਾੜੂ )**-ਇਥੇ ਸਪਰੋੜ ਗੇਟ ਲਾਗੇ ਸਵਿਫਟ ਕਾਰ 'ਚ ਸਵਾਰ ਨੌਜਵਾਨਾਂ ਨੇ ਇੱਕ ਗੈਸ ਸਪਲਾਈ ਚਾਲਕ ਨੂੰ ਨਿਸ਼ਾਨਾ ਬਣਾ ਕੇ ਉਸ ਪਾਸੋਂ ਹਜਾਰਾਂ ਰੁਪਏ ਦੀ ਰਾਸ਼ੀ ਲੈ ਕੇ ਫਰਾਰ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਸੁਰੇਸ਼ ਕੁਮਾਰ ਨੇ ਦੱਸਿਆ ਕਿ ਉਹ ਗੈਸ ਏਜੰਸੀ ਵਿਖੇ ਕੰਮ ਕਰਦਾ ਹੈ ਤੇ ਉਹ ਲਵਲੀ ਯੂਨੀਵਰਸਿਟੀ ਲਾਗਿਉਂ ਸਪਲਾਈ ਦੇ ਕੇ ਵਾਪਸ ਆ ਰਿਹਾ ਸੀ। ਜਦੋਂ ਉਹ ਕਰੀਬ 2 ਕੁ ਵਜੇ ਸਪਰੋੜ ਗੇਟ ਲਾਗੇ ਪੁੱਜਾ ਤਾਂ ਉੱਥੇ ਸਵਿਫਟ ਕਾਰ 'ਚ ਸਵਾਰ ਦੋ ਨੌਜਵਾਨਾਂ ਨੇ ਉਨ੍ਹਾਂ ਨੂੰ ਰੋਕਿਆ ਤੇ ਕਿਹਾ ਗੱਡੀ 'ਚ ਸਾਹਿਬ ਬੈਠੇ ਹਨ ਤੇ ਤੇਰੀ ਚੈਕਿੰਗ ਕਰਨੀ ਹੈ। ਜਿਸ ਤੋਂ ਬਾਅਦ ਉਨ੍ਹਾਂ ਉਸਦੀ ਤਲਾਸ਼ੀ ਲਈ ਤੇ ਉਸਦੀ ਜੇਬ 'ਚੋਂ 45 ਹਜਾਰ ਰੁਪਏ ਦੀ ਨਕਦੀ ਲੈ ਕੇ ਫਰਾਰ ਹੋ ਗਏ। ਘਟਨਾ ਸਬੰਧੀ ਪੁਲਸ ਨੂੰ ਸੂਚਨਾ ਦਿੱਤੀ ਗਈ ਹੈ।

## 14 ਤੇ 15 ਨੂੰ ਡਰੋਨ ਤੇ ਅਨਮੇਨਡ ਏਰੀਅਲ ਵਹੀਕਲਜ਼ ਦੀ ਵਰਤੋਂ 'ਤੇ ਪਾਬੰਦੀ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ, ਡਾ. ਰਮਨ, ਜਸਵਿੰਦਰ ਢੱਡਾ)**-ਰਾਹੁਲ ਗਾਂਧੀ ਦੇ 14 ਅਤੇ 15 ਜਨਵਰੀ ਨੂੰ ਫਗਵਾੜਾ ਫੇਰੀ ਦੇ ਮੱਦੇਨਜਰ ਜ਼ਿਲਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵਲੋਂ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ 14 ਜਨਵਰੀ ਅਤੇ 15 ਜਨਵਰੀ 2023 ਨੂੰ ਸਬ ਡਵੀਜਨ ਫਗਵਾੜਾ ਵਿਖੇ ਡਰੋਨ ਅਤੇ ਅਨਮੇਨਡ ਏਰੀਅਲ ਵਹੀਕਲਜ (ਯੂਏਵੀ)/ਰਿਮੋਟ ਕੰਟਰੋਲ ਮਾਈਕ੍ਰੋ ਲਾਈਟ ਏਅਰ ਕਰਾਫਟ ਜਾਂ ਅਜਿਹੇ ਕਿਸੇ ਵੀ ਯੰਤਰ,ਜਿਸ ਨਾਲ ਕੈਮਰੇ,ਖਿਡੌਣੇ ਕੈਮਰੇ ਆਦਿ ਸਾਮਲ ਹਨ ਦੀ ਵਰਤੋਂ ਤੇ ਪੂਰਨ ਤੌਰ ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ।

ਇਸੇ ਤਰ੍ਹਾਂ ਡਵੀਜਨ ਫਗਵਾੜਾ ਵਿੱਚ ਇਸ ਭਾਰਤ ਜੋੜੋ ਯਾਤਰਾ ਦੇ ਰਸਤੇ (ਰੂਟ) ਵਿੱਚ ਪੈਂਦੇ ਸਾਰੇ ਮੈਰਿਜ ਪੈਲਸਾਂ/ਰਿਜੋਰਟ ਵਿਚ 14 ਜਨਵਰੀ ਅਤੇ 15 ਜਨਵਰੀ 2023 ਨੂੰ ਯਾਤਰਾ ਦੇ ਦੌਰਾਨ ਸਾਰੇ ਵਿਆਹ ਸਮਾਗਮਾਂ ਵਿੱਚ ਰਿਮੋਟ ਕੰਟਰੋਲ ਪਾਇਲਟ ਕੈਮਰਿਆਂ ਦੀ ਵਰਤੋਂ ਤੇ ਵੀ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ। ਇਹ ਹੁਕਮ 14 ਜਨਵਰੀ 2023 ਤੋਂ 15 ਜਨਵਰੀ 2023 ਤੱਕ ਲਾਗੂ ਰਹਿਣਗੇ।

# ਸੀ ਐੱਚ ਸੀ ਨੂੰ ਜ਼ਿਲ੍ਹੇ 'ਚ ਮਿਲਿਆ ਪਹਿਲਾ ਸਥਾਨ



*ਸਿਵਲ ਸਰਜਨ ਡਾ. ਰਮਨ ਸ਼ਰਮਾ ਵੱਲੋਂ ਆਪਣੇ ਦਫਤਰ ਵਿੱਚ ਐੱਸ ਅੱਮ ਓ ਡਾ. ਦਵਿੰਦਰ ਪਾਲ ਸਿੰਘ ਨੂੰ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ।*

**ਸ਼ਾਹਕੋਟ (ਗਿਆਨ ਸੈਦਪੁਰੀ)**-ਸੀ.ਐਚ.ਸੀ ਸ਼ਾਹਕੋਟ ਨੇ ਸਾਫ਼-ਸਫਾਈ ਅਤੇ ਮਰੀਜਾਂ ਨੂੰ ਵਧੀਆ ਇਲਾਜ ਮੁਹੱਈਆ ਕਰਵਾਉਣ ਲਈ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਮੰਗਲਵਾਰ ਨੂੰ ਸਿਵਲ ਸਰਜਨ ਡਾ. ਰਮਨ ਸ਼ਰਮਾ ਨੇ ਸੀ. ਐਚ. ਸੀ ਸ਼ਾਹਕੋਟ ਦੇ ਸੀਨੀਅਰ ਮੈਡੀਕਲ ਅਫਸਰ ਡਾ. ਦਵਿੰਦਰ ਪਾਲ ਸਿੰਘ ਨੂੰ ਟਰਾਫੀ ਦੇ ਕੇ ਸਨਮਾਨਿਤ ਕੀਤਾ। ਐਸ. ਐਮ. ਓ ਡਾ. ਦਵਿੰਦਰ ਪਾਲ ਸਿੰਘ ਨੇ ਇਸ ਪ੍ਰਾਪਤੀ ਨੂੰ ਸਮੁੱਚੇ ਸਟਾਫ ਦੀ ਸਖਤ ਮਿਹਨਤ ਦਾ ਨਤੀਜਾ ਦੱਸਿਆ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਇੱਕ ਮਹੀਨੇ ਦੌਰਾਨ ਸਿਵਲ ਸਰਜਨ ਦਫਤਰ ਦੇ ਅਧਿਕਾਰੀਆਂ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਸੀ. ਐਚ. ਸੀਜ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਸੀ. ਐਚ. ਸੀ ਸ਼ਾਹਕੋਟ ਵਿਖੇ ਆਈ ਮੋਬਾਈਲ ਟੀਮ ਦੇ ਐਸ. ਐਮ. ਓ ਡਾ. ਅਨੂ ਦੁਗਾਲਾ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਰਾਕੇਸ਼ ਕੁਮਾਰ ਚੋਪੜਾ ਵੱਲੋਂ ਵਾਰੀ-ਵਾਰੀ ਨਿਰੀਖਣ ਕੀਤਾ ਗਿਆ। ਇਸ ਦੌਰਾਨ ਸਮੁੱਚਾ ਸਟਾਫ ਡਿਊਟੀ 'ਤੇ ਹਾਜ਼ਰ ਪਾਇਆ ਗਿਆ। ਦੋਵਾਂ ਅਧਿਕਾਰੀਆਂ ਨੇ ਹਸਪਤਾਲ ਦੀ ਸਫਾਈ ਨੂੰ ਬਹੁਤ ਵਧੀਆ ਦੱਸਿਆ ਸੀ। ਇਸੇ ਆਧਾਰ 'ਤੇ ਸੀ. ਐਚ. ਸੀ. ਨੂੰ ਇਹ ਸਨਮਾਨ ਮਿਲਿਆ ਹੈ।

# ਆਪ ਭਜਾਓ, ਪੰਜਾਬ ਬਚਾਓ ਦੇ ਨਾਅਰੇ ਨਾ ਲੱਗ ਜਾਣ ਕਿਤੇ ਪੰਜਾਬ 'ਚ : ਵੀਰ ਪ੍ਰਤਾਪ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਸਮਾਜਿਕ ਅਤੇ ਕੁਦਰਤੀ ਵਾਤਾਵਰਣ ਪ੍ਰੇਮੀ ਵੀਰ ਪ੍ਰਤਾਪ ਉਰਫ਼ ਪੀ.ਕੇ ਰਾਣਾ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਪੰਜਾਬ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ 9 ਮਹੀਨਿਆਂ ਤੋਂ ਵੱਧ ਸਮਾਂ ਹੋ ਗਿਆ ਹੈ ਅਤੇ ਇਨ੍ਹਾਂ ਦੇ ਕਾਰਜਕਾਲ ਦੌਰਾਨ ਜਿਸ ਤਰ੍ਹਾਂ ਪੰਜਾਬ ਹਰ ਰੋਜ਼ ਖੂਨ ਨਾਲ ਨਹਾ ਰਿਹਾ ਹੈ, ਲੋਕਾਂ ਨੇ ਕਦੇ ਵੀ ਅਜਿਹੇ ਰੰਗਲੇ ਪੰਜਾਬ ਦੀ ਉਮੀਦ ਨਹੀਂ ਕੀਤੀ ਸੀ। ਪੰਜਾਬ 'ਚ ਕਨੂੰਨ ਵਿਵਸਥਾ ਪੂਰੀ ਤਰ੍ਹਾਂ ਫਹਿ-ਢੇਰੀ ਹੋ ਚੁੱਕੀ ਹੈ, ਹੁਣ ਤਾਂ ਪੰਜਾਬ 'ਚ ਕਾਨੂੰਨ ਵਿਵਸਥਾ ਨੂੰ ਸੰਭਾਲਣ ਵਾਲੀ ਪੁਲਸ ਵੀ ਸੁਰੱਖਿਅਤ ਨਹੀਂ ਹੈ। ਸਰਕਾਰੀ ਜ਼ਮੀਨਾਂ ਤੇ ਕਬਜ਼ੇ, ਸੜਕਾਂ ਤੇ ਕਬਜ਼ੇ, ਟਰੈਫਿਕ ਵਿਵਸਥਾ ਦਾ ਬੁਰਾ ਹਾਲ, ਜਿਸ ਦੀ ਲਾਠੀ ਉਸ ਦੀ ਭੈਂਸ ਵਾਲੀ ਕਹਾਵਤ ਨਾਲ ਚਲ ਰਿਹਾ ਹੈ ਪੰਜਾਬ। ਵੀਰ ਪ੍ਰਤਾਪ ਨੇ ਕਿਹਾ ਕਿ ਪੰਜਾਬ ਵਿਚ ਆਪ ਦੀ ਸਰਕਾਰ ਬਣਨ ਤੋਂ ਬਾਅਦ ਜਿਸ ਤਰ੍ਹਾਂ ਕਤਲਾਂ ਦਾ ਦੌਰ ਚੱਲਿਆ ਹੈ ਅਤੇ ਨਸ਼ਿਆਂ ਨੇ ਆਪਣੇ ਪੈਰ ਪਸਾਰੇ ਹਨ, ਉਸ ਤੋਂ ਲੱਗਦਾ ਹੈ ਕਿ ਆਉਣ ਵਾਲੇ ਸਮੇਂ ਵਿਚ ਪੰਜਾਬ ਦੀ ਜਵਾਨੀ ਤਬਾਹ ਹੋ ਜਾਵੇਗੀ ਅਤੇ ਪੰਜਾਬ ਵਿਚ ਬਜ਼ੁਰਗਾਂ ਦਾ ਕੋਈ ਸਹਾਰਾ ਨਹੀਂ ਬਚੇਗਾ। ਪੰਜਾਬ ਦਾ ਪਾਣੀ, ਜਵਾਨੀ ਅਤੇ ਕਿਸਾਨੀ ਪੂਰੀ ਤਰ੍ਹਾਂ ਤਬਾਹ ਹੋ ਰਹੀ ਹੈ ਅਤੇ ਸਰਕਾਰ ਆਪਣੇ ਐਸ਼ੋ-ਆਰਾਮ ਵਿਚ ਡੁੱਬੀ ਹੋਈ ਹੈ। ਬਦਲਾਅ ਦੇ ਨਾਂ'ਤੇ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਰਾਜ ਵਿੱਚ ਕਿਸਾਨ ਪ੍ਰੇਸ਼ਾਨ ਹਨ ਅਤੇ ਸੜਕਾਂ 'ਤੇ ਧੱਕੇ ਖਾ ਰਹੇ ਹਨ। ਜੇਕਰ ਪਾਣੀ ਦੀ ਗੱਲ ਕੀਤੀ ਜਾਏ ਤਾਂ ਇਕ ਜਗ੍ਹਾ ਤਾਂ ਮੁੱਖ ਮੰਤਰੀ ਦਾ ਕਹਿਣਾ ਹੈ ਕਿ ਸਾਡੇ ਕੋਲ ਹਰਿਆਣਾ ਅਤੇ ਰਾਜਸਥਾਨ ਨੂੰ ਦੇਣ ਲਈ ਪਾਣੀ ਦੀ ਇਕ ਬੂੰਦ ਵੀ ਨਹੀਂ ਹੈ ਅਤੇ ਦੂਜੇ ਪਾਸੇ ਪੰਜਾਬ ਵਿਚ ਕੋਕਾ ਕੋਲਾ ਅਤੇ ਪੈਪਸੀ ਵਰਗੀਆਂ ਕੰਪਨੀਆਂ ਹਰ ਰੋਜ਼ ਕਰੋੜਾਂ ਲੀਟਰ ਸ਼ੁੱਧ ਪਾਣੀ ਧਰਤੀ ਹੇਠੋਂ ਕੱਢ ਕੇ ਵੇਚ ਰਹੀਆਂ ਹਨ ਅਤੇ ਬਰਬਾਦ ਕਰ ਰਹੀਆਂ ਹਨ, ਇਸ ਵੱਲ ਕੋਈ ਧਿਆਨ ਨਹੀਂ ਦੇ ਰਿਹਾ ਕਿਉਂਕਿ ਪਾਰਟੀ ਨੂੰ ਚੰਦਾ ਚਾਹੀਦਾ ਹੈ। ਜਿੱਥੇ ਤਕ ਜਵਾਨੀ ਦੀ ਗੱਲ ਕਰੀਏ ਤਾਂ ਵੀ ਪੰਜਾਬ 'ਚ ਆਪ ਸਰਕਾਰ ਆਉਣ ਤੋਂ ਬਾਅਦ ਚਿੱਟੇ ਦੀ ਖਪਤ ਕਾਫੀ ਵੱਧ ਗਈ ਹੈ ਅਤੇ ਕਈ ਨੌਜਵਾਨ ਮੁੰਡੇ-ਕੁੜੀਆਂ ਮੌਤ ਦਾ ਸ਼ਿਕਾਰ ਹੋ ਰਹੇ ਹਨ, ਹੁਣ ਤਾਂ ਇਹ ਡਰ ਸਤਾ ਰਿਹਾ ਹੈ ਕਿ ਪੰਜਾਬ ਦੇ ਕਿਸਾਨ ਅਤੇ ਆਮ ਜਨਤਾ ਕਿਤੇ ਇਹ ਨਾਅਰਾ ਨਾ ਲਾ ਦੇਣ 'ਆਪ ਭਜਾਓ ਪੰਜਾਬ ਬਚਾਓ'।

# ਸਕਰੈਪ ਪਾਲਿਸੀ ਦਾ ਡਟ ਕੇ ਵਿਰੋਧ ਕੀਤਾ ਜਾਵੇ-ਸੁਰਜੀਤ ਸਿੰਘ ਢੇਰ



**ਨੰਗਲ (ਨਵਾਂ ਜ਼ਮਾਨਾ ਸਰਵਿਸ)**-ਪੰਜਾਬ ਸਰਕਾਰ ਵੱਲੋਂ ਕੀਤੇ ਤਾਜਾ ਫੈਸਲੇ ਸਕਰੈਪ ਪਾਲਿਸੀ ਦਾ ਡੱਟ ਕੇ ਵਿਰੋਧ ਕਰਨ ਦਾ ਸੱਦਾ ਦਿੰਦਿਆਂ ਆਲ ਇੰਡੀਆ ਰੋਡ ਟਰਾਂਸਪੋਰਟ ਵਰਕਰਜ ਫੈਡਰੇਸ਼ਨ ਦੇ ਸੂਬਾਈ ਆਗੂ ਕਾਮਰੇਡ ਸੁਰਜੀਤ ਸਿੰਘ ਢੇਰ, ਸੰਗਤ ਸਿੰਘ ਠੀਕਰੀਵਾਲ, ਗੁਰਨਾਮ ਸਿੰਘ ਬਿੰਦਰਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਬਹੁਤ ਹੀ ਪੰਜਾਬ ਵਿਰੋਧੀ ਫੈਸਲਾ ਕੀਤਾ ਹੈ ਕਿ 15 ਸਾਲ ਪੁਰਾਣੀਆਂ ਗੱਡੀਆਂ ਨੂੰ ਸੜਕਾਂ ਤੋਂ ਹਟਾ ਦਿੱਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਸੜਕ ਹਾਦਸਿਆਂ ਦਾ ਕਾਰਨ ਪੁਰਾਣੀਆਂ ਗੱਡੀਆਂ ਨਹੀਂ ਹਨ ਸਗੋਂ ਖਰਾਬ ਟੁੱਟੀਆਂ ਹੋਈਆਂ ਸੜਕਾਂ,ਉਵਰਲੋਡ ਗੱਡੀਆਂ, ਪੁਲਸ ਪ੍ਰਸ਼ਾਸਨ ਜਿੰਮੇਵਾਰ ਹਨ। ਜਦ ਕਿ 15 ਅਤੇ 8 ਸਾਲਾਂ ਵਿੱਚ ਗੱਡੀਆਂ ਦਾ ਕੁਝ ਵੀ ਨਹੀਂ ਵਿਗੜਦਾ ਹੈ। ਉਨ੍ਹਾਂ ਨੇ ਕਿਹਾ ਕਿ ਬਾਹਰਲੇ ਵਿਕਸਤ ਮੁਲਕਾਂ ਵਿੱਚ ਵੀ ਇਹ ਪਾਲਿਸੀ ਲਾਗੂ ਨਹੀਂ ਹੈ। ਉਥੇ ਵੀ ਦਹਾਕਿਆਂ ਵਰ੍ਹੇ ਪੁਰਾਣੀਆਂ ਗੱਡੀਆਂ ਚੱਲ ਰਹੀਆਂ ਹਨ। ਸਿਰਫ ਗੱਡੀ ਫਿਟਨੈਂਸ ਸਹੀ ਢੰਗ ਨਾਲ ਕੀਤੀ ਜਾਵੇ। ਸਰਕਾਰ ਨੇ ਗੱਡੀਆਂ ਨੂੰ ਬੰਦ ਕਰਨ ਦਾ ਫੈਸਲਾ ਕਾਰਪੋਰੇਟ ਘਰਾਣਿਆਂ ਨੂੰ ਲਾਭ ਦੇਣ ਲਈ ਕੀਤਾ ਹੈ। ਸੂਬੇ ਨੂੰ ਬਰਬਾਦ ਕਰਨ ਉਤੇ ਪੰਜਾਬ ਸਰਕਾਰ ਤੁਲੀ ਹੋਈ ਹੈ। ਪੰਜਾਬ ਦੇ ਲੋਕਾਂ ਨੂੰ ਸਰਕਾਰ ਤੋਂ ਬਹੁਤ ਆਸਾਂ ਸਨ ਪਰ ਹੁਣ ਤੱਕ ਪੰਜਾਬ ਦੇ ਲੋਕਾਂ ਨੂੰ ਮਾਰਨ ਵਾਲੇ ਫੈਸਲੇ ਸਰਕਾਰ ਕਰ ਰਹੀ ਹੈ। ਇਸ ਤੋਂ ਪਹਿਲਾਂ ਹਰਿਆਣਾ ਦੀ ਸਰਕਾਰ ਨੇ ਇਹ ਫੈਸਲਾ ਵਾਪਸ ਲੈ ਲਿਆ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਤੁਰੰਤ ਇਹ ਫੈਸਲਾ ਵਾਪਿਸ ਲਵੇ। ਆਲ ਇੰਡੀਆ ਰੋਡ ਟਰਾਂਸਪੋਰਟ ਵਰਕਰਜ ਫੈਡਰੇਸ਼ਨ ਨੇ ਪੰਜਾਬ ਦੇ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਇਕਮੁੱਠਤਾ ਨਾਲ ਇਸ ਲੋਕ ਵਿਰੋਧੀ, ਗਰੀਬ ਵਿਰੋਧੀ ਫੈਸਲੇ ਖਿਲਾਫ ਸੰਘਰਸ਼ਾਂ ਦੇ ਮੈਦਾਨ ਮੱਲਣ। ਇਸ ਮੌਕੇ 'ਤੇ ਸੁਖਵਿੰਦਰ ਸਿੰਘ ਮਾਂਗੇਵਾਲ,ਅਜੈ ਰਾਣਾ, ਕੁਲਵਿੰਦਰ ਸਿੰਘ ਬਿੰਦਰਾ, ਹਰਮਿੰਦਰ ਸਿੰਘ, ਸਰਪੰਚ ਕਸ਼ਮੀਰ ਸਿੰਘ ਵੀ ਹਾਜਰ ਸਨ।

## ਜਨਮ ਦਿਨ ਮੁਬਾਰਕ



ਗੋਸਵਿੰਦਰ (ਜਲੰਧਰ)



ਏਂਜਲ (ਜਲੰਧਰ)

# ਕਮੇਟੀ ਬਾਜ਼ਾਰ 'ਚ ਸੜਕ ਹਾਦਸੇ ਦੀ ਉੱਚ ਪੱਧਰੀ ਜਾਂਚ ਹੋਵੇ : ਤੀਕਸ਼ਣ ਸੂਦ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਭਾਜਪਾ ਆਗੂਆਂ ਸਾਬਕਾ ਕੈਬਨਿਟ ਮੰਤਰੀ ਤੀਕਸ਼ਣ ਸੂਦ, ਜ਼ਿਲ੍ਹਾ ਮੀਤ ਪ੍ਰਧਾਨ ਸੁਰੇਸ਼ ਭਾਟੀਆ ਬਿੱਟੂ, ਸ਼ਿਵ ਕੁਮਾਰ ਕਾਕੂ ਵੱਲੋਂ ਜਾਰੀ ਪ੍ਰੈਸ ਨੋਟ ਵਿੱਚ ਕਿਹਾ ਗਿਆ ਹੈ ਕਿ ਉਹ ਸਵੇਰੇ ਕਮੇਟੀ ਮੰਡੀ ਵਿੱਚ ਲੋਕਾਂ ਦੀ ਮਦਦ ਲਈ ਗਏ ਸਨ ਉਪਰੰਤ ਬੀਤੀ ਰਾਤ ਕਣਕ ਨਾਲ ਭਰੀ ਟਰਾਲੀ ਪਲਟ ਗਈ। ਉਸ ਸਮੇਂ ਨਗਰ ਨਿਗਮ ਵੱਲੋਂ ਟਰਾਲੀ ਪਲਟਣ ਕਾਰਨ ਜੇਸੀਬੀ ਰਾਹੀਂ ਸੜਕ 'ਤੇ ਪਏ ਟੋਏ ਦੀ ਮੁਰੰਮਤ ਦਾ ਕੰਮ ਚੱਲ ਰਿਹਾ ਸੀ। ਇਸ ਮੌਕੇ ਆਰ.ਟੀ.ਆਈ ਕਾਰਕੁਨ ਸੁਦਰਸ਼ਨ ਬੇਦੀ ਅਤੇ ਇਲਾਕੇ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਹਾਜ਼ਰ ਸਨ। ਸੜਕ ਦੀ ਮਾੜੀ ਉਸਾਰੀ ਅਤੇ ਜ਼ਿਆਦਾ ਭਾਰ ਹੋਣ ਕਾਰਨ ਟਰਾਲੀ ਦਾ ਪਹੀਆ ਸੀਵਰੇਜ 'ਚ ਫਸ ਗਿਆ, ਜਿਸ ਕਾਰਨ ਟਰਾਲੀ ਪਲਟ ਗਈ ਅਤੇ ਉੱਥੋਂ ਲੰਘ ਰਹੇ ਲੋਕਾਂ ਨੂੰ ਗੰਭੀਰ ਸੱਟਾਂ ਲੱਗੀਆਂ। ਉਨ੍ਹਾਂ ਕਿਹਾ ਕਿ ਭਾਜਪਾ ਅਤੇ ਹੋਰ ਕਈ ਜਥੇਬੰਦੀਆਂ ਪਹਿਲਾਂ ਵੀ ਕਈ ਵਾਰ ਇਸ ਸੜਕ ਦੀ ਮਾੜੀ ਉਸਾਰੀ ਵਿਰੁੱਧ ਆਵਾਜ਼ ਉਠਾਉਂਦੀਆਂ ਰਹੀਆਂ ਹਨ ਪਰ ਪ੍ਰਸ਼ਾਸਨ ਨੇ ਨਾ ਤਾਂ ਕੋਈ ਜਾਂਚ ਕਰਵਾਈ ਹੈ ਅਤੇ ਨਾ ਹੀ ਨਗਰ ਨਿਗਮ ਨੇ ਇਸ ਮਾੜੀ ਉਸਾਰੀ ਨੂੰ ਸਹੀ ਢੰਗ ਨਾਲ ਬਣਾਉਣ ਲਈ ਕੋਈ ਕਦਮ ਚੁੱਕਿਆ ਹੈ। ਭਾਜਪਾ ਆਗੂਆਂ ਨੇ ਕਿਹਾ ਕਿ ਇਸ ਘਟਨਾ ਲਈ ਨਗਰ ਨਿਗਮ ਪੂਰੀ ਤਰ੍ਹਾਂ ਜ਼ਿੰਮੇਵਾਰ ਹੈ, ਇਸ ਲਈ ਇਸ ਘਟਨਾ ਵਿੱਚ ਜ਼ਖ਼ਮੀ ਹੋਏ ਲੋਕਾਂ ਨੂੰ ਉਨ੍ਹਾਂ ਦੇ ਇਲਾਜ ਲਈ ਉਚਿਤ ਮੁਆਵਜ਼ਾ ਦਿੱਤਾ ਜਾਵੇ। ਭਾਜਪਾ ਆਗੂ ਤੀਕਸ਼ਣ ਸੂਦ, ਸੁਰੇਸ਼ ਭਾਟੀਆ ਬਿੱਟੂ, ਅਸ਼ਵਨੀ ਗੈਂਦ, ਕੌਂਸਲਰ ਸੁਰਿੰਦਰ ਪਾਲ ਭੱਟੀ, ਯਸ਼ਪਾਲ ਸ਼ਰਮਾ ਨੇ ਹਾਦਸੇ ਦਾ ਸ਼ਿਕਾਰ ਹੋਏ ਨਵਦੀਪ ਸ਼ਰਮਾ ਜੋ ਕਿ ਆਈਬੀਵੀ ਹਸਪਤਾਲ ਵਿੱਚ ਦਾਖ਼ਲ ਹੈ, ਨੂੰ ਮਿਲਣ ਗਏ ਅਤੇ ਉਨ੍ਹਾਂ ਦਾ ਹਾਲ ਚਾਲ ਪੁੱਛਿਆ। ਇਸ ਘਟਨਾ ਵਿੱਚ ਨਵਦੀਪ ਸ਼ਰਮਾ ਤੋਂ ਇਲਾਵਾ ਉਸ ਦੀ ਭੈਣ ਅਤੇ ਉਸ ਦਾ ਬੱਚਾ ਵੀ ਗੰਭੀਰ ਜ਼ਖ਼ਮੀ ਹੋ ਗਏ। ਨਵਦੀਪ ਸ਼ਰਮਾ ਅਜੇ ਵੀ ਅਰਧ-ਹੋਸ਼ ਵਿੱਚ ਹੈ। ਇਸ ਮੌਕੇ ਸ੍ਰੀ ਕ੍ਰਿਸ਼ਨ ਲਾਲ ਬਿੱਲਾ, ਰਾਕੇਸ਼ ਡੋਗਰਾ, ਸ੍ਰੀ ਵਾਲੀਆ ਠੇਕੇਦਾਰ, ਫੁਕੇਸ਼ ਗੁਪਤਾ ਆਦਿ ਵੀ ਕਮੇਟੀ ਮੰਡੀ ਦੇ ਆਗੂ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚਾ ਵੱਲੋਂ ਜੀਂਦ 'ਚ ਮਹਾਂਪੰਚਾਇਤ ਤੇ ਬੰਦੀ ਸਿੰਘਾਂ ਦੇ ਮੋਰਚੇ ਦੀ ਹਮਾਇਤ

**ਫਗਵਾੜਾਂ (ਇੰਦਰਜੀਤ ਸਿੰਘ ਮਠਾੜੂ)** ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਦੀ ਮੀਟਿੰਗ ਫਗਵਾੜਾ ਦੇ ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਸੂਬਾ ਪ੍ਰਧਾਨ ਦੋਆਬਾ ਕਿਸਾਨ ਕਮੇਟੀ ਪੰਜਾਬ ਜੰਗਵੀਰ ਸਿੰਘ ਚੌਹਾਨ, ਬਲਵਿੰਦਰ ਸਿੰਘ ਮੱਲ੍ਹੀ ਨੰਗਲ, ਰਸਪਾਲ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ 26 ਜਨਵਰੀ ਨੂੰ ਜੋ ਸੰਯੁਕਤ ਕਿਸਾਨ ਮੋਰਚਾ ਵਲੋਂ ਜੀਂਦ ਹਰਿਆਣਾ ਵਿੱਚ ਕਿਸਾਨ ਮਹਾਂਪੰਚਾਇਤ ਕਾਰਵਾਈ ਜਾ ਰਹੀ ਹੈ ਉਸ ਵਿੱਚ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆਂ ਵਲੋਂ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ। ਜ਼ੀਰਾ ਮੋਰਚਾ ਜੋ ਪਿਛਲੇ ਲੰਬੇ ਸਮੇਂ ਤੋਂ ਲੱਗਿਆ ਹੋਇਆ ਹੈ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਪਹਿਲਾਂ ਦੀ ਤਰ੍ਹਾਂ ਸਮਰਥਨ ਜਾਰੀ ਰਹੇਗਾ ਤੇ ਨਾਲ ਹੀ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਦੂਸ਼ਣ ਕੰਟਰੋਲ ਬੋਰਡ ਪੰਜਾਬ ਵਲੋਂ ਪੰਜਾਬ ਵਿੱਚ ਜੋ ਫੈਕਟਰੀਆਂ ਪਾਣੀ ਤੇ ਵਾਤਾਵਰਨ ਨੂੰ ਖਰਾਬ ਕਰ ਰਹੀਆਂ ਹਨ ਉਹਨਾਂ 'ਤੇ ਨਕੇਲ ਨਾ ਪਾਈ ਤਾਂ ਸੰਯੁਕਤ ਕਿਸਾਨ ਮੋਰਚਾ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਪੰਜਾਬ ਸਰਕਾਰ ਦੇ ਖਿਲਾਫ 26 ਦੀ ਮਹਾਂਪੰਚਾਇਤ ਤੋਂ ਬਾਅਦ ਮੀਟਿੰਗ ਕਰਕੇ ਵੱਡੇ ਐਕਸ਼ਨ ਦਾ ਐਲਾਨ ਕਰੇਗੀ। ਜੰਗਵੀਰ ਚੌਹਾਨ ਨੇ ਕਿਹਾ ਕਿ ਜਲੰਧਰ ਵਿਖੇ ਲਤੀਫਪੁਰ ਘਟਨਾ ਦੇ ਸੰਬੰਧ ਵਿੱਚ ਜੋ ਧਰਨਾ ਲਗਾਤਾਰ ਜਾਰੀ ਹੈ ਦੀ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਹਮਾਇਤ ਜਾਰੀ ਰਹੇਗੀ ਤੇ ਲਤੀਫਪੁਰ ਕਮੇਟੀ ਨੇ ਜੋ 16 ਜਨਵਰੀ ਨੂੰ ਰੋਡ ਤੇ ਰੇਲ ਰੋਕੋ ਪ੍ਰੋਗਰਾਮ ਦਾ ਐਲਾਨ ਕੀਤਾ ਹੈ, ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਉਸ ਦਾ ਸਮਰਥਨ ਕੀਤਾ ਜਾਵੇਗਾ। ਮੁਹਾਲੀ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਲਈ ਜੋ ਪੱਕਾ ਮੋਰਚਾ ਜਥੇਬੰਦੀਆਂ ਵੱਲੋਂ ਲੱਗਾ ਹੈ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਉਸ ਮੋਰਚੇ ਦੀ ਹਮਾਇਤ ਦਾ ਐਲਾਨ ਕੀਤਾ ਗਿਆ ਤੇ ਨਾਲ ਹੀ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਬੰਦੀ ਸਿੰਘਾਂ ਸਮੇਤ ਬੁੱਧੀਜੀਵੀ, ਸਿਆਸੀ ਕਾਰਕੁੰਨ, ਪ੍ਰੋਫੈਸਰ ਤੇ ਬਿਨਾਂ ਵਜ੍ਹਾ ਜੇਲ੍ਹਾਂ ਵਿਚ ਡੱਕੇ ਲੋਕਾਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

ਪੰਜਾਬ ਸਰਕਾਰ ਵੱਲੋਂ ਦਿੱਲੀ ਅੰਦੋਲਨ ਦੌਰਾਨ ਕੀਤੇ ਹਰ ਤਰ੍ਹਾਂ ਦੇ ਦਰਜ ਕੇਸ ਵਾਪਸ ਲੈਣ ਦਾ ਵਾਅਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਮੀਟਿੰਗ ਦੌਰਾਨ ਕੀਤਾ ਗਿਆ ਸੀ ਪਰ ਮਲੋਟ ਸਮੇਤ ਕਈ ਮਾਮਲਿਆਂ ਵਿਚ ਪੰਜਾਬ ਪੁਲਸ ਕੇਸਾਂ ਦੀ ਕਾਰਵਾਈ ਨੂੰ ਅੱਗੇ ਵਧਾ ਰਹੀ ਹੈ ਜੋ ਕਿ ਸਰਾਸਰ ਪੰਜਾਬ ਸਰਕਾਰ ਵੱਲੋਂ ਵਾਅਦਾ ਖਿਲਾਫੀ ਹੈ।

ਬਚਦੇ ਕੇਸਾਂ ਨੂੰ ਰੱਦ ਕਰਾਉਣ ਲਈ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਸੱਤ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਜੋ ਕਿ ਇਸ ਸਬੰਧੀ ਪੰਜਾਬ ਦੇ ਡੀਜੀਪੀ ਨਾਲ ਤੁਰੰਤ ਸੰਪਰਕ ਕਰਕੇ ਮੀਟਿੰਗ ਕਰਨਗੇ ਕਮੇਟੀ ਦੇ ਮੈਂਬਰ ਹਰਿੰਦਰ ਸਿੰਘ ਲੱਖੋਵਾਲ, ਮੁਕੇਸ ਚੰਦਰ ਸ਼ਰਮਾ,ਬਿੰਦਰ ਸਿੰਘ ਗੋਲੇਵਾਲਾ,ਡਾ. ਦਰਸ਼ਨ ਪਾਲ, ਫੁਰਮਾਨ ਸਿੰਘ ਸੰਧੂ, ਜਗਮੋਹਨ ਸਿੰਘ ਪਟਿਆਲਾ ਤੇ ਰਮਿੰਦਰ ਸਿੰਘ ਪਟਿਆਲਾ ਹੋਣਗੇ। ਇਸ ਮੌਕੇ ਮਨਜੀਤ ਸਿੰਘ ਰਾਏ, ਬੂਟਾ ਸਿੰਘ ਬੁਰਜਗਿੱਲ, ਗੁਰਮੀਤ ਮਹਿਮਾ, ਡਾ. ਸਤਨਾਮ ਸਿੰਘ ਅਜਨਾਲਾ, ਵੀਰਪਾਲ ਢਿੱਲੋਂ, ਹਰਜੀਤ ਸਿੰਘ ਰਵੀ, ਪਲਵਿੰਦਰ ਪਾਲ ਮਾਜਰਾ, ਸਤਨਾਮ ਸਿੰਘ ਸਾਹਨੀ, ਲਖਵੀਰ ਸਿੰਘ ਨਿਜਾਮਪੁਰ, ਦਵਿੰਦਰ ਸਿੰਘ ਮੈਟਾ ਹਾਜ਼ਰ ਸਨ।



**ਲਤੀਫਪੁਰ (ਜਲੰਧਰ)** ਵਿਖੇ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਾਜਿ 295) ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਦੇ ਦਿਸ਼ਾ-ਨਿਰਦੇਸ਼ ਤਹਿਤ ਜ਼ਿਲ੍ਹਾ ਸੱਕਤਰ ਡਾ. ਸੀਤਲ ਅੰਜਲਾ ਦੀ ਅਗਵਾਈ ਵਿੱਚ ਫ੍ਰੀ ਮੈਡੀਕਲ ਕੈਂਪ ਬਲਾਕ ਛਾਉਣੀ ਦੇ ਪ੍ਰੈਕਟੀਸ਼ਨਰਾਂ ਵੱਲੋਂ ਲਗਾਇਆ ਗਿਆ, ਜਿਸ ਵਿੱਚ ਡਾ. ਸੋਮਨਾਥ ਡਾ. ਰਾਕੇਸ਼ ਡਾ. ਹਰਜਿੰਦਰ ਸਿੰਘ ਹਾਜ਼ਰ ਹੋਏ। (ਫੋਟੋ ਤੇ ਵੇਰਵਾ-ਬਾਲ ਕ੍ਰਿਸ਼ਨ ਬਾਲੀ, ਨੂਰਮਹਿਲ।